ਸ਼ੁੱਕਰਵਾਰ, 4 ਸਤੰਬਰ, 2026

19 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 94

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • FRIDAY, 4 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## 'ਜੰਤਰ-ਮੰਤਰ 'ਚ ਕੁੜੀ ਦੇ ਪਿਓ ਦਾ ਸਿਰ ਪਾੜ'ਤਾ ਪਰ, ਕਪਿਲ ਵਰਗੇ ਨੇਤਾਵਾਂ ਦੇ ਆਸ਼ੀਰਵਾਦ ਨਾਲ ਮੇਰਾ ਕੁਝ ਨਹੀਂ ਵਿਗੜਿਆ, ਮੋਦੀ ਮੇਰਾ ਵੱਡਾ ਭਰਾ'

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਆਪਣੇ ਆਪ ਨੂੰ ਹਿੰਦੂਤਵ ਕਾਰਕੁੰਨ ਦੱਸਣ ਵਾਲੇ ਸਵਤੰਤਰ ਭਾਰਦਵਾਜ ਨਾਂਅ ਦੇ ਇੱਕ ਬੰਦੇ ਨੇ ਦਾਅਵਾ ਕੀਤਾ ਹੈ ਕਿ ਉਸ ਨੇ ਕਾਕਰੋਚ ਜਨਤਾ ਪਾਰਟੀ ਦੀ ਅਗਵਾਈ ਵਾਲੇ ਵਿਰੋਧ ਪ੍ਰਦਰਸ਼ਨ ਦੌਰਾਨ ਦਿੱਲੀ ਦੇ ਜੰਤਰ-ਮੰਤਰ 'ਤੇ ਇੱਕ ਪ੍ਰਦਰਸ਼ਨਕਾਰੀ ਦੇ ਪਿਤਾ ਦੀ ਖੋਪੜੀ ਤੋੜ ਦਿੱਤੀ ਸੀ, ਪਰ ਜੇਲ੍ਹ ਵੀ ਨਹੀਂ ਗਿਆ, ਕਿਉਂਕਿ ਉਸ ਨੂੰ ਭਾਜਪਾ ਦੇ ਕਪਿਲ ਮਿਸ਼ਰਾ ਵਰਗੇ ਨੇਤਾਵਾਂ ਦਾ ਆਸ਼ੀਰਵਾਦ ਪ੍ਰਾਪਤ ਹੈ। ਯੂਟਿਊਬ 'ਤੇ ਉਪਲੱਬਧ ਇੱਕ ਘੰਟੇ ਦੇ ਪੋਡਕਾਸਟ ਵਿੱਚ ਉਹ ਹਿੰਦੀ ਵਿੱਚ ਕਹਿੰਦਾ ਹੈ, "ਨੀਸ਼ੂ ਕੇ ਬਾਪ ਕਾ ਹਮ ਸਰ ਫਾੜੇ ਹੈਂ। ਤੁਹਾਨੂੰ ਪਤਾ ਹੈ ਕਿ ਕਿਹੜੀ ਧਾਰਾ ਲਾਗੂ ਹੁੰਦੀ ਹੈ? 307। ਇਰਾਦਾ ਕਤਲ। ਉਸ ਦੇ ਸਿਰ 'ਤੇ 60 ਟਾਂਕੇ ਲਗਾਉਣੇ ਪਏ ਸਨ, ਠੀਕ ਹੈ? ਬੱਗਰ ਐਂਬੂਲੈਂਸ ਵਿੱਚ ਲੱਗਭੱਗ ਮਰ ਰਿਹਾ ਸੀ। ਉਸ ਦੀ ਧੀ ਪੁਲਸ ਸਟੇਸ਼ਨ ਦੇ ਬਾਹਰ ਖੜ੍ਹੀ ਸੀ ਅਤੇ ਕਹਿ ਰਹੀ ਸੀ ਕਿ ਜੇ ਮੇਰੇ ਪਿਤਾ ਨੂੰ ਇਨਸਾਫ ਨਹੀਂ ਮਿਲਿਆ ਤਾਂ ਮੈਂ ਜ਼ਹਿਰ ਖਾ ਕੇ ਖੁਦਕੁਸ਼ੀ ਕਰ ਲਵਾਂਗੀ। ਠੀਕ ਹੈ? ਸਵਤੰਤਰ ਅਗਲੇ ਦਿਨ ਬਾਹਰ ਸੀ। ਮੈਂ ਜੇਲ੍ਹ ਵੀ ਨਹੀਂ ਗਿਆ।"

ਇਹ ਦੱਸਣ ਤੋਂ ਪਹਿਲਾਂ ਕਿ ਉਹ ਖਾਸ ਕਿਉਂ ਹੈ, ਉਸ ਨੇ ਕਿਹਾ, "ਸਾਰੀ ਦੁਨੀਆ ਨੂੰ ਪਤਾ ਹੋਣਾ ਚਾਹੀਦਾ ਹੈ, ਮੈਂ ਜੇਲ੍ਹ ਵੀ ਨਹੀਂ ਗਿਆ। ਮੈਂ ਸਾਰੀ ਰਾਤ ਘੁੰਮਦਾ ਰਿਹਾ। ਇੱਕ ਤਾਂ ਇਹ ਕਿ ਮੇਰੇ 'ਤੇ ਹਨੂੰਮਾਨ ਜੀ ਦਾ ਆਸ਼ੀਰਵਾਦ ਹੈ। ਨਾਲ ਹੀ, ਕਪਿਲ ਮਿਸ਼ਰਾ ਮੇਰੇ ਵੱਡੇ ਭਰਾ ਵਾਂਗ ਹਨ। ਉਹ ਕਹਿੰਦੇ ਹਨ ਕਿ ਕਪਿਲ ਮਿਸ਼ਰਾ ਦਾ ਫੋਨ ਆਇਆ ਅਤੇ ਮੈਨੂੰ ਰਿਹਾਅ ਕਰ ਦਿੱਤਾ ਗਿਆ। ਕਪਿਲ ਮਿਸ਼ਰਾ ਮੇਰਾ ਵੱਡਾ ਭਰਾ ਹੈ, ਚਿਰਾਗ ਪਾਸਵਾਨ ਮੇਰਾ ਵੱਡਾ ਭਰਾ ਹੈ, ਉਹ ਸਾਰੇ। ਮੈਨੂੰ ਦੱਸੋ ਕਿ ਤੁਸੀਂ ਕਿਸ ਨੇਤਾ ਨੂੰ ਜਾਣਦੇ ਹੋ? ਤੁਸੀਂ ਮੋਦੀ ਜੀ ਨੂੰ ਜਾਣਦੇ ਹੋ? ਮੋਦੀ ਜੀ ਵੀ ਮੇਰੇ ਵੱਡੇ ਭਰਾ ਹਨ। ਮੈਨੂੰ ਸਾਰਿਆਂ ਦਾ ਸਮਰਥਨ ਹੈ।"



ਸਵਤੰਤਰ ਭਾਰਦਵਾਜ

ਮੇਜ਼ਬਾਨ ਨੇ ਉਸ ਨੂੰ ਪੁੱਛਿਆ ਕਿ ਉਸ ਨੂੰ ਉਹ ਡੰਡਾ ਕਿੱਥੋਂ ਮਿਲਿਆ, ਜੋ ਉਸ ਨੂੰ ਸੀ ਜੇ ਪੀ ਦੇ ਵਿਰੋਧ ਪ੍ਰਦਰਸ਼ਨ ਵਿੱਚ ਚੁੱਕਿਆ ਹੋਇਆ ਦੇਖਿਆ ਗਿਆ ਸੀ। ਭਾਰਦਵਾਜ ਮੁਸਕਰਾਇਆ, "ਕੀ ਤੁਸੀਂ ਮੇਰੀ ਜੁੱਤੀ ਦੇਖ ਸਕਦੇ ਹੋ? ਇਹ ਜੁੱਤੀ ਦਿੱਲੀ ਪੁਲਸ ਦੀ ਹੈ। ਮੈਂ ਕੋਈ ਫਾਰਮ ਨਹੀਂ ਭਰਦਾ ਪਰ ਆਪਣੇ ਆਪ ਹੀ ਦਿੱਲੀ ਪੁਲਸ ਵਾਂਗ ਘੁੰਮਦਾ ਰਹਿੰਦਾ ਹਾਂ। ਮੇਰੀ ਜੁੱਤੀ ਦਿੱਲੀ ਪੁਲਸ ਦੀ ਹੈ, ਡੰਡਾ ਆਦਿ ਸਭ ਕੁਝ ਦਿੱਲੀ ਪੁਲਸ ਦਾ ਹੈ।"

ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਨੇਤਾ ਸੌਰਵ ਦਾਸ ਨੇ ਦੋਸ਼ ਲਗਾਇਆ ਹੈ ਕਿ ਦਿੱਲੀ ਪੁਲਸ ਨੇ 20 ਜੁਲਾਈ ਨੂੰ ਜੰਤਰ-ਮੰਤਰ 'ਤੇ ਹੋਏ ਵਿਰੋਧ ਪ੍ਰਦਰਸ਼ਨ ਦੌਰਾਨ ਭਾਰਦਵਾਜ ਵਿਰੁੱਧ ਸਖਤ ਦੋਸ਼ ਲਗਾਉਣ ਤੋਂ ਇਨਕਾਰ ਕਰ ਦਿੱਤਾ। ਦਾਸ ਨੇ ਐੱਕਸ 'ਤੇ ਲਿਖਿਆ, "ਮੈਂ ਤੁਹਾਨੂੰ ਦੱਸਦਾਂ ਕਿ ਸਾਡੇ ਜੰਤਰ-ਮੰਤਰ ਵਿਰੋਧ ਪ੍ਰਦਰਸ਼ਨ 'ਤੇ ਦਲਿਤ ਵਿਅਕਤੀ ਸੰਜੇ 'ਤੇ ਭਾਜਪਾ-ਪ੍ਰੇਰਿਤ ਗੁੰਡੇ ਸਵਤੰਤਰ ਭਾਰਦਵਾਜ ਦੇ ਹਮਲੇ ਤੋਂ ਬਾਅਦ ਅਸਲ ਵਿੱਚ ਕੀ ਹੋਇਆ ਸੀ।

ਸੰਜੇ ਜੀ ਦੀ ਖੋਪੜੀ ਫਟ ਗਈ ਸੀ। ਜ਼ਖਮ ਏਨੇ ਵੱਡੇ ਸਨ ਕਿ ਇਹ ਸਪੱਸ਼ਟ ਤੌਰ 'ਤੇ ਐੱਫ ਆਈ ਆਰ (ਆਈ ਪੀ ਸੀ ਦੀ ਧਾਰਾ 307) ਵਿੱਚ ਕਤਲ ਦੀ ਕੋਸ਼ਿਸ਼ ਦੇ ਦੋਸ਼ ਦੀ ਪੁਸ਼ਟੀ ਕਰਦੇ ਸਨ। ਪੁਲਸ ਨੇ ਉਸ ਦੋਸ਼ ਨੂੰ ਜੋੜਨ ਤੋਂ ਇਨਕਾਰ ਕਰ ਦਿੱਤਾ। ਇਸ ਧਾਰਾ ਕਾਰਨ ਉਸ ਦੀ ਤੁਰੰਤ ਗ੍ਰਿਫਤਾਰੀ ਹੋ ਸਕਦੀ ਸੀ, ਕਿਉਂਕਿ ਇਹ ਇੱਕ ਕਾਨੂੰਨੀ ਅਤੇ ਗੈਰ-ਜ਼ਮਾਨਤੀ ਅਪਰਾਧ ਹੈ। ਇਸ ਗ੍ਰਿਫਤਾਰੀ ਤੋਂ ਬਚਣ ਲਈ ਪੁਲਸ ਨੇ ਇਸ ਧਾਰਾ ਨੂੰ ਜੋੜਨ ਤੋਂ ਸਾਫ ਇਨਕਾਰ ਕਰ ਦਿੱਤਾ। ਅਸੀਂ 'ਗੰਭੀਰ ਸੱਟ' ਦੀ ਧਾਰਾ ਜੋੜਨ ਲਈ ਕਿਹਾ (ਧਾਰਾ 326) ਜਿਸ ਨਾਲ ਉਸ ਦੀ ਤੁਰੰਤ ਗ੍ਰਿਫਤਾਰੀ ਵੀ ਹੋ ਸਕਦੀ ਹੈ। ਡੀ ਸੀ ਪੀ ਸਚਿਨ ਸ਼ਰਮਾ, ਏ ਸੀ ਪੀ ਅਜੇ ਸ਼ਰਮਾ ਨੇ ਸਾਫ ਇਨਕਾਰ ਕਰ ਦਿੱਤਾ। ਇੰਨਾ ਹੀ ਨਹੀਂ, ਉਨ੍ਹਾਂ ਨੇ ਸਾਡੇ ਮੂੰਹ 'ਤੇ ਕਿਹਾ, "ਜਾਓ ਅਦਾਲਤ ਦਾ ਹੁਕਮ ਲੈ ਆਓ'!"

ਦਾਸ ਨੇ ਕਿਹਾ, "ਭਾਰਦਵਾਜ ਦੇ ਸਾਥੀ ਹੋਰ ਗਰੋਹ ਦੇ ਮੈਂਬਰਾਂ ਦੀ ਵੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ, ਹਾਲਾਂਕਿ ਉਨ੍ਹਾਂ ਵਿੱਚੋਂ ਕਈ ਹਮਲੇ ਤੋਂ ਤੁਰੰਤ ਬਾਅਦ ਰੀਲ ਬਣਾ ਰਹੇ ਸਨ ਅਤੇ ਸੰਜੇ ਦੀ ਨਾਬਾਲਗ ਧੀ ਨੀਸ਼ੂ ਨੂੰ ਖੁੱਲ੍ਹੇਆਮ ਧਮਕੀਆਂ ਦੇ ਰਹੇ ਸਨ। ਹੁਣ ਭਾਰਦਵਾਜ ਖੁੱਲ੍ਹੇਆਮ ਦਿੱਲੀ ਦੇ ਮੰਤਰੀ ਕਪਿਲ ਮਿਸ਼ਰਾ ਦਾ ਦਿਖਾਵਾ ਕਰ ਰਿਹਾ ਹੈ ਕਿ ਉਹ ਪੁਲਸ 'ਤੇ ਦਬਾਅ ਪਾ ਰਹੇ ਹਨ ਕਿ ਉਹ ਉਸ ਨੂੰ ਪੁਲਸ ਸਟੇਸ਼ਨ ਤੋਂ ਰਿਹਾਅ ਕਰੇ ਅਤੇ ਕੋਈ ਵੀ ਸਖ਼ਤ ਧਾਰਾ ਨਾ ਜੋੜੇ, ਜਿਸ ਨਾਲ ਉਸ ਦੀ ਗ੍ਰਿਫਤਾਰੀ ਹੋ ਸਕੇ! ਸਾਨੂੰ ਦੱਸੋ ਕਿ ਮਿਸ਼ਰਾ ਨੂੰ ਐੱਫ ਆਈ ਆਰ ਵਿੱਚ ਸਾਥੀ ਕਿਉਂ ਨਹੀਂ ਬਣਾਇਆ ਜਾਣਾ ਚਾਹੀਦਾ ਕਿਉਂਕਿ ਉਸ ਨੇ ਨਿਆਂ ਦੇ ਰਾਹ ਵਿੱਚ ਗੈਰ-ਕਾਨੂੰਨੀ ਢੰਗ ਨਾਲ ਦਖਲ ਦਿੱਤਾ ਸੀ? ਉਸ ਨੂੰ ਗੈਂਗ ਦੇ ਮੈਂਬਰਾਂ ਨੂੰ ਬਚਾਉਣ ਅਤੇ ਆਪਣੇ ਅਹੁਦੇ ਦੀ ਦੁਰਵਰਤੋਂ ਕਰਨ ਲਈ ਅਸਤੀਫਾ ਕਿਉਂ ਨਹੀਂ ਦੇਣਾ ਚਾਹੀਦਾ? ਕੀ ਭਾਜਪਾ ਦੀ ਲੀਡਰਸ਼ਿਪ ਇਸ ਦਾ ਸਮਰਥਨ ਕਰਦੀ ਹੈ?"

ਦਾਸ ਨੇ ਕਿਹਾ ਕਿ ਪੁਲਸ ਨੇ ਜਾਣਬੁੱਝ ਕੇ 'ਸਾਦੇ ਕੱਪੜਿਆਂ ਵਾਲੇ' ਬਿਰਤਾਂਤ ਨੂੰ ਢਾਲ ਵਜੋਂ ਵਰਤਿਆ ਤਾਂ ਜੋ ਸਿਆਸੀ ਗੁੰਡਿਆਂ ਅਤੇ ਭਾਰਦਵਾਜ ਵਰਗੇ • ਬਾਕੀ ਸਫਾ 2 'ਤੇ

## ਮੰਤਰੀਆਂ ਵੱਲੋਂ ਮੁਲਾਜ਼ਮਾਂ ਨੂੰ ਗੱਲਬਾਤ ਨਾਲ ਮਸਲੇ ਨਜਿੱਠਣ ਦੀ ਸਲਾਹ

**ਚੰਡੀਗੜ੍ਹ (ਨ ਜ਼ ਸ)**



ਪੰਜਾਬ ਵਿੱਚ ਮਹਿੰਗਾਈ ਭੱਤੇ ਦੇ ਬਕਾਏ ਨੂੰ ਲੈ ਕੇ ਸੂਬਾ ਸਰਕਾਰ ਅਤੇ ਮੁਲਾਜ਼ਮਾਂ ਵਿੱਚ ਚੱਲ ਰਹੇ ਟਕਰਾਅ ਦਰਮਿਆਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ ਅਤੇ ਡਾ. ਬਲਜੀਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਨੂੰ ਦੇਸ਼ ਵਿੱਚ ਸਭ ਤੋਂ ਵੱਧ ਤਨਖਾਹ ਮਿਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਮੁਲਾਜ਼ਮਾਂ ਨੂੰ ਗੁਜਰਾਤ ਦੇ ਮੁਲਾਜ਼ਮਾਂ ਨਾਲੋਂ 28 ਫੀਸਦ ਵੱਧ ਅਤੇ ਹਰਿਆਣਾ ਦੇ ਮੁਲਾਜ਼ਮਾਂ ਨਾਲੋਂ 13 ਫੀਸਦੀ ਤਨਖਾਹ ਵੱਧ ਦਿੱਤੀ ਜਾ ਰਹੀ ਹੈ। ਇਸੇ ਕਰਕੇ ਪੰਜਾਬ ਦੇ ਕੁੱਲ ਮਾਲੀਏ ਦਾ 51 ਫੀਸਦੀ ਹਿੱਸਾ ਮੁਲਾਜ਼ਮਾਂ ਦੀ ਤਨਖਾਹ ਅਤੇ ਪੈਨਸ਼ਨਾਂ ਉੱਤੇ ਖਰਚ ਹੁੰਦਾ ਹੈ। ਜਦੋਂ ਕਿ ਦੇਸ਼ ਵਿੱਚ ਔਸਤਨ ਮਾਲੀਏ ਦਾ 38 ਫੀਸਦੀ ਹਿੱਸਾ ਹੀ ਮੁਲਾਜ਼ਮਾਂ ਦੀ ਤਨਖਾਹ ਅਤੇ ਪੈਨਸ਼ਨ 'ਤੇ ਖਰਚ ਹੁੰਦਾ ਹੈ।

ਚੀਮਾ ਨੇ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਵੱਲ ਮੁਲਾਜ਼ਮਾਂ ਦੇ ਡੀ ਏ ਦੇ ਬਕਾਇਆ ਖੜ੍ਹੇ 14100 ਕਰੋੜ ਰੁਪਏ ਪੁਰਾਣੀ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਦੇ ਸਮੇਂ ਦੇ ਹਨ, ਜਿਸ ਵਿੱਚੋਂ ਆਮ ਆਦਮੀ ਪਾਰਟੀ ਦੀ ਸਰਕਾਰ ਥੋੜ੍ਹੇ-ਥੋੜ੍ਹੇ ਕਰਕੇ ਭੁਗਤਾਨ ਕਰ ਰਹੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੇ ਹਾਈ ਕੋਰਟ ਵਿੱਚ ਦਿੱਤੇ ਪਲਾਨ ਅਨੁਸਾਰ 4500 ਕਰੋੜ ਰੁਪਏ ਤੋਂ ਵੱਧ ਦੀ ਰਕਮ ਦਾ ਭੁਗਤਾਨ ਕਰ ਵੀ ਦਿੱਤਾ ਹੈ ਅਤੇ ਬਾਕੀਆਂ ਦਾ ਭੁਗਤਾਨ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਪਾਰਟੀਆਂ ਪੰਜਾਬ ਦੇ ਮੁਲਾਜ਼ਮਾਂ ਅਤੇ ਲੋਕਾਂ ਨੂੰ ਝੂਠ ਬੋਲ ਕੇ ਗੁੰਮਰਾਹ ਕਰ ਰਹੀਆਂ ਹਨ। ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ 2022 ਦੀਆਂ ਚੋਣਾਂ ਦੇ ਨਜ਼ਦੀਕ ਆਉਣ 'ਤੇ ਮੁਲਾਜ਼ਮਾਂ ਨੂੰ ਡੀ ਏ ਦੇਣ ਦਾ ਐਲਾਨ ਕਰ ਦਿੱਤਾ ਸੀ, ਪਰ ਦਿੱਤਾ ਨਹੀਂ। ਇਸੇ ਤਰ੍ਹਾਂ ਆਮ ਆਦਮੀ ਪਾਰਟੀ ਵੀ ਐਲਾਨ ਕਰ ਸਕਦੀ ਸੀ, ਪਰ ਆਮ ਆਦਮੀ ਪਾਰਟੀ ਨੇ ਝੂਠ ਨਹੀਂ ਬੋਲਿਆ। ਉਨ੍ਹਾ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਨਾਲ ਹਰ ਪੱਖ ਉੱਤੇ ਗੱਲਬਾਤ ਕਰਨ ਲਈ ਤਿਆਰ ਹੈ। ਇਸ ਲਈ ਮੁਲਾਜ਼ਮ ਹੜਤਾਲ ਕਰਨ ਦੀ ਥਾਂ ਸਰਕਾਰ ਨਾਲ ਬੈਠ ਕੇ ਗੱਲਬਾਤ ਕਰਨ।

## ਬੰਤ ਸਿੰਘ ਬਰਾੜ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰ ਚੁਣੇ ਗਏ

### ਧਾਲੀਵਾਲ, ਆਸਲ, ਸੋਹਲ ਤੇ ਨਿਹਾਲਗੜ੍ਹ ਕੌਮੀ ਕੌਂਸਲ ਦੇ ਮੈਂਬਰ ਬਣੇ



**ਚੰਡੀਗੜ੍ਹ (ਗਿਆਨ ਸੈਦਪੁਰੀ)**-ਭਾਰਤੀ ਕਮਿਊਨਿਸਟ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨੇ ਸੂਬਾ ਕਮਿਊਨਿਸਟ ਪਾਰਟੀ ਨੂੰ ਇੱਕ ਵਾਰ ਫਿਰ ਮਾਣ-ਸਤਿਕਾਰ ਦਿੱਤਾ ਹੈ। ਇੱਕ ਤਰ੍ਹਾਂ ਨਾਲ ਸੂਬਾ ਆਗੂਆਂ ਨੂੰ ਵਧੇਰੇ ਸਰਗਰਮ ਤੇ ਸੰਜੀਦਾ ਹੋਣ ਲਈ ਉਤਸ਼ਾਹਤ ਕੀਤਾ ਗਿਆ ਹੈ।ਦਿੱਲੀ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਦੀ ਦੋ ਰੋਜ਼ਾ ਕੌਮੀ ਕੌਂਸਲ ਦੀ ਮੀਟਿੰਗ ਵਿੱਚ ਬੰਤ ਸਿੰਘ ਬਰਾੜ ਨੂੰ ਸਰਬਸੰਮਤੀ ਨਾਲ ਕੌਮੀ ਸਕੱਤਰ ਚੁਣਿਆ ਗਿਆ ਹੈ।ਸੂਬਾ ਪਾਰਟੀ ਨੂੰ ਦੂਸਰੀ ਵਾਰ ਇਹ ਮਾਣ ਪ੍ਰਾਪਤ ਹੋਇਆ ਹੈ। ਅਵਤਾਰ ਸਿੰਘ ਮਲਹੋਤਰਾ ਤੋਂ ਬਾਅਦ ਸਿਰਫ ਬੰਤ ਸਿੰਘ ਬਰਾੜ ਨੂੰ ਕੌਮੀ ਸਕੱਤਰ ਬਣਨ ਦਾ ਮਾਣ ਪ੍ਰਾਪਤ ਹੋਇਆ ਹੈ। ਕਾਮਰੇਡ ਬਰਾੜ ਵਿਦਿਆਰਥੀ ਜੀਵਨ ਤੋਂ ਹੀ ਕਮਿਊਨਿਸਟ ਲਹਿਰ ਵਿੱਚ ਸਰਗਰਮ ਹਨ।ਭਾਵੇਂ ਰੀਗਲ ਸਿਨੇਮਾ ਮੋਗਾ ਵਿੱਚ ਵਾਪਰੇ ਗੋਲੀਕਾਂਡ ਤੋਂ ਬਾਅਦ ਇਸ ਨੂੰ ਸ਼ਹੀਦੀ ਯਾਦਗਾਰ ਬਣਾਉਣ ਲਈ ਸੰਘਰਸ਼ ਹੋਵੇ ਜਾਂ ਵਿਦਿਆਰਥੀ ਹਿੱਤਾਂ ਲਈ ਕੋਈ ਹੋਰ, ਬੰਤ ਬਰਾੜ ਨੇ ਅੱਗੇ ਹੋ ਕੇ ਅਗਵਾਈ ਕੀਤੀ।ਉਨ੍ਹਾ ਦੀ ਸਰਗਰਮ ਤੇ ਨਿਧੜਕ ਭੂਮਿਕਾ ਨੂੰ ਦੇਖਦਿਆਂ ਬਹੁਤ ਸਾਰੇ ਸਾਥੀ ਕਾਮਰੇਡ ਬੰਤ ਬਰਾੜ ਨੂੰ 'ਬੰਤੋਵ' ਆਖ ਕੇ ਰੂਸ ਦੇ ਸਰਗਰਮ ਸਾਥੀਆਂ ਨਾਲ ਜੋੜਿਆ ਕਰਦੇ ਸਨ। ਬੰਤ ਸਿੰਘ ਬਰਾੜ ਨੇ ਸੀ ਪੀ ਆਈ ਦੀ ਪੰਜਾਬ ਇਕਾਈ ਦੇ ਸਕੱਤਰ ਵਜੋਂ ਮਹੱਤਵਪੂਰਨ ਭੂਮਿਕਾ ਨਿਭਾਈ।ਉਹਨਾ ਦੇ ਸਕੱਤਰ ਹੁੰਦਿਆਂ ਹੀ ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਪਾਰਟੀ ਕਾਂਗਰਸ ਚੰਡੀਗੜ੍ਹ ਵਿੱਚ ਸਫਲਤਾਪੂਰਨ ਨੇਪਰੇ ਚੜ੍ਹੀ।2025 ਵਿੱਚ ਹੋਈ • ਬਾਕੀ ਸਫਾ 2 'ਤੇ

## ਪੰਜਾਬ ਕੈਬਨਿਟ ਦੀ ਮੀਟਿੰਗ ਭਲਕੇ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ 5 ਸਤੰਬਰ ਨੂੰ ਕੈਬਨਿਟ ਦੀ ਬੈਠਕ ਬੁਲਾਉਣ ਦਾ ਫੈਸਲਾ ਲਿਆ ਹੈ। ਇਹ ਬੈਠਕ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰੀ ਰਿਹਾਇਸ਼ 'ਤੇ ਚੰਡੀਗੜ੍ਹ ਵਿੱਚ ਦੁਪਹਿਰ 1 ਵਜੇ ਹੋਵੇਗੀ। ਇਸ ਵਿੱਚ ਪੰਜਾਬ ਸਰਕਾਰ ਦੇ ਸਾਰੇ ਕੈਬਨਿਟ ਮੰਤਰੀ ਮੌਜੂਦ ਰਹਿਣਗੇ। ਮੀਟਿੰਗ ਦੌਰਾਨ ਕਈ ਅਹਿਮ ਫੈਸਲਿਆਂ 'ਤੇ ਮੋਹਰ ਲੱਗ ਸਕਦੀ ਹੈ।

## ਸਤੇਂਦਰ ਜੈਨ ਨੂੰ ਜ਼ਮਾਨਤ ਮਿਲੀ

**ਨਵੀਂ ਦਿੱਲੀ** : ਆਪ ਨੇਤਾ ਸਤੇਂਦਰ ਜੈਨ ਨੂੰ ਦਿੱਲੀ ਜਲ ਬੋਰਡ ਦੇ ਸੀਵਰੇਜ ਟਰੀਟਮੈਂਟ ਪਲਾਂਟ ਪ੍ਰੋਜੈਕਟਾਂ ਲਈ ਟੈਂਡਰਿੰਗ ਪ੍ਰਕਿਰਿਆ ਨਾਲ ਸਬੰਧਤ ਇੱਕ ਕਥਿਤ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਅਦਾਲਤ ਨੇ ਜ਼ਮਾਨਤ ਦੇ ਦਿੱਤੀ। ਵਿਸ਼ੇਸ਼ ਜੱਜ ਡੀ ਆਈ ਜੀ ਵਿਨੈ ਸਿੰਘ ਨੇ ਜ਼ੁਬਾਨੀ ਤੌਰ 'ਤੇ ਪਾਸ ਕੀਤੇ ਇੱਕ ਸੰਖੇਪ ਆਦੇਸ਼ ਵਿੱਚ ਕਿਹਾ, 'ਜ਼ਮਾਨਤ ਅਰਜ਼ੀ ਮਨਜ਼ੂਰ ਹੈ।' ਉਨ੍ਹਾ ਜੈਨ ਨੂੰ 2 ਲੱਖ ਰੁਪਏ ਦਾ ਨਿੱਜੀ ਮੁਚੱਲਕਾ ਅਤੇ ਏਨੀ ਹੀ ਰਕਮ ਦੀਆਂ ਦੋ ਜ਼ਮਾਨਤਾਂ ਜਮ੍ਹਾਂ ਕਰਵਾਉਣ ਦਾ ਨਿਰਦੇਸ਼ ਦਿੱਤਾ। ਭ੍ਰਿਸ਼ਟਾਚਾਰ ਵਿਰੋਧੀ ਬਿਊਰੋ ਨੇ 18 ਅਗਸਤ ਨੂੰ ਜੈਨ ਨੂੰ ਗ੍ਰਿਫਤਾਰ ਕੀਤਾ ਸੀ।

## ਜਲੰਧਰ ਦੀ ਗੱਦਾ ਫੈਕਟਰੀ 'ਚ ਅੱਗ

**ਜਲੰਧਰ** : ਵੀਰਵਾਰ ਸਵੇਰੇ ਜਲੰਧਰ ਦੇ ਬਸਤੀ ਪੀਰ ਦਾਦ ਰੋਡ 'ਤੇ ਗੱਦਾ ਫੈਕਟਰੀ ਵਿੱਚ ਭਿਆਨਕ ਅੱਗ ਲੱਗ ਗਈ, ਜਿਸ ਨਾਲ ਅਸਮਾਨ ਵਿੱਚ ਧੂੰਏਂ ਦੇ ਸੰਘਣੇ ਬੱਦਲ ਛਾ ਗਏ। ਅੱਗ ਸਵੇਰੇ 9:15 ਵਜੇ ਦੇ ਕਰੀਬ ਲੱਗੀ, ਜਦੋਂ ਕਾਮੇ ਕਾਰਖਾਨੇ ਦੇ ਅੰਦਰ ਮੌਜੂਦ ਸਨ।

ਬਾਹਰ ਭੱਜਣ ਵੇਲੇ ਇੱਕ ਕਾਮਾ ਤਿਲਕ ਕੇ ਜ਼ਖ਼ਮੀ ਹੋ ਗਿਆ। ਉਸ ਨੂੰ ਹਸਪਤਾਲ ਲਿਜਾਣਾ ਪਿਆ। ਅੱਗ ਵਿੱਚ ਕੁਝ ਵਾਹਨ ਵੀ ਸੜ ਕੇ ਸੁਆਹ ਹੋ ਗਏ।

## ਆਓ ਮੋਦੀ ਜੀ, ਦੋਵੇਂ ਆਪਣੀਆਂ ਡਿਗਰੀਆਂ ਦਿਖਾਈਏ : ਦੀਪਕੇ

**ਨਵੀਂ ਦਿੱਲੀ** : ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਆਪਣੀਆਂ ਵਿਦਿਅਕ ਡਿਗਰੀਆਂ ਜਨਤਕ ਕਰਨ ਦੀ ਚੁਣੌਤੀ ਦਿੱਤੀ ਹੈ, ਜਿਸ ਨਾਲ ਬੋਸਟਨ ਯੂਨੀਵਰਸਿਟੀ ਵਿੱਚ ਦੀਪਕੇ ਦੇ ਵਿਦਿਅਕ ਪ੍ਰਮਾਣ ਪੱਤਰਾਂ 'ਤੇ ਵਿਵਾਦ ਮੁੜ ਸ਼ੁਰੂ ਹੋ ਗਿਆ ਹੈ। ਐੱਕਸ 'ਤੇ ਇੱਕ ਪੋਸਟ ਵਿੱਚ ਦੀਪਕੇ ਨੇ ਕਿਹਾ, 'ਲੋਕ ਸੱਚਮੁੱਚ ਮੇਰੀ ਡਿਗਰੀ ਦੇਖਣ ਲਈ ਇੰਤਜ਼ਾਰ ਕਰ ਰਹੇ ਹਨ। ਮੈਂ ਹੈਰਾਨ ਹਾਂ ਕਿ ਇਨ੍ਹਾਂ ਲੋਕਾਂ ਨੇ 12 ਸਾਲਾਂ ਤੱਕ ਪ੍ਰਧਾਨ ਮੰਤਰੀ ਦੀਆਂ ਡਿਗਰੀਆਂ ਦੇਖੇ ਬਿਨਾਂ ਕਿਵੇਂ ਪ੍ਰਬੰਧ ਕੀਤਾ ਹੈ।' ਉਸ ਨੇ ਸਿੱਧੇ ਤੌਰ 'ਤੇ ਮੋਦੀ ਨੂੰ ਚੁਣੌਤੀ ਦਿੱਤੀ ਤੇ ਲਿਖਿਆ, 'ਆਓ, ਦੋਵੇਂ ਆਪਣੀਆਂ ਡਿਗਰੀਆਂ ਦਿਖਾਉਂਦੇ ਹਾਂ ਅਤੇ ਵਿਵਾਦ ਨੂੰ ਖਤਮ ਕਰਦੇ ਹਾਂ।' ਇਹ ਤਾਜ਼ਾ ਗੱਲਬਾਤ ਸੋਸ਼ਲ ਮੀਡੀਆ 'ਤੇ ਦੀਪਕੇ ਦੇ ਬੋਸਟਨ ਯੂਨੀਵਰਸਿਟੀ ਵਿੱਚ ਪੜ੍ਹਾਈ ਕਰਨ ਦੇ ਦਾਅਵੇ 'ਤੇ ਨਵੇਂ ਸਵਾਲਾਂ ਦੇ ਵਿਚਕਾਰ ਆਈ ਹੈ। ਪ੍ਰਖਰ ਗੁਪਤਾ ਦੁਆਰਾ ਹਾਲ ਹੀ ਵਿੱਚ ਆਯੋਜਿਤ ਇੱਕ ਪੋਡਕਾਸਟ ਤੋਂ ਬਾਅਦ ਇਹ ਮੁੱਦਾ ਮੁੜ ਉਭਰਿਆ, ਜੋ ਸਮਾਜਕ ਕਾਰਕੁਨ ਸੋਨਮ ਵਾਂਗਚੁਕ ਨਾਲ ਗੱਲਬਾਤ ਕਰ ਰਿਹਾ ਸੀ। ਸੋਸ਼ਲ ਮੀਡੀਆ 'ਤੇ ਘੁੰਮ ਰਹੇ ਪੋਡਕਾਸਟ ਦੀ ਇੱਕ ਕਥਿਤ ਕਲਿੱਪ ਵਿੱਚ ਗੁਪਤਾ ਨੂੰ ਇੱਕ ਨਜ਼ਦੀਕੀ ਦੋਸਤ ਬਾਰੇ ਚਰਚਾ ਕਰਦੇ ਦਿਖਾਇਆ ਗਿਆ ਹੈ, ਜੋ ਉਸ ਦੇ ਅਨੁਸਾਰ ਬੋਸਟਨ ਯੂਨੀਵਰਸਿਟੀ ਵਿੱਚ ਪੜ੍ਹਿਆ ਸੀ ਅਤੇ ਦੀਪਕੇ ਦੇ ਸੀ ਜੇ ਪੀ ਨਾਲ ਜੁੜੇ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਲਿਆ ਸੀ। ਗੁਪਤਾ ਨੇ ਦਾਅਵਾ ਕੀਤਾ ਕਿ ਉਸ ਦੇ ਦੋਸਤ ਨੇ ਬਾਅਦ ਵਿੱਚ ਦੀਪਕੇ ਦੇ ਵਿਦਿਅਕ ਪ੍ਰਮਾਣ ਪੱਤਰਾਂ ਦੀ ਜਾਂਚ ਕੀਤੀ ਅਤੇ ਕਥਿਤ ਤੌਰ 'ਤੇ ਉਸ ਨੂੰ ਯੂਨੀਵਰਸਿਟੀ ਤੋਂ ਗ੍ਰੈਜੂਏਟ ਹੋਣ ਦਾ ਕੋਈ ਰਿਕਾਰਡ ਨਹੀਂ ਮਿਲਿਆ।

## ਰਾਜੋਆਣਾ ਦੇ ਮੋਤੀਆਬਿੰਦ ਦੀ ਸਰਜਰੀ ਹੋਵੇਗੀ

**ਚੰਡੀਗੜ੍ਹ** : ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ ਵਿੱਚ ਫਾਂਸੀ ਦੀ ਸਜ਼ਾ ਭੁਗਤ ਰਹੇ ਬਲਵੰਤ ਸਿੰਘ ਰਾਜੋਆਣਾ ਨੂੰ ਅੱਖਾਂ ਦੀ ਜਾਂਚ ਅਤੇ ਢੁਕਵੇਂ ਇਲਾਜ ਲਈ ਪੀ ਜੀ ਆਈ ਦੇ ਨੇਤਰ ਵਿਗਿਆਨ ਵਿਭਾਗ ਵਿੱਚ ਲਿਜਾਇਆ ਜਾਵੇਗਾ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਇਸ ਬਾਰੇ ਜਾਣਕਾਰੀ ਦਿੱਤੀ ਗਈ ਹੈ। ਰਾਜੋਆਣਾ ਨੇ ਹਾਈ ਕੋਰਟ ਨੂੰ ਦਿੱਤੀ ਅਰਜ਼ੀ ਵਿੱਚ ਦੱਸਿਆ ਸੀ ਕਿ ਉਸ ਨੂੰ ਐਨਕਾਂ (ਪਾਵਰ ਸਪੈਕਟਕਲਜ਼) ਤੋਂ ਐਲਰਜੀ ਹੋ ਗਈ ਹੈ ਅਤੇ ਡਾਕਟਰਾਂ ਨੇ ਉਸ ਨੂੰ ਮੋਤੀਆਬਿੰਦ ਦੀ ਸਰਜਰੀ ਕਰਵਾਉਣ ਦੀ ਸਲਾਹ ਦਿੱਤੀ ਹੈ।

## ਹਲਵਾਰਾ ਤੋਂ ਦੁਪਹਿਰ ਦੀ ਉਡਾਣ ਦਾ ਸਮਾਂ ਬਦਲੇਗਾ

**ਲੁਧਿਆਣਾ** : ਹਲਵਾਰਾ ਹਵਾਈ ਅੱਡੇ 'ਤੇ ਦਿੱਲੀ ਤੋਂ ਲੁਧਿਆਣਾ ਅਤੇ ਲੁਧਿਆਣਾ ਤੋਂ ਦਿੱਲੀ ਜਾਣ ਵਾਲੀ ਏਅਰ ਇੰਡੀਆ ਦੀ ਦੁਪਹਿਰ ਦੀ ਉਡਾਣ ਦਾ ਸਮਾਂ 10 ਸਤੰਬਰ ਤੋਂ ਬਦਲ ਜਾਵੇਗਾ। ਦਿੱਲੀ ਤੋਂ ਹਲਵਾਰਾ ਆਉਣ ਵਾਲੀ ਉਡਾਣ ਦਾ ਸਮਾਂ 3:35 ਵਜੇ ਹੋਵੇਗਾ, ਜਦੋਂ ਕਿ ਇਹੀ ਉਡਾਣ ਹਲਵਾਰਾ ਤੋਂ ਸ਼ਾਮ 4:05 ਵਜੇ ਦਿੱਲੀ ਲਈ ਰਵਾਨਾ ਹੋਵੇਗੀ। ਸਵੇਰ ਦੀ ਉਡਾਣ ਦਾ ਸਮਾਂ ਫਿਲਹਾਲ ਪਹਿਲਾਂ ਵਾਂਗ ਹੀ ਰਹੇਗਾ। ਡਾਇਰੈਕਟਰ ਜਗੀਰ ਸਿੰਘ ਨੇ ਦੱਸਿਆ ਕਿ ਨਿਯਮਤ ਯਾਤਰੀਆਂ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਉਡਾਣ ਦੇ ਸਮੇਂ ਵਿੱਚ 10 ਸਤੰਬਰ ਤੋਂ ਸੋਧ ਕੀਤੀ ਗਈ ਹੈ।

## ਅਚਾਨਕ ਗੋਲੀ ਚੱਲਣ ਨਾਲ ਏ ਐੱਸ ਆਈ ਦੀ ਮੌਤ

**ਮੁਹਾਲੀ** : ਸਪੈਸ਼ਲ ਡੀ ਜੀ ਪੀ ਅਰਪਿਤ ਸ਼ੁਕਲਾ ਦੀ ਮੁਹਾਲੀ ਸਥਿਤ ਸੈਕਟਰ 80 ਦੀ ਰਿਹਾਇਸ਼ 'ਤੇ ਤਾਇਨਾਤ ਗੰਨਮੈਨ ਏ ਐੱਸ ਆਈ ਓਂਕਾਰ ਸਿੰਘ ਦੀ ਵੀਰਵਾਰ ਦੁਪਹਿਰ ਗੋਲੀ ਲੱਗਣ ਕਾਰਨ ਮੌਤ ਹੋ ਗਈ। ਪੁਲਸ ਮੁਤਾਬਕ ਇਹ ਹਾਦਸਾ ਹੱਥੋਂ ਪਿਸਤੌਲ ਡਿੱਗਣ ਅਤੇ ਅਚਾਨਕ ਗੋਲੀ ਚੱਲਣ ਕਾਰਨ ਵਾਪਰਿਆ। ਦੂਜੇ ਪਾਸੇ ਸੂਤਰਾਂ ਦਾ ਦਾਅਵਾ ਹੈ ਕਿ ਮੌਕੇ 'ਤੇ ਇੱਕ ਨਹੀਂ, ਸਗੋਂ ਛੇ ਗੋਲੀਆਂ ਚੱਲੀਆਂ। ਘਟਨਾ ਤੋਂ ਬਾਅਦ ਉਸ ਨੂੰ ਤੁਰੰਤ ਫੇਜ਼-6 ਦੇ ਸਿਵਲ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

## ਸੁਖਬੀਰ ਬਾਦਲ ਨੂੰ ਮਿਲ ਸਕਦੀ ਹੈ ਰਾਹਤ

**ਨਵੀ ਦਿਲੀ** : ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ 9 ਸਾਲ ਪੁਰਾਣੇ ਮਾਣਹਾਨੀ ਕੇਸ ਵਿੱਚ ਜਲਦੀ ਹੀ ਰਾਹਤ ਮਿਲਣ ਦੀ ਸੰਭਾਵਨਾ ਹੈ। ਇਹ ਕੇਸ ਜਨਵਰੀ 2017 ਵਿੱਚ ਧਾਰਮਿਕ ਸੰਗਠਨ ਅਖੰਡ ਕੀਰਤਨੀ ਜਥੇ ਦੇ ਬੁਲਾਰੇ ਰਾਜਿੰਦਰ ਪਾਲ ਸਿੰਘ ਵੱਲੋਂ ਸੁਖਬੀਰ ਬਾਦਲ ਖ਼ਿਲਾਫ਼ ਦਰਜ ਕਰਵਾਇਆ ਗਿਆ ਸੀ ਜਿਸ ਵਿੱਚ ਸੁਖਬੀਰ ਬਾਦਲ 'ਤੇ ਅਖੰਡ ਕੀਰਤਨੀ ਜਥੇ ਨੂੰ ਅਤਿਵਾਦੀ ਸੰਗਠਨ ਦੱਸਣ ਦਾ ਦੋਸ਼ ਲਗਾਇਆ ਗਿਆ ਸੀ। ਕੇਸ ਦੀ ਸੁਣਵਾਈ ਦੌਰਾਨ ਸੁਖਬੀਰ ਸਿੰਘ ਬਾਦਲ ਦੇ ਵਕੀਲ ਰਾਜੇਸ਼ ਕੁਮਾਰ ਰਾਏ ਨੇ ਅਦਾਲਤ ਨੂੰ ਦੱਸਿਆ ਕਿ ਸ਼ਿਕਾਇਤਕਰਤਾ ਅਤੇ ਸੁਖਬੀਰ ਵਿਚਕਾਰ ਸਮਝੌਤਾ ਹੋ ਗਿਆ ਹੈ ਅਤੇ ਅਗਲੀ ਤਾਰੀਖ਼ 'ਤੇ ਇਹ ਕੇਸ ਵਾਪਸ ਲੈ ਲਿਆ ਜਾਵੇਗਾ। ਅਦਾਲਤ ਨੇ ਆਪਣੇ ਹੁਕਮਾਂ ਵਿੱਚ ਕਿਹਾ ਕਿ ਵਕੀਲ ਦੇ ਬਿਆਨ ਨੂੰ ਮੱਦੇਨਜ਼ਰ ਰੱਖਦਿਆਂ ਮਾਮਲੇ ਦੀ ਅਗਲੀ ਸੁਣਵਾਈ 17 ਸਤੰਬਰ ਤੱਕ ਮੁਲਤਵੀ ਕੀਤੀ ਜਾਂਦੀ ਹੈ ਅਤੇ ਜੇਕਰ ਕੋਈ ਸਮਝੌਤਾ ਹੋਇਆ ਹੈ ਤਾਂ ਉਸ ਨੂੰ ਨਿਰਧਾਰਤ ਮਿਤੀ ਤੱਕ ਲਿਖਤੀ ਰੂਪ ਵਿੱਚ ਅਦਾਲਤ ਵਿੱਚ ਪੇਸ਼ ਕੀਤਾ ਜਾਵੇ।

## ਸੰਘੀ ਵਿਚਾਰਧਾਰਾ ਨੂੰ ਖਤਮ ਕਰਨ ਦੇ ਸੰਕਲਪ 'ਤੇ ਕਾਇਮ ਹਾਂ : ਅਮਰਜੀਤ ਕੌਰ

**ਲੁਧਿਆਣਾ (ਐੱਮ ਐੱਸ ਭਾਟੀਆ)**



ਪਹਿਲੀ ਸਤੰਬਰ ਨੂੰ ਰਾਮ ਲੀਲ੍ਹਾ ਗਰਾਊਂਡ ਦਿੱਲੀ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਬਦਲਾਅ ਰੈਲੀ ਕੀਤੀ ਗਈ, ਜਿਸ ਵਿੱਚ ਇੱਕ ਲੱਖ ਦੇ ਕਰੀਬ ਕਾਰਕੁਨ ਸ਼ਾਮਲ ਹੋਏ।ਇਸ ਮੌਕੇ ਬੋਲਦਿਆਂ ਸੀ ਪੀ ਆਈ ਦੇ ਕੌਮੀ ਸਕੱਤਰੇਤ ਦੇ ਮੈਂਬਰ ਅਮਰਜੀਤ ਕੌਰ ਨੇ ਮੋਦੀ ਸਰਕਾਰ ਦੀਆਂ ਨੀਤੀਆਂ ਉਪਰ ਖੁੱਲ ਕੇ ਆਪਣੇ ਵਿਚਾਰ ਦਿੱਤੇ ਤੇ ਲੋਕਾਂ ਨੂੰ ਉਹਨਾਂ ਦੇ ਵਿਰੁੱਧ ਲਾਮਬੰਦ ਹੋ ਕੇ ਇਸ ਸਰਕਾਰ ਨੂੰ ਚਲਦਾ ਕਰਨ ਦਾ ਸੱਦਾ ਦਿੱਤਾ। ਉਹਨਾ ਦੇ ਪ੍ਰਭਾਵਸ਼ਾਲੀ ਭਾਸ਼ਣ ਤੋਂ ਬੁਖਲਾ ਕੇ ਆਰ ਐੱਸ ਐੱਸ-ਭਾਜਪਾ ਨਾਲ ਸੰਬੰਧਤ ਸੋਸ਼ਲ ਮੀਡੀਆ ਵੱਲੋਂ ਉਹਨਾ ਦੇ ਬਿਆਨ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ ਤੇ ਟਰੋਲਿੰਗ ਕੀਤੀ ਜਾ ਰਹੀ ਹੈ। ਇਸ ਬਾਰੇ ਉਹਨਾ ਤੋਂ ਪੁੱਛਣ 'ਤੇ ਉਨ੍ਹਾ ਕਿਹਾ ਹੈ, 'ਮੈਂ ਆਪਣੇ ਬਿਆਨ 'ਤੇ ਕਾਇਮ ਹਾਂ।ਇਹ ਬਿਆਨ ਮੈਂ ਨਰਿੰਦਰ ਮੋਦੀ ਦੇ ਉਸ ਬਿਆਨ ਦੇ ਜਵਾਬ ਵਿੱਚ ਦਿੱਤਾ ਸੀ, ਜੋ ਉਨ੍ਹਾ ਭਾਜਪਾ ਆਗੂ ਅਤੇ ਆਰ ਐੱਸ ਐੱਸ ਦੇ ਮੈਂਬਰ ਵਜੋਂ ਆਪਣੀ ਪਾਰਟੀ ਦੀ ਸਿਖਰਲੀ ਲੀਡਰਸ਼ਿਪ ਨੂੰ ਸੰਬੋਧਨ ਕਰਦਿਆਂ ਦਿੱਤਾ ਸੀ।ਉਨ੍ਹਾ ਕਿਹਾ ਸੀ ਕਿ ਲਾਲ ਝੰਡਾ, ਕਮਿਊਨਿਸਟ ਪਾਰਟੀਆਂ ਅਤੇ ਉਨ੍ਹਾਂ ਦੀ ਵਿਚਾਰਧਾਰਾ ਬਹੁਤ ਖ਼ਤਰਨਾਕ ਹੈ ਅਤੇ ਉਨ੍ਹਾਂ ਨੂੰ ਨਿਪਟਾਉਣ ਲਈ ਕੰਮ ਕਰਨਾ ਚਾਹੀਦਾ ਹੈ। ਅਸੀਂ ਇਸ ਨੂੰ ਇੱਕ ਸਾਬਕਾ ਪ੍ਰਚਾਰਕ ਅਤੇ ਵਫ਼ਾਦਾਰ ਆਰ ਐੱਸ ਐੱਸ ਕਾਰਕੁਨ ਤੇ ਭਾਜਪਾ ਆਗੂ ਵੱਲੋਂ ਸਾਡੀ ਵਿਚਾਰਧਾਰਾ ਨੂੰ ਦਿੱਤੀ ਗਈ ਚੁਣੌਤੀ ਵਜੋਂ ਲਿਆ।

ਜੇਕਰ ਉਨ੍ਹਾਂ ਦਾ ਇਰਾਦਾ ਸਾਨੂੰ ਖ਼ਤਮ ਕਰਨ ਦਾ ਹੈ ਤਾਂ ਅਸੀਂ ਵੀ ਇਸ ਚੁਣੌਤੀ ਨੂੰ ਸਵੀਕਾਰ ਕਰਦੇ ਹਾਂ ਅਤੇ ਉਨ੍ਹਾਂ ਦੀ ਉਸ ਵਿਚਾਰਧਾਰਾ ਨੂੰ ਖ਼ਤਮ ਕਰਨ ਦਾ ਸੰਕਲਪ ਲੈਂਦੇ ਹਾਂ, ਜੋ ਅੰਧਵਿਸ਼ਵਾਸ, ਵਰਣ-ਵਿਵਸਥਾ ਅਤੇ ਮਨੂ ਸਿਮਰਤੀ 'ਤੇ ਆਧਾਰਤ ਹੈ ਅਤੇ ਜਾਤੀ ਤੇ ਲਿੰਗ ਦੇ ਆਧਾਰ 'ਤੇ • ਬਾਕੀ ਸਫਾ 2 'ਤੇ

## .ਗਦਰੀਆਂ ਦੀ ਵਿਚਾਰਧਾਰਾ ਸਮਾਜ ਨੂੰ ਖੁਸ਼ਹਾਲ ਬਣਾਉਣ ਵਾਲੀ : ਮਾੜੀਮੇਘਾ, ਰੂੜੀਵਾਲਾ

**ਚੋਹਲਾ ਸਾਹਿਬ (ਨਵਾਂ ਜ਼ਮਾਨਾ ਸਰਵਿਸ)**



ਗਦਰ ਪਾਰਟੀ ਨੇ ਅੰਗਰੇਜ਼ਾਂ ਤੋਂ ਹਿੰਦੁਸਤਾਨ ਮੁਕਤ ਕਰਾਉਣ ਦਾ ਰਾਹ ਹਥਿਆਰਬੰਦ ਸੰਘਰਸ਼ ਚੁਣਿਆ ਸੀ। ਇਸ ਸੋਚ ਨੂੰ ਲੈ ਕੇ ਜਦੋਂ ਗਦਰੀ ਵਿਦੇਸ਼ਾਂ ਤੋਂ ਵਹੀਰਾਂ ਘੱਤ ਕੇ ਹਿੰਦੁਸਤਾਨ ਆਏ ਤਾਂ ਆਉਂਦੇ ਸਾਰ ਹੀ ਫੌਜੀਆਂ ਨਾਲ ਸੰਪਰਕ ਬਣਾਉਣ ਲਈ ਛਾਉਣੀਆਂ ਵਿੱਚ ਵੜ ਗਏ। ਮੀਆਂ ਮੀਰ ਛਾਉਣੀ ਲਾਹੌਰ ਦੇ ਸਿਪਾਹੀਆਂ ਨਾਲ ਭਾਈ ਪ੍ਰੇਮ ਸਿੰਘ ਪਿੰਡ ਸੁਰਸਿੰਘ ਨੇ ਜੋੜੇ ਤੇ ਸੂਬੇਦਾਰ ਲਛਮਣ ਸਿੰਘ ਚੂਸਲੇਵੜ ਦੀ ਅਗਵਾਈ ਹੇਠ ਸਿਪਾਹੀ ਬਗਾਵਤ ਕਰਨ ਲਈ ਤਿਆਰ ਹੋ ਗਏ। ਅੰਗਰੇਜ਼ਾਂ ਨੂੰ ਪਤਾ ਲੱਗ ਗਿਆ ਤੇ ਉਨ੍ਹਾਂ ਪਲਟਨ ਨੂੰ ਸੰਸਾਰ ਜੰਗ ਵਿੱਚ ਭੇਜਣ ਦਾ ਆਰਡਰ ਕਰ ਦਿੱਤਾ। ਜਦੋਂ ਸਿਪਾਹੀ ਸੰਸਾਰ ਜੰਗ ਨੂੰ ਜਾਣ ਲਈ ਹਰਪਾਲਪੁਰ ਸਟੇਸ਼ਨ ਤੋਂ ਸਮਾਨ ਗੱਡਿਆਂ 'ਤੇ ਲੱਦ ਰਹੇ ਸਨ ਤਾਂ ਬਕਸਾ ਡਿੱਗਣ ਨਾਲ ਬੰਬ ਚੱਲ ਪਿਆ। ਸਰਕਾਰ ਨੇ ਬਕਸੇ ਵਾਲੇ ਸਿਪਾਹੀ ਨੂੰ ਗ੍ਰਿਫਤਾਰ ਕਰ ਲਿਆ ਤੇ ਤਸ਼ੱਦਦ ਢਾਹ ਕੇ ਜਾਣਕਾਰੀ ਲੈ ਲਈ ਕਿ ਕਿਹੜੇ-ਕਿਹੜੇ ਸਿਪਾਹੀ ਗ਼ਦਰੀਆਂ ਨਾਲ ਰਲੇ ਹਨ। ਅੰਗਰੇਜ਼ਾਂ ਨੇ ਗ਼ਦਰੀਆਂ ਨਾਲ ਰਲ ਕੇ ਗਦਰੀ ਬਣੇ ਸਿਪਾਹੀਆਂ ਨੂੰ ਸੰਸਾਰ ਜੰਗ ਤੋਂ ਵਾਪਸ ਬੁਲਾ ਕੇ ਫਾਂਸੀ ਦੇ ਤਖ਼ਤੇ 'ਤੇ ਚਾੜ੍ਹ ਕੇ ਸ਼ਹੀਦ ਕਰ ਦਿੱਤਾ। ਗਦਰੀ ਦੇਸ਼ ਭਗਤਾਂ ਅਤੇ 1971 ਦੀ ਜੰਗ ਦੇ ਸ਼ਹੀਦ ਸਿਪਾਹੀਆਂ ਦੀ ਯਾਦ ਵਿੱਚ ਸੁਰਜੀਤ ਸਿੰਘ, ਕੈਪਟਨ ਗੁਰਨਾਮ ਸਿੰਘ, ਸਾਹਿਬ ਸਿੰਘ, ਰਾਜੂ ਮਾਸਟਰ, ਗੁਰਿੰਦਰ ਪਾਲ ਸਿੰਘ, ਨਿਸ਼ਾਨ ਸਿੰਘ ਤੇ ਦਯਾ ਸਿੰਘ ਰੂੜੀਵਾਲਾ, ਮਨਤਾਰ ਸਿੰਘ ਲੰਗੇਆਣਾ ਦੀ ਅਗਵਾਈ ਹੇਠ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਰੂੜੀਵਾਲਾ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਉਸਾਰੇ ਗਏ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਕੀਰਤਨ ਦਰਬਾਰ ਹੋਇਆ। ਬਾਅਦ ਵਿੱਚ ਦੀਵਾਨ ਸਜਾਇਆ ਗਿਆ।

ਦੀਵਾਨ ਦੀ ਸਟੇਜ ਤੋਂ ਬੋਲਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਸੰਗਤ ਨੂੰ ਕਿਹਾ ਕਿ ਗ਼ਦਰੀਆਂ ਦੀ ਵਿਚਾਰਧਾਰਾ ਦੇਸ਼ ਨੂੰ ਖੁਸ਼ਹਾਲ ਬਣਾਉਣ ਵਾਲੀ ਸੀ, ਪਰ ਸਮੇਂ ਦੇ ਹਾਕਮਾਂ ਅਤੇ ਉਨ੍ਹਾਂ ਦੇ ਮੁਖ਼ਬਰਾਂ ਨੇ ਗ਼ਦਰੀਆਂ ਦੀ ਵਿਚਾਰਧਾਰਾ ਨੂੰ ਫਲ ਨਹੀਂ ਪੈਣ ਦਿੱਤਾ। ਅਜੋਕੇ ਅਜਿਹੇ ਹਾਲਾਤ ਹਨ ਕਿ ਕਿਸਾਨਾਂ ਦੀਆਂ ਫਸਲਾਂ 'ਤੇ ਐੱਮ ਐੱਸ ਪੀ ਕਾਨੂੰਨ ਲਾਗੂ ਨਹੀਂ ਕੀਤਾ ਜਾ ਰਿਹਾ, • ਬਾਕੀ ਸਫਾ 2 'ਤੇ

## ਭਾਜਪਾ ਤਿੰਨ ਕਾਲੇ ਖੇਤੀ ਕਾਨੂੰਨ ਪਾਸ ਕਰਨ ਦੀ ਸ਼ਰਤ 'ਤੇ ਅਕਾਲੀ ਦਲ ਨਾਲ ਸਮਝੌਤਾ ਕਰਨ ਜਾ ਰਹੀ : ਮਾਨ

**ਸੰਗਰੂਰ (ਪ੍ਰਵੀਨ ਸਿੰਘ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਭਾਜਪਾ-ਅਕਾਲੀ ਦਲ ਗਠਜੋੜ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਭਾਜਪਾ ਤਿੰਨ ਕਾਲੇ ਖੇਤੀ ਕਾਨੂੰਨਾਂ ਨੂੰ ਵਾਪਸ ਲਿਆਉਣ ਦੀ ਸ਼ਰਤ 'ਤੇ ਅਕਾਲੀ ਦਲ ਨਾਲ ਸਮਝੌਤਾ ਕਰਨ ਦੀ ਤਿਆਰੀ ਕਰ ਰਹੀ ਹੈ, ਜਦਕਿ ਇਨ੍ਹਾਂ ਕਾਨੂੰਨਾਂ ਵਿਰੁੱਧ ਹੋਏ ਵਿਰੋਧ ਪ੍ਰਦਰਸ਼ਨਾਂ ਦੌਰਾਨ 750 ਕਿਸਾਨਾਂ ਦੀਆਂ ਜਾਨਾਂ ਗਈਆਂ ਸਨ। ਉਨ੍ਹਾ ਕਿਹਾ ਕਿ ਅਕਾਲੀ ਦਲ ਸਿਆਸੀ ਕੁਰਸੀ ਲਈ 'ਪੰਜਾਬ ਵਿੱਚ ਕੁਝ ਵੀ ਵੇਚਣ' ਲਈ ਤਿਆਰ ਹੈ, ਜਦਕਿ ਪੰਜਾਬੀ ਆਪਣੇ ਸ਼ਹੀਦ ਕਿਸਾਨਾਂ ਦੀਆਂ ਦੇਹਾਂ ਉਤੋਂ ਲੰਘ ਕੇ ਭਾਜਪਾ ਨੂੰ ਕਦੇ ਵੋਟ ਨਹੀਂ ਪਾਉਣਗੇ।

ਮੁੱਖ ਮੰਤਰੀ ਨੇ ਇਹ ਵੀ ਦਾਅਵਾ ਕੀਤਾ ਕਿ ਭਾਜਪਾ ਵੋਟਾਂ ਹਾਸਲ ਕਰਨ ਲਈ ਫਿਰਕੂ ਏਜੰਡਾ ਵਰਤ ਰਹੀ ਹੈ ਅਤੇ ਪੰਜਾਬ ਯੂਨੀਵਰਸਿਟੀ ਦੀਆਂ ਚੋਣਾਂ ਵਿੱਚ ਇਸ ਦੀ ਜਿੱਤ, ਜੋ ਅਕਾਲੀ ਦਲ ਦੇ ਸਮਰਥਨ ਨਾਲ ਹੋਈ ਹੈ, ਨੇ ਦੋਵਾਂ ਪਾਰਟੀਆਂ ਵਿਚਕਾਰ ਗੰਢਤੁੱਪ ਨੂੰ ਨੰਗਾ ਕਰ ਦਿੱਤਾ ਹੈ। 'ਲੋਕ ਮਿਲਣੀ' ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਲੋਕਾਂ ਨੂੰ ਤਾੜਨਾ ਕੀਤੀ ਕਿ ਜੇ ਅਕਾਲੀ-ਭਾਜਪਾ ਗਠਜੋੜ ਸੱਤਾ ਵਿੱਚ ਆਉਂਦਾ ਹੈ ਤਾਂ ਉਹ ਕਿਸਾਨਾਂ 'ਤੇ ਦੁਬਾਰਾ ਕਾਲੇ ਖੇਤੀ ਕਾਨੂੰਨ ਥੋਪ ਸਕਦਾ ਹੈ।ਉਨ੍ਹਾ ਕਿਹਾ ਕਿ ਸੂਬੇ ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਭਾਜਪਾ ਨਾਲ ਗਠਜੋੜ ਕਰਨ ਲਈ ਪੱਬਾਂ-ਭਾਰ ਹੈ।'ਲੋਕ ਮਿਲਣੀ' ਵਿੱਚ ਲੋਕਾਂ ਦੀ ਭਾਰੀ • ਬਾਕੀ ਸਫਾ 2 'ਤੇ

## ਨਾ ਇਧਰ ਕੇ ਰਹੇ, ਨਾ ਉਧਰ ਕੇ

**ਨਵੀਂ ਦਿੱਲੀ (ਨ ਜ਼ ਸ)**-ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਪ੍ਰਕਿਰਿਆ ਮਗਰੋਂ ਰਾਜ ਸਭਾ ਮੈਂਬਰ ਰਾਘਵ ਚੱਢਾ ਪਹਿਲਾਂ ਪੰਜਾਬ ਦੀ ਖਰੜਾ ਵੋਟਰ ਸੂਚੀ 'ਚੋਂ ਅਤੇ ਹੁਣ ਦਿੱਲੀ ਦੀ ਰਜਿੰਦਰ ਨਗਰ ਹਲਕੇ ਦੀ ਵੋਟਰ ਸੂਚੀ 'ਚੋਂ ਵੀ ਗਾਇਬ ਹੋ ਗਏ ਹਨ। ਚੋਣ ਕਮਿਸ਼ਨ ਨੇ ਪੰਜਾਬ 'ਚ ਵਿਸ਼ੇਸ਼ ਸੁਧਾਈ ਮਗਰੋਂ 13 ਅਗਸਤ ਨੂੰ ਖਰੜਾ ਵੋਟਰ ਸੂਚੀ ਦੀ ਪ੍ਰਕਾਸ਼ਨਾ 'ਚ ਰਾਘਵ ਚੱਢਾ ਨੂੰ 'ਪੱਕੇ ਤੌਰ 'ਤੇ ਸ਼ਿਫਟ' ਹੋਣ ਦਾ ਹਵਾਲਾ ਦੇ ਕੇ ਵੋਟਰ ਸੂਚੀ 'ਚੋਂ ਆਊਟ ਕਰ ਦਿੱਤਾ ਸੀ। ਦਿੱਲੀ ਦੇ ਹਲਕਾ ਰਜਿੰਦਰ ਨਗਰ ਦੀ ਵੋਟਰ ਸੂਚੀ ਦੀ 31 ਅਗਸਤ ਨੂੰ ਹੋਈ ਪ੍ਰਕਾਸ਼ਨਾ 'ਚ ਵੀ ਰਾਘਵ ਚੱਢਾ ਦਾ ਨਾਂਅ ਦਰਜ ਨਹੀਂ ਹੈ। ਰਾਘਵ ਚੱਢਾ ਦੇ ਨਿਊ ਰਜਿੰਦਰ ਨਗਰ ਦੇ ਮਕਾਨ ਨੰਬਰ 473 'ਚ ਇਸ ਵੇਲੇ ਦੋ ਵੋਟਰ ਹੀ ਹਨ, ਉਸ ਦੇ ਪਿਤਾ ਸੁਨੀਲ ਚੱਢਾ ਅਤੇ ਮਾਤਾ ਅਲਕਾ ਚੱਢਾ। ਮੁਹਾਲੀ ਨਿਗਮ ਦੀ ਵੋਟਰ ਸੂਚੀ 'ਚ ਵਾਰਡ ਨੰਬਰ 44 'ਚ ਸੀਰੀਅਲ ਨੰਬਰ 253 • ਬਾਕੀ ਸਫਾ 2 'ਤੇ



## ਅੱਜ-ਨਾਮਾ

ਭੌਂਤੂ ਗੈਂਗ ਨਿੱਤ ਕਰਨ ਕਈ ਵਾਰਦਾਤਾਂ,
ਜਿੱਥੇ ਦਾਅ ਲੱਗਾ, ਲੈਂਦੇ ਈ ਲੁੱਟ ਬੇਲੀ।
ਜਿਹੜਾ ਲੁੱਟਣ ਦਾ ਕੋਈ ਵਿਰੋਧ ਕਰਦਾ,
ਮਿਲ ਕੇ ਗੈਂਗ ਨੇ ਦੇਂਦੇ ਉਹ ਕੁੱਟ ਬੇਲੀ।
ਲੁੱਟਣ ਲਈ ਉਹ ਸਦਾ ਜਵਾਕ ਵਰਤਣ,
ਮਾਲ ਖਪਾਉਣ ਦੇ ਵੱਖ ਹਨ ਜੁੱਟ ਬੇਲੀ
ਜਾਂਦੀ ਪੇਸ਼ ਨਾ ਪੁਲਸ ਅਧਿਕਾਰੀਆਂ ਦੀ,
ਅਮਨ ਕਾਨੂੰਨ ਦੀ ਜੜ੍ਹ ਰਹੇ ਪੁੱਟ ਬੇਲੀ।
ਕਰੜੇ ਹੱਥੀਂ ਨਾ ਜਾਂਦਾ ਹੈ ਅਮਲਾ ਕੀਤਾ,
ਦਾਅਵੇ ਵੱਡੇ ਸਰਕਾਰ ਪਈ ਕਰੇ ਬੇਲੀ।
ਦਾਅਵਾ ਕੀਤਿਆਂ ਲੁੱਟ ਨਾ ਖੋਹ ਰੁਕਦੀ,
ਬਿਆਨਬਾਜ਼ੀ ਨਾਲ ਕੰਮ ਨਾ ਸਰੇ ਬੇਲੀ।

-ਤੀਸ ਮਾਰ ਖਾਂ

## ਟੁੱਟੀ ਕੁਆਲਿਸ ਵਾਲੇ ਮਜੀਠੀਆ ਨੇ ਵਪਾਰਕ ਸਾਮਰਾਜ ਕਿਵੇਂ ਖੜ੍ਹਾ ਕੀਤਾ : ਬਲਤੇਜ ਪੰਨੂ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਵੀਰਵਾਰ ਸ਼੍ਰੋਮਣੀ ਅਕਾਲੀ ਦਲ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਸ ਦੇ ਆਗੂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾ ਦੇ ਪਰਵਾਰ ਨੂੰ ਬਦਨਾਮ ਕਰਨ ਲਈ ਸਿਆਸਤ ਤੋਂ ਪ੍ਰੇਰਿਤ ਮੁਹਿੰਮ ਚਲਾ ਰਹੇ ਹਨ, ਜਦੋਂ ਕਿ ਉਹ ਆਪਣੇ ਸਿਆਸੀ ਅਤੇ ਨਿੱਜੀ ਸੰਬੰਧਾਂ ਨੂੰ ਜਾਣਬੁੱਝ ਕੇ ਛੁਪਾ ਰਹੇ ਹਨ।

ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਅਤੇ ਉਨ੍ਹਾ ਦੇ ਪਰਵਾਰ ਖ਼ਿਲਾਫ਼ ਲਗਾਏ ਜਾ ਰਹੇ ਦੋਸ਼ ਅਣਪ੍ਰਮਾਣਿਤ ਸਮੱਗਰੀ 'ਤੇ ਆਧਾਰਿਤ ਹਨ ਅਤੇ ਨਾ ਤਾਂ ਕਥਿਤ ਆਡੀਓ ਰਿਕਾਰਡਿੰਗਾਂ ਅਤੇ ਨਾ ਹੀ ਉਨ੍ਹਾਂ ਨਾਲ ਜੁੜੇ ਦਾਅਵਿਆਂ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਹੋਈ ਹੈ।ਵਿਵਾਦ ਦੇ ਕੇਂਦਰ 'ਚ ਮੌਜੂਦ ਵਿਅਕਤੀਆਂ ਨੂੰ ਚੰਗੀ ਤਰ੍ਹਾਂ ਜਾਣਨ ਦਾ ਦਾਅਵਾ ਕਰਨ ਵਾਲੇ ਆਗੂ ਆਪਣੇ ਸੰਬੰਧਾਂ ਬਾਰੇ ਪਹਿਲਾਂ ਜਵਾਬ ਦੇਣ ਦੀ ਬਜਾਏ ਹੁਣ ਰਾਜਪਾਲ ਕੋਲ ਕਿਉਂ ਪਹੁੰਚ ਰਹੇ ਹਨ।ਜੇਕਰ ਤੁਸੀਂ ਇਹਨਾਂ ਲੋਕਾਂ ਨੂੰ ਏਨੀ ਚੰਗੀ ਤਰ੍ਹਾਂ ਜਾਣਦੇ ਹੋ ਤਾਂ ਰਾਜਪਾਲ ਕੋਲ ਜਾਣ ਦਾ



ਇਹ ਸਾਰਾ ਡਰਾਮਾ ਕਿਉਂ? ਆਪਣੇ ਸੰਬੰਧਾਂ ਬਾਰੇ ਸਵਾਲਾਂ ਦੇ ਜਵਾਬ ਪਹਿਲਾਂ ਕਿਉਂ ਨਹੀਂ ਦਿੰਦੇ?

ਪੰਨੂ ਨੇ ਮੀਡੀਆ ਸਾਹਮਣੇ ਤਸਵੀਰਾਂ ਦੀ ਲੜੀ ਪੇਸ਼ ਕਰਦਿਆਂ ਕਿਹਾ ਕਿ ਇਹਨਾਂ ਉਹਨਾਂ ਲੋਕਾਂ ਦੇ ਸਿਆਸੀ ਸੰਬੰਧਾਂ ਨੂੰ ਨੰਗਾ ਕਰ ਦਿੱਤਾ ਹੈ, ਜਿਨ੍ਹਾਂ ਦੇ ਨਾਂਅ ਮੌਜੂਦਾ ਵਿਵਾਦ ਵਿੱਚ ਵਰਤੇ ਜਾ ਰਹੇ ਹਨ।ਉਨ੍ਹਾ ਅਮਰਦੀਪ ਗਰੇਵਾਲ ਦੀਆਂ ਜੇ ਪੀ ਨੱਡਾ, ਮਨਜਿੰਦਰ ਸਿੰਘ ਸਿਰਸਾ ਅਤੇ ਰਵਨੀਤ ਸਿੰਘ ਬਿੱਟੂ ਸਮੇਤ ਭਾਜਪਾ ਆਗੂਆਂ ਨਾਲ ਤਸਵੀਰਾਂ ਦਿਖਾਈਆਂ ਅਤੇ ਸੀਨੀਅਰ ਭਾਜਪਾ ਆਗੂਆਂ ਨਾਲ ਉਸ ਵਿਅਕਤੀ ਦੀ ਸਿਆਸੀ ਨੇੜਤਾ 'ਤੇ ਸਵਾਲ ਚੁੱਕੇ।

ਪੰਨੂ ਨੇ ਸੁਖਬੀਰ ਸਿੰਘ ਬਾਦਲ, ਹਰਸਿਮਰਤ ਕੌਰ ਬਾਦਲ ਅਤੇ ਬਿਕਰਮ ਸਿੰਘ ਮਜੀਠੀਆ ਨਾਲ ਗੁਰੀ ਚਾਹਲ ਦੀਆਂ ਪਰਿਵਾਰਕ ਅਤੇ ਸਮਾਜਿਕ ਸਮਾਗਮਾਂ ਦੀਆਂ ਕਈ ਤਸਵੀਰਾਂ ਵੀ ਦਿਖਾਈਆਂ।ਉਨ੍ਹਾ ਹੁੰਦਲ ਦੀਆਂ ਅਕਾਲੀ ਆਗੂਆਂ ਨਾਲ ਤਸਵੀਰਾਂ ਦਾ ਹਵਾਲਾ ਦਿੰਦਿਆਂ ਤਰਕ ਦਿੱਤਾ ਕਿ ਇਹ ਕਿਸੇ ਅਣਜਾਣ ਸਿਆਸੀ ਲੋਕਾਂ ਦੀਆਂ ਤਸਵੀਰਾਂ ਨਹੀਂ ਹਨ, ਸਗੋਂ ਅਜਿਹੇ ਲੋਕਾਂ ਦੀਆਂ ਹਨ, ਜੋ ਅਕਾਲੀ ਲੀਡਰਸ਼ਿਪ ਦੇ ਨੇੜੇ ਰਹੇ ਹਨ। ਇਹ ਤਸਵੀਰਾਂ ਮਹੱਤਵਪੂਰਨ ਹਨ, ਕਿਉਂਕਿ ਉਸੇ ਹੀ ਸਿਆਸੀ ਢਾਂਚੇ ਨੂੰ ਹੁਣ ਮਾਨ ਪਰਵਾਰ ਖਿਲਾਫ ਦੋਸ਼ਾਂ ਦੇ ਸਰੋਤ ਵਜੋਂ ਪੇਸ਼ ਕੀਤਾ ਜਾ ਰਿਹਾ ਹੈ।ਪੰਜਾਬ ਦੇ ਲੋਕਾਂ ਨੂੰ ਇਹ ਤਸਵੀਰਾਂ ਦੇਖਣੀਆਂ ਚਾਹੀਦੀਆਂ ਹਨ ਅਤੇ ਆਪ ਤੈਅ ਕਰਨਾ ਚਾਹੀਦਾ ਹੈ ਕਿ ਕੌਣ ਕਿਸ ਨਾਲ • ਬਾਕੀ ਸਫਾ 2 'ਤੇ

## ਹੁੰਦਲ ਨੇ ਮਜੀਠੀਆ ਦਾ ਦਾਅਵਾ ਝੁਠਲਾਇਆ

**ਚੰਡੀਗੜ੍ਹ (ਨ ਜ਼ ਸ)**



ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਸੋਸ਼ਲ ਮੀਡੀਆ ਪ੍ਰਭਾਵਕ ਅਤੇ ਜਬਰ-ਜ਼ਨਾਹ ਦੇ ਮੁਲਜ਼ਮ ਦੀ ਰਿਹਾਈ ਲਈ ਕਥਿਤ ਸੌਦੇਬਾਜ਼ੀ ਦੀਆਂ ਵਟਸਐਪ ਕਲਿੱਪਾਂ ਜਾਰੀ ਕਰਨ ਤੋਂ ਇੱਕ ਦਿਨ ਬਾਅਦ ਵਿਵਾਦ ਵਿੱਚ ਘਿਰੇ ਸਿਮਰਨਜੀਤ ਸਿੰਘ ਹੁੰਦਲ ਨੇ ਸੋਸ਼ਲ ਮੀਡੀਆ 'ਤੇ ਇਕ ਵੀਡੀਓ ਜਾਰੀ ਕਰਕੇ ਇਨ੍ਹਾਂ ਦਾਅਵਿਆਂ ਨੂੰ ਸਿਰਫ ਘਟੀਆ ਰਾਜਨੀਤੀ ਕਰਾਰ ਦਿੰਦਿਆਂ ਸਪੱਸ਼ਟ ਕੀਤਾ ਕਿ ਉਸ ਦਾ ਇਸ ਨਾਲ ਕੋਈ ਲੈਣਾ-ਦੇਣਾ ਨਹੀਂ। ਹੁੰਦਲ ਮੁਹਾਲੀ ਦਾ ਇੱਕ ਸੋਸ਼ਲ ਮੀਡੀਆ ਪ੍ਰਭਾਵਕ ਅਤੇ ਪ੍ਰਾਪਰਟੀ ਡੀਲਰ ਹੈ। ਮਜੀਠੀਆ ਮੁਤਾਬਕ ਹੁੰਦਲ ਕਥਿਤ ਤੌਰ 'ਤੇ ਬਲਾਤਕਾਰ ਦੇ ਕੇਸ ਨੂੰ ਰਫਾ-ਦਫਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਤਨੀ ਡਾ: ਗੁਰਪ੍ਰੀਤ ਕੌਰ ਦੇ ਇੱਕ ਕਥਿਤ ਰਿਸ਼ਤੇਦਾਰ ਨਾਲ ਸੌਦੇਬਾਜ਼ੀ ਕਰ ਰਿਹਾ ਸੀ। ਹੁੰਦਲ ਨੇ ਦਾਅਵਾ ਕੀਤਾ ਹੈ ਕਿ ਉਸ ਨੇ ਨਾ ਤਾਂ ਕਦੇ ਮੁੱਖ ਮੰਤਰੀ ਦੀ ਪਤਨੀ ਨਾਲ ਮੁਲਾਕਾਤ ਕੀਤੀ ਹੈ ਅਤੇ ਨਾ ਹੀ ਕਿਸੇ ਕੇਸ ਦੇ ਸਿਲਸਿਲੇ ਵਿੱਚ ਕਦੇ ਰਿਸ਼ਵਤ ਦੀ ਪੇਸ਼ਕਸ਼ ਕੀਤੀ ਹੈ।

ਇਸ ਕਥਿਤ ਵਟਸਐਪ ਗੱਲਬਾਤ ਨੇ ਸੂਬੇ ਵਿੱਚ ਸਿਆਸੀ ਤੂਫ਼ਾਨ ਖੜ੍ਹਾ ਕਰ ਦਿੱਤਾ ਹੈ, ਜਿਸ ਵਿੱਚ ਵਿਰੋਧੀ ਪਾਰਟੀਆਂ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਨੂੰ ਨਿਸ਼ਾਨਾ ਬਣਾਇਆ • ਬਾਕੀ ਸਫਾ 2 'ਤੇ

## ਰਾਏ ਵੱਲੋਂ ਸਰਕਾਰੀ ਸਕੂਲ 'ਚ ਤਿੰਨ ਲੈਬਾਂ ਦਾ ਉਦਘਾਟਨ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਦੇ ਸਮਾਰਟ ਸਕੂਲ ਸੰਗਤਪੁਰ ਸੋਢੀਆਂ ਵਿਖੇ ਕਰੀਬ 48 ਲੱਖ ਰੁਪਏ ਦੀ ਲਾਗਤ ਨਾਲ ਬਣੀਆ ਤਿੰਨ ਨਵੀਆਂ ਲੈਬਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਨੂੰ ਆਪਣੀ ਮੁੱਖ ਤਰਜੀਹ ਬਣਾਉਂਦਿਆਂ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ, ਸਿੱਖਿਆ ਦੀ ਗੁਣਵੱਤਾ ਤੇ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਦੇਣ ਲਈ ਵੱਡੇ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ।ਸੂਬਾ ਸਰਕਾਰ ਨੇ ਵਿੱਤੀ ਸਾਲ 2026-27 ਲਈ ਸਿੱਖਿਆ ਖੇਤਰ ਵਾਸਤੇ ?19,279 ਕਰੋੜ ਦਾ ਬਜਟ ਰੱਖਿਆ ਹੈ, ਜੋ ਪਿਛਲੇ ਸਾਲ ਨਾਲੋਂ 7 ਫੀਸਦੀ ਵੱਧ ਹੈ।ਸਰਕਾਰੀ ਸਕੂਲਾਂ ਨੂੰ ਸਮਾਰਟ ਕਲਾਸਰੂਮਾਂ, ਆਧੁਨਿਕ ਲੈਬਾਂ, ਲਾਇਬ੍ਰੇਰੀਆਂ ਅਤੇ ਬਿਹਤਰ ਬੁਨਿਆਦੀ ਢਾਂਚੇ ਨਾਲ ਮਜ਼ਬੂਤ ਕੀਤਾ ਜਾ ਰਿਹਾ ਹੈ। ਸਕੂਲ ਆਫ ਐਮੀਨੈਂਸ ਰਾਹੀਂ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਤੇ ਉੱਚ ਸਿੱਖਿਆ ਲਈ ਬਿਹਤਰ ਤਿਆਰੀ ਦੇ ਮੌਕੇ ਮਿਲ ਰਹੇ ਹਨ।ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਜੇਈਈ ਤੇ ਨੀਟ ਵਰਗੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਆਨਲਾਈਨ ਕੋਚਿੰਗ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਾਜ ਦਵਿੰਦਰ ਲਾਡੀ, ਲਖਬੀਰ ਸਿੰਘ ਬਧੌਛੀ, ਸਰਪੰਚ ਗੁਰਜੰਟ ਸਿੰਘ, ਪ੍ਰਿੰਸੀਪਲ ਹਰਦੀਪ ਕੌਰ, ਸਕੂਲ ਇੰਚਾਰਜ ਸੰਦੀਪ ਸੂਦ, ਲੈਕਚਰਾਰ ਗੁਰ ਸਤਵੀਰ ਕੌਰ, ਕੁਲਜਿੰਦਰ ਕੌਰ, ਨਰਿੰਦਰ ਨੰਨੂ, ਸੁਰੇਸ਼ ਕੁਮਾਰ ਬੱਟੀ, ਦਵਿੰਦਰ ਸਿੰਘ, ਹਰਜੀਤ ਸਿੰਘ ਧੈਪੀ, ਕੈਪਟਨ ਲਖਬੀਰ ਸਿੰਘ ਆਦਿ ਹਾਜ਼ਰ ਸਨ।

# ਅਮਨਦੀਪ ਕਤਲ ਮਾਮਲੇ 'ਚ ਮਾਸੀ ਦੇ ਲੜਕੇ ਤੇ ਉਸ ਦੇ ਦੋਸਤ ਨੂੰ ਉਮਰ ਕੈਦ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) ਕਰੀਬ ਸੱਤ ਸਾਲ ਪਹਿਲਾਂ 28 ਸਾਲਾ ਅਮਨਦੀਪ ਸਿੰਘ ਵਾਸੀ ਪਿੰਡ ਸੋਂਪਲਾ ਦੇ ਹੋਏ ਕਤਲ ਦੇ ਮਾਮਲੇ ਵਿੱਚ ਥਸੀ ਪਠਾਣਾਂ ਪੁਲਸ ਵੱਲੋਂ ਨਾਮਜ਼ਦ ਕੀਤੇ ਗਏ ਮ੍ਰਿਤਕ ਦੇ ਮਾਸੀ ਦੇ ਲੜਕੇ ਤੇ ਉਸ ਦੇ ਦੋਸਤ ਨੂੰ ਮਾਮਲੇ ਵਿੱਚ ਦੋਸ਼ੀ ਕਰਾਰ ਦਿੰਦੇ ਹੋਏ ਸਥਾਨਕ ਅਦਾਲਤ ਵੱਲੋਂ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ ਦੀ ਸੂਚਨਾ ਹੈ।ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਨੌਜਵਾਨ ਦੇ ਪਰਿਵਾਰ ਵੱਲੋਂ ਕੇਸ ਦੀ ਪੈਰਵੀ ਕਰ ਰਹੇ ਐਡਵੋਕੇਟ ਗੁਲਕਰਨ ਸਿੰਘ ਸੰਧੂ ਨੇ ਦੱਸਿਆ ਕਿ 19 ਸਤੰਬਰ 2019 ਦੀ ਸਵੇਰ ਨੂੰ ਪੁਲਸ ਨੂੰ ਇਤਲਾਹ ਮਿਲੀ ਸੀ ਕਿ ਪਿੰਡ ਨੰਦਪੁਰ ਕਲੌੜ ਤੋਂ ਡਡਿਆਣਾ ਨੂੰ ਜਾਂਦੀ ਸੜਕ ਕੰਢੇ ਇੱਕ ਨੌਜਵਾਨ ਮ੍ਰਿਤਕ ਹਾਲਤ ਵਿੱਚ ਮੋਟਰਸਾਈਕਲ ਸਮੇਤ ਡਿੱਗਿਆ ਪਿਆ ਹੈ।ਮੌਕੇ 'ਤੇ ਪੁੱਜੇ ਮ੍ਰਿਤਕ ਦੇ ਵਾਰਸਾਂ ਨੇ ਉਸ ਦੀ ਪਹਿਚਾਣ ਅਮਨਦੀਪ ਸਿੰਘ ਵਾਸੀ ਪਿੰਡ ਸੋਂਪਲਾ ਵਜੋਂ ਕੀਤੀ, ਜੋ ਕਿ ਵਿਆਹਿਆ ਹੋਇਆ ਸੀ ਤੇ ਦੋ ਸਾਲ ਦੀ ਛੋਟੀ ਬੱਚੀ ਦਾ ਪਿਤਾ ਸੀ।

ਮੁੱਢਲੇ ਤੌਰ 'ਤੇ ਥਸੀ ਪਠਾਣਾਂ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸੜਕ ਹਾਦਸੇ ਵਿੱਚ ਹੋਈ ਮੌਤ ਸਮਝ ਕੇ ਸ਼ੁਰੂ ਕੀਤੀ, ਪਰ ਪੋਸਟਮਾਰਟਮ ਰਿਪੋਰਟ ਵਿੱਚ ਮੌਤ ਦਾ ਕਾਰਨ ਗਲਾ ਘੁਟਣਾ ਸਾਹਮਣੇ ਆਉਣ ਤੇ ਪੁਲਸ ਨੇ ਜਾਂਚ ਦਾ ਰੁਖ ਕਤਲ ਵੱਲ ਮੋੜ ਦਿੱਤਾ।ਤਫ਼ਤੀਸ਼ ਦੌਰਾਨ ਮਿਲੀ ਟੈਕਨੀਕਲ ਇਨਪੁਟ ਤੇ ਸੁਰਾਗਾਂ ਦੇ ਅਧਾਰ 'ਤੇ ਪੁਲਸ ਨੇ ਜਦੋਂ ਮ੍ਰਿਤਕ ਦੀ ਸਕੀ ਮਾਸੀ ਦੇ ਲੜਕੇ ਜਸਪ੍ਰੀਤ ਸਿੰਘ ਵਾਸੀ ਪਿੰਡ ਲੁਹਾਰ ਮਾਜਰਾ ਤੇ ਉਸ ਦੇ ਦੋਸਤ ਗੁਰਦੀਪ ਸਿੰਘ ਵਾਸੀ ਪਿੰਡ ਨੰਦਪੁਰ ਕਲੌੜ ਨੂੰ ਕਾਬੂ ਕਰਕੇ ਉਨ੍ਹਾਂ ਤੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਤਾਂ ਖੁਲਾਸਾ ਹੋਇਆ ਕਿ ਇਨ੍ਹਾਂ ਦੋਵਾਂ ਨੇ ਹੀ ਗਲਾ ਘੁੱਟ ਕੇ ਅਮਨਦੀਪ ਦਾ ਕਤਲ ਕੀਤਾ ਸੀ ਤੇ ਉਸ ਦੇ ਮੋਟਰਸਾਈਕਲ ਨੂੰ ਇਸ ਢੰਗ ਨਾਲ ਨੁਕਸਾਨ ਪਹੁੰਚਾਇਆ ਸੀ ਤਾਂ ਜੋ ਇਹ ਮੌਤ ਸੜਕ ਹਾਦਸੇ ਕਾਰਨ ਹੋਈ ਜਾਪੇ।

ਐਡਵੋਕੇਟ ਸੰਧੂ ਅਨੁਸਾਰ ਕਤਲ ਦਾ ਕਾਰਨ ਪਰਿਵਾਰਕ ਰੰਜਿਸ਼ ਦੱਸੀ ਗਈ।ਸਥਾਨਕ ਅਦਾਲਤ ਵਿੱਚ ਚੱਲੀ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਐਡੀਸ਼ਨਲ ਸੈਸ਼ਨਜ਼ ਜੱਜ ਫ਼ਤਿਹਗੜ੍ਹ ਸਾਹਿਬ ਦੀ ਅਦਾਲਤ ਨੇ ਜਸਪ੍ਰੀਤ ਸਿੰਘ ਵਾਸੀ ਪਿੰਡ ਲੁਹਾਰ ਮਾਜਰਾ ਕਲਾਂ ਤੇ ਗੁਰਦੀਪ ਸਿੰਘ ਵਾਸੀ ਪਿੰਡ ਨੰਦਪੁਰ ਕਲੌੜ ਨੂੰ ਮਾਮਲੇ ਵਿੱਚ ਧਾਰਾ ਅ/ਧ 302 ਆਈ.ਪੀ.ਸੀ. ਤਹਿਤ ਦੋਸ਼ੀ ਕਰਾਰ ਦਿੰਦੇ ਹੋਏ ਉਮਰ ਕੈਦ ਬਾਮੁਸ਼ੱਕਤ ਤੇ 1-1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

## ਵੋਕੇਸ਼ਨਲ ਟੀਚਰ ਫਰੰਟ ਵੱਲੋਂ ਭਲਕੇ ਸੰਗਰੂਰ 'ਚ ਰੋਸ ਰੈਲੀ

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਡਿਸੂਜਾ)-ਐੱਨ ਐੱਸ ਕਿਊ ਐੱਫ ਵੋਕੇਸ਼ਨਲ ਟੀਚਰ ਫਰੰਟ ਪੰਜਾਬ ਦੀ ਅੱਜ ਸੂਬਾ ਕਮੇਟੀ ਮੈਂਬਰਾਂ ਤੇ ਸਮੂਹ ਜ਼ਿਲ੍ਹਾ ਪ੍ਰਧਾਨਾਂ ਦੀ ਇੱਕ ਅਹਿਮ ਮੀਟਿੰਗ ਹੋਈ।ਮੀਟਿੰਗ ਵਿੱਚ ਪੰਜਾਬ ਭਰ ਦੇ ਐੱਨ ਐੱਸ ਕਿਊ ਐੱਫ ਵੋਕੇਸ਼ਨਲ ਅਧਿਆਪਕਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਹੱਕੀ ਤੇ ਜਾਇਜ਼ ਮੰਗਾਂ ਸਬੰਧੀ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਉਪਰੰਤ ਫਰੰਟ ਵੱਲੋਂ 5 ਸਤੰਬਰ ਅਧਿਆਪਕ ਦਿਵਸ ਵਾਲੇ ਦਿਨ ਸੰਗਰੂਰ ਵਿਖੇ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਗਿਆ।ਫਰੰਟ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਸੱਤਾ ਵਿੱਚ ਆਏ ਕਾਫ਼ੀ ਸਮਾਂ ਬੀਤ ਚੁੱਕਾ ਹੈ ਤੇ ਐੱਨ ਐੱਸ ਕਿਊ ਐੱਫ ਵੋਕੇਸ਼ਨਲ ਅਧਿਆਪਕਾਂ ਵੱਲੋਂ ਲਗਾਤਾਰ ਆਪਣੀਆਂ ਮੰਗਾਂ ਸਰਕਾਰ ਦੇ ਧਿਆਨ ਵਿੱਚ ਲਿਆਂਦੀਆਂ ਜਾ ਰਹੀਆਂ ਹਨ।ਸਰਕਾਰ ਦੇ ਮੰਤਰੀਆਂ, ਅਧਿਕਾਰੀਆਂ ਤੇ ਵੱਖ-ਵੱਖ ਪੱਧਰਾਂ 'ਤੇ ਹੋਈਆਂ ਮੀਟਿੰਗਾਂ ਦੇ ਬਾਵਜੂਦ ਅਜੇ ਤੱਕ ਐੱਨ ਐੱਸ ਕਿਊ ਐੱਫ ਵੋਕੇਸ਼ਨਲ ਅਧਿਆਪਕਾਂ ਦੇ ਮੁੱਖ ਮਸਲਿਆਂ ਦਾ ਕੋਈ ਠੋਸ ਤੇ ਸਥਾਈ ਹੱਲ ਨਹੀਂ ਕੀਤਾ ਗਿਆ।ਇਸ ਮੌਕੇ ਤੇ ਸਟੇਟ ਮੈਂਬਰ ਰਣਜੀਤ ਸਿੰਘ ਬਰਨਾਲਾ, ਭੁਪਿੰਦਰ ਸਿੰਘ ਰੋਪੜ, ਰਣਜੀਤ ਸਿੰਘ ਨਵਾਂਸ਼ਹਿਰ, ਜਸਵਿੰਦਰ ਬਠਿੰਡਾ, ਸੁਖਰਾਜ ਤਰਨਤਾਰਨ, ਮਨਪ੍ਰੀਤ ਮੁਕਤਸਰ ਸਾਹਿਬ ਤੇ ਮਹਿਤਾਬ ਫਿਰੋਜ਼ਪੁਰ ਤੇ ਹੋਰ ਸਾਥੀ ਮੌਜੂਦ ਸਨ।



## ਕਾਂਗਰਸ ਦੇ ਚੋਣ ਮੈਨੀਫੈਸਟੋ 'ਚ ਸੂਬੇ ਦੇ ਹਰ ਵਰਗ ਨੂੰ ਸਹੂਲਤਾਂ ਦਿੱਤੀਆਂ ਜਾਣਗੀਆਂ : ਹਰਦਿਆਲ ਕੰਬੋਜ

### ਕਾਂਗਰਸ ਦੀ ਮਜ਼ਬੂਤੀ ਲਈ ਰੱਖੇ ਅਹਿਮ ਨੁਕਤਿਆਂ 'ਤੇ ਹੋਵੇਗੀ ਵਿਚਾਰ



ਪਟਿਆਲਾ (ਰਜਿੰਦਰ ਸਿੰਘ ਥਿੰਦ)-ਪੰਜਾਬ ਕਾਂਗਰਸ ਦੀ ਚੋਣ ਮੈਨੀਫੈਸਟੋ ਕਮੇਟੀ ਦੇ ਕੋ-ਚੇਅਰਮੈਨ ਤੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਕਾਂਗਰਸ ਦੀ ਚੋਣ ਮੈਨੀਫੈਸਟੋ ਕਮੇਟੀ ਦੀ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਅੰਦਰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਪਾਰਟੀ ਵੱਲੋਂ, ਜੋ ਚੋਣ ਮੈਨੀਫੈਸਟੋ ਤਿਆਰ ਕੀਤਾ ਜਾ ਰਿਹਾ ਹੈ, ਉਸ ਵਿੱਚ ਸੂਬੇ ਦੇ ਸਾਰੇ ਵਰਗਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਚੋਣ ਮਨੋਰਥ ਪੱਤਰ ਵਿੱਚ ਸਭ ਵਰਗਾਂ ਨੂੰ ਵਿਸ਼ੇਸ਼ ਸਹੂਲਤਾਂ ਦੇਣ ਦਾ ਵਾਅਦਾ ਕੀਤਾ ਜਾਵੇਗਾ।ਹਰਦਿਆਲ ਸਿੰਘ ਕੰਬੋਜ ਨੇ ਆਖਿਆ ਕਿ ਉਨ੍ਹਾਂ ਨੇ ਪੰਜਾਬ ਇੰਚਾਰਜ ਭੁਪੇਸ਼ ਬਘੇਲ ਦੇ ਸਾਹਮਣੇ ਪੰਜਾਬ 'ਚ ਕਾਂਗਰਸ ਸਰਕਾਰ ਲਿਆਉਣ ਲਈ ਬਹੁਤ ਅਹਿਮ ਨੁਕਤੇ ਰੱਖੇ ਹਨ। ਉਨ੍ਹਾਂ ਆਖਿਆ ਕਿ ਭੁਪੇਸ਼ ਬਘੇਲ ਨੇ ਸਮੁੱਚੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਤੇ ਵਿਸ਼ੇਸ਼ ਕਰ ਕੇ ਪਟਿਆਲਾ ਜ਼ਿਲ੍ਹਾ ਦੀਆਂ ਸੀਟਾਂ ਸਬੰਧੀ ਵੀ ਗੱਲ ਬਾਤ ਕਰਦਿਆਂ ਕੀਤੀ ਗਈ ਹੈ।ਭੂਪੇਸ਼ ਬਘੇਲ ਪੰਜਾਬ 'ਚ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਆਏ ਹਨ, ਇਸ ਲਈ ਹੀ ਉਹ ਲਗਾਤਾਰ ਮੀਟਿੰਗਾਂ ਕਰ ਰਹੇ।ਇਸ ਮੌਕੇ ਹਰਦਿਆਲ ਸਿੰਘ ਕੰਬੋਜ ਨੇ ਗੱਲਬਾਤ ਕਰਦਿਆਂ ਆਖਿਆ ਕਿ ਕਾਂਗਰਸ ਇਕ ਡਿਸਿਪਲਨ ਪਾਰਟੀ ਹੈ ਤੇ ਹਰਦਿਆਲ ਸਿੰਘ ਕੰਬੋਜ ਵੀ ਕਾਂਗਰਸ ਦਾ ਇਕ ਡਿਸਿਪਲਨ ਸਿਪਾਹੀ ਹੈ। ਉਨ੍ਹਾਂ ਆਖਿਆ ਕਿ ਡਿਸਿਪਲਨ 'ਚ ਰਹਿ ਕੇ ਹੀ ਪਾਰਟੀਆਂ ਚੱਲਦੀਆਂ ਹਨ ਤੇ ਜਦੋਂ ਅਸੀਂ ਸਾਰੇ ਇਕੱਠੇ ਹੋ ਕੇ ਲੜਾਈ ਲੜਦੇ ਹਾਂ ਤਾਂ ਸਰਕਾਰਾਂ ਬਣਦੀਆਂ ਹਨ।ਉਨ੍ਹਾਂ ਆਖਿਆ ਕਿ ਬਹੁਤ ਜਲਦ ਸਾਰੀ ਸਮੁੱਚੀ ਲੀਡਰਸ਼ਿਪ ਇਕੱਠੀ ਹੋਵੇਗੀ ਤੇ ਅਸੀਂ ਪੰਜਾਬ 'ਚ ਆ ਰਹੀਆਂ ਵਿਧਾਨ ਸਭਾ ਚੋਣਾਂ ਵੱਡੇ ਮਾਰਜਨ ਨਾਲ ਜਿੱਤ ਕੇ ਸਰਕਾਰ ਬਣਾਵਾਂਗੇ।

## ਜੀ ਜੀ ਆਈ ਵਿਖੇ 'ਮਿਸ਼ਨ ਜੀਵਨੀ' ਤਹਿਤ ਖੂਨਦਾਨ ਕੈਂਪ



ਦੋਰਾਹਾ (ਹਰਮਿੰਦਰ ਸੇਠ)-ਗੁਲਜ਼ਾਰ ਗਰੁੱਪ ਆਫ ਇੰਸਟੀਚਿਊਟਸ (ਜੀ.ਜੀ.ਆਈ.) ਵਿਖੇ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਦੀ ਅਗਵਾਈ ਹੇਠ ਚਲਾਏ ਜਾ ਰਹੇ 'ਮਿਸ਼ਨ ਜੀਵਨੀ' ਤਹਿਤ ਖੂਨਦਾਨ ਕੈਂਪ ਲਾਇਆ ਗਿਆ।ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਲੋਕਾਂ ਵਿੱਚ ਸਵੈ-ਇੱਛਾ ਨਾਲ ਖੂਨ ਦਾਨ ਕਰਨ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਤੇ ਲੋੜਵੰਦ ਮਰੀਜ਼ਾਂ ਲਈ ਖੂਨ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਵਿੱਚ ਸਹਿਯੋਗ ਦੇਣਾ ਹੈ।ਕੈਂਪ ਦੌਰਾਨ ਗੁਲਜ਼ਾਰ ਗਰੁੱਪ ਆਫ ਇੰਸਟੀਚਿਊਟਸ ਦੇ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਤੇ ਸਟਾਫ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਖੂਨਦਾਨ ਕੀਤਾ।ਇਸ ਮੌਕੇ ਸੰਸਥਾ ਦੇ ਮੈਂਬਰਾਂ ਵੱਲੋਂ ਖੂਨਦਾਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਨੇਕ ਕਾਰਜ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ।ਗਵਰਨੈਂਸ ਐਸੋਸੀਏਟ ਮੰਨਤ ਗਿੱਲ ਨੇ ਇਸ ਪਹਿਲਕਦਮੀ ਦੇ ਤਾਲਮੇਲ ਦੀ ਜ਼ਿੰਮੇਵਾਰੀ ਨਿਭਾਈ ਤੇ ਸੰਸਥਾ ਦੀ ਟੀਮ ਤੇ ਸੰਬੰਧਤ ਬਲੱਡ ਬੈਂਕ ਦੀ ਮੈਡੀਕਲ ਟੀਮ ਦੇ ਸਹਿਯੋਗ ਨਾਲ ਕੈਂਪ ਦੇ ਸੁਚੱਜੇ ਆਯੋਜਨ ਨੂੰ ਯਕੀਨੀ ਬਣਾਇਆ।ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ 'ਮਿਸ਼ਨ ਜੀਵਨੀ' ਨੂੰ ਮਜ਼ਬੂਤ ਕਰਨ ਲਈ ਗੁਲਜ਼ਾਰ ਗਰੁੱਪ ਆਫ ਇੰਸਟੀਚਿਊਟਸ ਤੇ ਖੂਨਦਾਨੀਆਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

## ਮਲੋਟ ਭਾਜਪਾ ਨੂੰ ਮਿਲੇ ਦੋ ਨਵੇਂ ਮੰਡਲ ਪ੍ਰਧਾਨ



ਮਲੋਟ (ਰਜਿੰਦਰ ਜੁਨੇਜਾ)-ਭਾਰਤੀ ਜਨਤਾ ਪਾਰਟੀ ਵੱਲੋਂ ਮਲੋਟ ਵਿੱਚ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਲਈ ਦੋ ਨਵੇਂ ਮੰਡਲ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ ਹੈ।ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਭੰਗੇਵਾਲਾ ਵੱਲੋਂ ਜਾਰੀ ਕੀਤੀ ਗਈ ਸੂਚੀ ਅਨੁਸਾਰ ਸੀਤਾ ਰਾਮ ਖਟਕ ਨੂੰ ਮਲੋਟ ਮੰਡਲ-1 ਤੇ ਨੌਜਵਾਨ ਆਗੂ ਕੇਸ਼ਵ ਸਿਡਾਨਾ ਨੂੰ ਮਲੋਟ ਮੰਡਲ-2 ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਸੂਚੀ ਜਾਰੀ ਹੋਣ ਮਗਰੋਂ ਕੇਸ਼ਵ ਸਿਡਾਨਾ ਦੇ ਨਿਵਾਸ ਸਥਾਨ 'ਤੇ ਭਾਜਪਾ ਆਗੂਆਂ ਤੇ ਵਰਕਰਾਂ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ।ਇਸ ਮੌਕੇ ਚੇਅਰਮੈਨ ਹਰੀਸ਼ ਗਰੋਵਰ, ਰਿਸ਼ੀਕੇਸ਼ ਭੋਲੀ, ਹੈਪੀ ਡਾਬਰ, ਸੁਸ਼ੀਲ ਜਲਹੋਤਰਾ, ਸੁਸ਼ੀਲ ਗਰੋਵਰ, ਸੀਨੀਅਰ ਆਗੂ ਮਨੋਹਰ ਨਾਗਪਾਲ, ਵੇਦ ਚੁਚਰਾ, ਰਵਿੰਦਰ ਗਰੋਵਰ, ਅਸ਼ੋਕ ਜੱਗਾ ਤੇ ਰਜਿੰਦਰ ਮੀਚੁ ਸਮੇਤ ਕਈ ਭਾਜਪਾ ਆਗੂ ਹਾਜ਼ਰ ਸਨ।

## ਪੰਜਾਬ ਭਾਜਪਾ ਆਈ ਟੀ ਸੈੱਲ ਦੀ ਮੀਟਿੰਗ 'ਚ ਸੰਗਠਨ ਦੀ ਮਜ਼ਬੂਤੀ ਤੇ ਡਿਜੀਟਲ ਵਿਸਥਾਰ 'ਤੇ ਵਿਚਾਰ-ਵਟਾਂਦਰਾ

ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਵਿੱਚ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਸੰਗਠਨ ਤੇ ਆਈਟੀ ਸੈੱਲ ਨੂੰ ਮਜ਼ਬੂਤ ਕਰਨ ਤੇ ਪਾਰਟੀ ਦੀਆਂ ਨੀਤੀਆਂ ਨੂੰ ਡਿਜੀਟਲ ਪ੍ਰਚਾਰ ਮਾਧਿਅਮਾਂ ਰਾਹੀਂ ਜਨ-ਜਨ ਤੱਕ ਪਹੁੰਚਾਉਣ ਦੇ ਮਕਸਦ ਨਾਲ ਵਿਸ਼ੇਸ਼ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਚੰਡੀਗੜ੍ਹ ਵਿਖੇ ਵਿਸ਼ੇਸ਼ ਮੀਟਿੰਗ ਕਰਵਾਈ ਗਈ।

ਮੀਟਿੰਗ ਵਿੱਚ ਪੰਜਾਬ ਦੇ ਸੂਬਾ ਇੰਚਾਰਜ ਤੇ ਰਾਜ ਸਭਾ ਮੈਂਬਰ ਸਤੀਸ਼ ਪੂਨੀਆ, ਸਹਿ-ਇੰਚਾਰਜ ਪੰਜਾਬ ਨਰਿੰਦਰ ਰੈਣਾ, ਪੰਜਾਬ ਪ੍ਰਦੇਸ਼ ਸੰਗਠਨ ਮੰਤਰੀ ਸ਼੍ਰੀਨਿਵਾਸ ਲੂ, ਸੂਬਾ ਆਈਟੀ ਪ੍ਰਮੁੱਖ ਇੰਦਰਜੀਤ ਸਿੰਘ ਤੇ ਜਨਰਲ ਸਕੱਤਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਪੰਜਾਬ ਆਈਟੀ ਸੈੱਲ ਦੇ ਸੀਨੀਅਰ ਸਹਿ-ਪ੍ਰਮੁੱਖ ਨੀਰਜ ਸ਼ਰਮਾ ਨੇ ਇਸ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਆਈਟੀ ਸੈੱਲ ਦੇ ਸੰਗਠਨ ਨੂੰ ਹੋਰ ਮਜ਼ਬੂਤ ਤੇ ਪ੍ਰਭਾਵਸ਼ਾਲੀ ਬਣਾਉਣ, ਡਿਜੀਟਲ ਪਲੇਟਫਾਰਮਾਂ ਦੀ ਬਿਹਤਰ ਵਰਤੋਂ ਕਰਨ ਤੇ ਪਾਰਟੀ ਦੀ ਵਿਚਾਰਧਾਰਾ, ਨੀਤੀਆਂ ਤੇ ਲੋਕ-ਭਲਾਈ ਦੇ ਕੰਮਾਂ ਨੂੰ ਸੋਸ਼ਲ ਮੀਡੀਆ ਰਾਹੀਂ ਜਨ-ਜਨ ਤੱਕ ਪਹੁੰਚਾਉਣ ਸਬੰਧੀ ਮਹੱਤਵਪੂਰਨ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਨੀਰਜ ਸ਼ਰਮਾ ਨੇ ਪੰਜਾਬ ਦੇ ਸੂਬਾ ਇੰਚਾਰਜ ਤੇ ਰਾਜ ਸਭਾ ਮੈਂਬਰ ਸਤੀਸ਼ ਪੂਨੀਆ ਨੂੰ ਪੰਡਿਤ ਦੀਨ ਦਿਆਲ ਉਪਾਧਿਆਏ ਦੇ ਵਿਚਾਰਾਂ 'ਤੇ ਆਧਾਰਿਤ ਪੂਰੇ ਪੰਜਾਬ ਵਿੱਚ ਕਰਵਾਏ ਜਾ ਰਹੇ ਸਿਖਲਾਈ ਕੈਂਪਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਪੰਜਾਬ ਭਾਜਪਾ ਆਈਟੀ ਸੈੱਲ ਪਾਰਟੀ ਦੀ ਵਿਚਾਰਧਾਰਾ ਨੂੰ ਜਨ-ਜਨ ਤੱਕ ਪਹੁੰਚਾਉਣ ਦੇ ਨਾਲ-ਨਾਲ ਸੰਗਠਨਾਤਮਕ ਗਤੀਵਿਧੀਆਂ ਨੂੰ ਡਿਜੀਟਲ ਤੌਰ 'ਤੇ ਹੋਰ ਸਸ਼ਕਤ ਬਣਾਉਣ ਲਈ ਨਿਰੰਤਰ ਕੰਮ ਕਰਦਾ ਰਹੇਗਾ।ਨੀਰਜ ਸ਼ਰਮਾ, ਗੁਰਵਿੰਦਰ ਸਿੰਘ ਤੇ ਅਸ਼ਵਨੀ ਬਬਰ ਨੇ ਸੀਨੀਅਰ ਲੀਡਰਸ਼ਿਪ ਵੱਲੋਂ ਦਿੱਤੇ ਮਾਰਗਦਰਸ਼ਨ ਤੇ ਭਰੋਸੇ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਭਾਜਪਾ ਦੇ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨਾ, ਵਰਕਰਾਂ ਨੂੰ ਵਿਚਾਰਧਾਰਕ ਤੌਰ 'ਤੇ ਸਸ਼ਕਤ ਬਣਾਉਣਾ ਤੇ ਪਾਰਟੀ ਦੀ ਵਿਚਾਰਧਾਰਾ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਉਨ੍ਹਾਂ ਦਾ ਨਿਰੰਤਰ ਯਤਨ ਰਹੇਗਾ।



## ਰਾਏ ਨੇ ਪਿੰਡਾਂ ਨੂੰ ਪਾਣੀ ਵਾਲੇ ਟੈਂਕਰ-ਕਮ-ਫਾਇਰ ਬ੍ਰਿਗੇਡ ਪੰਪ ਮੁਹੱਈਆ ਕਰਵਾਏ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਪਿੰਡਾਂ ਨੂੰ ਪਾਣੀ ਵਾਲੇ ਸਟੀਲੀ ਟੈਂਕਰ-ਕਮ-ਫਾਇਰ ਬ੍ਰਿਗੇਡ ਪੰਪ ਮੁਹੱਈਆ ਕਰਵਾਏ ਗਏ।ਇਨ੍ਹਾਂ ਟੈਂਕਰਾਂ ਦੇ ਮਿਲਣ ਨਾਲ ਗ੍ਰਾਮ ਪੰਚਾਇਤਾਂ ਵਿੱਚ ਖੁਸ਼ੀ ਦੇਖਣ ਨੂੰ ਮਿਲੀ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਨੂੰ ਪਾਣੀ ਵਾਲੇ ਸਟੀਲੀ ਟੈਂਕਰ-ਕਮ-ਫਾਇਰ ਬ੍ਰਿਗੇਡ ਪੰਪ ਦਿੱਤੇ ਗਏ ਹਨ।ਇਨ੍ਹਾਂ ਟੈਂਕਰਾਂ ਦੀ ਖਾਸੀਅਤ ਹੈ ਕਿ ਇਨ੍ਹਾਂ ਟੈਂਕਰਾਂ ਦੀ ਮਿਆਦ ਬਹੁਤ ਲੰਬੀ ਹੈ ਤੇ ਐਮਰਜੈਂਸੀ ਸਮੇਂ ਇਹ ਟੈਂਕਰ ਫਾਇਰ ਬ੍ਰਿਗੇਡ ਦੀ ਗੱਡੀ ਦਾ ਕੰਮ ਕਰਦੇ ਹਨ।ਉਨ੍ਹਾਂ ਦੱਸਿਆ ਕਿ ਪਹਿਲਾਂ ਵੀ ਬਹੁਤ ਸਾਰੇ ਪਿੰਡਾਂ ਨੂੰ ਪਾਣੀ ਵਾਲੇ ਟੈਂਕਰ ਦਿੱਤੇ ਜਾ ਚੁੱਕੇ ਹਨ, ਅੱਜ 5 ਪਿੰਡਾਂ ਨੂੰ ਹੋਰ ਪਾਣੀ ਵਾਲੇ ਟੈਂਕਰ ਦਿੱਤੇ ਗਏ ਹਨ।ਸਮੂਹ ਮੈਂਬਰ ਬਲਵੀਰ ਸਿੰਘ ਸੋਹਾਵੀਲਾ ਵੱਲੋਂ ਵੀ ਉਨ੍ਹਾਂ ਵੱਲੋਂ ਮੁਹੱਈਆ ਕਰਵਾਏ ਜਾ ਰਹੇ ਪਾਣੀ ਵਾਲੇ ਟੈਂਕਰਾਂ ਦੀ ਖੂਬ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਵੀ ਪਾਣੀ ਵਾਲੇ ਟੈਂਕਰ ਦਿੱਤੇ ਗਏ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਜਗਜੀਤ ਸਿੰਘ ਚੋਲਟੀ ਖੇੜੀ, ਸਰਪੰਚ ਮਨਜੀਤ ਸਿੰਘ ਦਾਦੂ ਮਾਜਰਾ, ਨੰਬਰਦਾਰ ਸਤਬੀਰ ਸਿੰਘ, ਧਰਮਿੰਦਰ ਸਿੰਘ ਮੱਠੀ, ਜੰਗ ਸਿੰਘ, ਮੱਘਰ ਸਿੰਘ ਰੰਧਾਵਾ, ਰਜਿੰਦਰ ਸਿੰਘ, ਸੁਰਿੰਦਰ ਸਿੰਘ, ਪ੍ਰਹਿਲਾਦ ਸਿੰਘ, ਸ਼ੁਕਰਦੀਨ, ਪਰਵਿੰਦਰ ਤੇਜਾ, ਸੁਖਬੀਰ ਸਿੰਘ ਜਮੀਤਗੜ੍ਹ, ਸਤੀਸ਼ ਲਟੌਰ, ਬਹਾਦਰ ਖਾਨ, ਮਾਨਵ ਟਿਵਾਣਾ ਆਦਿ ਹਾਜ਼ਰ ਸਨ।

## ਸਰਕਾਰੀ ਐਲੀਮੈਂਟਰੀ ਸਕੂਲ 'ਚ ਦੰਦਾਂ ਦਾ ਮੁਫਤ ਜਾਂਚ ਕੈਂਪ ਲਾਇਆ



ਨਾਭਾ (ਅਮਨ ਗਰਗ)-ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਵਿੱਚ ਰੋਟਰੈਕਟ ਕਲੱਬ ਨਾਭਾ ਗ੍ਰੇਟਰ ਵੱਲੋਂ ਦੰਦਾਂ ਦਾ ਮੁਫਤ ਜਾਂਚ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਡਾਕਟਰ ਚਰਨਜੀਤ ਸਿੰਘ (ਦੰਦਾਂ ਦੇ ਮਾਹਿਰ) ਨੇ 85 ਬੱਚਿਆਂ ਦੇ ਦੰਦਾਂ ਦੀ ਜਾਂਚ ਕੀਤੀ।ਉਨ੍ਹਾਂ ਨੇ ਬੱਚਿਆਂ ਨੂੰ ਦੰਦਾਂ ਦੀ ਸਹੀ ਸੰਭਾਲ ਕਰਨ ਬਾਰੇ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਦੇ ਹੈੱਡ ਟੀਚਰ ਧਰਮਿੰਦਰ ਸਿੰਘ ਕਲੇਰ ਨੇ ਰੋਟਰੈਕਟ ਕਲੱਬ ਨਾਭਾ ਗ੍ਰੇਟਰ ਦੇ ਮੈਂਬਰਾਂ ਵੱਲੋਂ ਕੀਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ ਤੇ ਕਲੱਬਾਂ ਵੱਲੋਂ ਕੀਤੇ ਗਏ ਕਾਰਜ ਦੀ ਸ਼ਲਾਘਾ ਕੀਤੀ।ਇਸ ਮੌਕੇ ਕਲੱਬ ਦੇ ਪ੍ਰਧਾਨ ਰਾਹੁਲ ਸਿੰਗਲਾ ਨੇ ਕਿਹਾ ਕਿ ਮੈਂਬਰਾਂ ਦੇ ਸਹਿਯੋਗ ਨਾਲ ਮੈਡੀਕਲ ਚੈੱਕਅਪ ਕੈਂਪ, ਸਕੂਲਾਂ ਵਿੱਚ ਸਟੇਸ਼ਨਰੀ, ਬੂਟ, ਜੁਰਾਬਾਂ, ਵਰਦੀਆਂ ਦੀ ਵੰਡ ਤੇ ਖੂਨਦਾਨ ਕੈਂਪ ਲਗਾਏ ਜਾਂਦੇ ਹਨ ਤੇ ਅਜਿਹੇ ਸਮਾਜ ਭਲਾਈ ਦੇ ਕਾਰਜ ਹਮੇਸ਼ਾ ਜਾਰੀ ਰਹਿਣਗੇ।ਇਸ ਮੌਕੇ ਪ੍ਰਧਾਨ ਰਾਹੁਲ ਸਿੰਗਲਾ, ਕਸ਼ਿਸ਼ ਨਰੂਲਾ (ਡੀ ਆਰ ਆਰ 3009), ਵਾਈਸ ਪ੍ਰਧਾਨ ਸ਼ਾਂਤਨੂ ਖੰਨਾ, ਜਨਰਲ ਸਕੱਤਰ ਕੇਸ਼ਵ ਗਰਗ, ਕੈਸ਼ੀਅਰ ਮਨਿਕ ਸਿੰਗਲਾ, ਸਾਬਕਾ ਪ੍ਰਧਾਨ ਤਰੁਣ ਗੁਪਤਾ ਆਦਿ ਮੈਂਬਰਾਂ ਤੋਂ ਇਲਾਵਾ ਮੈਡਮ ਰੰਜਨਾ ਰਾਣੀ, ਮੈਡਮ ਵੰਦਨਾ, ਮੈਡਮ ਮੀਨਾਕਸ਼ੀ, ਮੈਡਮ ਇੰਦਰਜੀਤ ਕੌਰ ਆਦਿ ਸਕੂਲ ਸਟਾਫ ਹਾਜ਼ਰ ਸੀ।

## ਮਾਨ ਸਰਕਾਰ ਵੱਲੋਂ ਪੰਜਾਬ 'ਚ ਲਿਆਂਦੀ ਅਮਨ ਸ਼ਾਂਤੀ ਕਾਰਨ ਅੱਜ ਤੀਆਂ ਤੇ ਖੇਡ ਮੇਲੇ ਲੱਗ ਰਹੇ : ਰਣਜੋਧ ਹਡਾਣਾ



ਸਨੌਰ (ਰਾਜਿੰਦਰ ਸਿੰਘ ਥਿੰਦ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ 'ਚ ਪੈਦਾ ਹੋਏ ਅਮਨ ਕਨੂੰਨ ਦੀ ਸ਼ਾਂਤੀ ਕਾਰਨ ਅੱਜ ਜਿੱਥੇ ਪਿੰਡਾਂ, ਸ਼ਹਿਰਾਂ ਅੰਦਰ ਤੀਆਂ ਦੇ ਮੇਲੇ ਲੱਗਣੇ ਸੰਭਵ ਹੋਏ ਹਨ, ਉਥੇ ਪਿੰਡਾਂ ਤੇ ਸ਼ਹਿਰਾਂ ਅੰਦਰ ਅੱਜ ਖੇਡ ਮੇਲੇ ਲੱਗ ਰਹੇ ਹਨ ਅਤੇ ਸੂਬੇ ਦੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਰਹੇ ਹਨ। ਹਲਕਾ ਸਨੌਰ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਕਰਵਾਏ ਗਏ ਇੱਕ ਸੱਭਿਆਚਾਰ ਸਮਾਗਮ ਦੌਰਾਨ ਜੁੜੇ ਲੋਕਾਂ ਨੂੰ ਸਬੋਧਨ ਕਰਨ ਸਮੇਂ ਰਣਜੋਧ ਸਿੰਘ ਹਡਾਣਾ ਨੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਹਲਕੇ ਭਰ ਤੋਂ ਵੱਡੀ ਗਿਣਤੀ ਵਿੱਚ ਪਹੁੰਚੀਆਂ ਮਹਿਲਾਵਾਂ, ਮੁਟਿਆਰਾਂ ਤੇ ਸਖ਼ੀਆਂ ਦੀ ਭਾਰੀ ਗਿਣਤੀ ਕਾਰਨ ਇਸ ਸਮਾਗਮ ਨੇ ਇੱਕ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਲਿਆ।ਪ੍ਰੋਗਰਾਮ ਦੌਰਾਨ ਮੋਨਿਕਾ ਸ਼ਰਮਾ ਸੂਬਾ ਸੰਯੁਕਤ ਸਕੱਤਰ ਪੰਜਾਬ, ਵੀਰਪਾਲ ਕੌਰ ਚਹਿਲ ਜ਼ੋਨ ਇੰਚਾਰਜ ਮਹਿਲਾ ਵਿੰਗ, ਆਰਤੀ ਗੁਪਤਾ ਜ਼ਿਲ੍ਹਾ ਇੰਚਾਰਜ ਮਹਿਲਾ ਵਿੰਗ, ਦੀਪਮਾਲਾ ਦੁੱਗਲ ਜ਼ਿਲ੍ਹਾ ਸਕੱਤਰ ਮਹਿਲਾ ਵਿੰਗ, ਰਾਣੀ ਸਰਪੰਚ ਉਪ ਜ਼ਿਲ੍ਹਾ ਇੰਚਾਰਜ ਮਹਿਲਾ ਵਿੰਗ, ਬਲਵਿੰਦਰ ਕੌਰ ਸਰਪੰਚ ਹਲਕਾ ਕੋਆਰਡੀਨੇਟਰ ਮਹਿਲਾ ਵਿੰਗ ਤੋਂ ਇਲਾਵਾ ਬਲਾਕ ਪ੍ਰਧਾਨਾਂ ਵਿੱਚ ਰਜਿੰਦਰ ਕੌਰ, ਜਤਿੰਦਰਪਾਲ ਕੌਰ, ਸ਼ਾਲੂ ਰਾਣੀ, ਗੁਰਮੀਤ ਕੌਰ ਤੋਂ ਇਲਾਵਾ ਹਲਕਾ ਸਨੌਰ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਹਡਾਣਾ ਨੇ ਪ੍ਰਸਿੱਧ ਕਲਾਕਾਰ ਅੰਬਰ ਸਿੰਘ ਨੂੰ ਸਨਮਾਨ ਚਿੰਨ੍ਹ ਭੇਟ ਕਰ ਕੇ ਸਨਮਾਨਤ ਕੀਤਾ। ਪ੍ਰੋਗਰਾਮ ਦੌਰਾਨ ਹੋਰਨਾਂ ਤੋਂ ਇਲਾਵਾ ਆਪ ਦੇ ਅਹੁਦੇਦਾਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰਜ਼, ਬਲਾਕ ਪ੍ਰਧਾਨ, ਸਰਪੰਚ-ਪੰਚ ਤੇ ਹਲਕੇ ਦੇ ਪਤਵੰਤੇ ਲੋਕ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਭਰਾਜ ਨੇ ਸੜਕ ਦੇ ਕਾਰਜਾਂ ਦੀ ਕਰਾਈ ਸ਼ੁਰੂਆਤ



ਸੰਗਰੂਰ (ਪ੍ਰਵੀਨ ਸਿੰਘ)-ਸੰਗਰੂਰ ਸ਼ਹਿਰ ਦੇ ਸੜਕੀ ਢਾਂਚੇ ਨੂੰ ਹੋਰ ਮਜ਼ਬੂਤ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਕੁੱਲ 1.21 ਕਰੋੜ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਸੜਕ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਨ੍ਹਾਂ ਤਹਿਤ 76.04 ਲੱਖ ਰੁਪਏ ਦੀ ਲਾਗਤ ਨਾਲ ਉਭਾਵਾਲ ਰੋਡ 'ਤੇ ਪੈਟਰੋਲ ਪੰਪ ਦੇ ਸਾਹਮਣੇ ਤੋਂ ਯੂਨੀਅਨ ਬੈਂਕ ਤੱਕ ਤੇ ਉਭਾਵਾਲ ਫਾਟਕ ਤੋਂ ਟਿਊਬਵੈੱਲ ਤੱਕ ਦੀ ਸੜਕ ਦੇ ਪੁਨਰ ਨਿਰਮਾਣ ਦਾ ਕੰਮ ਸ਼ੁਰੂ ਕੀਤਾ ਗਿਆ।ਇਸ ਦੇ ਨਾਲ ਹੀ 45 ਲੱਖ ਰੁਪਏ ਦੀ ਲਾਗਤ ਨਾਲ ਹਰੇੜੀ ਰੋਡ ਦੇ ਪੁਨਰ ਨਿਰਮਾਣ ਕਾਰਜ ਦੀ ਵੀ ਸ਼ੁਰੂਆਤ ਕਰਵਾਈ ਗਈ।ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੰਗਰੂਰ ਸ਼ਹਿਰ ਵਿੱਚ ਲੋਕਾਂ ਨੂੰ ਬਿਹਤਰ ਸੜਕਾਂ ਤੇ ਮਜ਼ਬੂਤ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਵਿਕਾਸ ਕਾਰਜ ਲਗਾਤਾਰ ਜਾਰੀ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੇ ਪੁਨਰ ਨਿਰਮਾਣ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਰਾਹਤ ਮਿਲੇਗੀ।ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰੀ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ 'ਤੇ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ ਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਮੁਕੰਮਲ ਕੀਤਾ ਜਾ ਰਿਹਾ ਹੈ।

## ਸੇਂਟ ਜ਼ੇਵੀਅਰਜ਼ ਸਕੂਲ 'ਚ ਮਨਾਇਆ ਜਨਮ ਅਸ਼ਟਮੀ ਦਾ ਤਿਉਹਾਰ



ਸਮਾਣਾ (ਇਕਬਾਲ ਸਿੰਘ ਬੱਲ)-ਸੈਂਟ ਜੇਵੀਅਰਜ਼ ਇੰਟਰਨੈਸ਼ਨਲ ਸਕੂਲ ਦੇ ਮਲਟੀਪਰਪਜ਼ ਹਾਲ ਵਿੱਚ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਅਵਤਾਰ ਦਿਵਸ (ਜਨਮਾਸ਼ਟਮੀ) ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਤੇ ਰੂਹਾਨੀ ਸਮਾਗਮ ਦਾ ਆਯੋਜਨ ਕੀਤਾ ਗਿਆ।ਪੂਰਾ ਸਕੂਲ ਕੰਪਲੈਕਸ ਰੂਹਾਨੀ ਊਰਜਾ, ਭਗਤੀ ਰਸ ਤੇ ਰੰਗਾਰੰਗ ਸੱਭਿਆਚਾਰਕ ਰੰਗਾਂ ਨਾਲ ਸਰਸ਼ਾਰ ਨਜ਼ਰ ਆਇਆ।ਨਿੱਕੇ ਬਾਲ ਗੋਪਾਲ ਅਤੇ ਰਾਧਾ ਰਾਣੀ ਦੀਆਂ ਮਨਮੋਹਕ ਝਾਕੀਆਂ ਤੇ ਸਮਾਗਮ ਦਾ ਮੁੱਖ ਆਕਰਸ਼ਣ ਸਕੂਲ ਦੇ ਨਿੱਕੇ-ਨਿੱਕੇ ਬੱਚੇ ਸਨ, ਜਿਨ੍ਹਾਂ ਨੂੰ ਮਾਪਿਆਂ ਵੱਲੋਂ ਭਗਵਾਨ ਕ੍ਰਿਸ਼ਨ ਤੇ ਸ਼੍ਰੀ ਰਾਧਾ ਜੀ ਦੇ ਰੂਪ ਵਿੱਚ ਬਹੁਤ ਹੀ ਖੂਬਸੂਰਤ ਢੰਗ ਨਾਲ ਸਜਾਇਆ ਗਿਆ ਸੀ।ਮੋਰ ਦੇ ਖੰਭ, ਬੰਸਰੀਆਂ ਤੇ ਰੰਗ-ਬਿਰੰਗੇ ਪਹਿਰਾਵਿਆਂ ਵਿੱਚ ਸਜੇ ਇਹ ਬੱਚੇ ਸਾਖਸ਼ਾਤ ਬਾਲ ਗੋਪਾਲ ਤੇ ਰਾਧਾ ਰਾਣੀ ਦਾ ਰੂਪ ਪ੍ਰਤੀਤ ਹੋ ਰਹੇ ਸਨ।ਵਿਦਿਆਰਥੀਆਂ ਨੇ ਸ਼੍ਰੀ ਕ੍ਰਿਸ਼ਨ ਜੀ ਦੀਆਂ ਬਾਲ ਲੀਲਾਵਾਂ ਨੂੰ ਦਰਸਾਉਂਦੀਆਂ ਮਨਮੋਹਕ ਝਾਕੀਆਂ, ਭਗਤੀ ਗੀਤ ਤੇ ਸ਼ਾਨਦਾਰ ਨ੍ਰਿਤ ਪੇਸ਼ ਕਰਕੇ ਹਾਜ਼ਰੀਨ ਦਾ ਮਨ ਮੋਹ ਲਿਆ।ਡਾਇਰੈਕਟਰ ਅਰਨਬ ਸਰਕਾਰ ਨੇ ਸਮੂਹ ਸਮਾਜ,ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਜਨਮਾਸ਼ਟਮੀ ਦੀਆਂ ਵਧਾਈਆਂ ਦਿੰਦਿਆਂ ਸਭ ਦੀ ਸੁਖ-ਸ਼ਾਂਤੀ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ।

# ਸਫਾ 1 ਦੇ ਬਾਕੀ...

### 'ਜੰਤਰ-ਮੰਤਰ 'ਚ ਕੁੜੀ...

ਸੱਜੇ-ਪੱਖੀ ਕੱਟੜਪੰਥੀਆਂ ਨੂੰ ਸਿੱਧੇ ਪੁਲਸ ਰੈਂਕ ਵਿੱਚ ਸ਼ਾਮਲ ਕਰਕੇ ਸ਼ਾਂਤੀਪੂਰਨ ਵਿਦਿਆਰਥੀਆਂ 'ਤੇ ਹਮਲਾ ਕੀਤਾ ਜਾ ਸਕੇ। ਕਾਂਗਰਸ ਨੇਤਾ ਸੁਪ੍ਰੀਆ ਸ੍ਰੀਨੇਤ ਨੇ ਕਿਹਾ ਹੈ, "ਸਵਤੰਤਰ ਭਾਰਦਵਾਜ ਮਾਣ ਨਾਲ ਦੱਸ ਰਿਹਾ ਹੈ ਕਿ ਉਸ ਨੇ ਇੱਕ ਪ੍ਰਦਰਸ਼ਨਕਾਰੀ ਦੇ ਪਿਤਾ 'ਤੇ ਹਮਲਾ ਕੀਤਾ, ਉਸ ਨੂੰ 60 ਟਾਂਕੇ ਲਗਾਉਣੇ ਪਏ ਅਤੇ ਉਹ ਮੌਤ ਦੇ ਕੰਢੇ 'ਤੇ ਸੀ, ਪਰ ਉਹ ਜੇਲ੍ਹ ਨਹੀਂ ਗਿਆ, ਉਹ ਸਾਰੀ ਰਾਤ ਨਿਡਰਤਾ ਨਾਲ ਘੁੰਮਦਾ ਰਿਹਾ।"

20 ਜੁਲਾਈ ਨੂੰ ਹਜ਼ਾਰਾਂ ਪ੍ਰਦਰਸ਼ਨਕਾਰੀਆਂ ਨੇ ਸੰਸਦ ਵੱਲ ਮਾਰਚ ਕਰਨ ਦੀ ਕੋਸ਼ਿਸ਼ ਕੀਤੀ। ਪ੍ਰਦਰਸ਼ਨਕਾਰੀਆਂ ਨਾਲ ਟਕਰਾਅ ਦੌਰਾਨ, ਪੁਲਸ ਨੇ ਲਾਠੀਚਾਰਜ ਕੀਤਾ, ਅੱਥਰੂ ਗੈਸ ਦੇ ਗੋਲੇ ਛੱਡੇ ਅਤੇ ਪੈਲੇਟ ਗੰਨ ਵਰਗੇ ਹਥਿਆਰਾਂ ਦੀ ਵਰਤੋਂ ਕੀਤੀ। ਸਾਦੇ ਕੱਪੜਿਆਂ ਵਿੱਚ ਪਰ ਪੁਲਸ ਵੱਲੋਂ ਵਰਤੀਆਂ ਜਾਂਦੀਆਂ ਪੌਲੀਕਾਰਬੋਨੇਟ ਲਾਠੀਆਂ ਨਾਲ ਕੁਝ ਲੋਕ ਪ੍ਰਦਰਸ਼ਨਕਾਰੀਆਂ 'ਤੇ ਹਮਲਾ ਕਰਦੇ ਦੇਖੇ ਗਏ। ਪੁਲਸ ਉੱਤੇ ਬੇਲੋੜੀ ਤਾਕਤ ਦੀ ਵਰਤੋਂ ਦੇ ਦੋਸ਼ ਲੱਗੇ। ਦਿੱਲੀ ਹਾਈ ਕੋਰਟ ਨੇ 22 ਜੁਲਾਈ ਨੂੰ ਦਿੱਲੀ ਪੁਲਸ ਨੂੰ 20 ਜੁਲਾਈ ਨੂੰ ਆਪਣੇ ਕਰਮਚਾਰੀਆਂ ਵੱਲੋਂ ਕੀਤੀ ਗਈ ਕਾਰਵਾਈ ਦੇ ਵੀਡੀਓ ਸਬੂਤ ਸੁਰੱਖਿਅਤ ਰੱਖਣ ਲਈ ਨੋਟਿਸ ਜਾਰੀ ਕੀਤਾ ਸੀ। ਦਿੱਲੀ ਪੁਲਸ ਨੇ 'ਸੰਸਦ ਚਲੋ' ਰੋਸ ਮਾਰਚ ਦੌਰਾਨ ਸਾਦੇ ਕੱਪੜਿਆਂ ਵਿੱਚ ਆਪਣੇ ਕਰਮਚਾਰੀਆਂ ਦਾ ਬਚਾਅ ਕੀਤਾ ਹੈ ਅਤੇ ਸੁਪਰੀਮ ਕੋਰਟ ਨੂੰ ਦੱਸਿਆ ਹੈ ਕਿ ਸਥਿਤੀ ਦੇ ਤਕਾਜ਼ੇ ਕਾਰਨ ਉਨ੍ਹਾਂ ਨੂੰ ਰਣਨੀਤਕ ਤੌਰ 'ਤੇ ਭੀੜ ਵਿੱਚ ਸ਼ਾਮਲ ਕੀਤਾ ਗਿਆ ਸੀ।

ਸੁਪਰੀਮ ਕੋਰਟ ਵਿੱਚ ਦਾਇਰ ਕੀਤੇ ਗਏ ਇੱਕ ਜਵਾਬੀ ਹਲਫਨਾਮੇ ਵਿੱਚ ਡੀ ਸੀ ਪੀ ਸ਼ਰਮਾ ਨੇ ਕਿਹਾ ਕਿ ਸਾਦੇ ਕੱਪੜਿਆਂ ਵਿੱਚ ਲਾਠੀਆਂ ਲੈ ਕੇ ਜਾਣ ਵਾਲੇ ਪੁਲਸ ਕਰਮਚਾਰੀ ਸਪੈਸ਼ਲ ਬ੍ਰਾਂਚ, ਸਪੈਸ਼ਲ ਸੈੱਲ, ਕ੍ਰਾਈਮ ਬ੍ਰਾਂਚ ਅਤੇ ਸਥਾਨਕ ਪੁਲਸ ਤੋਂ ਲਏ ਗਏ 'ਜਾਸੂਸ' ਸਨ। ਪੁਲਸ ਨੇ ਕਿਹਾ ਕਿ ਅਜਿਹੇ ਕਰਮਚਾਰੀਆਂ ਦੀ ਤਾਇਨਾਤੀ ਨਾ ਤਾਂ ਗੈਰ-ਕਾਨੂੰਨੀ ਹੈ ਅਤੇ ਨਾ ਹੀ ਅਸਾਧਾਰਨ ਹੈ ਅਤੇ ਦਾਅਵਾ ਕੀਤਾ ਕਿ ਆਜ਼ਾਦੀ ਦਿਵਸ ਅਤੇ ਗਣਤੰਤਰ ਦਿਵਸ ਸਮਾਗਮਾਂ ਸਮੇਤ ਵੱਡੇ ਜਨਤਕ ਇਕੱਠਾਂ ਦੌਰਾਨ ਵੀ ਇਸੇ ਤਰ੍ਹਾਂ ਦੇ ਪ੍ਰਬੰਧ ਕੀਤੇ ਜਾਂਦੇ ਹਨ। 1 ਸਤੰਬਰ ਨੂੰ, ਚੀਫ ਜਸਟਿਸ ਸੂਰੀਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਵੀ ਮੋਹਨਾ ਦੀ ਬੈਂਚ ਨੇ 20 ਜੁਲਾਈ ਨੂੰ ਜੰਤਰ-ਮੰਤਰ ਦੇ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਵਿੱਚ ਦਰਜ ਐੱਫ ਆਈ ਆਰਜ਼ ਨੂੰ ਰੱਦ ਕਰਨ ਲਈ ਧਾਰਾ 142 ਦੀ ਵਰਤੋਂ ਕੀਤੀ। ਇਹ ਹੁਕਮ ਕੇਂਦਰ ਅਤੇ ਰਾਜ ਸਰਕਾਰਾਂ ਵੱਲੋਂ ਅਦਾਲਤ ਨੂੰ ਭਰੋਸਾ ਦਿਵਾਉਣ ਤੋਂ ਬਾਅਦ ਆਇਆ ਕਿ ਪ੍ਰਦਰਸ਼ਨਕਾਰੀਆਂ ਵਿਰੁੱਧ ਕੇਸ ਨਹੀਂ ਚੱਲਣਗੇ ਅਤੇ ਇਨ੍ਹਾਂ ਘਟਨਾਵਾਂ 'ਤੇ ਕੋਈ ਨਵੀਂ ਐੱਫ ਆਈ ਆਰ ਦਰਜ ਨਹੀਂ ਕੀਤੀ ਜਾਵੇਗੀ। ਅਦਾਲਤ ਨੇ ਨੀਟ ਪੇਪਰ ਲੀਕ ਦੇ ਸੰਬੰਧ ਵਿੱਚ ਖੁਦਕੁਸ਼ੀ ਨਾਲ ਮਰਨ ਵਾਲੇ ਵਿਦਿਆਰਥੀਆਂ ਲਈ ਪੂਰੇ ਭਾਰਤ ਦੀ ਇੱਕ ਮੁਆਵਜ਼ਾ ਨੀਤੀ ਤਿਆਰ ਕਰਨ ਲਈ ਕੇਂਦਰ ਸਰਕਾਰ ਦੀ ਵਚਨਬੱਧਤਾ ਨੂੰ ਵੀ ਦਰਜ ਕੀਤਾ।

### ਨਾ ਇਧਰ ਕੇ ...

ਅਤੇ ਬੂਥ ਨੰਬਰ 160 'ਚ ਰਾਘਵ ਚੱਢਾ ਦੀ ਪਹਿਲਾਂ ਵੋਟ ਬਣੀ ਹੋਈ ਸੀ। ਮੁਹਾਲੀ ਦੇ ਵਾਰਡ ਨੰਬਰ 44 'ਚ ਪੈਂਦੇ ਰੀਜੈਂਸੀ ਹਾਈਟਸ 'ਚ ਰਾਘਵ ਚੱਢਾ ਦੀ ਰਿਹਾਇਸ਼ ਹੈ, ਜਿੱਥੋਂ ਉਨ੍ਹਾ ਦੇ ਹੁਣ ਪੱਕੇ ਤੌਰ 'ਤੇ ਸ਼ਿਫਟ ਹੋਣ ਦੀ ਗੱਲ ਕਹੀ ਗਈ ਹੈ। ਆਮ ਆਦਮੀ ਪਾਰਟੀ ਨੇ ਜਦੋਂ ਰਾਘਵ ਚੱਢਾ ਦੀ ਰਾਜ ਸਭਾ ਲਈ 21 ਮਾਰਚ 2022 ਨੂੰ ਨਾਮਜ਼ਦਗੀ ਦਾ ਐਲਾਨ ਕੀਤਾ ਸੀ ਤਾਂ ਉਸ ਵਕਤ ਪੰਜਾਬ ਤੋਂ ਬਾਹਰ ਦੇ ਬਾਸ਼ਿੰਦੇ ਨੂੰ ਰਾਜ ਸਭਾ ਦੀ ਟਿਕਟ ਦੇਣ ਦਾ ਰੌਲਾ ਪਿਆ ਸੀ। ਰਾਘਵ ਚੱਢਾ ਅਪਰੈਲ 2022 'ਚ ਪੰਜਾਬ ਤੋਂ ਰਾਜ ਸਭਾ ਮੈਂਬਰ ਬਣੇ ਸਨ। ਰਾਘਵ ਚੱਢਾ ਨੇ ਦਿੱਲੀ ਤੋਂ ਆਪਣੀ ਵੋਟ ਕਟਾਉਣ ਮਗਰੋਂ ਨਵੀਂ ਵੋਟ ਪੰਜਾਬ 'ਚ ਬਣਾ ਲਈ ਸੀ। ਹੁਣ ਵਿਸ਼ੇਸ਼ ਸੁਧਾਈ ਪ੍ਰਕਿਰਿਆ ਦੌਰਾਨ ਪੰਜਾਬ 'ਚੋਂ ਵੀ ਰਾਘਵ ਚੱਢਾ ਦੀ ਵੋਟ ਕੱਟੀ ਗਈ ਹੈ, ਪ੍ਰੰਤੂ ਹੁਣ ਉਨ੍ਹਾ ਦੀ ਵੋਟ ਉਨ੍ਹਾ ਦੀ ਦਿੱਲੀ ਵਿਚਲੀ ਜੱਦੀ ਰਿਹਾਇਸ਼ 'ਤੇ ਵੀ ਨਹੀਂ ਬਣੀ ਹੋਈ ਹੈ। ਖਰੜਾ ਵੋਟਰ ਸੂਚੀ ਅਨੁਸਾਰ ਇਸ ਵੇਲੇ ਰਾਘਵ ਚੱਢਾ ਨਾ ਪੰਜਾਬ ਦੇ ਵੋਟਰ ਰਹੇ ਹਨ ਅਤੇ ਨਾ ਹੀ ਆਪਣੇ ਜੱਦੀ ਹਲਕੇ ਦਿੱਲੀ ਦੇ।

ਲੋਕ ਸਭਾ ਚੋਣਾਂ 2024 ਸਮੇਂ ਰਾਘਵ ਚੱਢਾ ਨੇ ਮੁਹਾਲੀ ਦੇ ਪਿੰਡ ਲਖਨੌਰ ਦੇ ਪੋਲਿੰਗ ਸਟੇਸ਼ਨ 'ਤੇ ਆਪਣੀ ਵੋਟ ਪਾਈ ਸੀ। ਕੁਝ ਸਮਾਂ ਪਹਿਲਾਂ ਭਾਜਪਾ 'ਚ ਸ਼ਾਮਲ ਹੋਏ ਰਾਘਵ ਚੱਢਾ ਨੇ ਆਪਣੀ ਵੋਟ ਕੱਟੇ ਜਾਣ ਨੂੰ 'ਸਿਆਸੀ ਬਦਲਾਖੋਰੀ' ਕਰਾਰ ਦਿੰਦਿਆਂ ਪੰਜਾਬ ਦੀ 'ਆਪ' ਸਰਕਾਰ 'ਤੇ ਗੁੱਸਾ ਕੱਢਿਆ ਹੈ। ਇਸੇ ਦੌਰਾਨ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੀ ਵਿਸ਼ੇਸ਼ ਸੁਧਾਈ ਪ੍ਰਕਿਰਿਆ 'ਚ ਰਾਘਵ ਚੱਢਾ ਦੀ ਵੋਟ ਕੱਟੇ ਜਾਣ ਨਾਲ ਸੂਬਾਈ ਸਰਕਾਰ ਦਾ ਕੀ ਤੁਅੱਲਕ।

### .ਗਦਰੀਆਂ ਦੀ ਵਿਚਾਰਧਾਰਾ...

ਭਾਵ ਸਰਕਾਰ ਨੇ ਜੋ ਫਸਲਾਂ ਦੀ ਘੱਟੋ-ਘੱਟ ਕੀਮਤ ਤਹਿ ਕੀਤੀ ਹੈ, ਉਹ ਲਾਗੂ ਨਹੀਂ ਕੀਤੀ ਜਾ ਰਹੀ, ਜਿਸ ਕਰਕੇ ਕਿਸਾਨਾਂ ਦੀ ਲੁੱਟ ਹੋ ਰਹੀ ਹੈ।ਮਾੜੀਮੇਘਾ ਨੇ ਕਿਹਾ ਕਿ ਮਹਿੰਗਾਈ ਬਹੁਤ ਜ਼ਿਆਦਾ ਵਧ ਚੁੱਕੀ ਹੈ, ਜਿਸ ਕਰਕੇ ਗਰੀਬ ਤੇ ਮਿਹਨਤਕਸ਼ ਲੋਕ ਰੱਜ ਕੇ ਰੋਟੀ ਖਾਣ ਤੋਂ ਆਤੁਰ ਹਨ।ਮਹਿੰਗਾਈ ਦੇ ਦੌਰ ਵਿੱਚ ਪੜ੍ਹਾਈ ਵੀ ਹੋਰ ਮਹਿੰਗੀ ਹੋ ਗਈ, ਜਦੋਂ ਕਿ ਚਾਹੀਦਾ ਇਹ ਹੈ ਕਿ ਘੱਟੋ-ਘੱਟ 10+02 ਤੱਕ ਹਰ ਬੱਚੇ ਨੂੰ ਵਿਦਿਆ ਮੁਫਤ ਮਿਲੇ।ਮਾੜੀਮੇਘਾ ਨੇ ਕਿਹਾ ਕਿ ਮੌਜੂਦਾ ਕੇਂਦਰੀ ਹਕੂਮਤ ਨੇ ਬੁੱਧੀਜੀਵੀਆਂ ਦੇ ਬੋਲਣ ਤੇ ਲਿਖਣ 'ਤੇ ਪਾਬੰਦੀ ਲਾਈ ਹੋਈ ਹੈ।ਕਈਆਂ ਨੂੰ ਜੇਲ੍ਹਾਂ ਵਿੱਚ ਡੱਕਿਆ ਹੋਇਆ ਹੈ।ਉਨ੍ਹਾਂ ਨੂੰ ਫੌਰੀ ਤੌਰ 'ਤੇ ਰਿਹਾਅ ਕਰਨਾ ਚਾਹੀਦਾ ਹੈ।ਆਗੂ ਨੇ ਕਿਹਾ ਇਸ ਵੇਲੇ ਦਰਿਆਵਾਂ ਦੇ ਪਾਣੀਆਂ ਦਾ ਮਸਲਾ ਬੜਾ ਅਹਿਮ ਹੈ। ਪੰਜਾਬ ਦੇ ਕਿਸਾਨਾਂ ਨੇ ਧਰਤੀ 'ਚੋਂ ਪਾਣੀ ਖਿੱਚ ਖਿੱਚ ਕੇ ਬਹੁਤ ਨੀਵਾਂ ਕਰ ਦਿੱਤਾ ਹੈ।ਧਰਤੀ ਬੰਜਰ ਹੋਣ ਦੇ ਕੰਢੇ 'ਤੇ ਹੈ, ਪਰ ਦੂਜੇ ਪਾਸੇ ਕੇਂਦਰ ਸਰਕਾਰ ਦਰਿਆਵਾਂ ਦਾ ਪਾਣੀ ਰਾਜਸਥਾਨ ਤੇ ਹਰਿਆਣਾ ਨੂੰ ਦੇਣ ਜਾ ਰਹੀ ਹੈ।ਪੰਜਾਬ ਦੇ ਦਰਿਆਵਾਂ ਦੇ ਪਾਣੀਆਂ ਦਾ ਹੱਕ ਪੰਜਾਬ ਦਾ ਹੈ। ਸਮਾਗਮ ਨੂੰ ਮਾਸਟਰ ਕਸ਼ਮੀਰ ਸਿੰਘ ਚੋਹਲਾ ਸਾਹਿਬ, ਕਰਨਬੀਰ ਸਿੰਘ ਪੰਨੂ, ਪੱਤਰਕਾਰ ਸੰਤੋਖ ਸਿੰਘ ਪੰਨੂ ਨੇ ਵੀ ਸੰਬੋਧਨ ਕੀਤਾ। ਸ਼ਹੀਦੀ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸੈਨਿਕ ਸੰਘਰਸ਼ ਕਮੇਟੀ ਦੇ ਸੂਬੇਦਾਰ ਹਰਬੰਸ ਸਿੰਘ, ਹੌਲਦਾਰ ਗੁਰਮਨਜੀਤ ਸਿੰਘ ਸਰਹਾਲੀ ਤੇ ਹੌਲਦਾਰ ਅਵਤਾਰ ਸਿੰਘ ਚੰਬਾ ਕਲਾਂ ਮੀਤ ਪ੍ਰਧਾਨ, ਸਿਪਾਹੀ ਗੁਰਨਾਮ ਸਿੰਘ ਰੂੜੀਵਾਲਾ, ਪ੍ਰਧਾਨ ਗੁਰਦੇਵ ਸਿੰਘ, ਸੂਬੇਦਾਰ ਬਖਸ਼ੀਸ਼ ਸਿੰਘ, ਕੈਪਟਨ ਪ੍ਰਤਾਪ ਸਿੰਘ ਦਦੇਹਰ ਸਾਹਿਬ ਪਹੁੰਚੇ। ਦੀਵਾਨ ਵਿੱਚ ਮੇਵਾ ਸਿੰਘ ਪਾਲੀਆ, ਕੁਲਦੀਪ ਸਿੰਘ ਚੱਠਾ ਅਤੇ ਨਿਸ਼ਾਨ ਸਿੰਘ ਝਬਾਲ ਨੇ ਕਵੀਸ਼ਰੀ ਦੇ ਰੰਗ ਬੰਨ੍ਹ ਕੇ ਨਿਹਾਲ ਕੀਤਾ।

### ਟੁੱਟੀ ਕੁਆਲਿਸ ਵਾਲੇ ...

ਸਿਆਸੀ ਤੌਰ 'ਤੇ ਜੁੜਿਆ ਹੋਇਆ ਹੈ।

ਪੰਨੂ ਨੇ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੇ ਸੱਤਾ ਅਤੇ ਪਿੰਡੀ ਨਾਲ ਸਬੰਧਾਂ 'ਤੇ ਸਿੱਧੇ ਕਿਹਾ ਕਿ ਉਹ ਸਪੱਸ਼ਟ ਕਰਨ ਕਿ ਇਹਨਾਂ ਵਿਅਕਤੀਆਂ ਦੇ ਉਹਨਾਂ ਅਤੇ ਅਕਾਲੀ ਲੀਡਰਸ਼ਿਪ ਨਾਲ ਕੀ ਰਿਸ਼ਤੇ ਸਨ ਅਤੇ ਕਿਸ ਹੈਸੀਅਤ ਨਾਲ ਉਹਨਾਂ ਦੀ ਉਹਨਾਂ ਦੇ ਘਰਾਂ ਅਤੇ ਸਿਆਸੀ ਹਲਕਿਆਂ ਤੱਕ ਪਹੁੰਚ ਸੀ।ਉਨ੍ਹਾ ਕਿਹਾ, 'ਇਨ੍ਹਾਂ ਵਿਅਕਤੀਆਂ ਦੇ ਤੁਹਾਡੇ ਅਤੇ ਅਕਾਲੀ ਲੀਡਰਸ਼ਿਪ ਨਾਲ ਕੀ ਸਬੰਧ ਸਨ? ਤੁਹਾਡੇ ਘਰਾਂ ਅਤੇ ਸਿਆਸੀ ਹਲਕਿਆਂ ਤੱਕ ਉਹਨਾਂ ਦੀ ਕਿਸ ਹੈਸੀਅਤ ਵਿੱਚ ਪਹੁੰਚ ਸੀ? ਦੂਜਿਆਂ 'ਤੇ ਉਂਗਲ ਉਠਾਉਣ ਦੀ ਬਜਾਏ ਤੁਹਾਨੂੰ ਪਹਿਲਾਂ ਆਪਣੇ ਇਨ੍ਹਾਂ ਸੰਬੰਧਾਂ ਬਾਰੇ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।' ਮਜੀਠੀਆ ਦੀ ਦੌਲਤ ਵਿੱਚ ਹੋਏ ਵੱਡੇ ਵਾਧੇ 'ਤੇ ਸਵਾਲ ਚੁੱਕਦਿਆਂ ਪੰਨੂ ਨੇ ਕਿਹਾ, 'ਜਦੋਂ ਤੁਸੀਂ ਪੰਜਾਬ ਆਏ ਸੀ ਤਾਂ ਤੁਹਾਡੇ ਕੋਲ ਇੱਕ ਟੁੱਟੀ ਹੋਈ ਕੁਆਲਿਸ ਸੀ। ਕੁਝ ਹੀ ਸਾਲਾਂ ਵਿੱਚ ਤੁਸੀਂ ਏਨੇ ਅਮੀਰ ਕਿਵੇਂ ਹੋ ਗਏ? ਤੁਹਾਡਾ ਕਾਰੋਬਾਰੀ ਸਾਮਰਾਜ ਏਨੀ ਤੇਜ਼ੀ ਨਾਲ ਕਿਵੇਂ ਫੈਲਿਆ? ਇਹ ਪੈਸਾ ਕਿੱਥੋਂ ਆਇਆ?' ਉਨ੍ਹਾ ਕਿਹਾ ਕਿ ਅਕਾਲੀ ਲੀਡਰਸ਼ਿਪ ਦੂਜਿਆਂ 'ਤੇ ਉਂਗਲ ਉਠਾ ਕੇ ਆਪਣੇ ਸਿਆਸੀ ਸਬੰਧਾਂ ਬਾਰੇ ਸਵਾਲਾਂ ਤੋਂ ਨਹੀਂ ਭੱਜ ਸਕਦੀ।ਪੰਨੂ ਨੇ ਕਿਹਾ, 'ਪੰਜਾਬ ਦੇ ਲੋਕ 2007 ਤੋਂ 2017 ਤੱਕ ਦੇ ਜੰਗਲ ਰਾਜ ਨੂੰ ਨਹੀਂ ਭੁੱਲੇ ਹਨ। ਜਦੋਂ ਉਸ ਸਮੇਂ ਦੇ ਸੱਤਾਧਾਰੀਆਂ 'ਤੇ ਸਵਾਲ ਚੁੱਕੇ ਗਏ ਸਨ ਤਾਂ ਅਕਾਲੀ ਲੀਡਰਸ਼ਿਪ ਨੇ ਉਸ ਤਤਪਰਤਾ ਨਾਲ ਜਵਾਬ ਨਹੀਂ ਦਿੱਤਾ ਸੀ ਜਿਸ ਦੀ ਉਹ ਅੱਜ ਦੂਜਿਆਂ ਤੋਂ ਮੰਗ ਕਰ ਰਹੀ ਹੈ।' ਬਲਤੇਜ ਪੰਨੂ ਨੇ ਨਸ਼ਿਆਂ ਦੇ ਮੁੱਦੇ 'ਤੇ ਵੀ ਪਿਛਲੀ ਸਰਕਾਰ 'ਤੇ ਹਮਲਾ ਬੋਲਦਿਆਂ ਕਿਹਾ ਕਿ ਨਸ਼ਾ ਤਸਕਰੀ ਨਾਲ ਜੁੜੇ ਲੋਕਾਂ ਦੀ ਅਕਾਲੀ ਆਗੂਆਂ ਨਾਲ ਸਿਆਸੀ ਨੇੜਤਾ ਸੀ।ਉਨ੍ਹਾਂ ਕਿਹਾ, 'ਜਿਹੜੇ ਲੋਕ ਨਸ਼ਿਆਂ ਦੇ ਕੋਹੜ ਨੂੰ ਉਸ ਪੱਧਰ 'ਤੇ ਲੈ ਗਏ, ਜਿੱਥੇ ਪੂਰੀ ਪੀੜ੍ਹੀ ਬਰਬਾਦ ਹੋ ਗਈ, ਉਹ ਅੱਜ ਲੋਕਾਂ ਦੇ ਸਾਹਮਣੇ ਖੜ੍ਹੇ ਹੋ ਕੇ ਸਵਾਲ ਪੁੱਛ ਰਹੇ ਹਨ।' ਪੰਨੂ ਨੇ ਕਿਹਾ ਕਿ ਵਿਰੋਧੀ ਧਿਰ ਕੋਲ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਗਏ ਬਦਲਾਅ ਦਾ ਕੋਈ ਜਵਾਬ ਨਹੀਂ ਹੈ, ਇਸ ਲਈ ਉਹ ਸਿਆਸੀ ਬਹਿਸ ਨੂੰ ਨਿੱਜੀ ਹਮਲਿਆਂ ਵੱਲ ਮੋੜਨ ਦੀ ਕੋਸ਼ਿਸ਼ ਕਰ ਰਹੀ ਹੈ।ਉਹਨਾ ਕਿਹਾ ਕਿ ਵਿਰੋਧੀ ਧਿਰ ਮੁੱਖ ਮੰਤਰੀ ਅਤੇ ਉਨ੍ਹਾ ਦੇ ਪਰਵਾਰ ਨੂੰ ਵਾਰ-ਵਾਰ ਨਿਸ਼ਾਨਾ ਬਣਾ ਕੇ ਆਪਣਾ ਰਿਕਾਰਡ ਨਹੀਂ ਮਿਟਾ ਸਕਦੀ। ਪੰਜਾਬ ਦੇ ਲੋਕ ਜਾਣਦੇ ਹਨ ਕਿ ਇਹ ਲੋਕ ਕੌਣ ਹਨ, ਉਹ ਦੇਖ ਸਕਦੇ ਹਨ ਕਿ ਇਹ ਕਿਸ ਦੇ ਨਾਲ ਖੜ੍ਹੇ ਹਨ ਅਤੇ ਉਹ ਇਹ ਵੀ ਦੇਖ ਸਕਦੇ ਹਨ ਕਿ ਕੌਣ ਪੰਜਾਬ ਲਈ ਕੰਮ ਕਰ ਰਿਹਾ ਹੈ। ਕੋਈ ਵੀ ਚਰਿੱਤਰ ਹੱਤਿਆ ਭਗਵੰਤ ਮਾਨ ਸਰਕਾਰ ਦੇ ਕੰਮਾਂ ਨੂੰ ਛੁਪਾ ਨਹੀਂ ਸਕਦੀ।

### ਬੰਤ ਸਿੰਘ ਬਰਾੜ ਭਾਰਤੀ...

ਪਾਰਟੀ ਕਾਂਗਰਸ ਦੀਆਂ ਸ਼ਾਨਦਾਰ ਪ੍ਰਾਪਤੀਆਂ ਦਾ ਸਿਹਰਾ ਹੋਰ ਪਾਰਟੀ ਆਗੂਆਂ ਦੇ ਨਾਲ ਕਾਮਰੇਡ ਬਰਾੜ ਨੂੰ ਜਾਂਦਾ ਹੈ। ਦਿੱਲੀ ਵਿਖੇ ਹੋਈ ਦੋ ਦਿਨਾ ਕੌਮੀ ਕੌਂਸਲ ਦੀ ਮੀਟਿੰਗ ਵਿੱਚ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ, ਅਮਰਜੀਤ ਸਿੰਘ ਆਸਲ, ਨਰਿੰਦਰ ਕੌਰ ਸੋਹਲ ਅਤੇ ਬਲਦੇਵ ਸਿੰਘ ਨਿਹਾਲਗੜ੍ਹ ਕੌਮੀ ਕੌਂਸਲ ਦੇ ਮੈਂਬਰ ਚੁਣੇ ਗਏ। ਪੰਜਾਬ ਪਾਰਟੀ ਲਈ ਇੱਕ ਸੀਟ ਖਾਲੀ ਰੱਖੀ ਗਈ ਹੈ। ਦੱਸਣਯੋਗ ਹੈ ਕਿ ਹਰਦੇਵ ਸਿੰਘ ਅਰਸ਼ੀ ਪਹਿਲਾਂ ਹੀ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਚੁਣ ਲਏ ਗਏ ਸਨ।ਇਸੇ ਤਰ੍ਹਾਂ ਗੁਲਜ਼ਾਰ ਸਿੰਘ ਗੋਰੀਆ ਕੌਮੀ ਕਾਰਜਕਰਨੀ ਮੈਂਬਰ ਤੇ ਸੁਖਜਿੰਦਰ ਮਹੇਸਰੀ ਪਾਰਟੀ ਸੈਂਟਰ ਤੋਂ ਪਹਿਲਾਂ ਹੀ ਚੁਣੇ ਗਏ ਸਨ।

### ਹੁੰਦਲ ਨੇ ਮਜੀਠੀਆ...

ਹੈ। ਹੁੰਦਲ ਨੇ ਕਿਹਾ ਕਿ ਸਿਆਸਤਦਾਨ ਘਟੀਆ ਰਾਜਨੀਤੀ ਕਰਨ ਲਈ ਆਜ਼ਾਦ ਹਨ, ਪਰ ਉਨ੍ਹਾ ਨੂੰ ਇਸ ਵਿਵਾਦ ਵਿੱਚ ਉਸ ਦਾ ਨਾਂਅ ਘੜੀਸਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ, ਨਹੀਂ ਤਾਂ ਉਹ ਕਾਨੂੰਨੀ ਸਹਾਰਾ ਲਵੇਗਾ। ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਵੀ ਜਬਰ-ਜ਼ਨਾਹ ਦੇ ਕੇਸ ਨੂੰ ਦਬਾਉਣ ਲਈ ਕਥਿਤ 5 ਕਰੋੜ ਰੁਪਏ ਦੀ ਮੰਗ ਨਾਲ ਸੰਬੰਧਤ ਸ਼ਿਕਾਇਤ 'ਤੇ ਪੰਜਾਬ ਦੇ ਮੁੱਖ ਸਕੱਤਰ ਅਤੇ ਪੁਲਸ ਮੁਖੀ ਨੂੰ ਨੋਟਿਸ ਜਾਰੀ ਕਰਦਿਆਂ ਇਸ ਵਿਵਾਦ ਵਿੱਚ ਦਖਲ ਦਿੱਤਾ ਹੈ। ਸੋਮਵਾਰ ਮਜੀਠੀਆ ਨੇ ਕਥਿਤ ਕਲਿੱਪਾਂ ਨੂੰ ਸਾਂਝਾ ਕਰਦੇ ਹੋਏ ਇਸ ਮਾਮਲੇ ਦੀ ਸੀ ਬੀ ਆਈ ਜਾਂਚ ਦੀ ਮੰਗ ਕੀਤੀ ਸੀ। ਇੱਕ ਪ੍ਰੈੱਸ ਕਾਨਫਰੰਸ ਦੌਰਾਨ ਮਜੀਠੀਆ ਨੇ ਦਾਅਵਾ ਕੀਤਾ ਕਿ ਇੱਕ ਵਿਚੋਲੇ ਨਾਲ ਗੱਲਬਾਤ ਵਿੱਚ ਸੁਣਿਆ ਗਿਆ ਵਿਅਕਤੀ ਹੁੰਦਲ ਸੀ ਅਤੇ ਵਿਚੋਲਾ, ਜਿਸ ਨੇ ਕਥਿਤ ਤੌਰ 'ਤੇ ਬਲਾਤਕਾਰ ਦੇ ਕੇਸ ਅਤੇ ਹੋਰ ਪੁਲਸ ਸ਼ਿਕਾਇਤਾਂ ਨਾਲ ਜੁੜੇ ਮਾਮਲੇ ਨੂੰ ਨਜਿੱਠਣ ਲਈ 5 ਕਰੋੜ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਸੀ, ਮੁੱਖ ਮੰਤਰੀ ਦੀ ਪਤਨੀ ਨਾਲ ਸੰਬੰਧਤ ਸੀ। 'ਆਪ' ਨੇ ਇਨ੍ਹਾਂ ਦੋਸ਼ਾਂ ਨੂੰ ਜ਼ੋਰਦਾਰ ਢੰਗ ਨਾਲ ਰੱਦ ਕਰ ਦਿੱਤਾ।

'ਆਪ' ਆਗੂ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਅਕਾਲੀ ਦਲ ਘਟੀਆ ਰਾਜਨੀਤੀ ਤੱਕ ਡਿੱਗ ਰਿਹਾ ਹੈ ਅਤੇ ਫਰਜ਼ੀ ਕਹਾਣੀਆਂ ਘੜ ਰਿਹਾ ਹੈ। ਉਨ੍ਹਾ ਦੋਸ਼ਾਂ ਨੂੰ ਸਾਬਤ ਕਰਨ ਲਈ ਸਬੂਤਾਂ ਦੀ ਮੰਗ ਕੀਤੀ।

### ਤਿੰਨ ਕਾਲੇ ਖੇਤੀ ਕਾਨੂੰਨ...

ਹਾਜ਼ਰੀ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪੰਜਾਬੀ 2027 ਵਿੱਚ ਇੱਕ ਨਵੀਂ ਕਹਾਣੀ ਲਿਖਣ ਲਈ ਤਿਆਰ ਹਨ। ਉਨ੍ਹਾ ਕਿਹਾ, 'ਸੁਖਬੀਰ ਸਿੰਘ ਬਾਦਲ ਕਾਨਵੈਂਟ ਦੇ ਪੜ੍ਹੇ ਨੇਤਾ ਹਨ, ਜੋ ਪੰਜਾਬ ਦੀ ਭੂਗੋਲਿਕ ਸਥਿਤੀ ਬਾਰੇ ਵੀ ਨਹੀਂ ਜਾਣਦੇ, ਪਰ ਸੂਬੇ 'ਤੇ ਰਾਜ ਕਰਨਾ ਚਾਹੁੰਦੇ ਹਨ। ਬਾਕੀ ਸਭ ਕੁਝ ਛੱਡੋ, ਉਹ ਪੰਜਾਬ ਦੀਆਂ ਬੁਨਿਆਦੀ ਫਸਲਾਂ ਵਿੱਚ ਵੀ ਫਰਕ ਨਹੀਂ ਕਰ ਸਕਦੇ, ਕਿਉਂਕਿ ਉਨ੍ਹਾਂ ਨੂੰ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਦੀ ਬਹੁਤ ਘੱਟ ਸਮਝ ਹੈ।' ਮਾਨ ਨੇ ਕਿਹਾ ਕਿ ਜਿੱਥੇ ਕਾਂਗਰਸੀ ਲੀਡਰ ਸਿਆਸੀ ਤਾਕਤ ਲਈ ਆਪਸ 'ਚ ਲੜ ਰਹੇ ਹਨ, ਉੱਥੇ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ।

## ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਭਰਵਾਂ ਸਵਾਗਤ



ਦੋਰਾਹਾ (ਹਰਮਿੰਦਰ ਸੇਠ)-ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਆਰੰਭ ਹੋਏ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ-ਪੀਰੀ ਦਿਵਸ ਨੂੰ ਸਮਰਪਤ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਦੋਰਾਹਾ ਪੁੱਜਣ 'ਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਭਰਵਾਂ ਸਵਾਗਤ ਕੀਤਾ ਗਿਆ।ਮਾਰਚ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਸਾਹਿਬ ਸੁਸ਼ੋਭਿਤ ਸੀ ਤੇ ਮਾਰਚ ਦੀ ਅਗਵਾਈ ਪੰਜ ਪਿਆਰਿਆਂ ਵੱਲੋਂ ਕੀਤੀ ਜਾ ਰਹੀ ਸੀ।ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਸ਼ਾਸਤਰਾਂ ਦੇ ਦਰਸ਼ਨ ਵੀ ਕਰਾਏ ਗਏ।ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਗੁਰੂ ਸਾਹਿਬਾਨ ਦੀ ਬਖ਼ਸ਼ਿਸ਼ ਸਦਕਾ ਵੱਸਿਆ ਹੋਇਆ ਹੈ।ਉਨ੍ਹਾਂ ਪੰਜਾਬ ਵਾਸੀਆਂ ਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਆਪਸੀ ਭਾਈਚਾਰਾ, ਏਕਤਾ ਤੇ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਪੰਜਾਬੀਆਂ ਨੂੰ ਆਪਣੀਆਂ ਜ਼ਮੀਨਾਂ ਨਾ ਵੇਚਣ ਤੇ ਇੱਕ-ਦੂਜੇ ਦੀ ਹਰ ਸੰਭਵ ਮਦਦ ਕਰਨ ਦਾ ਸੱਦਾ ਵੀ ਦਿੱਤਾ।ਅਕਾਲੀ ਦਲ ਐਸ.ਸੀ. ਵਿੰਗ ਪੰਜਾਬ ਦੀ ਜਨਰਲ ਸਕੱਤਰ ਬੀਬੀ ਨੀਤੂ ਸਿੰਘ ਵੱਲੋਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਸਨਮਾਨ ਕੀਤਾ ਗਿਆ।ਹਲਕਾ ਇੰਚਾਰਜ ਮਨਜੀਤ ਸਿੰਘ ਮਦਨੀਪੁਰ, ਕੀਰਤਨੀਏ ਭਾਈ ਹਰਜੀਤ ਸਿੰਘ ਈਨਾ ਬਾਜਵਾ ਦੋਰਾਹਾ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਦੇਸ਼ ਭਗਤ ਗਲੋਬਲ ਸਕੂਲ ਵਿਖੇ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵਿਖੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜਨਮ ਦਿਹਾੜੇ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਨਾਲ ਮਨਾਇਆ।ਇਸ ਮੌਕੇ ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਤੇ ਰਾਧਾ ਰਾਣੀ ਦੀਆਂ ਝਲਕਾਂ ਪੇਸ਼ ਕਰਦੇ ਹੋਏ ਸੁੰਦਰ ਪ੍ਰੰਪਰਾਗਤ ਪਹਿਰਾਵੇ ਪਹਿਨ ਕੇ ਸਕੂਲ ਪਹੁੰਚ ਕੇ ਇਸ ਦਿਨ ਦੀ ਮਹੱਤਤਾ ਨੂੰ ਦਰਸਾਇਆ।ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੀਆਂ ਮਨਮੋਹਕ ਪੇਸ਼ਕਾਰੀਆਂ ਤੇ ਰਵਾਇਤੀ ਪਹਿਰਾਵਿਆਂ ਨੇ ਸਭ ਦਾ ਮਨ ਮੋਹ ਲਿਆ।ਇਸ ਮੌਕੇ ਵਿਦਿਆਰਥੀਆਂ ਲਈ ਇੰਟਰ-ਹਾਊਸ ਮਟਕੀ ਫੋੜ ਮੁਕਾਬਲਾ ਵੀ ਕਰਵਾਇਆ ਗਿਆ। ਚਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਪੂਰੇ ਜੋਸ਼ ਤੇ ਟੀਮ ਭਾਵਨਾ ਨਾਲ ਭਾਗ ਲਿਆ। ਰੋਮਾਂਚਕ ਮੁਕਾਬਲੇ ਵਿੱਚ ਪੈਂਥਰ ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿੱਤ ਦਰਜ ਕਰਕੇ ਪਹਿਲਾ ਸਥਾਨ ਹਾਸਲ ਕੀਤਾ।ਜੇਤੂ ਹਾਊਸ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਸਾਰੇ ਵਿਦਿਆਰਥੀਆਂ ਤੇ ਸਟਾਫ਼ ਨੂੰ ਜਨਮ ਅਸ਼ਟਮੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਡਾ. ਜ਼ੋਰਾ ਸਿੰਘ ਚੇਅਰਮੈਨ ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਤੇ ਚਾਂਸਲਰ ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਅਤੇ ਡਾ. ਤਜਿੰਦਰ ਕੌਰ ਪ੍ਰੋ. ਚਾਂਸਲਰ ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਨੇ ਜਨਮ ਅਸ਼ਟਮੀ ਦੀਆਂ ਹਾਰਦਿਕ ਸ਼ੁੱਭਕਾਮਨਾਵਾਂ ਦਿੰਦਿਆਂ ਵਿਦਿਆਰਥੀਆਂ ਦੀਆਂ ਗਤੀਵਿਧੀਆਂ ਦੀ ਸਰਾਹਨਾ ਕੀਤੀ।

## ਹੋਲੀ ਹਾਰਟ 'ਚ ਸਹਿਯੋਗ ਤੇ ਅਨੁਸ਼ਾਸਨ ਬਾਰੇ ਵਿਸ਼ੇਸ਼ ਸੈਸ਼ਨ



ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੇ ਪ੍ਰਮੁੱਖ ਸਿੱਖਿਆ ਸੰਸਥਾਨ ਹੋਲੀ ਹਾਰਟ ਸਕੂਲ ਅਜੀਤਵਾਲ ਵਿੱਚ ਵਿਦਿਆਰਥੀਆਂ ਦੇ ਸਮੂਹਕ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਵਿਸ਼ੇਸ਼ ਸੈਸ਼ਨ ਦਾ ਆਯੋਜਨ ਕੀਤਾ ਗਿਆ।ਇਸ ਸੈਸ਼ਨ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਸਹਿਯੋਗ, ਅਨੁਸ਼ਾਸਨ ਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਸੀ।ਸੈਸ਼ਨ ਦੌਰਾਨ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਅਨੁਸ਼ਾਸਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੂੰ ਸਮੇਂ ਦੀ ਕਦਰ ਕਰਨ, ਮਿਹਨਤ ਨਾਲ ਪੜ੍ਹਾਈ ਕਰਨ ਤੇ ਵੱਡਿਆਂ ਦਾ ਆਦਰ ਕਰਨ ਲਈ ਪ੍ਰੇਰਿਤ ਕੀਤਾ ਗਿਆ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਇਸ ਤਰ੍ਹਾਂ ਦੇ ਸੈਸ਼ਨ ਵਿਦਿਆਰਥੀਆਂ ਦੇ ਚਰਿਤਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ ਤਾਂ ਜੋ ਬੱਚੇ ਸਿਰਫ਼ ਪੜ੍ਹਾਈ ਵਿੱਚ ਹੀ ਨਹੀਂ, ਸਗੋਂ ਚੰਗੇ ਇਨਸਾਨ ਬਣਨ ਵਿੱਚ ਵੀ ਅੱਗੇ ਵਧ ਸਕਣ।ਇਸ ਪ੍ਰੋਗਰਾਮ ਨਾਲ ਵਿਦਿਆਰਥੀਆਂ ਵਿੱਚ ਨਵੀਂ ਸੋਚ ਅਤੇ ਉਤਸ਼ਾਹ ਦਾ ਵਿਕਾਸ ਹੋਇਆ ਅਤੇ ਸਕੂਲ ਵਿੱਚ ਇੱਕ ਸਕਾਰਾਤਮਕ ਮਾਹੌਲ ਦੇਖਣ ਨੂੰ ਮਿਲਿਆ।

### ਸੰਘੀ ਵਿਚਾਰਧਾਰਾ ਨੂੰ ਖਤਮ...

ਮਨੁੱਖਾਂ ਵਿਚ ਭੇਦਭਾਵ ਕਰਦੀ ਹੈ।ਇਹ ਸਾਡਾ ਸੰਕਲਪ ਹੈ ਕਿ ਆਰ ਐੱਸ ਐੱਸ-ਭਾਜਪਾ ਦੀ ਧਰੁਵੀਕਰਨ ਅਤੇ ਫ਼ਿਰਕੂ ਨਫ਼ਰਤ ਦੀ ਵਿਚਾਰਧਾਰਾ ਨੂੰ ਖ਼ਤਮ ਕੀਤਾ ਜਾਵੇ, ਕਿਉਂਕਿ ਇਹ ਭਾਰਤ ਦੀ ਉਸ ਸਾਂਝੀ ਵਿਰਾਸਤ ਅਤੇ ਮਿਸ਼ਰਤ ਸੱਭਿਆਚਾਰ ਦੇ ਵਿਰੁੱਧ ਹੈ, ਜੋ ਸਦੀਆਂ ਪੁਰਾਣੀ ਸਾਡੀ ਸਭਿਅਤਾ ਦੇ ਵਿਕਾਸ ਦੌਰਾਨ ਬਣੀ ਹੈ ਅਤੇ ਜਿਸ ਨੇ ਧਰਮਾਂ, ਸੱਭਿਆਚਾਰਾਂ ਅਤੇ ਭਾਸ਼ਾਵਾਂ ਦੀ ਬਹੁਲਤਾ ਰਾਹੀਂ ਸਾਨੂੰ ਤਾਕਤ ਦਿੱਤੀ ਹੈ। ਆਰ ਐੱਸ ਐੱਸ-ਭਾਜਪਾ ਭਾਰਤੀ ਸੰਵਿਧਾਨ ਲਈ ਖ਼ਤਰਾ ਪੈਦਾ ਕਰ ਰਹੇ ਹਨ ਅਤੇ ਅਸੀਂ ਇਸ ਨੂੰ ਆਪਣੇ ਦੇਸ਼ ਦੀ ਧਰਮ-ਨਿਰਪੱਖ ਜਮਹੂਰੀਅਤ ਅਤੇ ਲੋਕਾਂ ਦੇ ਬੁਨਿਆਦੀ ਅਧਿਕਾਰਾਂ—ਪ੍ਰਗਟਾਵੇ ਦੀ ਆਜ਼ਾਦੀ, ਅਸਹਿਮਤੀ ਦਾ ਹੱਕ ਅਤੇ ਸਵਾਲ ਪੁੱਛਣ ਦੇ ਅਧਿਕਾਰ ਲਈ ਖ਼ਤਰੇ ਵਜੋਂ ਲੈਂਦੇ ਹਾਂ।'

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# .ਗਦਰੀਆਂ ਦੀ ਵਿਚਾਰਧਾਰਾ ਸਮਾਜ ਨੂੰ ਖ਼ੁਸ਼ਹਾਲ ਬਣਾਉਣ ਵਾਲੀ : ਮਾੜੀਮੇਘਾ, ਰੂੜੀਵਾਲਾ

ਚੋਹਲਾ ਸਾਹਿਬ (ਰਮਨ ਚੱਢਾ)-ਗਦਰ ਪਾਰਟੀ ਨੇ ਅੰਗਰੇਜ਼ਾਂ ਤੋਂ ਹਿੰਦੁਸਤਾਨ ਮੁਕਤ ਕਰਾਉਣ ਦਾ ਰਾਹ ਹਥਿਆਰਬੰਦ ਸੰਘਰਸ਼ ਚੁਣਿਆ ਸੀ। ਇਸ ਸੋਚ ਨੂੰ ਲੈ ਕੇ ਜਦੋਂ ਗਦਰੀ ਵਿਦੇਸ਼ਾਂ ਤੋਂ ਵਹੀਰਾਂ ਘੱਤ ਕੇ ਹਿੰਦੁਸਤਾਨ ਆਏ ਤਾਂ ਆਉਂਦੇ ਸਾਰ ਹੀ ਫੌਜੀਆਂ ਨਾਲ



ਸੰਪਰਕ ਬਣਾਉਣ ਲਈ ਛਾਉਣੀਆਂ ਵਿੱਚ ਵੜ ਗਏ। ਮੀਆਂ ਮੀਰ ਛਾਉਣੀ ਲਾਹੌਰ ਦੇ ਸਿਪਾਹੀਆਂ ਨਾਲ ਭਾਈ ਪ੍ਰੇਮ ਸਿੰਘ ਪਿੰਡ ਸੁਰਸਿੰਘ ਨੇ ਜੋੜੇ ਤੇ ਸੂਬੇਦਾਰ ਲਛਮਣ ਸਿੰਘ ਚੂਸਲੇਵੜ ਦੀ ਅਗਵਾਈ ਹੇਠ ਸਿਪਾਹੀ ਬਗਾਵਤ ਕਰਨ ਲਈ ਤਿਆਰ ਹੋ ਗਏ। ਅੰਗਰੇਜ਼ਾਂ ਨੂੰ ਪਤਾ ਲੱਗ ਗਿਆ ਤੇ ਉਨ੍ਹਾਂ ਨੇ ਪਲਟਨ ਨੂੰ ਸੰਸਾਰ ਜੰਗ ਵਿੱਚ ਭੇਜਣ ਦਾ ਆਰਡਰ ਕਰ ਦਿੱਤਾ। ਜਦੋਂ ਸਿਪਾਹੀ ਸੰਸਾਰ ਜੰਗ ਨੂੰ ਜਾਣ ਲਈ ਹਰਪਾਲਪੁਰ ਸਟੇਸ਼ਨ ਤੋਂ ਸਮਾਨ ਗੱਡਿਆਂ 'ਤੇ ਲੱਦ ਰਹੇ ਸਨ ਤੇ ਬਕਸਾ ਡਿੱਗਣ ਨਾਲ ਬੰਬ ਚੱਲ ਪਿਆ। ਸਰਕਾਰ ਨੇ ਬਕਸੇ ਵਾਲੇ ਸਿਪਾਹੀ ਨੂੰ ਗ੍ਰਿਫ਼ਤਾਰ ਕਰ ਲਿਆ ਤੇ ਤਸ਼ੱਦਦ ਢਾਹ ਕੇ ਜਾਣਕਾਰੀ ਲੈ ਲਈ ਕਿ ਕਿਹੜੇ ਕਿਹੜੇ ਸਿਪਾਹੀ .ਗਦਰੀਆਂ ਨਾਲ ਰਲੇ ਹਨ। ਅੰਗਰੇਜ਼ਾਂ ਨੇ .ਗਦਰੀਆਂ ਨਾਲ ਰਲ ਕੇ ਗਦਰੀ ਬਣੇ ਸਿਪਾਹੀਆਂ ਨੂੰ ਸੰਸਾਰ ਜੰਗ ਤੋਂ ਵਾਪਸ ਬੁਲਾ ਕੇ ਫਾਂਸੀ ਦੇ ਤਖ਼ਤੇ 'ਤੇ ਚਾੜ੍ਹ ਕੇ ਸ਼ਹੀਦ ਕਰ ਦਿੱਤਾ। ਗਦਰੀ ਦੇਸ਼ ਭਗਤਾਂ ਅਤੇ 1971 ਦੀ ਜੰਗ ਦੇ ਸ਼ਹੀਦ ਸਿਪਾਹੀਆਂ ਦੀ ਯਾਦ ਵਿੱਚ ਸੁਰਜੀਤ ਸਿੰਘ, ਕੈਪਟਨ ਗੁਰਨਾਮ ਸਿੰਘ, ਸਾਹਿਬ ਸਿੰਘ, ਰਾਜੂ ਮਾਸਟਰ, ਗੁਰਿੰਦਰ ਪਾਲ ਸਿੰਘ, ਨਿਸ਼ਾਨ ਸਿੰਘ ਤੇ ਦਯਾ ਸਿੰਘ ਰੂੜੀਵਾਲਾ, ਮਨਤਾਰ ਸਿੰਘ ਲੰਗੇਆਣਾ ਦੀ ਅਗਵਾਈ ਹੇਠ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਰੂੜੀਵਾਲਾ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਉਸਾਰੇ ਗਏ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਕੀਰਤਨ ਦਰਬਾਰ ਹੋਇਆ ਅਤੇ ਬਾਅਦ ਵਿੱਚ ਦੀਵਾਨ ਸਜਾਇਆ ਗਿਆ। ਦੀਵਾਨ ਦੀ ਸਟੇਜ ਤੋਂ ਬੋਲਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਸੰਗਤ ਨੂੰ ਕਿਹਾ ਕਿ .ਗਦਰੀਆਂ ਦੀ ਵਿਚਾਰਧਾਰਾ ਦੇਸ਼ ਨੂੰ ਖ਼ੁਸ਼ਹਾਲ ਬਣਾਉਣ ਵਾਲੀ ਸੀ ਪਰ ਸਮੇਂ ਦੇ ਹਾਕਮਾਂ ਅਤੇ ਉਨ੍ਹਾਂ ਦੇ ਮੁਖ਼ਬਰਾਂ ਨੇ .ਗਦਰੀਆਂ ਦੀ ਵਿਚਾਰਧਾਰਾ ਨੂੰ ਫਲ ਨਹੀਂ ਪੈਣ ਦਿੱਤਾ। ਅਜੋਕੇ ਅਜਿਹੇ ਹਾਲਾਤ ਹਨ ਕਿ ਕਿਸਾਨਾਂ ਦੀਆਂ ਫਸਲਾਂ ਤੇ ਐਮ ਐਸ ਪੀ ਕਾਨੂੰਨ ਲਾਗੂ ਨਹੀਂ ਕੀਤਾ ਜਾ ਰਿਹਾ ਭਾਵ ਸਰਕਾਰ ਨੇ ਜੋ ਫਸਲਾਂ ਦੀ ਘੱਟੋ ਘੱਟ ਕੀਮਤ ਤੈਅ ਕੀਤੀ ਹੈ, ਉਹ ਲਾਗੂ ਨਹੀਂ ਕੀਤੀ ਜਾ ਰਹੀ, ਜਿਸ ਕਰਕੇ ਕਿਸਾਨਾਂ ਦੀ ਲੁੱਟ ਹੋ ਰਹੀ ਹੈ। ਮਾੜੀਮੇਘਾ ਨੇ ਕਿਹਾ ਕਿ ਮਹਿੰਗਾਈ ਬਹੁਤ ਜ਼ਿਆਦਾ ਵਧ ਚੁੱਕੀ ਹੈ ਜਿਸ ਕਰਕੇ ਗਰੀਬ ਤੇ ਮਿਹਨਤਕਸ਼ ਲੋਕ ਰੱਜ ਕੇ ਰੋਟੀ ਖਾਣ ਤੋਂ ਨਾਬਰ ਹਨ। ਮਹਿੰਗਾਈ ਦੇ ਦੌਰ ਵਿੱਚ ਪੜ੍ਹਾਈ ਵੀ ਹੋਰ ਮਹਿੰਗੀ ਹੋ ਗਈ ਜਦੋਂ ਕਿ ਚਾਹੀਦਾ ਇਹ ਹੈ ਕਿ ਘੱਟੋ ਘੱਟ 10+2 ਤੱਕ ਹਰ ਬੱਚੇ ਨੂੰ ਵਿਦਿਆ ਮੁਫਤ ਮਿਲੇ। ਮਾੜੀਮੇਘਾ ਨੇ ਕਿਹਾ ਕਿ ਮੌਜੂਦਾ ਕੇਂਦਰੀ ਹਕੂਮਤ ਨੇ ਬੁੱਧੀਜੀਵੀਆਂ ਦੇ ਬੋਲਣ ਤੇ ਲਿਖਣ 'ਤੇ ਪਾਬੰਦੀ ਲਾਈ ਹੋਈ ਹੈ। ਕਈਆਂ ਨੂੰ ਜੇਲ੍ਹਾਂ ਵਿੱਚ ਡੱਕਿਆ ਹੋਇਆ ਹੈ। ਉਨ੍ਹਾਂ ਨੂੰ ਫੌਰੀ ਤੌਰ 'ਤੇ ਰਿਹਾਅ ਕਰਨਾ ਚਾਹੀਦਾ ਹੈ। ਆਗੂ ਨੇ ਕਿਹਾ ਇਸ ਵੇਲੇ ਦਰਿਆਵਾਂ ਦੇ ਪਾਣੀਆਂ ਦਾ ਮਸਲਾ ਬੜਾ ਅਹਿਮ ਹੈ। ਪੰਜਾਬ ਦੇ ਕਿਸਾਨਾਂ ਨੇ ਧਰਤੀ ਚੋਂ ਪਾਣੀ ਖਿੱਚ ਕੇ ਬਹੁਤ ਨੀਵਾਂ ਕਰ ਦਿੱਤਾ ਹੈ। ਧਰਤੀ ਬੰਜਰ ਹੋਣ ਦੇ ਕੰਢੇ ਹੈ ਪਰ ਦੂਜੇ ਪਾਸੇ ਕੇਂਦਰ ਸਰਕਾਰ ਦਰਿਆਵਾਂ ਦਾ ਪਾਣੀ ਰਾਜਸਥਾਨ ਤੇ ਹਰਿਆਣੇ ਨੂੰ ਦੇਈ ਜਾ ਰਹੀ ਹੈ। ਪੰਜਾਬ ਦੇ ਦਰਿਆਵਾਂ ਦੇ ਪਾਣੀਆਂ ਦਾ ਹੱਕ ਪੰਜਾਬ ਦਾ ਹੈ। ਸਮਾਗਮ ਨੂੰ ਮਾਸਟਰ ਕਸ਼ਮੀਰ ਸਿੰਘ ਚੋਹਲਾ ਸਾਹਿਬ, ਕਰਨਬੀਰ ਸਿੰਘ ਪੰਨੂ ਤੇ ਉੱਘੇ ਪੱਤਰਕਾਰ ਸੰਤੋਖ ਸਿੰਘ ਪੰਨੂ ਨੇ ਵੀ ਸੰਬੋਧਨ ਕੀਤਾ। ਸ਼ਹੀਦੀ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸੈਨਿਕ ਸੰਘਰਸ਼ ਕਮੇਟੀ ਦੇ ਸੂਬੇਦਾਰ ਹਰਬੰਸ ਸਿੰਘ, ਹੌਲਦਾਰ ਗੁਰਮਨਜੀਤ ਸਿੰਘ ਸਰਹਾਲੀ ਤੇ ਹੌਲਦਾਰ ਅਵਤਾਰ ਸਿੰਘ ਚੰਬਾ ਕਲਾਂ ਮੀਤ ਪ੍ਰਧਾਨ, ਸਿਪਾਹੀ ਗੁਰਨਾਮ ਸਿੰਘ ਰੂੜੀਵਾਲਾ, ਪ੍ਰਧਾਨ ਗੁਰਦੇਵ ਸਿੰਘ, ਸੂਬੇਦਾਰ ਬਖ਼ਸ਼ੀਸ਼ ਸਿੰਘ, ਕੈਪਟਨ ਪ੍ਰਤਾਪ ਸਿੰਘ ਦਦੇਹਰ ਸਾਹਿਬ ਪਹੁੰਚੇ ਸਨ। ਦੀਵਾਨ ਵਿੱਚ ਮੇਵਾ ਸਿੰਘ ਪਾਲੀਆ ਤੇ ਕੁਲਦੀਪ ਸਿੰਘ ਚੱਠਾ ਅਤੇ ਨਿਸ਼ਾਨ ਸਿੰਘ ਝਬਾਲ ਨੇ ਕਵੀਸ਼ਰੀ ਦੇ ਰੰਗ ਬੰਨ੍ਹ ਕੇ ਨਿਹਾਲ ਕੀਤਾ।

# ਖਾਲਸਾ ਕਾਲਜ ਮਹਿਤਾ ਦੇ ਚੌਥੇ ਸਮੈਸਟਰ ਦਾ ਨਤੀਜਾ 100 .ਫ਼ੀਸਦੀ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ.ਏ /ਬੀ.ਐਸ.ਸੀ ਸਮੈਸਟਰ ਚੌਥਾ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ । ਇਹਨਾਂ ਨਤੀਜਿਆ ਵਿੱਚ ਬੀ.ਏ/ਬੀ.ਐਸ.ਸੀ ਸਮੈਸਟਰ ਚੌਥਾ ਦੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਬੀ.ਏ ਦੀ ਨਵਨੀਤ ਕੌਰ77%, ਹਰਮਨਪ੍ਰੀਤ ਕੌਰ76% ਅਤੇ ਗੁਰਪ੍ਰੀਤ ਸਿੰਘ 74% ਬੀ.ਐਸ.ਸੀ ਇਕਨਾਮਿਕਸ ਦੀ ਆਚਲ ਪ੍ਰੀਤ ਕੌਰ 74% ਅਤੇ ਹਰ ਸੁਖਪ੍ਰੀਤ ਸਿੰਘ ਨੇ 72% ਅੰਕ ਪ੍ਰਾਪਤ ਕਰਕੇ ਕਰਮਵਾਰ ਪਹਿਲਾ ਦੂਜਾ ਅਤੇ, ਤੀਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਮਾਪਿਆ ਦਾ ਨਾਮ ਰੌਸ਼ਨ ਕੀਤਾ। ਇਸ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਰੁਪਿੰਦਰ ਕੌਰ ,ਬਲਜੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਖਾਲਸਾ 'ਵਰਸਿਟੀ ਵੱਲੋਂ ਨਵੇਂ ਸੈਸ਼ਨ ਦੀ ਆਰੰਭਤਾ ਮੌਕੇ ਧਾਰਮਿਕ ਸਮਾਗਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )— ਖਾਲਸਾ ਯੂਨੀਵਰਸਿਟੀ ਦੇ ਸਕੂਲ ਆਫ ਐਜੂਕੇਸ਼ਨ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੀ ਸੁਚੱਜੀ ਅਤੇ ਸਫਲ ਆਰੰਭਤਾ ਦੇ ਸਬੰਧ 'ਚ ਅਰਦਾਸ ਦਿਵਸ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਨੇ ਗੁਰੂ ਚਰਨਾਂ 'ਚ ਹਾਜ਼ਰੀ ਲਗਾਉਣ ਉਪਰੰਤ ਕਿਹਾ ਕਿ ਕਿਸੇ ਵੀ ਨਵੇਂ ਸਫਰ ਦੀ ਸ਼ੁਰੂਆਤ ਜੇਕਰ ਅਰਦਾਸ ਅਤੇ ਗੁਰੂ ਸਾਹਿਬ ਦੇ ਆਸ਼ੀਰਵਾਦ ਨਾਲ ਕੀਤੀ



ਜਾਵੇ ਤਾਂ ਇਹ ਮਨੁੱਖ ਅੰਦਰ ਸਕਾਰਾਤਮਕ ਊਰਜਾ, ਵਿਸ਼ਵਾਸ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੀ ਹੈ। ਖ਼ਾਲਸਾ 'ਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਯਤਨਾਂ ਸਦਕਾ ਕਰਵਾਏ ਗਏ ਉਕਤ ਧਾਰਮਿਕ ਸਮਾਗਮ ਦੌਰਾਨ ਗੁਰਮਤਿ ਸਟੱਡੀ ਸੈਂਟਰ ਦੇ ਵਿਦਿਆਰਥੀਆਂ ਨੇ ਗੁਰ ਜਸ ਗਾਇਨ ਕਰਕੇ ਹਾਜ਼ਰ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਡਾ. ਮਹਿਲ ਸਿੰਘ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨ ਦਾ ਆਸ਼ੀਰਵਾਦ ਲੈ ਕੇ ਨਵੇਂ ਸੈਸ਼ਨ ਦੀ ਸ਼ੁਰੂਆਤ ਕਰਦੇ ਹੋਏ ਅਕਾਦਮਿਕ ਅਤੇ ਸਹਿ ਅਕਾਦਮਿਕ ਖੇਤਰ 'ਚ ਮੱਲਾਂ ਮਾਰਨ ਦੀ ਅਸੀਸ ਦਿੱਤੀ। ਇਸ ਮੌਕੇ ਡਾ. ਕੁਮਾਰ ਨੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪੂਰੀ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਆਪਣੀ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਯੂਨੀਵਰਸਿਟੀ ਦੇ ਫੈਕਲਟੀ ਆਫ਼ ਰਿਲੀਜੀਅਸ ਸਟੱਡੀ ਦੇ ਡੀਨ ਅਤੇ ਮੁਖੀ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਸਿੱਖ ਇਤਿਹਾਸ ਦੀਆਂ ਪ੍ਰਸਿੱਧ ਹਸਤੀਆਂ ਦੁਆਰਾ ਕੀਤੀ ਗਈ ਮਿਹਨਤ, ਹਿੰਮਤ ਅਤੇ ਬਲਿਦਾਨ ਦੀਆਂ ਉਦਾਹਰਨਾਂ ਦਿੰਦਿਆਂ ਵਿਦਿਆਰਥੀਆਂ ਨੂੰ ਵੀ ਅਜਿਹੇ ਗੁਣਾਂ ਦੇ ਧਾਰਨੀ ਬਣਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਤੋਂ ਇਲਾਵਾ ਹੋਰ ਸਟਾਫ਼ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਅੱਗੇ ਨਵੇਂ ਸੈਸ਼ਨ ਦੀ ਚੜ੍ਹਦੀ ਕਲਾ, ਸਫਲਤਾ ਅਤੇ ਸਮੁੱਚੇ ਵਿਦਿਆਰਥੀ ਵਰਗ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

# ਮਿਸ਼ਨ ਕਲੀਨ ਪੰਜਾਬ ਤਹਿਤ ਚੱਬੇਵਾਲ ਨੇ ਵਿਖਾਈ ਹਰੀ ਝੰਡੀ

ਫਗਵਾੜਾ (ਜਸਵਿੰਦਰ ਢੱਡਾ)- ਸਾਫ ਸਫ਼ਾਈ ਸਬੰਧੀ ਸੁਨੇਹਿਆਂ ਵਾਲੀਆਂ ਤਖ਼ਤੀਆਂ ਅਤੇ ਬੈਨਰ ਹੱਥਾਂ ਵਿੱਚ ਫੜ ਕੇ ਸਕੂਲ ਆਫ਼ ਐਮੀਨੈਂਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਮਿਸ਼ਨ ਕਲੀਨ ਪੰਜਾਬ ਤਹਿਤ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਫਗਵਾੜਾ ਸ਼ਹਿਰ ਦੀਆਂ ਸੜਕਾਂ 'ਤੇ ਰੈਲੀ ਕੱਢੀ।

ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਜਾਗਰੂਕਤਾ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਹ ਰੈਲੀ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਪ੍ਰਮੁੱਖ ਇਲਾਕਿਆਂ ਵਿੱਚੋਂ ਲੰਘੀ, ਜਿਸ ਵਿੱਚ ਬੰਗਾ ਰੋਡ, ਗਾਂਧੀ ਚੌਕ ਅਤੇ ਆਸ-ਪਾਸ ਦੇ ਇਲਾਕੇ ਸ਼ਾਮਲ ਸਨ। ਡਾ. ਚੱਬੇਵਾਲ ਨੇ ਕਿਹਾ ਕਿ ਮਿਸ਼ਨ ਕਲੀਨ ਪੰਜਾਬ ਦਾ ਉਦੇਸ਼ ਲੋਕਾਂ ਵਿੱਚ ਵਧੇਰੇ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਸਾਫ਼-ਸੁਥਰੀਆਂ ਗਲੀਆਂ, ਬਾਜ਼ਾਰਾਂ, ਪਾਰਕਾਂ ਅਤੇ ਜਨਤਕ ਥਾਵਾਂ ਨੂੰ ਸਾਫ ਸੁਥਰਾ ਬਣਾਈ ਰੱਖਣ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕਰਨਾ ਹੈ।

# ਆਰ ਡੀ ਖੋਸਲਾ ਸਕੂਲ ਵਿਖੇ ਕ੍ਰਿਸ਼ਨ ਜਨਮ ਅਸ਼ਟਮੀ ਸ਼ਰਧਾ ਨਾਲ ਮਨਾਈ

ਬਟਾਲਾ (ਤਰਲੋਕ ਬੱਗਾ)- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਸ਼੍ਰੀਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਸ਼ਰਧਾ ਅਤੇ ਖੁਸ਼ੀ ਨਾਲ ਮਨਾਇਆ ਗਿਆ। ਸਕੂਲ ਕੈਂਪਸ ਸ੍ਰੀ ਕ੍ਰਿਸ਼ਨ ਭਾਵਨਾ ਨਾਲ ਭਰਿਆ ਹੋਇਆ ਸੀ।ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਭਗਵਾਨ ਕ੍ਰਿਸ਼ਨ ਦੇ ਜੀਵਨ ਆਦਰਸ਼ਾਂ ਅਤੇ ਸਿੱਖਿਆਵਾਂ ਨੂੰ ਸਾਰਿਆਂ ਦੇ ਸਾਹਮਣੇ



ਲਿਆਂਦਾ। ਪ੍ਰੋਗਰਾਮ ਦੀ ਸ਼ੁਰੂਆਤ ਸਵੇਰ ਦੀ ਸਭਾ ਵਿੱਚ ਭਗਵਾਨ ਕ੍ਰਿਸ਼ਨ ਦੀ ਪ੍ਰਾਰਥਨਾ ਨਾਲ ਹੋਈ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਭਗਵਾਨ ਕ੍ਰਿਸ਼ਨ ਦੇ ਜੀਵਨ ਅਤੇ ਸ਼ਖ਼ਸੀਅਤ 'ਤੇ ਆਧਾਰਿਤ ਕਵਿਤਾਵਾਂ, ਭਾਸ਼ਣ ਅਤੇ ਮਨਮੋਹਕ ਨਾਚ ਪੇਸ਼ ਕੀਤੇ। ਸ਼੍ਰੀਕ੍ਰਿਸ਼ਨ ਅਤੇ ਰਾਧਾ ਦੇ ਰੂਪ ਵਿੱਚ ਸਜੇ ਹੋਏ ਵਿਦਿਆਰਥੀਆਂ ਨੇ ਸਾਰਿਆਂ ਨੂੰ ਮੋਹਿਤ ਕਰ ਦਿੱਤਾ। ਪ੍ਰੋਗਰਾਮ ਦਾ ਇੱਕ ਵਿਸ਼ੇਸ਼ ਆਕਰਸ਼ਣ ਦਹੀਂ-ਹਾਂਡੀ ਤੋੜਨਾ ਸੀ। ਮੁੰਡਿਆਂ ਅਤੇ ਕੁੜੀਆਂ ਦੀਆਂ ਟੀਮਾਂ ਨੇ ਉਤਸ਼ਾਹ ਨਾਲ ਇਸ ਵਿੱਚ ਭਾਗ ਲਿਆ। ਸਕੂਲ ਦੇ ਚੇਅਰਮੈਨ ਸ੍ਰੀ ਅਰਵਿੰਦ ਖੋਸਲਾ, ਪ੍ਰਧਾਨ ਸ੍ਰੀ ਅਜੈ ਖੋਸਲਾ, ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰਿਆਂ ਨੂੰ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੱਤੀਆਂ ਅਤੇ ਦੱਸਿਆ ਕਿ ਸ੍ਰੀ ਕ੍ਰਿਸ਼ਨ ਦਾ ਜੀਵਨ ਸਾਨੂੰ ਕਠਿਨ ਪਰਿਸਥਿਤੀਆਂ ਵਿੱਚ ਵੀ ਧਰਮ ਦੇ ਮਾਰਗ 'ਤੇ ਚੱਲਣ ਅਤੇ ਆਪਣੇ ਕਰਮਾਂ ਦਾ ਪਾਲਣ ਕਰਨ ਦੀ ਪ੍ਰੇਰਨਾ ਦਿੰਦਾ ਹੈ।

# ਕਰਿਆਨੇ ਦੀ ਦੁਕਾਨ ਤੋਂ ਨਕਦੀ ਤੇ ਸਮਾਨ ਚੋਰੀ

ਧਾਰੀਵਾਲ (ਮਨਦੀਪ ਵਿੱਕੀ) -ਬੀਤੀ ਰਾਤ ਸ਼ਹਿਰ ਧਾਰੀਵਾਲ ਦੇ ਡਡਵਾਂ ਚੌਂਕ ਵਿਖੇ ਸਥਿਤ ਇੱਕ ਕਰਿਆਨੇ ਦੀ ਦੁਕਾਨ ਨੂੰ ਚੋਰਾਂ ਵਲੋਂ ਨਿਸ਼ਾਨਾ ਬਣਾਉਂਦੇ ਹੋਏ ਹਜ਼ਾਰਾਂ ਰੁਪਏ ਦੀ ਨਕਦੀ ਅਤੇ ਕਰਿਆਨੇ ਦਾ ਸਾਮਾਨ ਚੋਰੀ ਕਰ ਲਿਆ। ਦੁਕਾਨ ਦੇ ਮਾਲਕ ਸੁਰਿੰਦਰ ਹਾਂਡਾ ਪੁੱਤਰ ਪਿਆਰਾ ਲਾਲ ਵਾਸੀ ਧਾਰੀਵਾਲ ਨੇ ਦੱਸਿਆ ਕਿ ਜਦੋਂ ਉਹ ਵੀਰਵਾਰ ਸਵੇਰੇ ਰੋਜ਼ਾਨਾ ਦੀ ਤਰ੍ਹਾਂ ਆਪਣੀ ਦੁਕਾਨ ਖੋਲ੍ਹਣ



ਆਏ ਤਾਂ ਅੰਦਰ ਸਾਮਾਨ ਖਿਲਰਿਆ ਪਿਆ ਸੀ। ਜਾਂਚ ਕਰਨ 'ਤੇ ਪਤਾ ਲੱਗਾ ਕਿ ਚੋਰ ਦੁਕਾਨ ਦੇ ਪਿੱਛੇ ਲੱਗਦੀ ਗਲੀ ਤੋਂ ਪਿਛਲਾ ਦਰਵਾਜ਼ਾ ਖੋਲ੍ਹ ਕੇ ਦੁਕਾਨ ਦੇ ਅੰਦਰ ਦਾਖ਼ਲ ਹੋ ਕੇ ਗੱਲੇ ਵਿੱਚ ਪਈ ਕਰੀਬ 6,000 ਰੁਪਏ ਦੀ ਨਕਦੀ ਅਤੇ ਲਗਭਗ 30,000 ਰੁਪਏ ਦੀ ਕੀਮਤ ਦਾ ਕਰਿਆਨੇ ਦਾ ਸਾਮਾਨ ਚੋਰੀ ਕਰਕੇ ਫ਼ਰਾਰ ਹੋ ਗਏ।

# ਸੇਂਟ ਕਬੀਰ ਪਬਲਿਕ ਸਕੂਲ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

ਧਾਰੀਵਾਲ (ਮਨਦੀਪ ਵਿੱਕੀ) - ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ-ਗੁਰਦਾਸਪੁਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਬਹੁਤ ਹੀ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸੱਤਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਸ੍ਰੀ ਕ੍ਰਿਸ਼ਨ ਤੇ ਰਾਧਾ ਦੇ ਜੀਵਨ ਨਾਲ ਸੰਬੰਧਿਤ ਵਿਚਾਰ ਸਾਰਿਆਂ ਸਨਮੁਖ ਰੱਖੇ। ਇਸ ਉਪਰੰਤ ਇੰਟਰ ਹਾਊਸ ਕੋਰੀਓਗ੍ਰਾਫੀ ਅਤੇ ਡਾਂਡੀਆ



ਮੁਕਾਬਲੇ ਕਰਵਾਏ ਗਏ ਜਿਸ ਵਿੱਚ ਸ੍ਰੀ ਕ੍ਰਿਸ਼ਨ ਦੇ ਜਨਮ ਤੋਂ ਲੈ ਕੇ ਮਹਾਰਾਜਾ ਕੰਸ ਨੂੰ ਖ਼ਤਮ ਕਰਨ ਦੀਆਂ ਝਲਕੀਆਂ ਨੂੰ ਸਾਰਿਆਂ ਸਨਮੁੱਖ ਪੇਸ਼ ਕੀਤਾ। ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਇੰਟਰ-ਜਮਾਤ ਦਹੀਂ- ਹਾਂਡੀ ਮੁਕਾਬਲਾ ਕਰਵਾਇਆ ਗਿਆ ਜਿਸ ਦੌਰਾਨ ਵਿਦਿਆਰਥੀਆਂ ਨੇ ਖੂਬ ਮਨੋਰੰਜਨ ਕੀਤਾ। ਪ੍ਰਿੰਸੀਪਲ ਨਾਯਰ ਨੇ ਕ੍ਰਿਸ਼ਨ ਅਸ਼ਟਮੀ ਦੀ ਧਾਰਮਿਕ ਮਹੱਤਤਾ ਨੂੰ ਬਰਕਰਾਰ ਰੱਖਣ ਲਈ ਕਿਹਾ ਕਿਉਂਕਿ ਸ੍ਰੀ ਕ੍ਰਿਸ਼ਨ ਅਵਤਾਰ ਨੇ ਹੀ ਅੰਧਕਾਰ ਨੂੰ ਖ਼ਤਮ ਕਰਕੇ ਸਮਾਜ ਕਲਿਆਣ ਵੱਲ ਪਹਿਲ ਕਦਮੀ ਕੀਤੀ ਸੀ ਅਤੇ ਆਮ ਜਨਤਾ ਨੂੰ ਸੁਖ ਨਸੀਬ ਕਰਵਾਇਆ ਸੀ। ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀ ਐਸ. ਬੀ.ਨਾਯਰ ਦੀ ਅਗਵਾਈ ਹੇਠ ਪ੍ਰੋਗਰਾਮ ਕਰਵਾਇਆ ਗਿਆ। ਜਿਸ ਦੀ ਸ਼ੁਰੂਆਤ ਗਿਆਰਵੀਂ ਤੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਅਤੇ ਸਕੂਲੀ ਅਧਿਆਪਕ ਮੈਡਮ ਚੰਦਰ ਪ੍ਰਭਾ ਦੁਆਰਾ ਮਧੁਰ ਭਜਨ ਗਾਇਨ ਕਰਦਿਆਂ ਕੀਤੀ ਗਈ। ਇਸ ਦੇ ਨਾਲ ਹੀ 11ਵੀਂ ਜਮਾਤ ਦੀਆਂ ਵਿਦਿਆਰਥਣਾਂ ਹਰਸਿਮਰਤ ਕੌਰ ਤੇ ਏਕਮਜੋਤ ਕੌਰ ਦੁਆਰਾ ਸਟੇਜੀ ਕਾਰਵਾਈ ਨੂੰ ਅੱਗੇ ਤੋਰਿਆ ਗਿਆ।

# ਐਮਵੇ ਇੰਡੀਆ ਨੇ ਨਿਊਟ੍ਰੀਲਾਈਟ ਆਯੁਰਵੇਦ ਤਹਿਤ 9 ਨਵੇਂ ਉਤਪਾਦ ਕੀਤੇ ਲਾਂਚ

ਅੰਮ੍ਰਿਤਸਰ : ਐਮਵੇ ਇੰਡੀਆ ਨੇ ਨਿਊਟ੍ਰੀਲਾਈਟ ਆਯੁਰਵੇਦ ਦੀ ਸ਼ੁਰੂਆਤ ਕਰਦਿਆਂ 9 ਨਵੇਂ ਆਯੁਰਵੇਦਿਕ ਉਤਪਾਦ ਪੇਸ਼ ਕੀਤੇ ਹਨ। ਕੰਪਨੀ ਦਾ ਟੀਚਾ ਅਗਲੇ ਦੋ ਸਾਲਾਂ ਵਿੱਚ ਨਿਊਟ੍ਰੀਲਾਈਟ ਆਯੁਰਵੇਦ ਨੂੰ 100 ਕਰੋੜ ਰੁਪਏ ਦੀ ਸ਼੍ਰੇਣੀ ਵਿੱਚ ਲਿਜਾਣਾ ਹੈ। ਉਤਪਾਦ ਜੈਵਿਕ ਤੌਰ 'ਤੇ ਉਗਾਈਆਂ ਅਤੇ ਨਿਊਟ੍ਰੀਸਰਟ-ਪ੍ਰਮਾਣਿਤ ਫਾਰਮਾਂ ਤੋਂ ਪ੍ਰਾਪਤ ਆਯੁਰਵੇਦਿਕ ਬਨਸਪਤੀਆਂ ਨਾਲ ਤਿਆਰ ਕੀਤੇ ਗਏ ਹਨ ਅਤੇ ਤਾਮਿਲਨਾਡੂ ਸਥਿਤ ਐਮਵੇ ਦੀ ਸਹੂਲਤ ਵਿੱਚ ਨਿਰਮਿਤ ਕੀਤੇ ਜਾਂਦੇ ਹਨ। ਐਮਵੇ ਇੰਡੀਆ ਦੇ ਐਮ ਡੀ ਰਜਨੀਸ਼ ਚੋਪੜਾ ਨੇ ਕਿਹਾ ਕਿ ਆਯੁਰਵੇਦ ਅਤੇ ਰਵਾਇਤੀ ਤੰਦਰੁਸਤੀ ਪ੍ਰਤੀ ਖਪਤਕਾਰਾਂ ਦੀ ਵਧਦੀ ਦਿਲਚਸਪੀ ਕੰਪਨੀ ਲਈ ਨਵੇਂ ਮੌਕੇ ਪੈਦਾ ਕਰ ਰਹੀ ਹੈ।

# ਸੱਭਿਆਚਾਰਕ ਤੇ ਸੂਫ਼ੀਆਨਾ ਜੋੜ ਮੇਲੇ ਦੀਆਂ ਤਿਆਰੀਆਂ ਸ਼ੁਰੂ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਰੱਤੜ ਛੱਤੜ ਵਿਖੇ ਦਰਗਾਹ ਪੀਰ ਬਾਬਾ ਅਮਾਮ ਸ਼ਾਹ ਅਲੀ ਜੀ (ਰੋਜ਼ਾ ਸ਼ਰੀਫ਼) ਦਾ ਤਿੰਨ ਰੋਜ਼ਾ ਸਾਲਾਨਾ ਮੇਲੇ ਦੀਆਂ ਤਿਆਰੀਆਂ ਸ਼ੁਰੂ



ਕਰ ਦਿੱਤੀਆਂ ਗਈਆਂ ਹਨ। ਇਸ ਮੌਕੇ ਮੇਲੇ ਸਬੰਧੀ ਹਰਭਜਨ ਸਿੰਘ ਚੀਮਾ ਨੇ ਦੱਸਿਆ ਕਿ ਇਹ ਮੇਲਾ ਮੁੱਖ ਸੇਵਾਦਾਰ ਸੰਤ ਗੁਰਚਰਨ ਸਿੰਘ ਚੀਮਾ ਦੇ ਪਰਿਵਾਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾਂਦਾ ਹੈ । ਮੇਲੇ ਦੇ ਪਹਿਲੇ ਦਿਨ 9 ਸਤੰਬਰ ਦਿਨ ਬੁੱਧਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ।ਬਾਅਦ ਦੁਪਹਿਰ 3 ਵਜੇ ਕਬੱਡੀ ਦੇ ਮੈਚ ਕਰਵਾਏ ਜਾਣਗੇ।ਦੂਸਰੇ ਦਿਨ 10 ਸਤੰਬਰ ਦਿਨ ਵੀਰਵਾਰ ਸਵੇਰੇ 11 ਵਜੇ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ ਦੁਪਹਿਰ ਨੂੰ 1.30 ਵਜੇ ਪੰਜਾਬ ਦੇ ਮਸ਼ਹੂਰ ਸਿੰਗਰ ਬਲਕਾਰ ਅਣਖੀਲਾ ਤੇ ਮਨਜਿੰਦਰ ਗੁਲਸ਼ਨ ਆਪਣੀ ਸੁਰੀਲੀ ਅਵਾਜ਼ ਨਾਲ ਦਰਸ਼ਕਾ ਦਾ ਮਨੋਰੰਜਨ ਕਰਨਗੇ। ਤੀਜੇ ਦਿਨ 11 ਸਤੰਬਰ ਦਿਨ ਸ਼ੁੱਕਰਵਾਰ ਸੂਫ਼ੀਆਨਾ ਸ਼ਾਮ ਨੂੰ ਰਾਤ 8 ਵਜੇ ਤੋਂ12 ਵਜੇ ਤੱਕ ਦਰਗਾਹ ਤੇ ਮਨਜੀਤ ਸ਼ੌਂਕੀ,ਰਫ਼ੀਕ ਸਾਬਰੀ ਕਵਾਲ ਤੇ ਜਸ਼ਨ ਕਾਂਠੀਆ ਚਿਸ਼ਤੀ ਗਰੁੱਪ ਕਵਾਲੀਆਂ ਗਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ । ਇਸ ਮੌਕੇ ਪੀਰ ਬਾਬਾ ਅਮਾਮ ਸ਼ਾਹ ਅਲੀ ਦੇ ਪਰਿਵਾਰ 'ਚ ਪੀਰ ਸਈਅਦ ਵਜ਼ੀਰ ਅਲੀ ਸ਼ਾਹ ਕਾਦਰੀ ਨਕਸ਼ਬੰਦੀ,ਪੀਰ ਸਈਅਦ ਸਿਰਾਜ ਉੱਲ ਆਰਫੇਨ ਕਾਦਰੀ ਨਕਸ਼ਬੰਦੀ ਸਾਹਿਬਜ਼ਾਦਾ ਪੀਰ ਸਾਹਿਬ,ਸਈਅਦ ਸਿਰਾਜ ਅਲੀ,ਮਲਿਕ ਆਸ਼ਿਫ਼,,ਮਲਿਕ ਜਾਹੀਰ,ਆਦਿ ਹਾਜ਼ਰ ਸਨ ।

# ਚੀਫ਼ ਖ਼ਾਲਸਾ ਦੀਵਾਨ ਅਲੂਮਨੀ ਸੁਸਾਇਟੀ ਵੱਲੋਂ ਵਿਦਿਆਰਥੀਆਂ ਦੀ ਪੜ੍ਹਾਈ ਲਈ ਚੈੱਕ ਭੇਟ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਚੀਫ਼ ਖ਼ਾਲਸਾ ਦੀਵਾਨ ਅਲੂਮਨੀ ਸੁਸਾਇਟੀ ਵੱਲੋਂ ਅੱਜ ਆਪਣੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਕਰਦਿਆਂ



ਬੇਹੱਦ ਪ੍ਰਭਾਵਸ਼ਾਲੀ ਅਤੇ ਲੋਕ ਭਲਾਈ ਉਪਰਾਲਾ ਕੀਤਾ ਗਿਆ। ਜਿਸ ਤਹਿਤ ਸੁਸਾਇਟੀ ਵੱਲੋਂ ਚੀਫ਼ ਖ਼ਾਲਸਾ ਦੀਵਾਨ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਲੋੜਵੰਦ ਅਤੇ ਆਰਥਿਕ ਤੌਰ ਤੇ ਕਮਜ਼ੋਰ 10 ਵਿਦਿਆਰਥੀਆਂ ਦੀ ਪੜ੍ਹਾਈ ਸਬੰਧੀ ਉਹਨਾਂ ਦੀ ਸਕੂਲ ਫੀਸ, ਸਕਾਲਰਸ਼ਿਪ ਦੇ ਰੂਪ ਵਿਚ ਭਰਨ ਦੀ ਜ਼ਿੰਮੇਵਾਰੀ ਲਈ ਗਈ। ਇਸ ਦੇ ਸੰਬੰਧ ਵਿਚ ਦੀਵਾਨ ਮੁੱਖ ਦਫ਼ਤਰ ਵਿਖੇ ਅਲੂਮਨੀ ਸੁਸਾਇਟੀ ਦੇ ਪ੍ਰਧਾਨ ਪ੍ਰਭਜੀਤ ਸਿੰਘ ਅਰੋੜਾ ਦੀ ਅਗਵਾਈ ਹੇਠ ਅਲੂਮਨੀ ਮੈਂਬਰਜ਼ ਵੱਲੋਂ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੂੰ ਇੱਕ ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਅਲੂਮਨੀ ਸੁਸਾਇਟੀ ਦੀ ਇਸ ਸ਼ਲਾਘਾਯੋਗ ਲੋਕ ਭਲਾਈ ਪਹਿਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸੰਸਥਾ ਦੇ ਪੁਰਾਣੇ ਵਿਦਿਆਰਥੀਆਂ ਨੇ "ਜਿਥੋਂ ਸਿੱਖਿਆ ਪ੍ਰਾਪਤ ਕੀਤੀ, ਉਥੇ ਹੀ ਸੇਵਾ ਕਰਨ ਦੀ ਸੋਚ ਨੂੰ ਅਮਲ ਵਿਚ ਲਿਆਉਂਦਿਆਂ ਸੰਸਥਾ ਨੂੰ ਵਾਪਸ ਦੇਣ ਦੀ ਪਰੰਪਰਾ ਦੀ ਸ਼ੁਰੂਆਤ ਕੀਤੀ ਹੈ। ਉਹਨਾਂ ਸੁਸਾਇਟੀ ਨੂੰ ਇਸੇ ਜਜ਼ਬੇ ਨਾਲ ਅੱਗੇ ਵੱਧਣ ਲਈ ਪ੍ਰੇਰਿਤ ਕਰਦਿਆਂ ਦੀਵਾਨ ਵੱਲੋਂ ਭਵਿੱਖ ਵਿਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਆਨਰੇਰੀ ਸਕੱਤਰ ਰਮਣੀਕ ਸਿੰਘ ਨੇ ਕਿਹਾ ਕਿ ਸੀ.ਕੇ.ਡੀ ਸਕੂਲਾਂ ਤੋਂ ਸਿੱਖਿਆ ਪ੍ਰਾਪਤ ਸਫਲ ਹੋਏ ਵਿਦਿਆਰਥੀਆਂ ਵੱਲੋਂ ਅੱਜ ਉਸੇ ਸੰਸਥਾ ਦੇ ਲੋੜਵੰਦ ਬੱਚਿਆਂ ਦੀ ਮਦਦ ਕਰਨਾ ਦੀਵਾਨ ਦੀ ਸੇਵਾ ਅਤੇ ਸਿੱਖਿਆ ਦੀ ਵਿਰਾਸਤ ਨੂੰ ਹੋਰ ਮਜ਼ਬੂਤ ਕਰਨ ਵਾਲਾ ਕਦਮ ਹੈ। ਇਸ ਮੌਕੇ ਅਲੂਮਨੀ ਸੁਸਾਇਟੀ ਦੇ ਪ੍ਰਧਾਨ ਪ੍ਰਭਜੀਤ ਸਿੰਘ ਅਰੋੜਾ ਅਤੇ ਸਕੱਤਰ ਸਾਗਰਜੀਤ ਸਿੰਘ ਕਟਾਰੀਆ ਨੇ ਦੱਸਿਆ ਕਿ ਚੀਫ਼ ਖ਼ਾਲਸਾ ਦੀਵਾਨ ਨਾਲ ਜੁੜੇ ਰਹੇ ਸਾਬਕਾ ਵਿਦਿਆਰਥੀਆਂ ਦਾ ਆਪਣੀ ਸੰਸਥਾ ਪ੍ਰਤੀ ਪਿਆਰ ਅਤੇ ਸਤਿਕਾਰ ਹੀ ਸੀ.ਕੇ.ਡੀ ਅਲੂਮਨੀ ਸੁਸਾਇਟੀ ਦੀ ਸਭ ਤੋਂ ਵੱਡੀ ਤਾਕਤ ਹੈ। ਉਹਨਾਂ ਸਮੂਹ ਅਲੂਮਨੀ ਨੂੰ ਇਸ ਨੇਕ ਕਾਰਜ ਵਿਚ ਜੁੜਨ ਅਤੇ ਆਪਣੀ ਸੰਸਥਾ ਨੂੰ ਵਾਪਸ ਦੇਣ ਦੀ ਭਾਵਨਾ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਭਜੋਤ ਸਿੰਘ ਸੇਠੀ, ਮਿਸਿਜ਼ ਰੁਬੀਨਾ ਸਿੰਘ, ਪ੍ਰਤੀਕ ਸਿੰਘ, ਹਰਮੀਤ ਸਿੰਘ, ਰਛਪਾਲ ਸਿੰਘ, ਅਰੁਣਦੀਪ ਸਿੰਘ, ਮਿਸ ਵਿਪਨਪ੍ਰੀਤ ਕੌਰ, ਹਰਪ੍ਰੀਤ ਕੌਰ, ਸਿਮਰਨਜੀਤ ਕੌਰ ਅਤੇ ਅਲੂਮੀਨੀ ਸੁਸਾਇਟੀ ਦੇ ਹੋਰ ਮੈਂਬਰ ਸਾਹਿਬਾਨ ਮੌਜੂਦ ਸਨ।

# ਪੱਤਝੜ ਰੁੱਤ ਦੇ ਗੰਨੇ ਦੀ ਬਿਜਾਈ ਕਰਨੀ ਵਧੇਰੇ ਫਾਇਦੇਮੰਦ : ਕੇਨ ਕਮਿਸ਼ਨਰ

ਧਾਰੀਵਾਲ (ਮਨਦੀਪ ਵਿੱਕੀ)- ਚਾਲੂ ਸੀਜ਼ਨ ਦੌਰਾਨ ਮੌਸਮ ਅਨੁਕੂਲ ਰਹਿਣ ਕਾਰਨ ਗੰਨੇ ਦੀ ਫ਼ਸਲ ਉੱਪਰ ਕਿਸੇ ਕਿਸਮ ਦੇ ਕੀੜੇ ਜਾਂ ਬਿਮਾਰੀਆਂ ਦਾ ਹਮਲਾ ਦੇਖਣ ਨੂੰ ਨਹੀਂ ਮਿਲਿਆ ,ਇਸ ਲਈ ਗੰਨਾ ਕਾਸ਼ਤਕਾਰਾਂ ਨੂੰ



ਗੰਨੇ ਦੀ ਫ਼ਸਲ ਵਿਚ ਜ਼ਰੂਰਤ ਤੋਂ ਬਗੈਰ ਛਿੜਕਾਅ ਜਾਂ ਯੂਰੀਆ ਖਾਦ ਨਹੀਂ ਵਰਤਣੀ ਚਾਹੀਦੀ।

ਇਹ ਵਿਚਾਰ ਡਾ. ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ ਨੇ ਅਜਨਾਲਾ ਸਹਿਕਾਰੀ ਖੰਡ ਮਿੱਲ ਦੇ ਅਧਿਕਾਰਤ ਖੇਤਰ ਦੇ ਪਿੰਡਾਂ ਜਿਵੇਂ ਚੌਂੜਾ, ਛੋੜ , ਦੋਸਤਪੁਰ ਅਤੇ ਸ਼ਹੂਰ ਆਦਿ ਦਾ ਦੌਰਾ ਕਰਦਿਆਂ ਪਿੰਡ ਸ਼ਹੂਰ ਵਿੱਚ ਦੇ ਅਗਾਂਹਵਧੂ ਕਿਸਾਨ ਸਿੰਘ ਦੇ ਖੇਤਾਂ ਵਿਚ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਹੇ। ਇਸ ਮੌਕੇ ਉਨ੍ਹਾਂ ਦੇ ਨਾਲ ਮੁੱਖ ਗੰਨਾ ਵਿਕਾਸ ਅਫ਼ਸਰ ਸਤਿੰਦਰਪਾਲ ਸਿੰਘ ,ਅਰਸ਼ਦੀਪ ਸਿੰਘ ਏ.ਸੀ.ਡੀ.ਓ., ਗੁਰ ਜਤਿੰਦਰਪਾਲ ਸਿੰਘ ਡਵੀਜ਼ਨ ਇੰਚਾਰਜ, ਜਸਪਾਲ ਸਿੰਘ ਸਰਵੇਅਰ, ਅੰਮ੍ਰਿਤਪਾਲ ਸਿੰਘ ਸਰਵੇਅਰ ਮੌਜੂਦ ਸਨ । ਡਾਕਟਰ ਅਮਰੀਕ ਸਿੰਘ ਨੇ ਕਿਹਾ ਕਿ ਇਸ ਵਾਰ ਪੰਜਾਬ ਸਰਕਾਰ ਵੱਲੋਂ ਪਹਿਲ ਕਰਦਿਆਂ ਗੰਨਾ ਕਾਸ਼ਤਕਾਰਾਂ ਦੀ ਅਦਾਇਗੀ ,ਸਹਿਕਾਰੀ ਖੰਡ ਮਿੱਲਾਂ ਵੱਲੋਂ 100 ਫੀਸਦੀ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਕਿਹਾ ਕਿ ਗੰਨੇ ਦੀ ਫ਼ਸਲ ਤੋਂ ਵਧੇਰੇ ਪੈਦਾਵਾਰ ਅਤੇ ਖੰਡ ਰਿਕਵਰੀ ਲੈਣ ਲਈ ਚੌੜੀ ਡੂੰਘੀ ਖਾਲੀ ਤਕਨੀਕ ਅਪਣਾਉਣ ਦੀ ਜ਼ਰੂਰਤ ਹੈ ਕਿਉਂਕਿ ਇਸ ਵਿਧੀ ਨਾਲ ਬਿਜਾਈ ਕਰਨ ਨਾਲ ਗੰਨੇ ਦੀ ਖੇਤੀ ਦਾ ਮਸ਼ੀਨੀਕਰਨ ਕਰਨਾ ਸੌਖਾ ਹੋ ਜਾਂਦਾ ਹੈ ਅਤੇ ਮਜ਼ਦੂਰਾਂ ਤੇ ਨਿਰਭਰਤਾ ਘਟਦੀ ਹੈ।

# ਬਟਾਲਾ 'ਚ 6 ਤੇ 11 ਨੂੰ ਹੋਵੇਗਾ 'ਹਮਾਰੇ ਰਾਮ' ਦਾ ਮੰਚਨ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ



ਹੇਠ ਬਟਾਲਾ ਵਿਖੇ 6 ਅਤੇ 11 ਸਤੰਬਰ ਨੂੰ ਪ੍ਰਸਿੱਧ ਨਾਟਕ 'ਹਮਾਰੇ ਰਾਮ' ਦਾ ਮੰਚਨ ਕੀਤਾ ਜਾਵੇਗਾ। ਸਥਾਨਕ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਬਟਾਲਾ ਵਿੱਚ ਹੋਣ ਵਾਲੀਆਂ ਇਨ੍ਹਾਂ ਪੇਸ਼ਕਾਰੀਆਂ ਦੌਰਾਨ ਪ੍ਰਸਿੱਧ ਅਦਾਕਾਰ ਆਸ਼ੂਤੋਸ਼ ਰਾਣਾ ਆਪਣੀ ਪੂਰੀ ਟੀਮ ਸਮੇਤ ਭਗਵਾਨ ਰਾਮ ਦੇ ਜੀਵਨ, ਆਦਰਸ਼ਾਂ ਅਤੇ ਦਰਸ਼ਨ 'ਤੇ ਆਧਾਰਿਤ ਨਾਟਕ ਪੇਸ਼ ਕਰਨਗੇ। ਨਗਰ ਨਿਗਮ ਬਟਾਲਾ ਦਫਤਰ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਇਹ ਜਾਣਕਾਰੀ ਦਿੱਤੀ। ਇਸ ਮੌਕੇ ਐੱਸ ਡੀ ਐੱਮ ਬਟਾਲਾ ਸਾਰੰਗਪ੍ਰੀਤ ਸਿੰਘ, ਕੌਂਸਲਰ ਦਾਸ ਕਰਨ ਸੰਧੂ ਵੀ ਮੌਜੂਦ ਸਨ। ਮੇਅਰ ਬਾਜਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਆਪਸੀ ਭਾਈਚਾਰੇ, ਧਾਰਮਿਕ ਸਦਭਾਵਨਾ ਅਤੇ ਸਾਰੇ ਧਰਮਾਂ ਪ੍ਰਤੀ ਸਤਿਕਾਰ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ।

ਇਸੇ ਦਿਸ਼ਾ ਵਿੱਚ ਭਗਵਾਨ ਰਾਮ ਜੀ ਦੇ ਜੀਵਨ ਨਾਲ ਜੁੜੇ ਆਦਰਸ਼ਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ 'ਸਾਡੇ ਰਾਮ' ਨਾਟਕ ਦਾ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 6 ਅਤੇ 11 ਸਤੰਬਰ ਨੂੰ ਹਰ ਰੋਜ਼ ਦੋ-ਦੋ ਸ਼ੋਅ ਦੁਪਹਿਰ 2 ਵਜੇ ਅਤੇ ਸ਼ਾਮ 6.30 ਵਜੇ ਕਰਵਾਏ ਜਾਣਗੇ।

# ਨੂਰਮਹਿਲ ਥਾਣੇ 'ਚ ਹਰ ਮਹੀਨੇ ਨਵਾਂ ਥਾਣੇਦਾਰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਥਾਣਾ ਨੂਰਮਹਿਲ ਵਿੱਚ ਐਸ ਐਚ ਓ ਦੀ ਵਾਰ-ਵਾਰ ਹੋ ਰਹੀ ਬਦਲੀ ਨੂੰ ਲੈ ਕੇ ਇਲਾਕਾ ਨਿਵਾਸੀਆਂ ਵਿੱਚ ਰੋਸ ਵਧਦਾ ਜਾ ਰਿਹਾ ਹੈ। ਲੋਕ ਸਵਾਲ ਕਰ ਰਹੇ ਹਨ ਕਿ ਕੀ ਨੂਰਮਹਿਲ ਥਾਣੇ ਨੂੰ ਕੋਈ ਅਜਿਹਾ ਟਿਕਾਊ ਐਸ ਐਚ ਓ ਮਿਲੇਗਾ, ਜੋ ਕੁਝ ਸਮਾਂ ਇਲਾਕੇ ਵਿੱਚ ਟਿਕ ਕੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਕਾਨੂੰਨ-ਵਿਵਸਥਾ ਨੂੰ ਸਮਝ ਸਕੇ। ਭੂਮੀ ਰੰਗਰੇਟਾ ਦਲ ਦੇ ਸੂਬਾ ਪ੍ਰਧਾਨ ਬਲਵੀਰ ਚੀਮਾ ਨੇ ਕਿਹਾ ਕਿ ਨੂਰਮਹਿਲ ਥਾਣਾ ਪਹਿਲਾਂ ਹੀ ਮੁਲਾਜ਼ਮਾਂ ਦੀ ਘਾਟ ਨਾਲ ਜੂਝ ਰਿਹਾ ਹੈ, ਪਰ ਇਸ ਦੇ ਨਾਲ ਹੀ ਐਸ ਐਚ ਓ ਦੀਆਂ ਲਗਾਤਾਰ ਹੋ ਰਹੀਆਂ ਬਦਲੀਆਂ ਨੇ ਵੀ ਲੋਕਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਇੱਕ ਅਧਿਕਾਰੀ ਇਲਾਕੇ ਨੂੰ ਸਮਝਣਾ ਸ਼ੁਰੂ ਕਰਦਾ ਹੈ ਤਾਂ ਕੁਝ ਸਮੇਂ ਬਾਅਦ ਉਸ ਦੀ ਬਦਲੀ ਕਰ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀ ਉਮੀਦ ਕਰਦੇ ਹਨ ਕਿ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਵੇਗਾ।

# ਨਵੀਂ ਅਬਾਦੀ ਨੌਰੰਗ ਸ਼ਾਹਪੁਰ 'ਚ 32 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ

ਫਗਵਾੜਾ ( ਜਸਵਿੰਦਰ ਢੱਡਾ) ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਫਗਵਾੜਾ ਸਬ-ਡਵੀਜ਼ਨ ਦੇ ਪਿੰਡ ਨਵੀਂ ਅਬਾਦੀ ਨੌਰੰਗ ਸ਼ਾਹਪੁਰ ਵਿਖੇ 32 ਲੱਖ ਰੁਪਏ



ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਇਲਾਕੇ ਵਿੱਚ ਨਾਗਰਿਕ ਬੁਨਿਆਦੀ ਢਾਂਚੇ ਅਤੇ ਬੁਨਿਆਦੀ ਸਹੂਲਤਾਂ ਨੂੰ ਵੱਡਾ ਹੁਲਾਰਾ ਦਿੱਤਾ। ਵਿਕਾਸ ਕਾਰਜਾਂ ਵਿੱਚ ਸੀਵਰੇਜ ਲਾਈਨਾਂ ਵਿਛਾਉਣ, ਨਾਲੀਆਂ ਅਤੇ ਗਲੀਆਂ ਦੀ ਉਸਾਰੀ ਤੋਂ ਇਲਾਵਾ ਪਿੰਡ ਵਿੱਚ ਸਥਿਤ ਡਾ. ਬੀ.ਆਰ. ਅੰਬੇਡਕਰ ਭਵਨ ਅਤੇ ਕਮਿਊਨਿਟੀ ਹਾਲ ਦੀ ਮੁਰੰਮਤ ਅਤੇ ਨਵੀਨੀਕਰਨ ਦੇ ਕੰਮ ਸ਼ਾਮਲ ਹਨ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਭਰ ਵਿੱਚ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਦ੍ਰਿਸ਼ਟੀਕੋਣ 'ਰੰਗਲਾ ਪੰਜਾਬ' ਬਣਾਉਣ ਦਾ ਹੈ, ਜਿਸ ਤਹਿਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਜਨਤਕ ਸੇਵਾਵਾਂ ਵਿੱਚ ਸੁਧਾਰ ਕਰਨ ਅਤੇ ਵਿਕਾਸ ਦੇ ਲਾਭ ਹਰ ਪਿੰਡ ਅਤੇ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਅੰਬੇਡਕਰ ਭਵਨ ਅਤੇ ਕਮਿਊਨਿਟੀ ਹਾਲ ਦੇ ਨਵੀਨੀਕਰਨ ਨਾਲ ਕਮਿਊਨਿਟੀ ਬੁਨਿਆਦੀ ਢਾਂਚਾ ਹੋਰ ਮਜ਼ਬੂਤ ਹੋਵੇਗਾ ਅਤੇ ਸਮਾਜਿਕ ਤੇ ਜਨਤਕ ਗਤੀਵਿਧੀਆਂ ਲਈ ਬਿਹਤਰ ਥਾਵਾਂ ਉਪਲਬਧ ਹੋਣਗੀਆਂ।

# ਹਰਜੋਤ ਕੌਰ ਲੋਹਟੀਆ ਨੇ ਪੰਚਾਇਤਾਂ ਨੂੰ ਗ੍ਰਾਂਟਾਂ ਦੇ ਵੰਡੇ ਚੈੱਕ



ਫਿਲੌਰ (ਨਿਰਮਲ) ਪੰਜਾਬ ਸਰਕਾਰ ਵੱਲੋਂ ਹਲਕਾ ਫਿਲੌਰ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਲਈ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ। ਇਸੇ ਤਹਿਤ ਹਲਕਾ ਫਿਲੌਰ ਦੀ ਇੰਚਾਰਜ ਹਰਜੋਤ ਕੌਰ ਲੋਹਟੀਆ ਵੱਲੋਂ ਬੀ ਡੀ ਪੀ ਓ ਦਫ਼ਤਰ ਫਿਲੌਰ ਵਿਖੇ ਬਲਾਕ ਦੀਆਂ ਵੱਖ-ਵੱਖ ਪੰਚਾਇਤਾਂ ਨੂੰ ਕੁੱਲ 2 ਕਰੋੜ 47 ਲੱਖ ਰੁਪਏ ਦੇ ਚੈੱਕ ਵੰਡੇ ਗਏ।

ਪਿੰਡ ਚੀਮਾ ਖੁਰਦ ਦੀ ਗ੍ਰਾਮ ਪੰਚਾਇਤ ਨੂੰ ਪਿੰਡ ਦੇ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ।ਇਸ ਮੌਕੇ ਵਰਿੰਦਰ ਸੈਣੀ, ਪੰਕਜ ਲੋਹਟੀਆ, ਹਰ ਕਮਲ ਸਿੰਘ ਸਰਪੰਚ ਬੇਗਮਪੁਰ, ਰਮੇਸ਼ਵਰ ਪੰਡਿਤ ਸਰਪੰਚ ਕੰਗ ਜਗੀਰ, ਡਾ. ਅਸ਼ਨੀ ਸ਼ਾਹਪੁਰੀ ਸਰਪੰਚ ਸ਼ਾਹਪੁਰ, ਅਵਤਾਰ ਚੰਦ ਤਾਰੀ ਬਲਾਕ ਪ੍ਰਧਾਨ ਫਿਲੌਰ, ਸਮੀਤ ਲਾਡੀ ਬਸਰਾ ਸਰਪੰਚ ਵਿਰਕ, ਹਰਦੀਪ ਸਿੰਘ ਸਰਪੰਚ ਗੋਹਾਵਰ, ਗੌਰਵ ਬਾਵਾ ਵਾਈਸ ਮੀਡੀਆ ਸਲਾਹਕਾਰ ਫਿਲੌਰ ਤੋਂ ਇਲਾਵਾ ਪਾਰਟੀ ਦੇ ਅਹੁਦੇਦਾਰ, ਵਲੰਟੀਅਰ, ਬਲਾਕ ਪ੍ਰਧਾਨ, ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਪੰਚ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਕੱਲ੍ਹ

ਚੇਤਨਪੁਰਾ (ਸੁਖਵੰਤ ਚੇਤਨਪੁਰੀ) - ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ (ਰਜਿ) ਜ਼ਿਲ੍ਹਾ ਅੰਮ੍ਰਿਤਸਰ ਦੀ ਮਹੀਨਾਵਾਰ ਮੀਟਿੰਗ 5 ਸਤੰਬਰ ਨੂੰ ਸਵੇਰੇ 10-30 ਵਜੇ ਸਥਾਨਕ ਰਾਮ ਬਾਗ (ਕੰਪਨੀ ਬਾਗ) ਵਿਖੇ ਹੋਵੇਗੀ।

ਇਸ ਸਬੰਧੀ ਸ੍ਰੀ ਨਰਿੰਦਰ ਸ਼ਰਮਾ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਅਤੇ ਉਹਨਾਂ ਨੂੰ ਹੱਲ ਕਰਨ ਬਾਰੇ ਪੰਜਾਬ ਸਰਕਾਰ ਦੇ ਰਵੱਈਏ ਬਾਰੇ ਵੀ ਵਿਚਾਰ ਚਰਚਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਡੀ.ਏ.ਦੀ ਅਦਾਇਗੀ ਬਾਰੇ ਦਿੱਤੇ ਫ਼ੈਸਲੇ ਨੂੰ ਲਾਗੂ ਕਰਵਾਉਣ ਲਈ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਉਲੀਕੇ ਸੰਘਰਸ਼ ਦੇ ਪ੍ਰੋਗਰਾਮ ਨੂੰ ਲਾਗੂ ਕਰਨ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ।

# ਹਲਕਾ ਵਾਸੀਆਂ ਦੀਆਂ ਸਮੱਸਿਆਵਾਂ ਹੱਲ ਕਰਨਾ ਮੇਰੀ ਜ਼ਿੰਮੇਵਾਰੀ : ਡਾ. ਇਸ਼ਾਂਕ ਕੁਮਾਰ

ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)- ਵਿਧਾਨ ਸਭਾ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਦੇ ਦਫ਼ਤਰ ਅਤੇ ਰਿਹਾਇਸ਼ 'ਤੇ ਰੋਜ਼ਾਨਾ ਉਹਨਾਂ ਦੇ ਹਲਕਾ ਵਾਸੀਆਂ ਦਾ ਵੱਡਾ ਇਕੱਠ ਵੇਖਣ ਨੂੰ ਮਿਲਦਾ ਹੈ । ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਆਪਣੀਆਂ ਸਮੱਸਿਆਵਾਂ ਅਤੇ ਮਸਲਿਆਂ ਨੂੰ ਲੈ ਕੇ ਉਹਨਾਂ ਕੋਲ ਪਹੁੰਚਦੇ ਹਨ। ਰੋਜ਼ਾਨਾ ਲੋਕਾਂ ਦੀ ਭਾਰੀ ਆਮਦ ਦੇ ਬਾਵਜੂਦ ਵਿਧਾਇਕ ਡਾ. ਇਸ਼ਾਂਕ ਕੁਮਾਰ ਹਰ ਵਿਅਕਤੀ ਨੂੰ ਆਪਣੀ ਗੱਲ ਰੱਖਣ ਦਾ ਪੂਰਾ ਸਮਾਂ ਦਿੰਦੇ ਹਨ, ਪੂਰੀ ਤਵੱਜੋ ਨਾਲ ਸੁਣਦੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣ ਦੇ ਯਤਨ ਕਰਦੇ ਹਨ। ਇਸ ਬਾਬਤ ਵਿਧਾਇਕ ਦਾ ਕਹਿਣਾ ਹੈ ਕਿ ਲੋਕਾਂ ਵੱਲੋਂ ਉਨ੍ਹਾਂ 'ਤੇ ਕੀਤਾ ਗਿਆ ਵਿਸ਼ਵਾਸ ਉਨ੍ਹਾਂ ਲਈ ਸਿਰਫ਼ ਮਾਣ ਦੀ ਗੱਲ ਨਹੀਂ, ਸਗੋਂ ਇੱਕ



ਵੱਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਕਿਹਾ ਕਿ ਲੋਕ ਜਦੋਂ ਬੜੀ ਆਸ ਦੇ ਨਾਲ ਆਪਣੀਆਂ ਸਮੱਸਿਆਵਾਂ ਅਤੇ ਉਮੀਦਾਂ ਲੈ ਕੇ ਉਨ੍ਹਾਂ ਕੋਲ ਆਉਂਦੇ ਹਨ ਤਾਂ ਉਨ੍ਹਾਂ ਦੀ ਗੱਲ ਸੁਣਨਾ ਅਤੇ ਸਮੱਸਿਆ ਦੇ ਹੱਲ ਲਈ ਹਰ ਸੰਭਵ ਯਤਨ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਰਹਿੰਦੀ ਹੈ। ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਲੋਕਾਂ ਵੱਲੋਂ ਜ਼ਮੀਨੀ ਪੱਧਰ ਨਾਲ ਸੰਬੰਧਤ ਵੱਖ-ਵੱਖ ਮਸਲੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਜਾਂਦੇ ਹਨ। ਇਨ੍ਹਾਂ ਵਿੱਚ ਨਿੱਜੀ ਅਤੇ ਸਮਾਜਿਕ ਸਮੱਸਿਆਵਾਂ ਤੋਂ ਇਲਾਵਾ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ ਸਬੰਧਤ ਮਾਮਲੇ ਵੀ ਸ਼ਾਮਲ ਹੁੰਦੇ ਹਨ।

# ਉਤਕ੍ਰਿਸ਼ਟ ਕਾਲਜ ਵਿਖੇ ਐੱਸ ਆਈ ਆਰ ਸਬੰਧੀ ਜਾਗਰੂਕਤਾ ਸੈਮੀਨਾਰ





ਪਠਾਨਕੋਟ (ਦਵਿੰਦਰ ਸਿੰਘ) - ਐਸ.ਆਈ.ਆਰ.-2026 ਮੁਹਿੰਮ ਤਹਿਤ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਵੀਪ ਨੋਡਲ ਅਧਿਕਾਰੀ-ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਦੀ ਯੋਗ ਅਗਵਾਈ ਹੇਠ ਉਤਕ੍ਰਿਸ਼ਟ ਕਾਲਜ ਪਠਾਨਕੋਟ ਵਿਖੇ ਜ਼ਿਲ੍ਹਾ ਸਵੀਪ ਟੀਮ ਵੱਲੋਂ ਐਸ.ਆਈ.ਆਰ. ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾਕਟਰ ਪੂਜਾ ਮਹਾਜਨ ਵਿਸ਼ੇਸ਼ ਤੌਰ 'ਤੇ ਹਾਜਰ ਹੋਏ । ਸੈਮੀਨਾਰ ਦੌਰਾਨ ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਹਰਸਿਮਰਨਜੀਤ ਸਿੰਘ, ਵਿਵੇਕ ਡੋਗਰਾ, ਅਮਿਤ ਡੋਗਰਾ ਨੇ ਸਾਂਝੇ ਤੌਰ 'ਤੇ ਸਟਾਫ ਅਤੇ ਵਿਦਿਆਰਥੀਆਂ ਨੂੰ ਐਸ.ਆਈ.ਆਰ.-2026 ਦੇ ਉਦੇਸ਼ਾਂ, ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ, ਮੌਜੂਦਾ ਵੇਰਵਿਆਂ ਦੀ ਜਾਂਚ, ਸੋਧ, ਪਤਾ ਬਦਲਣ ਅਤੇ ਵੋਟਰ ਸੂਚੀ ਨਾਲ ਸਬੰਧਤ ਹੋਰ ਪ੍ਰਕਿਰਿਆਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਹੁਣ ਦਾਅਵਿਆਂ, ਇਤਰਾਜ਼ਾਂ, ਨੋਟਿਸਾਂ ਅਤੇ ਤਸਦੀਕ ਨਾਲ ਸਬੰਧਤ ਕਾਰਵਾਈ ਚੱਲ ਰਹੀ ਹੈ। ਇਸ ਲਈ ਜਿਨ੍ਹਾਂ ਵੋਟਰਾਂ ਦੇ ਵੇਰਵਿਆਂ ਸਬੰਧੀ ਕਿਸੇ ਕਿਸਮ ਦੀ ਕਮੀ, ਗਲਤੀ ਜਾਂ ਤਬਦੀਲੀ ਹੈ, ਉਹ ਆਪਣੇ ਸਬੰਧਤ ਬੀ.ਐਲ.ਓ., ਚੋਣ ਰਜਿਸਟ੍ਰੇਸ਼ਨ ਅਫ਼ਸਰ ਜਾਂ ਸਹਾਇਕ ਚੋਣ ਰਜਿਸਟ੍ਰੇਸ਼ਨ ਅਫ਼ਸਰ ਨਾਲ ਸੰਪਰਕ ਕਰਕੇ ਲੋੜੀਂਦੀ ਕਾਰਵਾਈ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਪੋਰਟਲ 'ਤੇ ਵੀ ਐਸ.ਆਈ.ਆਰ.-2026 ਨਾਲ ਸਬੰਧਤ ਸੇਵਾਵਾਂ ਉਪਲਬਧ ਹਨ।ਇਸ ਮੌਕੇ ਐਸ.ਆਈ.ਆਰ. ਸਬੰਧੀ ਜਾਗਰੂਕਤਾ ਪੈਂਫਲਿਟ ਵੀ ਵੰਡੇ ਗਏ ।

# ਅਜਨਾਲਾ 'ਚ ਐਡਵੋਕੇਟ ਸੰਦੀਪ ਕੌਸ਼ਲ ਕਾਂਗਰਸ ਵਿੱਚ ਸ਼ਾਮਲ



ਅਜਨਾਲਾ (ਸੁੱਖਦਿੰਦਰ ਸਿੰਘ ਰਾਜੂ) - ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਸਿਆਸੀ ਝਟਕਾ ਲੱਗਾ, ਜਦੋਂ ਕਸਬਾ ਅਜਨਾਲਾ ਦੇ ਵਾਰਡ ਨੰਬਰ 3 ਤੋਂ 'ਆਪ' ਦੇ ਇੰਚਾਰਜ ਉਮੀਦਵਾਰ ਅਤੇ ਐਡਵੋਕੇਟ ਸੰਦੀਪ ਕੌਸ਼ਲ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਐਡਵੋਕੇਟ ਸੰਦੀਪ ਕੌਸ਼ਲ ਦਾ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਉਨ੍ਹਾਂ ਦੇ ਭਰਾ ਤੇ ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਔਜਲਾ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਡਾ. ਰਾਜ ਕੁਮਾਰ ਵੇਰਕਾ, ਸਾਬਕਾ ਵਿਧਾਇਕ ਜੁਗਲ ਕਿਸ਼ੋਰ ਸ਼ਰਮਾ ਸਮੇਤ ਕਾਂਗਰਸ ਪਾਰਟੀ ਦੇ ਕਈ ਆਗੂ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੀ ਮੌਜੂਦ ਸਨ।

ਕਾਂਗਰਸ ਆਗੂਆਂ ਨੇ ਕਿਹਾ ਕਿ ਐਡਵੋਕੇਟ ਸੰਦੀਪ ਕੌਸ਼ਲ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਅਜਨਾਲਾ ਦੇ ਸਥਾਨਕ ਪੱਧਰ 'ਤੇ ਕਾਂਗਰਸ ਨੂੰ ਹੋਰ ਮਜ਼ਬੂਤੀ ਮਿਲੇਗੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸੰਪੂਰਨਤਾ ਦਿਵਸ ਨੂੰ ਸਮਰਪਿਤ ਧਾਰਮਿਕ ਮੁਕਾਬਲੇ ਕਰਵਾਏ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸੰਪੂਰਨਤਾ ਦਿਵਸ ਨੂੰ ਸਮਰਪਿਤ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਵੱਖ-ਵੱਖ ਧਾਰਮਿਕ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਨੂੰ ਗੁਰਬਾਣੀ, ਗੁਰਮਤਿ ਵਿਚਾਰਧਾਰਾ ਅਤੇ ਸਿੱਖ ਧਾਰਮਿਕ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਅੰਦਰ ਛੁਪੀ ਪ੍ਰਤਿਭਾ ਨੂੰ ਉਜਾਗਰ ਕਰਨਾ ਸੀ। ਸ਼ਬਦ ਵਿਚਾਰ/ ਕਥਾ ਪ੍ਰਤੀਯੋਗਤਾ ਵਿੱਚ ਵਿਦਿਆਰਥਣ ਹਰਲੀਨ ਕੌਰ ਨੇ ਪਹਿਲਾ ਸਥਾਨ





ਪ੍ਰਾਪਤ ਕੀਤਾ। ਸੁੰਦਰ ਲਿਖਾਈ ਮੁਕਾਬਲੇ ਵਿੱਚ ਵਿਦਿਆਰਥਣ ਨਿਮਰਤ ਕੌਰ ਜੇਤੂ ਰਹੀ। ਇਸੇ ਤਰ੍ਹਾਂ ਕਵਿਤਾ ਮੁਕਾਬਲੇ ਵਿੱਚ ਵਿਦਿਆਰਥਣ ਹਰਅਸੀਸ ਕੌਰ ਨੇ ਜਿੱਤ ਪ੍ਰਾਪਤ ਕੀਤੀ, ਜਦ ਕਿ ਕਵੀਸ਼ਰੀ ਮੁਕਾਬਲੇ ਵਿੱਚ ਵਿਦਿਆਰਥੀ ਤਰਨਵੀਰ ਸਿੰਘ ਦਾ ਜਥਾ ਜੇਤੂ ਰਿਹਾ।

ਪੰਜਾਬੀ ਅਧਿਆਪਕ ਅਮਨਦੀਪ ਕੌਰ ਅਤੇ ਗੁਰਮਿੰਦਰ ਕੌਰ ਨੇ ਜੱਜ ਸਾਹਿਬਾਨ ਵਜੋਂ ਆਪਣੀ ਭੂਮਿਕਾ ਨਿਭਾਈ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਹੌਸਲਾ-ਅਫਜ਼ਾਈ ਕੀਤੀ।

# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ਾਲ ਮੈਰਾਥਨ



ਗੁਰਦਾਸਪੁਰ, ( ਦਿਨੇਸ਼ ਕੁਮਾਰ )- ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀਰਵਾਰ ਨੂੰ ਖੇਡ ਅਤੇ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਗੁਰਦਾਸਪੁਰ ਵਿਖੇ ਵਿਸ਼ਾਲ 'ਰਨ ਫਾਰ ਇਕੁਐਲਿਟੀ' ਮੈਰਾਥਨ ਕਰਵਾਈ ਗਈ ।

ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ, ਐੱਸ ਡੀ ਐੱਮ ਗੁਰਦਾਸਪੁਰ ਅਸ਼ੋਕ ਕੁਮਾਰ, ਜ਼ਿਲ੍ਹਾ ਖੇਡ ਅਫਸਰ (ਸ) ਰਾਜੇਸ਼ ਕੁਮਾਰ ਸ਼ਰਮਾ,ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ, ਇਕਬਾਲ ਸਿੰਘ ਸਮਰਾ, ਟਰੱਸਟੀ ਰਘਬੀਰ ਸਿੰਘ ਖਾਲਸਾ, ਹਿਤੇਸ਼ ਮਹਾਜਨ, ਸੰਦੀਪ ਕੁਮਾਰ, ਅਮਰਜੀਤ ਸਿੰਘ ਪੂਰੇਵਾਲ, ਸ੍ਰੀਮਤੀ ਅਨੀਤਾ ਸਪੋਰਟਸ ਕੁਆਰਡੀਨੇਟਰ, ਅਨੂੰ ਅਰੋੜਾ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ । ਸ੍ਰੀ ਗੁਰੂ ਰਵਿਦਾਸ ਚੌਂਕ ਤੋਂ ਤੋਂ ਸ਼ੁਰੂ ਹੋ ਕੇ ਇਹ ਮੈਰਾਥਨ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਹੁੰਦੀ ਹੋਈ ਵਾਪਸ ਸ੍ਰੀ ਗੁਰੂ ਰਵਿਦਾਸ ਚੌਂਕ ਵਿਖੇ ਆ ਕੇ ਸਮਾਪਤ ਹੋਈ।

ਪੰਜ ਕਿਲੋਮੀਟਰ ਦੀ ਇਸ ਦੌੜ ਵਿੱਚ ਕਰੀਬ 700 ਵਿਦਿਆਰਥੀਆਂ, ਖਿਡਾਰੀਆਂ ਅਤੇ ਨੌਜਵਾਨਾਂ ਨੇ ਹਿੱਸਾ ਲੈ ਕੇ ਸਮਾਨਤਾ, ਆਪਸੀ ਭਾਈਚਾਰੇ ਅਤੇ ਸ਼ਾਂਤੀ ਦਾ ਸੰਦੇਸ਼ ਦਿੱਤਾ।

ਇਸ ਮੌਕੇ ਰਮਨ ਬਹਿਲ ਨੇ ਕਿਹਾ ਕਿ ਇਸ ਮੈਰਾਥਨ ਦਾ ਮਕਸਦ ਖੇਡਾਂ ਰਾਹੀਂ ਨਵੀਂ ਪੀੜ੍ਹੀ ਤੱਕ ਸ੍ਰੀ ਗੁਰੂ ਰਵਿਦਾਸ ਜੀ ਦਾ ਸਮਾਨਤਾ ਦਾ ਸੰਦੇਸ਼ ਪਹੁੰਚਾਉਣਾ ਹੈ। ਇਸ ਦੌਰਾਨ ਮੈਰਾਥਨ ਦੇ ਸਾਰੇ ਭਾਗੀਦਾਰਾਂ ਨੂੰ ਵਿਸ਼ੇਸ਼ ਟੀ-ਸ਼ਰਟਾਂ ਅਤੇ ਮੈਡਲ ਪ੍ਰਦਾਨ ਕੀਤੇ ਗਏ ਅਤੇ ਰਿਫਰੈਸ਼ਮੈਂਟ ਵੀ ਦਿੱਤੀ ਗਈ।

# ਕਾਮਰੇਡ ਗੁਰਨਾਮ ਸਿੰਘ ਦਾਊਦ ਦੀ ਬੇਵਕਤੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

ਬਟਾਲਾ (ਤਰਲੋਕ ਬੱਗਾ) - ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਕੇਂਦਰੀ ਕਮੇਟੀ ਦੇ ਮੈਂਬਰ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ ਦੇ ਬੇਵਕਤੀ ਦੁਖਦਾਈ ਵਿਛੋੜੇ 'ਤੇ ਆਰ ਐਮ ਪੀ ਆਈ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਘਬੀਰ ਸਿੰਘ ਪਕੀਵਾਂ, ਜ਼ਿਲ੍ਹਾ



ਪ੍ਰਧਾਨ ਸ਼ਿਵ ਕੁਮਾਰ, ਜ਼ਿਲ੍ਹਾ ਸਕੱਤਰ ਨੱਥਾ ਸਿੰਘ ਢੱਡਵਾਲ, ਸੂਬਾ ਕਮੇਟੀ ਮੈਂਬਰ ਹਰਿੰਦਰ ਸਿੰਘ ਰੰਧਾਵਾ,ਧਿਆਨ ਸਿੰਘ ਠਾਕੁਰ, ਮੱਖਣ ਕੁਹਾੜ, ਸ਼ਮਸ਼ੇਰ ਸਿੰਘ ਨਵਾਂ ਪਿੰਡ, ਜ਼ਿਲ੍ਹਾ ਆਗੂ ਅਜੀਤ ਸਿੰਘ ਠੱਕਰ ਸੰਧੂ, ਹਰਜੀਤ ਸਿੰਘ ਕਾਹਲੋਂ, ਸੁਰਜੀਤ ਸਿੰਘ ਘੁਮਾਣ,ਅਜੀਤ ਸਿੰਘ ਹੁੰਦਲ ਨੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਉਨ੍ਹਾਂ ਦੇ ਇਨਕਲਾਬੀ ਜਜ਼ਬੇ ਨੂੰ ਸੂਹੀ ਸਲਾਮ ਪੇਸ਼ ਕੀਤੀ ਹੈ। ਸਾਥੀ ਗੁਰਨਾਮ ਸਿੰਘ ਦਾਊਦ ਨਮਿਤ ਸ਼ਰਧਾਂਜਲੀ ਸਮਾਗਮ 10 ਸਤੰਬਰ ਨੂੰ ਰਈਆ ਮੰਡੀ ਵਿਖੇ ਹੋਵੇਗਾ।

# ਸਾਬਕਾ ਕੌਂਸਲਰ ਲਾਟੀ ਦੇ ਬੇਟੇ ਦੀ ਹਾਦਸੇ 'ਚ ਮੌਤ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ) ਸਾਬਕਾ ਕੌਂਸਲਰ ਜਸਪਾਲ ਸਿੰਘ ਲਾਟੀ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਦੇ ਨੌਜਵਾਨ ਪੁੱਤਰ ਮਨਦੀਪ ਸਿੰਘ ਰਾਜਾ ਦੀ ਅੰਮ੍ਰਿਤਸਰ ਤੋਂ ਅਜਨਾਲਾ ਆਉਂਦਿਆਂ ਹੋਏ ਹਾਦਸੇ ਦੌਰਾਨ ਮੌਤ ਹੋ ਗਈ ।ਉਹਨਾਂ ਦਾ ਸੰਸਕਾਰ 4 ਸਤੰਬਰ ਸ਼ੁੱਕਰਵਾਰ ਨੂੰ 4 ਵਜੇ ਸ਼ਾਮ ਨੂੰ ਕੀਤਾ ਜਾਵੇਗਾ।ਵੱਖ ਵੱਖ ਧਾਰਮਿਕ ਜਥੇਬੰਦੀਆਂ ਅਤੇ ਰਾਜਸੀ ਆਗੂਆਂ ਨੇ ਜਸਪਾਲ ਸਿੰਘ ਲਾਟੀ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਰਾਖੀ ਗੁਪਤਾ ਭੰਡਾਰੀ ਦੀ ਪਾਰਟੀ ਪ੍ਰਧਾਨਾਂ ਨਾਲ ਮੀਟਿੰਗ 6 ਨੂੰ



ਗੁਰਦਾਸਪੁਰ (ਜਨਕ ਮਹਾਜਨ)- ਗੁਰਸਿਮਰਨ ਸਿੰਘ ਢਿੱਲੋਂ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਖੀ ਗੁਪਤਾ ਭੰਡਾਰੀ, ਆਈ.ਏ.ਐੱਸ, ਪ੍ਰਿੰਸੀਪਲ ਸੈਕਟਰੀ, ਫੂਡ ਪੋਸੈਸਿੰਗ ਜਿਨ੍ਹਾਂ ਨੂੰ ਜਿਲ੍ਹਾ ਗੁਰਦਾਸਪੁਰ ਵਿਖੇ ਇਲੈਕਟਰੋਲ ਰੋਲ ਆਬਜਰਵਰ (ਵੋਟਰ ਸੂਚੀ ਨਿਰੀਖਕ) ਨਿਯੁਕਤ ਕੀਤਾ ਗਿਆ ਹੈ, ਉਹ 6 ਸਤੰਬਰ ਨੂੰ ਗੁਰਦਾਸਪੁਰ ਪਹੁੰਚਣਗੇ। ਜਿਥੇ ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਦੁਪਹਿਰ 12:30 ਵਜੇ ਜਿਲ੍ਹੇ ਦੀਆਂ ਸਮੂਹ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨਾਂ/ਸਕੱਤਰਾਂ, ਗੁਰਦਾਸਪੁਰ ਲੋਕ ਸਭਾ ਹਲਕੇ ਦੇ ਸੰਸਦ ਮੈਂਬਰ ਅਤੇ ਜ਼ਿਲ੍ਹੇ ਦੇ ਸਾਰੇ ਵਿਧਾਇਕਾਂ ਨਾਲ ਮੀਟਿੰਗ ਕਰਨਗੇ।

# ਜੇ ਈ ਈ ਐਡਵਾਂਸ ਪ੍ਰੀਖਿਆ ਪਾਸ ਕਰਕੇ ਲਕਸਿਤ ਨੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ



ਧਾਰੀਵਾਲ, (ਮਨਦੀਪ ਵਿੱਕੀ)- ਧਾਰੀਵਾਲ ਦੇ ਪਿੰਡ ਰਣੀਆਂ ਦੇ ਵਸਨੀਕ ਲਕਸਿਤ ਨੇ ਜੇ ਈ ਈ ਐਡਵਾਂਸ ਦੀ ਪ੍ਰੀਖਿਆ ਪਾਸ ਕਰਕੇ ਆਪਣੇ ਮਾਤਾ ਪਿਤਾ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਲਕਸਿਤ ਦੀ ਇਸ ਸਫਲਤਾ 'ਤੇ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ। ਉਸ (ਲਕਸਿਤ) ਦੇ ਮਾਤਾ ਵੀਨਾ ਗਰੈਜੂਏਟ ਹਨ ਅਤੇ ਪਿਤਾ ਇੰਜੀ ਕਸਤੂਰੀ ਲਾਲ ਬਿਜਲੀ ਵਿਭਾਗ ਤੋਂ ਸੇਵਾ ਮੁਕਤ ਐਸ ਡੀ ਓ ਹਨ ਜੋ ਇੱਕ ਸਮਾਜ ਸੇਵਕ ਵਜੋਂ ਜਾਣੇ ਜਾਂਦੇ ਹਨ। ਲਕਸਿਤ ਨੂੰ ਐਡਵਾਂਸ ਪ੍ਰੀਖਿਆ ਪਾਸ ਕਰਨ 'ਤੇ ਆਈ ਆਈ ਟੀ ਇੰਦੌਰ ਕੰਪਿਊਟਰ ਸਾਇੰਸ ਇੰਜੀਨੀਅਰਿੰਗ ਵਿੱਚ ਦਾਖ਼ਲਾ ਮਿਲਿਆ ਹੈ।

ਨਵਾਂ ਜ਼ਮਾਨਾ
ਸ਼ੁੱਕਰਵਾਰ, 4 ਸਤੰਬਰ 2026

# ਯੂ ਜੀ ਸੀ ਦੀ ਖ਼ੁਦਮੁਖ਼ਤਾਰੀ ਖ਼ਤਰੇ 'ਚ

ਉੱਚ ਸਿੱਖਿਆ ਸਕੱਤਰ ਦੀਪਤੀ ਗੌਰ ਮੁਖਰਜੀ ਨੇ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂ ਜੀ ਸੀ) ਦੇ ਚੇਅਰਪਰਸਨ ਵਜੋਂ ਵਾਧੂ ਚਾਰਜ ਸੰਭਾਲ ਲਿਆ ਹੈ, ਜਿਸ ਦੀ ਆਲੋਚਨਾ ਉੱਚ ਸਿੱਖਿਆ ਰੈਗੂਲੇਟਰ, ਜੋ ਕਿ ਇੱਕ ਖ਼ੁਦਮੁਖ਼ਤਾਰ ਸੰਸਥਾ ਹੈ, ਨੂੰ ਨਿਯੰਤਰਤ ਕਰਨ ਵਾਲੇ ਕਾਨੂੰਨ ਦੀ ਉਲੰਘਣਾ ਵਜੋਂ ਕੀਤੀ ਜਾ ਰਹੀ ਹੈ। ਵਿਨੀਤ ਜੋਸ਼ੀ ਨੂੰ ਪੰਚਾਇਤੀ ਰਾਜ ਮੰਤਰਾਲੇ ਵਿੱਚ ਸਕੱਤਰ ਵਜੋਂ ਤਬਦੀਲ ਕੀਤੇ ਜਾਣ ਤੋਂ ਬਾਅਦ ਪਿਛਲੇ ਮਹੀਨੇ ਮੁਖਰਜੀ ਨੂੰ ਉੱਚ ਸਿੱਖਿਆ ਸਕੱਤਰ ਨਿਯੁਕਤ ਕੀਤਾ ਗਿਆ ਸੀ। ਜੋਸ਼ੀ ਵੀ ਅਪ੍ਰੈਲ 2025 ਤੋਂ ਪ੍ਰੋ. ਐੱਮ ਜਗਦੀਸ਼ ਕੁਮਾਰ ਦਾ ਕਾਰਜਕਾਲ ਖ਼ਤਮ ਹੋਣ ਤੋਂ ਬਾਅਦ ਯੂ ਜੀ ਸੀ ਚੇਅਰਪਰਸਨ ਵਜੋਂ ਵਾਧੂ ਚਾਰਜ ਸੰਭਾਲ ਰਹੇ ਸਨ।

ਯੂ ਜੀ ਸੀ ਐਕਟ ਕਹਿੰਦਾ ਹੈ ਕਿ ਕਮਿਸ਼ਨ ਵਿੱਚ ਚੇਅਰਪਰਸਨ, ਇੱਕ ਵਾਈਸ-ਚੇਅਰਪਰਸਨ ਅਤੇ 10 ਮੈਂਬਰ ਹੋਣਗੇ। ਇਨ੍ਹਾਂ ਵਿੱਚ ਚਾਰ ਯੂਨੀਵਰਸਿਟੀ ਅਧਿਆਪਕ, ਚਾਰ ਉੱਘੇ ਵਿਅਕਤੀ, ਜੋ ਵਾਈਸ-ਚਾਂਸਲਰ ਜਾਂ ਇੰਜੀਨੀਅਰ ਜਾਂ ਕਾਨੂੰਨੀ ਜਾਂ ਡਾਕਟਰੀ ਪੇਸ਼ੇ ਦਾ ਹਿੱਸਾ ਹੋ ਸਕਦੇ ਹਨ ਅਤੇ ਕੇਂਦਰ ਸਰਕਾਰ ਦੇ ਦੋ ਅਧਿਕਾਰੀ ਹੋਣਗੇ। ਚੇਅਰਮੈਨ ਉਨ੍ਹਾਂ ਵਿਅਕਤੀਆਂ ਵਿੱਚੋਂ ਚੁਣਿਆ ਜਾਵੇਗਾ, ਜੋ ਕੇਂਦਰ ਸਰਕਾਰ ਜਾਂ ਕਿਸੇ ਰਾਜ ਸਰਕਾਰ ਦੇ ਅਧਿਕਾਰੀ ਨਹੀਂ ਹਨ।

ਯੂ ਜੀ ਸੀ ਦੇ ਮੌਜੂਦਾ 10 ਮੈਂਬਰਾਂ ਵਿੱਚੋਂ ਛੇ ਅਕਾਦਮਿਕ ਹਨ। ਵਾਈਸ-ਚੇਅਰਪਰਸਨ ਦਾ ਅਹੁਦਾ ਇਸ ਸਮੇਂ ਖ਼ਾਲੀ ਹੈ। ਯੂ ਜੀ ਸੀ ਦੇ ਸਾਬਕਾ ਸਕੱਤਰ ਪ੍ਰੋ. ਆਰ ਕੇ ਚੌਹਾਨ ਮੁਤਾਬਕ ਮੈਂਬਰਾਂ ਵਿੱਚੋਂ ਸਭ ਤੋਂ ਸੀਨੀਅਰ ਅਕਾਦਮਿਕ ਨੂੰ ਚੇਅਰਪਰਸਨ ਦਾ ਵਾਧੂ ਚਾਰਜ ਦਿੱਤਾ ਜਾਣਾ ਚਾਹੀਦਾ ਸੀ। ਉੱਚ ਸਿੱਖਿਆ ਸਕੱਤਰ ਨੂੰ ਚੇਅਰਪਰਸਨ ਦਾ ਵਾਧੂ ਚਾਰਜ ਦਿੱਤਾ ਜਾਣਾ ਯੂ ਜੀ ਸੀ ਐਕਟ ਦੀ ਸਪੱਸ਼ਟ ਉਲੰਘਣਾ ਹੈ। ਕਾਨੂੰਨ ਸਰਕਾਰੀ ਅਧਿਕਾਰੀਆਂ ਨੂੰ ਚੇਅਰਪਰਸਨ ਦਾ ਚਾਰਜ ਦੇਣ ਤੋਂ ਰੋਕਦਾ ਹੈ। ਜੇ ਉੱਚ ਸਿੱਖਿਆ ਸਕੱਤਰ ਇਸ ਦੀ ਅਗਵਾਈ ਕਰਦੇ ਹਨ ਤਾਂ ਯੂ ਜੀ ਸੀ ਦੀ ਖ਼ੁਦਮੁਖ਼ਤਿਆਰੀ ਨਾਲ ਸਮਝੌਤਾ ਹੈ।

ਹੋਰਨਾਂ ਖ਼ੁਦਮੁਖ਼ਤਾਰ ਅਦਾਰਿਆਂ ਵਿੱਚ ਆਰ ਐੱਸ ਐੱਸ ਦੇ ਬੰਦੇ ਭਰ ਕੇ ਉਨ੍ਹਾਂ 'ਤੇ ਕੰਟਰੋਲ ਕਰਨ ਵਾਂਗ ਸਰਕਾਰ ਯੂ ਜੀ ਸੀ 'ਤੇ ਵੀ ਆਰ ਐੱਸ ਐੱਸ ਦੀ ਪਕੜ ਮਜ਼ਬੂਤ ਕਰਨ ਲਈ 'ਵਿਕਸਿਤ ਭਾਰਤ ਸ਼ਿਕਸ਼ਾ ਅਧਿਸਤਾਨ' (ਵੀ ਬੀ ਐੱਸ ਏ) ਬਿੱਲ ਪਾਸ ਕਰਵਾਉਣ ਜਾ ਰਹੀ ਹੈ। ਵੀ ਬੀ ਐੱਸ ਏ ਇੱਕ ਵਿਆਪਕ ਰੈਗੂਲੇਟਰ ਹੋਵੇਗਾ, ਜਿਸ ਵਿੱਚ ਮਾਨਤਾ, ਨਿਯਮਨ ਅਤੇ ਮਿਆਰਾਂ ਦੀ ਦੇਖਭਾਲ ਲਈ ਤਿੰਨ ਵੱਖ-ਵੱਖ ਕੌਂਸਲਾਂ ਹੋਣਗੀਆਂ। ਇਸ ਬਿੱਲ ਵਿੱਚ ਅਧਿਸਤਾਨ ਦੇ ਮੈਂਬਰ ਸਕੱਤਰ, ਜੋ ਕਿ ਸਰਕਾਰ ਵਿੱਚ ਇੱਕ ਸਕੱਤਰ-ਰੈਂਕ ਦਾ ਅਧਿਕਾਰੀ ਹੋਵੇਗਾ, ਨੂੰ ਇਸ ਦੇ ਮੁੱਖ ਕਾਰਜਕਾਰੀ ਅਧਿਕਾਰੀ ਵਜੋਂ ਕੰਮ ਕਰਨ ਅਤੇ ਸੰਗਠਨ ਦੇ 'ਸਾਰੇ ਪ੍ਰਸ਼ਾਸਕੀ ਮਾਮਲਿਆਂ ਦੇ ਸੰਬੰਧ ਵਿੱਚ ਆਮ ਨਿਗਰਾਨੀ ਅਤੇ ਤਾਲਮੇਲ ਨੂੰ ਯਕੀਨੀ ਬਣਾਉਣ' ਲਈ ਸ਼ਕਤੀ ਪ੍ਰਦਾਨ ਕਰਨ ਦਾ ਪ੍ਰਬੰਧ ਹੈ। ਸਰਕਾਰ ਨੇ ਆਪਣੇ ਅਧਿਕਾਰੀਆਂ ਤੋਂ ਉੱਚ ਸਿੱਖਿਆ ਰੈਗੂਲੇਟਰ ਨੂੰ ਚਲਾਉਣ ਦਾ ਫ਼ੈਸਲਾ ਕੀਤਾ ਹੈ, ਜਿਵੇਂ ਕਿ ਵੀ ਬੀ ਐੱਸ ਏ ਬਿੱਲ ਤੋਂ ਸਪੱਸ਼ਟ ਹੈ। ਭਾਵੇਂ ਵੀ ਬੀ ਐੱਸ ਏ ਬਿੱਲ ਇੱਕ ਸਾਂਝੀ ਸੰਸਦੀ ਕਮੇਟੀ ਦੀ ਜਾਂਚ ਅਧੀਨ ਹੈ, ਸਰਕਾਰ ਨੇ ਯੂ ਜੀ ਸੀ ਵਿੱਚ ਉਸ ਮਾਡਲ ਨੂੰ ਲਾਗੂ ਕਰਨਾ ਸ਼ੁਰੂ ਕਰ ਦਿੱਤਾ ਹੈ, ਜਦਕਿ ਮਾਹਰਾਂ ਦਾ ਕਹਿਣਾ ਹੈ ਕਿ ਇੱਕ ਸੁਤੰਤਰ ਰੈਗੂਲੇਟਰ ਵਜੋਂ ਕੰਮ ਕਰਨ ਲਈ ਯੂ ਜੀ ਸੀ ਅਤੇ ਪ੍ਰਸਤਾਵਤ ਵੀ ਬੀ ਐੱਸ ਏ ਦਾ ਕੰਟਰੋਲ ਆਜ਼ਾਦ ਸਿੱਖਿਆ ਸ਼ਾਸਤਰੀਆਂ ਕੋਲ ਹੋਣਾ ਚਾਹੀਦਾ ਹੈ।

# ਬਦਲਾਅ ਜ਼ਰੂਰੀ ਹੈ-ਕਿਉਂ ਅਤੇ ਕਿਹੋ ਜਿਹਾ ?


ਐੱਮ ਐੱਸ ਭਾਟੀਆ

ਲੋਕਾਂ ਦੇ ਹੱਕਾਂ, ਸੰਵਿਧਾਨ ਅਤੇ ਸਮਾਜਿਕ ਨਿਆਂ ਦੀ ਰੱਖਿਆ ਲਈ ਬਦਲਾਅ ਦੀ ਲੜਾਈ ਵਿੱਚ ਸੀ ਪੀ ਆਈ ਦੀ ਭੂਮਿਕਾ ਪਹਿਲੀ ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿੱਚ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਵੱਲੋਂ ਕੀਤੀ ਗਈ 'ਬਦਲਾਅ ਜ਼ਰੂਰੀ ਹੈ' ਰੈਲੀ ਨੇ ਦੇਸ਼ ਦੀ ਮੌਜੂਦਾ ਰਾਜਨੀਤਕ ਅਤੇ ਆਰਥਿਕ ਦਿਸ਼ਾ ਬਾਰੇ ਕਈ ਬੁਨਿਆਦੀ ਸਵਾਲ ਉਠਾਏ। ਰੈਲੀ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਹਜ਼ਾਰਾਂ ਲੋਕ ਸ਼ਾਮਲ ਹੋਏ।

ਪਰ ਸਵਾਲ ਇਹ ਹੈ ਕਿ ਬਦਲਾਅ ਕਿਉਂ ਜ਼ਰੂਰੀ ਹੈ ? ਬਦਲਾਅ ਦੀ ਲੋੜ ਕਿਹੜੇ ਮੁੱਦਿਆਂ ਕਾਰਨ ਪੈਦਾ ਹੋਈ ਹੈ ਅਤੇ ਕੀ ਸਿਰਫ਼ ਸਰਕਾਰ ਜਾਂ ਸੱਤਾ ਬਦਲਣ ਨੂੰ ਹੀ ਬਦਲਾਅ ਕਿਹਾ ਜਾ ਸਕਦਾ ਹੈ ?

ਅਸਲ ਵਿੱਚ ਇਹ ਸਵਾਲ ਅੱਜ ਦੇ ਭਾਰਤ ਦੀ ਆਰਥਿਕ, ਸਮਾਜਿਕ ਅਤੇ ਰਾਜਨੀਤਕ ਦਿਸ਼ਾ ਨਾਲ ਜੁੜਿਆ ਹੋਇਆ ਹੈ।

### ਬਦਲਾਅ ਕਿਉਂ ਜ਼ਰੂਰੀ ਹੈ ?

ਦੇਸ਼ ਦੀ ਵੱਡੀ ਆਬਾਦੀ ਮਹਿੰਗਾਈ, ਬੇਰੁਜ਼ਗਾਰੀ, ਅਸਥਿਰ ਰੋਜ਼ਗਾਰ ਅਤੇ ਵਧ ਰਹੀ ਆਰਥਿਕ ਅਸਮਾਨਤਾ ਦਾ ਸਾਹਮਣਾ ਕਰ ਰਹੀ ਹੈ। ਕਿਸਾਨ ਆਪਣੀ ਪੈਦਾਵਾਰ ਦੀ ਉਚਿਤ ਕੀਮਤ, ਮਜ਼ਦੂਰ ਰੋਜ਼ਗਾਰ ਅਤੇ ਮਿਹਨਤ ਦੀ ਸੁਰੱਖਿਆ, ਨੌਜਵਾਨ ਪੱਕੀਆਂ ਨੌਕਰੀਆਂ ਅਤੇ ਵਿਦਿਆਰਥੀ ਸਸਤੀ ਤੇ ਗੁਣਵੱਤਾ ਵਾਲੀ ਸਿੱਖਿਆ ਦੀ ਮੰਗ ਕਰ ਰਹੇ ਹਨ।

ਸਿਹਤ ਅਤੇ ਸਿੱਖਿਆ ਵਰਗੀਆਂ ਬੁਨਿਆਦੀ ਸਹੂਲਤਾਂ ਦਾ ਵਧਦਾ ਨਿੱਜੀਕਰਨ ਵੀ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਦੂਜੇ ਪਾਸੇ ਦੇਸ਼ ਦੀ ਦੌਲਤ ਅਤੇ ਆਰਥਿਕ ਸਰੋਤਾਂ ਦੇ ਵੱਡੇ ਹਿੱਸੇ ਦਾ ਕੁਝ ਗਿਣਤੀ ਦੇ ਵੱਡੇ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਕੇਂਦਰਤ ਹੋਣਾ ਆਰਥਿਕ ਅਸਮਾਨਤਾ ਨੂੰ ਹੋਰ ਡੂੰਘਾ ਕਰਦਾ ਹੈ।

ਇਸ ਲਈ ਬਦਲਾਅ ਦਾ ਮਤਲਬ ਕੇਵਲ ਚਿਹਰੇ ਬਦਲਣਾ ਨਹੀਂ। ਬਦਲਾਅ ਦਾ ਮਤਲਬ ਨੀਤੀਆਂ ਦੀ ਦਿਸ਼ਾ ਬਦਲਣਾ ਹੈ—ਅਰਥਚਾਰੇ ਨੂੰ ਮੁਨਾਫ਼ੇ ਦੀ ਬਜਾਏ ਲੋਕਾਂ ਦੀਆਂ ਲੋੜਾਂ ਦੇ ਕੇਂਦਰ ਵਿੱਚ ਲਿਆਉਣਾ ਹੈ।

### ਸੰਵਿਧਾਨ ਦੀ ਰੱਖਿਆ ਵੀ ਬਦਲਾਅ ਦੀ ਲੜਾਈ ਦਾ ਹਿੱਸਾ

ਭਾਰਤੀ ਸੰਵਿਧਾਨ ਨੇ ਦੇਸ਼ ਦੇ ਨਾਗਰਿਕਾਂ ਨੂੰ ਸਮਾਨਤਾ, ਆਜ਼ਾਦੀ, ਧਰਮ ਨਿਰਪੱਖਤਾ, ਸਮਾਜਿਕ ਨਿਆਂ ਅਤੇ ਲੋਕਤੰਤਰਕ ਅਧਿਕਾਰਾਂ ਦੀ ਗਾਰੰਟੀ ਦਿੱਤੀ ਹੈ। ਭਾਰਤ ਦੀ ਵਿਭਿੰਨਤਾ ਅਤੇ ਸੰਘੀ ਢਾਂਚਾ ਵੀ ਇਸ ਦੀ ਬੁਨਿਆਦ ਹਨ।

ਅੱਜ ਇਨ੍ਹਾਂ ਕਦਰਾਂ-ਕੀਮਤਾਂ ਦੀ ਰੱਖਿਆ ਦਾ ਸਵਾਲ ਕੇਂਦਰੀ ਮਹੱਤਵ ਰੱਖਦਾ ਹੈ। ਧਰਮ ਦੇ ਆਧਾਰ 'ਤੇ ਸਮਾਜ ਨੂੰ ਵੰਡਣ ਦੀ ਰਾਜਨੀਤੀ, ਵਿਰੋਧੀ ਵਿਚਾਰਾਂ ਨੂੰ ਦਬਾਉਣ ਦੇ ਯਤਨ ਅਤੇ ਕੇਂਦਰ-ਰਾਜ ਸੰਬੰਧਾਂ ਵਿੱਚ ਤਣਾਅ ਲੋਕਤੰਤਰ ਲਈ ਚਿੰਤਾ ਦਾ ਵਿਸ਼ਾ ਹਨ।

### ਬਦਲਾਅ ਦਾ ਮਤਲਬ ਕੀ ਹੈ ?

ਇੱਥੇ ਇੱਕ ਹੋਰ ਬੁਨਿਆਦੀ ਸਵਾਲ ਪੈਦਾ ਹੁੰਦਾ ਹੈ—ਕਿਹੋ ਜਿਹਾ ਬਦਲਾਅ ?

ਕੀ ਬਦਲਾਅ ਸਿਰਫ਼ ਚੋਣਾਂ ਵਿੱਚ ਇੱਕ ਪਾਰਟੀ ਦੀ ਥਾਂ ਦੂਜੀ ਪਾਰਟੀ ਨੂੰ ਸੱਤਾ ਵਿੱਚ ਲਿਆਉਣਾ ਹੈ ਜਾਂ ਫਿਰ ਉਹ ਬਦਲਾਅ ਜੋ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਅਸਲ ਤਬਦੀਲੀ ਲਿਆਵੇ ?

ਕਮਿਊਨਿਸਟ ਪਾਰਟੀ ਲਈ ਬਦਲਾਅ ਦਾ ਅਰਥ ਹੈ ਕਿ ਮਜ਼ਦੂਰ ਨੂੰ ਉਸ ਦੀ ਮਿਹਨਤ ਦਾ ਪੂਰਾ ਹੱਕ ਮਿਲੇ, ਕਿਸਾਨ ਨੂੰ ਆਪਣੀ ਪੈਦਾਵਾਰ ਦਾ ਲਾਭਕਾਰੀ ਮੁੱਲ ਮਿਲੇ, ਨੌਜਵਾਨਾਂ ਨੂੰ ਰੋਜ਼ਗਾਰ ਮਿਲੇ, ਔਰਤਾਂ ਨੂੰ ਬਰਾਬਰੀ ਅਤੇ ਸੁਰੱਖਿਆ ਮਿਲੇ, ਦਲਿਤਾਂ ਅਤੇ ਆਦਿਵਾਸੀਆਂ ਸਮੇਤ ਹਰ



ਵੰਚਿਤ ਵਰਗ ਨੂੰ ਸਮਾਜਿਕ ਨਿਆਂ ਮਿਲੇ ਅਤੇ ਹਰ ਨਾਗਰਿਕ ਨੂੰ ਸਿੱਖਿਆ ਤੇ ਸਿਹਤ ਵਰਗੀਆਂ ਬੁਨਿਆਦੀ ਸਹੂਲਤਾਂ ਪ੍ਰਾਪਤ ਹੋਣ।

### ਜਦੋਂ ਦੇਸ਼ ਨੂੰ ਬਦਲਾਅ ਦੀ ਲੋੜ ਪਈ, ਸੀ ਪੀ ਆਈ ਨੇ ਆਪਣੀ ਭੂਮਿਕਾ ਨਿਭਾਈ

ਭਾਰਤੀ ਕਮਿਊਨਿਸਟ ਪਾਰਟੀ ਦਾ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਜਦੋਂ ਵੀ ਦੇਸ਼ ਦੇ ਲੋਕਾਂ ਦੇ ਹੱਕਾਂ ਅਤੇ ਸਮਾਜਿਕ-ਆਰਥਿਕ ਬਦਲਾਅ ਦਾ ਸਵਾਲ ਉੱਠਿਆ, ਪਾਰਟੀ ਨੇ ਆਪਣੀ ਸਮਰੱਥਾ ਅਨੁਸਾਰ ਸੰਘਰਸ਼ਾਂ ਨੂੰ ਮਜ਼ਬੂਤ ਕਰਨ ਵਿੱਚ ਭੂਮਿਕਾ ਨਿਭਾਈ।

ਬੈਂਕਾਂ ਦੇ ਕੌਮੀਕਰਨ ਦਾ ਮਾਮਲਾ ਇਸ ਦੀ ਇੱਕ ਮਹੱਤਵਪੂਰਨ ਉਦਾਹਰਨ ਹੈ। 1969 ਵਿੱਚ ਵੱਡੇ ਵਪਾਰਕ ਬੈਂਕਾਂ ਦਾ ਕੌਮੀਕਰਨ ਹੋਇਆ। ਇਸ ਨਾਲ ਬੈਂਕਿੰਗ ਪ੍ਰਣਾਲੀ ਨੂੰ ਵੱਡੇ ਪੱਧਰ 'ਤੇ ਸਮਾਜਿਕ ਤਰਜੀਹਾਂ ਨਾਲ ਜੋੜਨ ਅਤੇ ਪਿੰਡਾਂ ਤੇ ਆਮ ਲੋਕਾਂ ਤੱਕ ਬੈਂਕਿੰਗ ਪਹੁੰਚ ਵਧਾਉਣ ਦਾ ਰਾਹ ਖੁੱਲ੍ਹਿਆ। ਕਮਿਊਨਿਸਟ ਪਾਰਟੀਆਂ ਲੰਮੇ ਸਮੇਂ ਤੋਂ ਬੈਂਕਿੰਗ ਨੂੰ ਲੋਕ-ਹਿੱਤ ਵਿੱਚ ਲਿਆਉਣ ਦੀ ਮੰਗ ਕਰਦੀਆਂ ਰਹੀਆਂ ਸਨ।

ਇਸੇ ਤਰ੍ਹਾਂ ਰਿਆਸਤਾਂ ਦੇ ਸਾਬਕਾ ਰਾਜਿਆਂ ਨੂੰ ਮਿਲਣ ਵਾਲੇ ਪ੍ਰਿਵੀਪਰਸ ਖ਼ਤਮ ਕਰਨ, 'ਜ਼ਮੀਨ ਉਸ ਦੀ ਜੋ ਹਲ ਵਾਹੇ' ਦੇ ਨਾਅਰੇ ਹੇਠ ਜ਼ਮੀਨੀ ਸੁਧਾਰਾਂ ਅਤੇ ਕਿਸਾਨੀ ਹੱਕਾਂ ਲਈ ਸੰਘਰਸ਼ ਅਤੇ ਗੋਆ ਦੀ ਆਜ਼ਾਦੀ ਵਰਗੇ ਮੁੱਦਿਆਂ 'ਤੇ ਵੀ ਕਮਿਊਨਿਸਟ ਲਹਿਰ ਨੇ ਆਪਣੀ ਸਰਗਰਮ ਭੂਮਿਕਾ ਨਿਭਾਈ।

ਇਹ ਨਹੀਂ ਕਿਹਾ ਜਾ ਸਕਦਾ ਕਿ ਇਨ੍ਹਾਂ ਇਤਿਹਾਸਕ ਫ਼ੈਸਲਿਆਂ ਜਾਂ ਤਬਦੀਲੀਆਂ ਦਾ ਸਿਹਰਾ ਕਿਸੇ ਇੱਕ ਪਾਰਟੀ ਨੂੰ ਜਾਂਦਾ ਹੈ, ਪਰ ਇਹ ਇਤਿਹਾਸਕ ਤੱਥ ਹੈ ਕਿ ਸੀ ਪੀ ਆਈ ਅਤੇ ਕਮਿਊਨਿਸਟ ਲਹਿਰ ਨੇ ਇਨ੍ਹਾਂ ਮੁੱਦਿਆਂ ਨੂੰ ਲੋਕਾਂ ਦੇ ਸੰਘਰਸ਼ਾਂ ਦਾ ਹਿੱਸਾ ਬਣਾਉਣ ਅਤੇ ਬਦਲਾਅ ਲਈ ਮਾਹੌਲ ਤਿਆਰ ਕਰਨ ਵਿੱਚ ਯੋਗਦਾਨ ਦਿੱਤਾ।

### ਅੱਜ ਦੀ ਚੁਣੌਤੀ ਹੋਰ ਵੱਡੀ ਹੈ

ਅੱਜ ਸਵਾਲ ਸਿਰਫ਼ ਇੱਕ ਨੀਤੀ ਜਾਂ ਇੱਕ ਕਾਨੂੰਨ ਦਾ ਨਹੀਂ। ਸਵਾਲ ਇਹ ਹੈ ਕਿ ਦੇਸ਼ ਦੀ ਆਰਥਿਕਤਾ ਕਿਸ ਦਿਸ਼ਾ ਵਿੱਚ ਜਾਵੇਗੀ—ਕੀ ਸਰਕਾਰੀ ਸਰੋਤ ਅਤੇ ਨੀਤੀਆਂ ਲੋਕਾਂ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਲਈ ਵਰਤੀਆਂ ਜਾਣਗੀਆਂ ਜਾਂ ਕੁਝ ਵੱਡੇ ਕਾਰਪੋਰੇਟ ਹਿੱਤਾਂ ਨੂੰ ਹੋਰ ਮਜ਼ਬੂਤ ਕਰਨ ਲਈ ?

ਇਸੇ ਤਰ੍ਹਾਂ ਸਵਾਲ ਇਹ ਵੀ ਹੈ ਕਿ ਭਾਰਤ ਇੱਕ ਅਜਿਹਾ ਦੇਸ਼ ਬਣੇਗਾ, ਜਿੱਥੇ ਵੱਖ-ਵੱਖ ਧਰਮਾਂ, ਭਾਸ਼ਾਵਾਂ, ਕੌਮਾਂ ਅਤੇ ਖੇਤਰਾਂ ਦੇ ਲੋਕ ਬਰਾਬਰੀ ਨਾਲ ਰਹਿਣ ਜਾਂ ਧਰਮ ਅਤੇ ਪਛਾਣ ਦੀ ਰਾਜਨੀਤੀ ਰਾਹੀਂ ਲੋਕਾਂ ਵਿੱਚ ਵੰਡ ਵਧੇਗੀ।

ਇਨ੍ਹਾਂ ਸਵਾਲਾਂ ਦਾ ਜਵਾਬ ਲੋਕਤੰਤਰਕ ਅਤੇ ਜਨਤਕ ਸੰਘਰਸ਼ਾਂ ਰਾਹੀਂ ਹੀ ਮਿਲ ਸਕਦਾ ਹੈ।

### ਸੀ ਪੀ ਆਈ ਦਾ ਅਗਲਾ ਸੱਦਾ

ਪਹਿਲੀ ਸਤੰਬਰ ਦੀ ਰੈਲੀ ਵਿੱਚ ਸੀ ਪੀ ਆਈ ਨੇ ਆਪਣੇ ਅਗਲੇ ਪ੍ਰੋਗਰਾਮਾਂ ਦਾ ਵੀ ਐਲਾਨ ਕੀਤਾ ਹੈ। 2 ਅਕਤੂਬਰ ਨੂੰ ਸੰਪਰਦਾਇਕ ਸਦਭਾਵਨਾ ਦਿਵਸ, 7 ਨਵੰਬਰ ਨੂੰ ਕ੍ਰਾਂਤੀ ਦਿਵਸ ਅਤੇ 1 ਤੋਂ 3 ਦਸੰਬਰ ਤੱਕ ਜੇਲ੍ਹ ਭਰੋ ਅੰਦੋਲਨ ਦਾ ਸੱਦਾ ਦਿੱਤਾ ਗਿਆ ਹੈ। ਪਾਰਟੀ ਨੇ ਇਸ ਅੰਦੋਲਨ ਵਿੱਚ ਘੱਟੋ-ਘੱਟ 5 ਲੱਖ ਲੋਕਾਂ ਵੱਲੋਂ ਗ੍ਰਿਫ਼ਤਾਰੀਆਂ ਦੇਣ ਦਾ ਟੀਚਾ ਰੱਖਿਆ ਹੈ।

ਇਸ ਤਰ੍ਹਾਂ 1 ਸਤੰਬਰ ਦੀ ਰੈਲੀ ਨੂੰ ਸਿਰਫ਼ ਇੱਕ ਦਿਨ ਦਾ ਸਿਆਸੀ ਪ੍ਰੋਗਰਾਮ ਸਮਝਣਾ ਠੀਕ ਨਹੀਂ ਹੋਵੇਗਾ, ਇਸ ਨੂੰ ਸੀ ਪੀ ਆਈ ਵੱਲੋਂ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਲੰਮੇ ਸੰਘਰਸ਼ ਦੀ ਸ਼ੁਰੂਆਤ ਵਜੋਂ ਦੇਖਿਆ ਜਾ ਰਿਹਾ ਹੈ।

### ਬਦਲਾਅ ਹੋ ਕੇ ਰਹੇਗਾ

ਅੱਜ ਦੇ ਭਾਰਤ ਵਿੱਚ ਬਦਲਾਅ ਦੀ ਲੋੜ ਨੂੰ ਮਹਿਸੂਸ ਕਰਨ ਵਾਲੇ ਲੋਕਾਂ ਦੀ ਗਿਣਤੀ ਵਧ ਰਹੀ ਹੈ, ਪਰ ਇਹ ਬਦਲਾਅ ਆਪਣੇ ਆਪ ਨਹੀਂ ਆਵੇਗਾ। ਇਸ ਲਈ ਲੋਕਾਂ ਨੂੰ ਆਪਣੇ ਹੱਕਾਂ ਲਈ ਸੰਗਠਿਤ ਹੋਣਾ ਪਵੇਗਾ, ਮਜ਼ਦੂਰਾਂ ਅਤੇ ਕਿਸਾਨਾਂ ਦੇ ਸੰਘਰਸ਼ਾਂ ਨੂੰ ਜੋੜਨਾ ਪਵੇਗਾ, ਨੌਜਵਾਨਾਂ ਅਤੇ ਔਰਤਾਂ ਨੂੰ ਅੰਦੋਲਨ ਦਾ ਹਿੱਸਾ ਬਣਾਉਣਾ ਪਵੇਗਾ ਅਤੇ ਸੰਵਿਧਾਨ ਤੇ ਲੋਕਤੰਤਰ ਦੀ ਰੱਖਿਆ ਲਈ ਵਿਆਪਕ ਲੋਕ ਲਹਿਰ ਖੜ੍ਹੀ ਕਰਨੀ ਪਵੇਗੀ।

ਸੀ ਪੀ ਆਈ ਦਾ ਇਤਿਹਾਸ ਦੱਸਦਾ ਹੈ ਕਿ ਪਾਰਟੀ ਨੇ ਆਪਣੇ ਸੀਮਤ ਸਰੋਤਾਂ ਦੇ ਬਾਵਜੂਦ ਲੋਕਾਂ ਦੇ ਸੰਘਰਸ਼ਾਂ ਵਿੱਚ ਆਪਣੀ ਭੂਮਿਕਾ ਨਿਭਾਈ ਹੈ। ਅੱਜ ਵੀ ਉਸ ਦੀ ਚੁਣੌਤੀ ਇਹੀ ਹੈ ਕਿ ਉਹ ਵੱਖ-ਵੱਖ ਜਨਤਕ ਸੰਘਰਸ਼ਾਂ ਨੂੰ ਇੱਕ ਵਿਆਪਕ ਲੋਕਤੰਤਰਕ ਅਤੇ ਸਮਾਜਿਕ ਨਿਆਂ ਦੀ ਲਹਿਰ ਨਾਲ ਜੋੜੇ।

ਬਦਲਾਅ ਸਿਰਫ਼ ਸੱਤਾ ਦਾ ਬਦਲਾਅ ਨਹੀਂ—ਨੀਤੀਆਂ, ਤਰਜੀਹਾਂ ਅਤੇ ਵਿਵਸਥਾ ਦੀ ਦਿਸ਼ਾ ਬਦਲਣ ਦਾ ਨਾਂਅ ਹੈ।

ਲੜਾਈ ਲੰਮੀ ਹੈ, ਰਸਤਾ ਮੁਸ਼ਕਲ ਹੈ, ਪਰ ਜੇ ਲੋਕ ਆਪਣੇ ਹੱਕਾਂ ਲਈ ਇਕਜੁੱਟ ਹੋਣ ਤਾਂ ਬਦਲਾਅ ਸੰਭਵ ਹੈ।

*ਬਦਲਾਅ ਜ਼ਰੂਰੀ ਹੈ।*
*ਬਦਲਾਅ ਲਈ ਸੰਘਰਸ਼ ਜ਼ਰੂਰੀ ਹੈ।*
*ਅਤੇ ਲੋਕਾਂ ਦੀ ਇਕਜੁੱਟ ਤਾਕਤ ਨਾਲ*
*ਬਦਲਾਅ ਹੋ ਕੇ ਰਹੇਗਾ ।*

# **ਸੰਪਰਕ** : +91 9988491002

# ਸਮਾਰਟ ਮੀਟਰ


ਰਾਵਿੰਦਰ ਫ਼ਫ਼ੜੇ

ਬਿਜਲੀ ਖੇਤਰ ਦੇ ਸੁਧਾਰਾਂ ਦੇ ਨਾਂਅ 'ਤੇ 'ਸਰਕਾਰਾਂ' ਇਸ ਦਾ ਨਿੱਜੀਕਰਨ ਕਰਨ ਦੀ ਫ਼ਿਰਾਕ ਵਿੱਚ ਹਨ।ਆਮ ਲੋਕ ਅਤੇ ਪੰਜਾਬ ਵਿਚਲੀਆਂ ਕਿਸਾਨ ਧਿਰਾਂ ਇਸ ਦਾ ਵਿਰੋਧ ਕਰ ਰਹੀਆਂ ਹਨ । ਬਿਜਲੀ ਮਹਿਕਮੇ ਦੇ ਮੁਲਾਜ਼ਮ ਵੀ ਇਸ ਦਾ ਵਿਰੋਧ ਕਰ ਰਹੇ ਹਨ, ਕਿਉਂਕਿ ਉਨ੍ਹਾਂ ਦਾ ਰੁਜ਼ਗਾਰ ਇਸ ਨਾਲ ਪ੍ਰਭਾਵਤ ਹੁੰਦਾ ਹੈ।ਆਊਟਸੋਰਸਿੰਗ ਕਾਮਿਆਂ ਵਜੋਂ ਕੰਪਨੀਆਂ ਅਧੀਨ ਕੰਮ ਕਰ ਰਹੇ ਮੀਟਰ ਰੀਡਰ ਵੀ ਸਰਕਾਰੀ ਮੁਲਾਜ਼ਮ ਬਣਨ ਲਈ ਪਿਛਲੇ ਸਮੇਂ ਹੜਤਾਲ ਕਰ ਚੁੱਕੇ ਹਨ, ਪਰ ਜਾਣੇ-ਅਣਜਾਣੇ ਇਹ ਮੀਟਰ ਰੀਡਰ ਅਤੇ ਮੁਲਾਜ਼ਮ ਹੀ ਸਰਕਾਰਾਂ ਦੇ ਇਸ ਕੰਮ ਵਿੱਚ ਸਹਾਈ ਹੋ ਰਹੇ ਹਨ । ਇਸ ਸੰਬੰਧੀ ਮੇਰੇ ਨਾਲ ਵਾਪਰੀਆਂ ਦੋ ਹੱਡਬੀਤੀਆਂ ਦਾ ਜ਼ਿਕਰ ਕਰ ਰਿਹਾ ਹਾਂ ।

2025 ਦੇ ਅੱਧ ਦੀ ਗੱਲ ਹੈ ।ਮੀਟਰ ਰੀਡਰ ਮੇਰੇ ਆਸ-ਪਾਸ ਦੀਆਂ ਸਾਰੀਆਂ ਦੁਕਾਨਾਂ ਦਾ ਬਿੱਲ ਦੇ ਗਿਆ, ਪਰ ਮੇਰਾ ਬਿੱਲ ਨਾ ਦੇ ਕੇ ਗਿਆ। ਮੇਰੇ ਫੋਨ ਕਰਨ 'ਤੇ ਉਸ ਕਿਹਾ ਕਿ ਅੱਧੇ ਬਿੱਲ ਕੱਢਣੇ ਰਹਿੰਦੇ ਹਨ, ਇਕ-ਦੋ ਦਿਨ 'ਚ ਦੁਬਾਰਾ ਆਵਾਂਗਾ, ਪਰ ਉਸ ਦਾ ਤਾਂ ਪਤਾ ਨਹੀਂ ਆਇਆ ਜਾਂ ਨਹੀਂ, ਪਰ ਮੇਰਾ ਬਿੱਲ ਨਾ ਆਇਆ। ਮੋਬਾਈਲ 'ਤੇ ਆਏ ਮੈਸੇਜ਼ ਅਨੁਸਾਰ ਮੈਂ ਔਨਲਾਇਨ ਬਿੱਲ ਭਰ ਦਿਤਾ ।ਅਗਲੀ ਵਾਰ ਫਿਰ ਇਸ ਤਰ੍ਹਾਂ ਹੀ ਹੋਇਆ । ਪਹਿਲਾਂ ਮੈਂ ਮੀਟਰ ਰੀਡਰ ਨਾਲ ਫੋਨ 'ਤੇ ਗੱਲ ਕੀਤੀ, ਫਿਰ ਮੇਰੇ ਜਾਣਕਾਰ ਜੇ.ਈ. ਤੋਂ ਫੋਨ ਕਰਾਇਆ, ਪਰ ਉਹ ਮੇਰਾ ਬਿੱਲ ਨਾ ਦੇ ਕੇ ਗਿਆ । ਜਦੋਂ ਉਸ ਤੋਂ ਅਗਲੀ ਵਾਰ (ਜਨਵਰੀ 26) ਵੀ ਮੇਰਾ ਬਿੱਲ ਨਾ ਆਇਆ ਤਾਂ ਮੈਂ ਬਿਜਲੀ ਦਫਤਰ ਜਾ ਕੇ ਐੱਸ ਡੀ ਓ ਸਾਹਿਬ ਨੂੰ ਮਿਲ ਕੇ ਆਪਣੀ ਪ੍ਰੇਸ਼ਾਨੀ ਦੱਸੀ।ਪਹਿਲਾਂ ਤਾਂ ਉਨ੍ਹਾ ਨੇ ਮੇਰੀ ਸ਼ਿਕਾਇਤ ਅਣਗੌਲਿਆਂ ਕਰਦਿਆਂ ਮੈਨੂੰ ਮਹਿਕਮੇ ਦੀ ਐਪ ਡਾਊਨਲੋਡ ਕਰਨ ਦੀ ਸਲਾਹ ਦਿੱਤੀ, ਪਰ ਮੇਰੇ ਸਵਾਲ ਕਰਨ 'ਤੇ ਕਿ ਮੀਟਰ ਰੀਡਰ ਹੋਰ ਸਾਰੀਆਂ ਦੁਕਾਨਾਂ 'ਤੇ ਜਦੋਂ ਬਿੱਲ ਦੇ ਕੇ ਆਉਂਦਾ ਹੈ ਤਾਂ ਮੇਰੇ ਵਾਰੀ ਉਸ ਨੂੰ ਕੀ ਪ੍ਰੇਸ਼ਾਨੀ ਹੈ ? ਉਨ੍ਹਾਂ ਸੰਬੰਧਤ ਮੀਟਰ ਰੀਡਰ ਨੂੰ ਫੋਨ ਕਰਕੇ ਅੱਗੇ ਤੋਂ ਮੇਰਾ ਬਿੱਲ ਦੇ ਕੇ ਜਾਣ ਦੀ ਤਾਕੀਦ ਕਰਦਿਆਂ ਹਲਕੀ ਜਿਹੀ ਡਾਂਟ ਲਗਾਈ ਅਤੇ ਆਰ ਏ ਤੋਂ ਬਿੱਲ ਦੀ ਕਾਪੀ ਲੈਣ ਲਈ ਭੇਜ ਦਿੱਤਾ ।ਆਰ ਏ ਨੇ ਮੈਨੂੰ ਮੇਰੇ ਬਿਲ ਦੀ ਕਾਪੀ ਦਿੰਦਿਆਂ ਜਾਣਕਾਰੀ ਦਿੱਤੀ ਕਿ ਤੁਹਾਡਾ ਬਿੱਲ ਡੀਕੋਡ ਮਤਲਬ ਕਿ ਖ਼ਰਾਬ ਹੈ।ਮੈਂ ਇਸ ਦਾ ਹੱਲ ਪੁੱਛਿਆ ਤਾਂ ਉਨ੍ਹਾਂ ਨਵਾਂ ਮੀਟਰ (ਸਮਾਰਟ) ਲਵਾਉਣ ਦੀ ਸਲਾਹ ਦਿੱਤੀ ਅਤੇ ਮੈਂ ਸਹਿਮਤੀ ਦੇ ਦਿੱਤੀ ਅਤੇ ਅਗਲੇ ਦਿਨ ਮੇਰਾ ਮੀਟਰ ਬਦਲ ਦਿੱਤਾ ਗਿਆ ।ਬਾਅਦ 'ਚ ਮੇਰੇ ਧਿਆਨ 'ਚ ਆਇਆ ਕਿ ਮੈਨੂੰ ਆਪਣਾ ਮੀਟਰ ਚੈੱਕ ਕਰਨਾ ਚਾਹੀਦਾ ਸੀ, ਕਿਉਂਕਿ ਜਦੋਂ ਤੋਂ ਮੇਰਾ ਮੀਟਰ ਖ਼ਰਾਬ ਵਿਖਾਇਆ ਗਿਆ ਸੀ, ਉਦੋਂ ਤੋਂ ਹੀ ਮੈਨੂੰ ਬਿੱਲ ਨਹੀਂ ਦਿੱਤਾ ਗਿਆ ਸੀ।ਇਸ ਗੱਲ ਤੋਂ ਤਕਰੀਬਨ ਮਹੀਨਾ ਕੁ ਬਾਅਦ ਅਚਾਨਕ ਇਕ ਦਿਨ ਮੇਰੇ ਧਿਆਨ ਆਇਆ ਕਿ ਮੇਰੇ ਘਰ ਦਾ ਬਿੱਲ ਵੀ ਪਿਛਲੇ ਕੁਝ ਸਮੇਂ ਤੋਂ ਨਹੀਂ ਆ ਰਿਹਾ ਸੀ ।ਜ਼ੀਰੋ ਬਿੱਲ ਆਉਣ ਕਾਰਨ ਕਦੇ ਧਿਆਨ ਹੀ ਨਹੀਂ ਦਿੱਤਾ ਸੀ।ਕੁਦਰਤੀ ਕੁਝ ਦਿਨਾਂ ਬਾਅਦ ਮੀਟਰ ਰੀਡਰ ਮੀਟਰ ਚੈੱਕ ਕਰਨ ਆ ਗਿਆ । ਮੈਂ ਉਸ ਤੋਂ ਬਿੱਲ ਨਾ ਦੇ ਕੇ ਜਾਣ ਦਾ ਕਾਰਨ ਪੁੱਛਿਆ ਤਾਂ ਉਸ ਕਿਹਾ,'ਜ਼ੀਰੋ ਬਿੱਲ ਵਾਲਿਆਂ ਨੂੰ ਇਸ ਦੀ ਲੋੜ ਨਹੀਂ ।' ਮੇਰੇ ਮੰਗਣ 'ਤੇ ਉਸ ਨੇ ਤਾਜ਼ਾ ਬਿੱਲ ਕੱਢ ਕੇ ਦੇ ਦਿੱਤਾ ।ਉਹੀ ਹੋਇਆ, ਜੋ ਮੈਂ ਸੋਚ ਰਿਹਾ ਸੀ।ਘਰ ਆ ਕੇ ਬਿੱਲ ਵੇਖਣ 'ਤੇ ਪਤਾ ਲੱਗਿਆ ਕਿ ਇਸ ਬਿੱਲ ਵਿੱਚ ਵੀ ਮੀਟਰ ਦੀ ਸਥਿਤੀ 'ਫਾਲਟੀ' ਦਿਖਾਈ ਹੋਈ ਸੀ ਅਤੇ ਬਿੱਲ ਐਵਰੇਜ ਅਧਾਰ 'ਤੇ ਬਣਿਆ ਹੋਇਆ ਸੀ, ਪਰ ਹੈ ਇਸ ਵਾਰ ਵੀ ਜ਼ੀਰੋ ਬਿੱਲ ਸੀ।ਬਾਹਰ ਜਾ ਕੇ ਮੀਟਰ ਚੈੱਕ ਕੀਤਾ ਤਾਂ ਮੀਟਰ ਸਹੀ ਚੱਲ ਰਿਹਾ ਸੀ।ਮਾਜਰਾ ਸਮਝ ਆ ਗਿਆ ਕਿ ਯੋਜਨਾ ਤਹਿਤ ਇੱਕਾ-ਦੁੱਕਾ ਕਰਕੇ ਚਲਦੇ ਮੀਟਰਾਂ ਨੂੰ ਖ਼ਰਾਬ ਵਿਖਾ ਕੇ ਸਮਾਰਟ ਮੀਟਰ ਲਾਏ ਜਾ ਰਹੇ ਹਨ, ਜੋ ਬਾਅਦ ਵਿੱਚ ਪ੍ਰੀਪੇਡ ਕਰ ਦਿੱਤੇ ਜਾਣਗੇ ।ਮੈਂ ਬਿਜਲੀ ਦਫਤਰ ਜਾ ਕੇ ਐੱਸ ਡੀ ਓ ਨਾਲ ਗੱਲ ਕੀਤੀ ਅਤੇ ਬਿੱਲ ਦਰੁੱਸਤ ਕਰਨ ਲਈ ਬੇਨਤੀ ਕੀਤੀ ਤਾਂ ਕਿ ਮੇਰਾ ਪੁਰਾਣਾ ਮੀਟਰ ਬਚਿਆ ਰਹੇ।ਉਨ੍ਹਾਂ ਮੈਥੋਂ ਅਰਜ਼ੀ ਲਿਖਵਾ ਕੇ ਕੋਲ ਬੈਠੇ ਜੇ ਈ ਨੂੰ ਮੀਟਰ ਚੈਕਿੰਗ ਲਈ ਦੇ ਦਿੱਤੀ ਤੇ ਅੱਗੋਂ ਜੇ ਈ ਨੇ ਆਪਣੀ ਰਿਪੋਰਟ ਪਾ ਕੇ ਪਿੰਡ ਵਿਚਲੇ ਡਿਊਟੀ ਮੁਲਾਜ਼ਮਾਂ ਨੂੰ ਚੈਕਿੰਗ ਪਾਉਣ ਲਈ ਲਿਖ, ਮੈਨੂੰ ਅਰਜ਼ੀ ਦੇ ਕੇ ਸੰਬੰਧਤ ਮੁਲਾਜ਼ਮਾਂ ਕੋਲ ਭੇਜ ਦਿੱਤਾ ਅਤੇ ਉਨ੍ਹਾਂ ਦੋ ਵੱਖ-ਵੱਖ ਦਿਨ ਮੀਟਰ ਦੀ ਚੈਕਿੰਗ ਕਰਕੇ ਅਤੇ ਵੀਡੀਓ ਬਣਾ ਕੇ, 'ਮੀਟਰ ਠੀਕ ਹੈ ਅਤੇ ਸਹੀ ਯੂਨਿਟਾਂ ਕੱਢ ਰਿਹਾ ਹੈ' ਦੀ ਟਿੱਪਣੀ ਸਮੇਤ ਐੱਸ ਡੀ ਓ ਨੂੰ ਦੇਣ ਲਈ ਮੈਨੂੰ ਦੇ ਦਿੱਤੀ।ਮੈਂ ਉਹ ਅਰਜ਼ੀ ਐੱਸ ਡੀ ਓ ਨੂੰ ਦੇ ਦਿੱਤੀ ਅਤੇ ਫੋਟੋ ਕਾਪੀ ਆਪਣੇ ਕੋਲ ਰੱਖ ਲਈ। ਫਿਰ ਉਹੀ ਸਿਲਸਿਲਾ ਸ਼ੁਰੂ, ਜੋ ਅਕਸਰ ਸਰਕਾਰੀ ਦਫਤਰਾਂ ਵਿੱਚ ਹੁੰਦਾ ਹੈ।ਗੇੜੇ 'ਤੇ ਗੇੜਾ ਤਾਰੀਖ 'ਤੇ ਤਾਰੀਖ਼! ਮਾਰਚ ਮਹੀਨੇ ਤੋਂ ਲੈ ਕੇ ਜੁਲਾਈ ਤੱਕ ਜਦੋਂ ਮੇਰਾ ਮਸਲਾ ਹੱਲ ਨਾ ਹੋਇਆ ਤਾਂ ਮੈਂ ਮੁੱਖ ਮੰਤਰੀ ਪੋਰਟਲ 'ਤੇ ਔਨਲਾਇਨ ਸ਼ਿਕਾਇਤ ਪਾ ਦਿੱਤੀ । ਇਸ ਸ਼ਿਕਾਇਤ ਦਾ ਵੀ ਮੈਨੂੰ ਫਾਇਦਾ ਤਾਂ ਕੋਈ ਨਾ ਹੋਇਆ, ਪਰ ਸਜ਼ਾ ਜ਼ਰੂਰ ਮਿਲ ਗਈ। ਪਿਛਲੇ ਸਾਢੇ ਚਾਰ ਸਾਲ ਤੋਂ ਜੋ ਮੇਰਾ ਬਿੱਲ ਜ਼ੀਰੋ ਆ ਰਿਹਾ ਸੀ, ਉਹ ਇਸ ਵਾਰ 8920 ਭੇਜ ਦਿੱਤਾ ਗਿਆ । ਜਦੋਂ ਕਿ ਬਿੱਲ ਐਵਰੇਜ ਅਧਾਰ 'ਤੇ ਆ ਰਿਹਾ ਸੀ।

ਖੈਰ! ਇਸੇ ਦੌਰਾਨ ਮੈਨੂੰ ਆਪਣੀ ਪੋਰਟਲ ਵਾਲੀ ਸ਼ਿਕਾਇਤ ਟਰੈਕ ਕਰਨ 'ਤੇ ਪਤਾ ਚੱਲਿਆ ਕਿ ਉਹ ਸੈਕਟਰੀ ਵਿਧਾਨ ਸਭਾ ਵੱਲੋਂ ਐੱਸ ਈ ਬਠਿੰਡਾ ਰਾਹੀਂ ਐਕਸੀਅਨ ਕੋਲ ਚਾਰ-ਪੰਜ ਦਿਨ ਪਹਿਲਾਂ ਆ ਚੁੱਕੀ ਹੈ, ਪਰ ਮੇਰਾ ਪੱਖ ਸੁਣਨ ਲਈ ਜਾਂ ਮੇਰੀ ਸ਼ਿਕਾਇਤ ਦੇ ਨਿਵਾਰਨ ਲਈ ਮੇਰੇ ਕੋਲ ਕੋਈ ਸੂਚਨਾ ਨਹੀਂ ਆਈ।ਪਤਾ ਕਰਨ ਲਈ ਅਗਲੇ ਦਿਨ ਮੈਂ ਖ਼ੁਦ ਐਕਸੀਅਨ ਦਫਤਰ ਚਲਾ ਗਿਆ। ਮੇਰੀ ਹੈਰਾਨੀ ਦੀ ਕੋਈ ਹੱਦ ਨਾ ਰਹੀ ਜਦੋਂ ਪਤਾ ਲੱਗਿਆ ਕਿ ਐਕਸੀਅਨ ਨੇ ਸ਼ਿਕਾਇਤ ਵਾਲੀ ਮੇਲ ਖੋਲ੍ਹ ਕੇ ਹੀ ਨਹੀਂ ਸੀ ਵੇਖੀ। ਮੇਰੇ ਵੱਲੋਂ ਦੱਸਣ ਅਤੇ ਮੇਲ ਦੀ ਟ੍ਰੈਕਿੰਗ ਵਿਖਾਉਣ 'ਤੇ ਉਨ੍ਹਾਂ ਮੇਲ ਖੋਲ੍ਹ ਕੇ ਦੇਖੀ ਅਤੇ ਫਿਰ ਆਰ. ਏ. ਨਾਲ ਗੱਲ ਕਰਕੇ ਮੈਨੂੰ ਉਨ੍ਹਾ ਕੋਲ ਜਾਣ ਲਈ ਕਿਹਾ।ਮੈਂ ਕਿਹਾ ਕਿ ਆਰ ਏ ਕੋਲ ਤਾਂ ਮੈਂ ਬਹੁਤ ਵਾਰ ਜਾ ਚੁੱਕਾ ਹਾਂ ਤਾਂ ਉਨ੍ਹਾਂ ਕਿਹਾ, 'ਹੁਣ ਮੈਂ ਭੇਜ ਰਿਹਾ ਹਾਂ, ਜਾ ਕੇ ਵੇਖੋ ।' ਮੈਂ ਆਰ ਏ ਕੋਲ ਜਾ ਹਾਜ਼ਰ ਹੋਇਆ । ਆਰ ਏ ਦਾ ਲਹਿਜ਼ਾ ਪਹਿਲਾਂ ਨਾਲੋਂ ਬਦਲਿਆ ਹੋਇਆ ਸੀ, ਪਰ ਜਵਾਬ ਪੁਰਾਣਾ ਸੀ, 'ਉਡੀਕ ਕਰੋ, ਉਪਰੋਂ ਡਾਟਾ ਆ ਜਾਣ ਦਿਓ।' ਖ਼ਪਤਕਾਰਾਂ ਦੀਆਂ ਬੇਨਤੀਆਂ ਅਤੇ ਸ਼ਿਕਾਇਤਾਂ (ਬੇਸ਼ੱਕ ਉਹ ਸੀ ਐੱਮ ਦਫ਼ਤਰ ਰਾਹੀਂ ਕਿਉਂ ਨਾ ਆਈਆਂ ਹੋਣ) ਨੂੰ ਅਫਸਰਸ਼ਾਹੀ ਕਿਵੇਂ ਟਿੱਚ ਜਾਣਦੀ ਹੈ, ਇਸ ਦੀ ਸਪੱਸ਼ਟ ਉਦਾਹਰਣ ਉਸ ਸਮੇਂ ਵੇਖਣ ਨੂੰ ਮਿਲੀ, ਜਦੋਂ ਐੱਸ ਈ ਦਫ਼ਤਰ ਤੋਂ ਆਈ ਦਸ ਦਿਨਾਂ ਦੀ ਮੋਹਲਤ ਵਾਲੀ ਮੇਲ ਦੇ ਬਿਨਾਂ ਨਿਪਟਾਰੇ ਅਤੇ ਬਿਨਾਂ ਕਿਸੇ ਲਿਖਤੀ ਜਵਾਬ ਦੇ, ਕੁਝ ਦਿਨਾਂ ਬਾਅਦ 'ਅਚਾਨਕ' ਮੇਰਾ ਮੀਟਰ ਬਦਲ ਕੇ ਸਮਾਰਟ ਮੀਟਰ ਲਗਾ ਦਿੱਤਾ ਗਿਆ।

ਬੀਤੇ ਦਿਨੀਂ ਬਿਜਲੀ ਮੰਤਰੀ ਨੇ ਪ੍ਰੈੱਸ ਕਾਨਫਰੰਸ ਕਰਕੇ ਜੁਲਾਈ ਮਹੀਨੇ ਆਏ ਬਿਲਾਂ ਨੂੰ ਠੀਕ ਕਰਨ ਦਾ ਵਾਅਦਾ ਕੀਤਾ ਹੈ। ਅਗਰ ਇਹ ਵਾਅਦਾ ਵਫ਼ਾ ਹੋਇਆ ਤਾਂ ਸ਼ਾਇਦ ਮੇਰਾ ਬਿਲ ਵੀ ਜ਼ੀਰੋ ਹੋ ਜਾਵੇ, ਕਿਉਂਕਿ ਮੇਰੀ ਯੂਨਿਟ ਖ਼ਪਤ ਪਿਛਲੇ ਚਾਰ ਸਾਲ ਤੋਂ 'ਕਿਸੇ' ਵੀ ਮਹੀਨੇ 300 ਤੋਂ ਵਧੀ ਨਹੀਂ।ਸੋਚਣ ਵਾਲੀ ਗੱਲ ਇਹ ਹੈ ਕਿ ਜਦੋਂ ਮੈਂ ਆਪਣੀ ਇਸ ਜਾਇਜ਼ ਮੰਗ ਲਈ ਬੇਨਤੀ ਅਤੇ ਫਿਰ ਸ਼ਿਕਾਇਤ ਕੀਤੀ ਸੀ, ਉਸ ਸਮੇਂ ਮੇਰੀ ਗੱਲ ਕਿਉਂ ਨਹੀਂ ਸੁਣੀ ਗਈ ?

# **ਸੰਪਰਕ** : 98156-80980

# ਗਠਜੋੜ ਬਾਦਲ ਦਲ ਦੀ ਮਜਬੂਰੀ, ਭਾਜਪਾ ਲਈ ਜ਼ਰੂਰੀ


ਜਸਬੀਰ ਸਿੰਘ ਪੱਟੀ

ਚੋਣਾਂ ਵਿੱਚ ਗਠਜੋੜ ਤਾਂ ਪਹਿਲਾਂ ਵੀ ਹੁੰਦੇ ਆਏ ਹਨ ਤੇ ਭਵਿੱਖ ਵਿੱਚ ਵੀ ਹੁੰਦੇ ਰਹਿਣਗੇ।ਦੋ ਪਾਰਟੀਆਂ ਜੇਕਰ ਕਿਸੇ ਮਜਬੂਰੀ ਕਾਰਨ ਜਾਂ ਹਾਲਾਤ ਦੀ ਨਜ਼ਾਕਤ ਨੂੰ ਪਛਾਣਦੇ ਹੋਏ ਇੱਕ ਮੰਚ ਉਪਰ ਹਮਸਾਇਆ ਬਣੀਆਂ ਨਜ਼ਰ ਆਉਦੀਆਂ ਹਨ ਤਾਂ ਦੂਜੀ ਵਾਰੀ ਉਹੀ ਪਾਰਟੀਆ ਇੱਕ-ਦੂਜੇ ਦੀਆਂ ਕੱਟੜ ਵਿਰੋਧੀ ਵੀ ਬਣ ਜਾਂਦੀਆਂ ਹਨ।ਭਾਰਤੀ ਜਨਤਾ ਪਾਰਟੀ ਤੇ ਅਕਾਲੀ ਦਲ ਬਾਦਲ ਵਿਚਕਾਰ ਅੱਜ ਅਜਿਹੇ ਹੀ ਹਾਲਾਤ ਦਿਖਾਈ ਦੇ ਰਹੇ ਹਨ।ਸੁਖਬੀਰ ਸਿੰਘ ਬਾਦਲ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਸੰਸਦ ਭਵਨ ਵਿੱਚ ਰਸਮੀ ਮੁਲਾਕਾਤ ਉਸ ਜਗ੍ਹਾ 'ਤੇ ਕੀਤੀ, ਜਿਥੇ ਹੋਰ ਵੀ ਕੋਈ ਵਿਅਕਤੀ ਬੜੇ ਆਰਾਮ ਨਾਲ ਕਰ ਸਕਦਾ ਹੈ।ਇਸ ਨੂੰ ਵਿਸ਼ੇਸ਼ ਮੁਲਾਕਾਤ ਨਹੀਂ ਕਿਹਾ ਜਾ ਸਕਦਾ। ਮੁਲਾਕਾਤ ਵਿੱਚ ਤਾਂ ਸੁਖਬੀਰ ਸਿੰਘ ਬਾਦਲ ਨੂੰ ਇਹ ਨਸੀਹਤ ਕੀਤੀ ਗਈ ਕਿ ਬੀਬਾ ਹਰਸਿਮਰਤ ਕੌਰ ਬਾਦਲ ਦੀ ਵੋਟ ਸੰਸਦ ਵਿੱਚ ਦੋ ਬਿੱਲ ਲਿਆਉਣ ਸਮੇਂ ਭਾਜਪਾ ਦੇ ਹੱਕ ਵਿੱਚ ਭੁਗਤਣੀ ਚਾਹੀਦੀ ਹੈ।

ਕਦੇ ਕਿਸੇ ਪਾਸਿਉ ਉਡਦੀ ਹੋਈ ਖਬਰ ਆਉਂਦੀ ਹੈ ਕਿ ਅਕਾਲੀ-ਭਾਜਪਾ ਗਠਜੋੜ ਨੂੰ ਲੈ ਕੇ ਗੱਲ ਅੱਗੇ ਵੱਧ ਰਹੀ ਹੈ।ਇਸ ਤੋਂ ਪਹਿਲਾਂ ਕਿ ਚਰਚਾ ਅਮਲੀ ਜਾਮਾ ਪਹਿਨੇ, ਭਾਜਪਾ ਦਾ ਕੋਈ ਨਾ ਕੋਈ ਸੀਨੀਅਰ ਲੀਡਰ ਇਸ ਨੂੰ ਨਕਾਰ ਕੇ ਅਕਾਲੀ ਦਲ ਨੂੰ ਠੰਢਾ ਕਰ ਦਿੰਦਾ ਹੈ ।ਅਜਿਹਾ ਇੱਕ-ਦੋ ਵਾਰ ਨਹੀਂ, ਸਗੋਂ ਕਈ ਵਾਰੀ ਹੋਇਆ ਹੈ, ਪਰ ਇਸ ਬਾਵਜੂਦ ਵੀ ਸੱਚਾਈ ਪੁਖਤਾ ਰੂਪ ਵਿੱਚ ਨਹੀਂ, ਬਲਕਿ ਟੁਕੜਿਆ ਦੇ ਰੂਪ ਵਿੱਚ ਸਾਹਮਣੇ ਆ ਰਹੀ ਹੈ।ਆਖਰ ਅਜਿਹਾ ਹੋ ਹੀ ਕਿਓ ਰਿਹਾ ਹੈ ? ਬੀਤੇ ਦਿਨੀਂ ਭਾਜਪਾ ਦੇ ਸਰਵੋ-ਸਰਵਾ ਤੇ ਅਮਿਤ ਸ਼ਾਹ ਤੋਂ ਦੂਸਰੇ ਨੰਬਰ ਦੇ ਆਗੂ ਤੇ ਪਾਰਟੀ ਦੇ ਜਨਰਲ ਸਕੱਤਰ ਬੀ ਐੱਲ ਸੰਤੋਸ਼ ਨੇ ਬਾਦਲ ਦਲ ਦੀਆਂ ਆਸਾਂ 'ਤੇ ਉਸ ਵੇਲੇ ਪਾਣੀ ਫੇਰ ਦਿੱਤਾ, ਜਦੋਂ ਚੰਡੀਗੜ੍ਹ ਵਿੱਚ ਉਹਨਾ ਨੇ ਕਿਹਾ ਕਿ ਭਾਜਪਾ ਪੰਜਾਬ ਵਿਧਾਨ ਸਭਾ ਦੀਆਂ 117 ਸੀਟਾਂ ਤੋਂ ਚੋਣ ਇਕੱਲਿਆਂ ਹੀ ਲੜੇਗੀ।ਇਸ ਤੋਂ ਬਾਅਦ ਬਾਦਲਦਲੀਆਂ ਦੇ ਚਿਹਰੇ ਉਤਰ ਗਏ।

ਭਾਜਪਾ ਦੇ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਅਮਿਤ ਸ਼ਾਹ ਨੇ ਪੰਜਾਬ ਭਾਜਪਾ ਦੇ ਲੀਡਰਾਂ ਨੂੰ ਆਦੇਸ਼ ਜਾਰੀ ਕਰ ਦਿੱਤੇ ਹਨ ਕਿ ਇਸ ਵਾਰੀ ਜੇਕਰ ਅਕਾਲੀ ਦਲ ਨਾਲ ਗਠਜੋੜ ਹੁੰਦਾ ਹੈ ਤਾਂ ਭਾਜਪਾ ਛੋਟੇ ਭਾਈਵਾਲ ਵਜੋਂ ਨਹੀਂ, ਸਗੋਂ ਵੱਡੇ ਭਾਈਵਾਲ ਦੀ ਭੂਮਿਕਾ ਨਿਭਾਏਗੀ ਅਤੇ ਮੁੱਖ ਮੰਤਰੀ ਦੇ ਉਮੀਦਵਾਰ ਦਾ ਫੈਸਲਾ ਵੀ ਚੋਣਾਂ ਤੋਂ ਬਾਅਦ ਵਿੱਚ ਹੀ ਹੋਵੇਗਾ।ਭਾਜਪਾ ਨੇ ਆਪਣਾ ਫਾਰਮੂਲਾ ਦਿੰਦਿਆਂ ਦੱਸਿਆ ਕਿ ਇਸ ਵਾਰੀ ਭਾਜਪਾ 57 ਸੀਟਾਂ 'ਤੇ ਟੱਕਰ ਦੇਣ ਦੀ ਸਮੱਰਥਾ ਰੱਖਦੀ ਹੈ।ਸੀਟਾਂ ਦੇ ਅਲਜ਼ੈਬਰੇ ਦੀ ਗੱਲ ਕਰਦਿਆਂ ਭਾਜਪਾ ਆਗੂਆਂ ਦਾ ਮੰਨਣਾ ਹੈ ਕਿ ਭਾਜਪਾ 2022 ਦੀਆਂ ਚੋਣਾਂ ਵਿੱਚ 45 ਹਲਕਿਆ ਵਿੱਚ ਅਕਾਲੀ ਦਲ ਤੋਂ ਅੱਗੇ ਰਹੀ।ਲੋਕ ਸਭਾ ਦੀਆਂ ਚੋਣਾਂ 2024 ਵਿੱਚ ਹੋਈਆਂ ਤਾਂ ਉਸ ਸਮੇਂ ਭਾਜਪਾ ਨੇ 45 ਸੀਟਾਂ 'ਤੇ ਚੰਗੀ ਕਾਰਗੁਜ਼ਾਰੀ ਦਿਖਾਈ।23 ਵਿਧਾਨ ਸਭਾ ਹਲਕਿਆ ਭਾਜਪਾ ਪਹਿਲੇ ਸਥਾਨ 'ਤੇ ਰਹੀ, ਜਦ ਕਿ 6 ਵਿਧਾਨ ਸਭਾ ਹਲਕਿਆ 'ਤੇ ਦੂਜੇ ਅਤੇ 16 ਹਲਕਿਆ 'ਤੇ ਤੀਜੇ ਸਥਾਨ ਰਹੀ।ਦੂਸਰੇ ਪਾਸੇ ਬਾਦਲ ਦਲ 9 ਹਲਕਿਆ ਵਿੱਚ ਪਹਿਲੇ ਸਥਾਨ 'ਤੇ, 5 ਹਲਕਿਆ 'ਤੇ ਦੂਜੇ ਅਤੇ 5 ਹਲਕਿਆ ਵਿੱਚ ਤੀਜੇ ਸਥਾਨ 'ਤੇ ਰਿਹਾ।ਭਾਜਪਾ ਦੇ ਮੁਲਾਂਕਣ ਅਨੁਸਾਰ ਜੇਕਰ ਦੋਵੇਂ ਪਾਰਟੀਆਂ ਇਕੱਠੀਆਂ ਚੋਣ ਲੜਦੀਆਂ ਤਾਂ ਇਹ ਗਠਜੋੜ 25 ਹੋਰ ਸੀਟਾਂ 'ਤੇ ਅੱਗੇ ਹੁੰਦਾ ।ਕੁਲ 57 ਸੀਟਾਂ 'ਤੇ ਗਠਜੋੜ ਦੀ ਸਥਿਤੀ ਮਜ਼ਬੂਤ ਹੁੰਦੀ।ਇਸ ਤਰ੍ਹਾਂ ਬਹੁਮਤ ਤੋਂ ਸਿਰਫ 2 ਸੀਟਾਂ ਦਾ ਫਰਕ ਹੀ ਬਾਕੀ ਰਹਿ ਜਾਂਦਾ ਹੈ।

ਇਸ ਤੋਂ ਪਹਿਲਾਂ ਭਾਜਪਾ 23 ਸੀਟਾਂ 'ਤੇ ਹੀ ਚੋਣ ਲੜਦੀ ਸੀ ਅਤੇ ਮੁੱਖ ਮੰਤਰੀ ਦਾ ਅਹੁਦਾ ਤਾਂ ਦੂਰ ਦੀ ਕੌਡੀ ਸੀ, ਭਾਜਪਾ ਨੂੰ ਡਿਪਟੀ ਮੁੱਖ ਮੰਤਰੀ ਦਾ ਅਹੁਦਾ ਵੀ ਕਦੇ ਨਸੀਬ ਨਹੀਂ ਹੋਇਆ ਸੀ।ਪਿਛਲੇ ਦਿਨੀ ਭਾਜਪਾ ਆਗੂ ਮਨੋਰੰਜਨ ਕਾਲੀਆ ਨੇ ਇਹ ਗਿਲਾ ਕੀਤਾ ਸੀ ਕਿ ਬਾਦਲ ਸਾਹਿਬ ਨੇ ਘਰ ਦੀ ਗੱਡੀ ਤੇ ਗੰਡਾ ਸਿਹੁੰ ਗਾਰਡ ਦੀ ਪਰੰਪਰਾ ਨੂੰ ਦੁਹਰਾਉਂਦਿਆਂ ਆਪਣੇ ਹੀ ਫਰਜ਼ੰਦ ਸੁਖਬੀਰ ਸਿੰਘ ਬਾਦਲ ਨੂੰ ਡਿਪਟੀ ਮੁੱਖ ਮੰਤਰੀ ਬਣਾ ਲਿਆ, ਜੋ ਸੁਪਰ ਮੁੱਖ ਮੰਤਰੀ ਵਜੋਂ ਵਿਚਰਦਾ ਰਿਹਾ।ਇਸੇ ਕਰਕੇ ਹੀ ਭਾਜਪਾ ਹੁਣ ਅਕਾਲੀ ਦਲ ਨੂੰ ਉਸ ਦੀ ਹੈਸੀਅਤ ਦਾ ਬਾਰ-ਬਾਰ ਅਹਿਸਾਸ ਕਰਵਾ ਰਹੀ ਹੈ।

ਜਿਹੜਾ ਅਕਾਲੀ ਦਲ ਬਾਦਲ ਕਿਸੇ ਵੇਲੇ ਵੱਡੇ ਹੋਣ ਦੀ ਭੂਮਿਕਾ ਨਿਭਾਉਦਾ ਸੀ। ਕੀ ਅੱਜ ਉਹ ਏਨਾ ਕਮਜ਼ੋਰ ਹੋ ਗਿਆ ਹੈ ਕਿ ਭਾਜਪਾ ਉਸ ਨੂੰ ਛੋਟਾ ਵੀ ਮੰਨਣ ਲਈ ਤਿਆਰ ਨਹੀਂ ? ਅਕਾਲੀ ਦਲ ਬਾਦਲ ਨੂੰ ਹਰ ਰੋਜ਼ ਝਟਕੇ 'ਤੇ ਝਟਕਾ ਲੱਗ ਰਿਹਾ ਹੈ ਤੇ ਵੱਡੇ ਕੱਦ ਬੁੱਤ ਵਾਲੇ ਲੀਡਰ ਪਾਰਟੀ ਛੱਡ ਰਹੇ ਹਨ।ਬਾਦਲ ਦਲ ਦੇ ਬਾਬਾ ਬੋਹੜ ਪ੍ਰਕਾਸ਼ ਸਿੰਘ ਬਾਦਲ ਦੇ ਅੱਖਾਂ ਮੀਟ ਜਾਣ ਤੋਂ ਬਾਅਦ ਬਾਦਲ ਦਲ ਦੀ ਬਗਾਵਤ ਵਿੱਚੋਂ ਦੋ ਦਲ ਨਿਕਲੇ, ਜਿਹਨਾਂ ਵਿੱਚ ਪੁਨਰ ਸੁਰਜੀਤ ਅਕਾਲੀ ਦਲ ਤੇ ਵਾਰਸ ਪੰਜਾਬ ਦੇ ਹਨ ਅਤੇ ਪਾਰਟੀ ਦੇ ਵੱਡੇ ਆਗੂ ਇਹਨਾਂ ਵਿੱਚ ਜਾ ਚੁੱਕੇ ਹਨ, ਜਿਸ ਨਾਲ ਬਾਦਲ ਦਲ ਨੂੰ ਕਾਫੀ ਧੱਕਾ ਹੀ ਨਹੀਂ ਲੱਗਾ, ਸਗੋਂ ਦਲ ਵਿੱਚ ਲੀਡਰਸ਼ਿਪ ਦਾ ਖਲਾਅ ਵੀ ਪੈਦਾ ਹੋ ਗਿਆ ਹੈ।

2022 ਵਿੱਚ ਜਦੋਂ ਬਾਦਲ ਦਲ ਬੁਰੀ ਤਰ੍ਹਾਂ ਹਾਰ ਗਿਆ ਤੇ ਪਾਰਟੀ ਟਾਂਗੇ ਦੀਆਂ ਸਵਾਰੀਆਂ ਜਿੰਨੇ ਵੀ ਆਪਣੇ ਉਮੀਦਾਵਰ ਨਹੀ ਜਿਤਾ ਸਕੀ, ਸਗੋਂ ਬਾਦਲ ਦਲ ਦੇ ਉਮੀਦਾਵਰ ਫਿਟਫਿਟੀਆਂ ਦੀ ਸਵਾਰੀ ਹੀ ਬਣ ਕੇ ਹੀ ਰਹਿ ਗਏ। ਅਕਾਲੀ ਦਲ ਦੀ ਰਵਾਇਤ ਰਹੀ ਹੈ ਕਿ ਜਦੋਂ ਵੀ ਪਾਰਟੀ ਹਾਰਦੀ ਰਹੀ ਹੈ ਤਾਂ ਹਮੇਸ਼ਾ ਪ੍ਰਧਾਨ ਆਪਣਾ ਅਸਤੀਫਾ ਪੇਸ਼ ਕਰਦਾ ਹੈ ਤੇ ਕਾਰਜਕਰਨੀ ਕਮੇਟੀ ਅਸਤੀਫੇ 'ਤੇ ਫੈਸਲਾ ਲੈਂਦੀ ਹੈ। ਸੁਖਬੀਰ ਸਿੰਘ ਬਾਦਲ ਤੋਂ ਪ੍ਰਧਾਨਗੀ ਪਦ ਤੋਂ ਜਦੋਂ ਅਸਤੀਫਾ ਮੰਗਿਆ ਗਿਆ ਤਾਂ ਸੁਖਬੀਰ ਬਾਦਲ ਏਨੇ ਮਾਯੂਸ ਹੋ ਗਏ ਸਨ ਕਿ ਉਹਨਾ ਨੇ ਫੈਸਲਾ ਕਰ ਲਿਆ ਕਿ ਉਹ ਅਸਤੀਫਾ ਦੇ ਕੇ ਹਾਲ ਦੀ ਘੜੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਪ੍ਰਧਾਨ ਬਣਾ ਦੇਣਗੇ।ਇਸ ਬਾਰੇ ਜਦੋਂ ਬਾਬਾ ਬੋਹੜ ਪ੍ਰਕਾਸ਼ ਸਿੰਘ ਬਾਦਲ ਦੀ ਰਾਇ ਲਈ ਗਈ ਤਾਂ ਉਹਨਾ ਆਪਣੇ ਫਰਜ਼ੰਦ ਸੁਖਬੀਰ ਸਿੰਘ ਬਾਦਲ ਨੂੰ ਨਸੀਹਤ ਕਰ ਦਿੱਤੀ ਕਿ ਅਸਤੀਫਾ ਭੁੱਲ ਕੇ ਵੀ ਨਾ ਕਿਤੇ ਦੇ ਦੇਵੀਂ, ਉਸ ਤੋਂ ਬਾਅਦ ਤੈਨੂੰ ਇਹਨਾਂ ਲਾਗੇ ਨਹੀ ਲੱਗਣ ਦੇਣਾ। ਬੱਸ ਫਿਰ ਕੀ ਸੀ ਸੁਖਬੀਰ ਸਿੰਘ ਬਾਦਲ ਲਸੂੜੇ ਦੀ ਗਿਟਕ ਵਾਂਗ ਪ੍ਰਧਾਨਗੀ ਨੂੰ ਚੰਬੜ ਗਏ।ਸਾਹ ਵਿੱਚ ਸਾਹ ਲੈਂਦੀ ਭਾਜਪਾ ਵੀ ਤਿਲਾਂਜਲੀ ਦੇ ਕੇ ਚਲਦੀ ਬਣੀ।

ਅੰਮ੍ਰਿਤਪਾਲ ਸਿੰਘ ਦਾ ਅਕਾਲੀ ਦਲ ਵਾਰਸ ਪੰਜਾਬ ਦੇ ਤੇ ਗਿਆਨੀ ਹਰਪ੍ਰੀਤ ਸਿੰਘ ਦਾ ਅਕਾਲੀ ਦਲ ਪੁਨਰ ਸੁਰਜੀਤ ਵੀ ਪੰਥਕ ਪਾਰਟੀਆਂ ਹਨ।ਸਵਾਲ ਇਹ ਪੈਦਾ ਹੁੰਦਾ ਹੈ ਕਿ ਧੜਿਆਂ ਵਿੱਚ ਵੰਡਿਆ ਅਕਾਲੀ ਦਲ ਕੀ ਦਿੱਲੀ ਤੋਂ ਆਉਣ ਵਾਲੀ ਚੋਣਾਂ ਦੀ ਹਨੇਰੀ ਦਾ ਸਾਹਮਣਾ ਕਰ ਸਕੇਗਾ ? ਇਸ ਦਾ ਜਵਾਬ ਤਾਂ ਹਰ ਵਿਅਕਤੀ ਜਾਣਦਾ ਹੈ ਕਿ ਜਿੰਨਾ ਚਿਰ ਤੱਕ ਅਕਾਲੀ ਦਲ ਇਕੱਠਾ ਨਹੀਂ ਹੁੰਦਾ, ਉਸ ਵੇਲੇ ਤੱਕ ਇਹ ਸੰਭਵ ਨਹੀਂ।ਭਾਜਪਾ ਆਗੂਆਂ ਵੱਲੋਂ ਹਰ ਰੋਜ਼ ਬੜਕਾਂ ਮਾਰੀਆਂ ਜਾ ਰਹੀਆ ਹਨ ਕਿ ਉਹ ਆਸਾਮ ਤੇ ਬੰਗਾਲ ਵਾਂਗ ਪੰਜਾਬ ਦਾ ਕਿਲ੍ਹਾ ਵੀ ਫਤਹਿ ਕਰਨ ਲਈ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ, ਭਾਵੇਂ ਕਿ ਭਾਜਪਾ ਦੇ ਚਾਣਕਿਆ ਮੰਨੇ ਜਾਂਦੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਕਹਿ ਚੁੱਕੇ ਹਨ ਕਿ ਪੰਜਾਬ ਦੀ ਸਿਆਸਤ ਤਾਂ ਜਲੇਬੀ ਵਾਂਗ ਸਿੱਧੀ ਹੈ ਤੇ ਇਸ ਬਾਰੇ ਤਾਂ ਸ੍ਰਿਸ਼ਟੀ ਸਿਰਜਣ ਵਾਲਾ ਬ੍ਰਹਮਾ ਵੀ ਕੁਝ ਨਹੀ ਦੱਸ ਸਕਦਾ, ਉਹ ਤਾਂ ਇੱਕ ਸਧਾਰਨ ਵਿਅਕਤੀ ਹਨ।ਭਾਜਪਾ ਆਗੂਆਂ ਨੇ ਜਿਸ ਤਰੀਕੇ ਨਾਲ ਪੰਜਾਬ ਵਿੱਚ ਆਪਣੀਆਂ ਗਤੀਵਿਧੀਆਂ ਨੂੰ ਫੋਕਸ ਕੀਤਾ ਹੈ, ਇਸ ਦਾ ਮਕਸਦ ਪੰਜਾਬ ਵਿੱਚ ਡਬਲ ਇੰਜਣ ਦੀ ਸਰਕਾਰ ਬਣਾਉਣਾ ਹੈ।

ਅਕਾਲੀ ਦਲ ਵਾਰਸ ਪੰਜਾਬ ਦੇ ਜਿਸ ਤਰੀਕੇ ਨਾਲ ਵਧ-ਫੁੱਲ ਰਿਹਾ ਹੈ, ਉਸ ਤੋਂ ਬਾਦਲ ਦਲ ਘਬਰਾਇਆ ਜ਼ਰੂਰ ਹੈ ਤੇ ਸੁਖਬੀਰ ਸਿੰਘ ਬਾਦਲ ਨੇ ਮਹਾਰਾਸ਼ਟਰ ਵਿੱਚ ਹੋਏ ਹਮਲੇ ਤੋਂ ਬਾਅਦ ਮਲੋਟ ਵਿਖੇ ਪਹਿਲੀ ਰੈਲੀ ਨੂੰ ਸੰਬੋਧਨ ਕਰਦਿਆ ਜਿਥੇ ਆਮ ਆਦਮੀ ਪਾਰਟੀ ਤੇ ਕਾਂਗਰਸ 'ਤੇ ਸ਼ਬਦੀ ਹਮਲੇ ਕੀਤੇ, ਉਥੇ ਹੀ ਭਾਜਪਾ ਦੇ ਖਿਲਾਫ ਇੱਕ ਸ਼ਬਦ ਵੀ ਪ੍ਰਗਟ ਨਹੀਂ ਕੀਤਾ।ਅਕਾਲੀ ਦਲ ਵਾਰਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਚੋਲਾਧਾਰੀ ਕਾਂਗਰਸ ਦਾ ਏਜੰਟ ਦੱਸਿਆ।

ਸੁਖਬੀਰ ਸਿੰਘ ਬਾਦਲ ਜੇਕਰ ਭਾਜਪਾ ਨਾਲ ਅੱਧੋ-ਅੱਧ ਸੀਟਾਂ ਦਾ ਸਮਝੌਤਾ ਕਰਦੇ ਹਨ ਤਾਂ ਫਿਰ ਇਹ ਹੀ ਸਮਝ ਲਿਆ ਜਾਵੇਗਾ ਕਿ ਬਾਦਲ ਦਲ ਆਤਮ ਹੱਤਿਆ ਕਰਨ ਜਾ ਰਿਹਾ ਹੈ।ਇਤਿਹਾਸ ਗਵਾਹ ਹੈ ਅਕਾਲੀ ਦਲ 'ਤੇ ਕਈ ਵਾਰੀ ਤੱਤੀਆਂ ਤੇ ਠੰਢੀਆਂ ਹਵਾਵਾਂ ਆਈਆਂ ।ਕਈ ਵਾਰੀ ਚੋਣਾਂ ਵਿੱਚ ਨਤੀਜਾ ਜ਼ੀਰੋ ਵੀ ਆਇਆ ਹੈ, ਪਰ ਅਕਾਲੀ ਦਲ ਫਿਰ ਜ਼ਰੂਰ ਉਠਿਆ ਹੈ।ਅਕਾਲੀ ਦਲ ਜਦੋਂ ਵੀ ਖੇਰੂੰ-ਖੇਰੂੰ ਹੋਇਆ ਹੈ ਤਾਂ ਅਕਾਲ ਤਖਤ ਰਾਹੀਂ ਪੰਥਕ ਏਕਤਾ ਹੋਈ ਹੈ, ਇਸ ਵਾਰੀ ਵੀ ਅਕਾਲ ਤਖਤ ਦਾ ਜਥੇਦਾਰ ਜੇਕਰ ਅਕਾਲ ਤਖਤ ਦੀ ਮਰਿਆਦਾ ਤੇ ਸਿਧਾਂਤ ਦਾ ਪਹਿਰੇਦਾਰ ਹੁੰਦਾ ਤਾਂ ਏਕਤਾ ਜ਼ਰੂਰ ਹੋ ਸਕਦੀ, ਪਰ ਹਾਲੇ ਅਕਾਲੀ ਲੀਡਰਾਂ ਵਿੱਚ ਹਉਮੈ ਭਾਰੂ ਹੈ।

ਭਾਜਪਾ ਨੇ ਪਹਿਲੀ ਵਾਰੀ ਬਾਬਾ ਬਕਾਲਾ ਵਿਖੇ ਰੱਖੜ ਪੁੰਨਿਆ ਦੇ ਮੇਲੇ 'ਤੇ ਬਾਕੀਆਂ ਦੇ ਬਰਾਬਰ ਦੀ ਸਟੇਜ ਲਗਾ ਕੇ ਇਸ ਦਰਸਾ ਦਿੱਤਾ ਹੈ ਕਿ ਭਾਜਪਾ ਪੰਜਾਬ ਵਿੱਚ ਸਰਕਾਰ ਬਣਾਉਣ ਦੀ ਸਮੱਰਥਾ ਰੱਖਦੀ ਹੈ।ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਸੰਗਤਾਂ ਨੂੰ ਸੰਬੋਧਨ ਕਰਦਿਆ ਇਹ ਵੀ ਸੰਦੇਸ਼ ਦੇ ਦਿੱਤਾ ਹੈ ਕਿ ਭਾਜਪਾ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਟੇਜਾਂ ਜ਼ਰੂਰ ਲਗਾਏਗੀ, ਕਿਉਕਿ ਪੰਜਾਬ ਦੇ ਲੋਕ ਪੰਜਾਬ ਵਿੱਚ ਡਬਲ ਇੰਜਣ ਦੀ ਸਰਕਾਰ ਵੇਖਣਾ ਚਾਹੁੰਦੇ ਹਨ।

ਸੁਖਬੀਰ ਸਿੰਘ ਬਾਦਲ ਨੂੰ ਚਾਹੀਦਾ ਹੈ ਕਿ ਉਹ ਅਣਸਿਧਾਂਤਕ ਭਾਜਪਾ ਨਾਲ ਸਮਝੌਤਾ ਕਰਕੇ ਸਿਆਸੀ ਤੌਰ 'ਤੇ ਆਤਮ ਹੱਤਿਆ ਨਾ ਕਰੇ 'ਤੇ ਸਗੋਂ ਇਕੱਲਿਆਂ ਚੋਣ ਲੜ ਕੇ ਆਪਣੀ ਤਾਕਤ ਦਾ ਮੁਜ਼ਾਹਰਾ ਕਰੇ।ਜੇਕਰ ਬਾਦਲ ਦਲ ਇਕੱਲਿਆਂ ਚੋਣ ਲੜ ਕੇ ਹਾਰ ਵੀ ਜਾਂਦਾ ਹੈ ਤਾਂ ਇੱਕ ਫਰਜ਼ੀ ਮੰਨੇ ਜਾਂਦੇ ਪੰਛੀ ਉਕਾਬ (ਫੀਨਿਕਸ) ਵਾਂਗ ਸ਼ਹੀਦ ਹੋ ਕੇ ਰਾਖ ਵਿੱਚੋਂ ਨਵੇਂ ਸਰੂਪ ਵਿੱਚ ਪੈਦਾ ਹੋ ਕੇ ਆਪਣੀ ਹੋਂਦ ਦਾ ਪ੍ਰਗਟਾਵਾ ਜ਼ਰੂਰ ਕਰੇਗਾ।

# **ਸੰਪਰਕ** : 93560-24684

# ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੋਗਾ 'ਚ ਸੂਬਾ ਪੱਧਰੀ ਮੀਟਿੰਗ

**ਪੰਜਾਬ ਸਰਕਾਰ ਡੀ ਏ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰੇ ਤੇ 2.59 ਦਾ ਫੈਕਟਰ ਲਾਗੂ ਕਰੇ : ਭਜਨ ਸਿੰਘ ਗਿੱਲ**



**ਮੋਗਾ (ਇਕਬਾਲ ਸਿੰਘ ਖਹਿਰਾ)** ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ (ਰਜਿ.) ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ।ਜਨਰਲ ਸਕੱਤਰ ਸੁਰਿੰਦਰ ਰਾਮ ਕੁੱਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਜਨ ਸਿੰਘ ਗਿੱਲ ਸਮੇਤ ਵੱਖ ਵੱਖ ਬੁਲਾਰਿਆਂ ਨੇ ਹਾਈ ਕੋਰਟ ਦੇ ਫੈਸਲੇ ਮੁਤਾਬਕ ਮਹਿੰਗਾਈ ਭੱਤੇ ਦੀਆਂ ਰਹਿੰਦੀਆਂ 6 ਕਿਸ਼ਤਾਂ ਜਾਰੀ ਕਰੇ ਪੰਜਾਬ ਸਰਕਾਰ ਤੇ 2.59 ਦਾ ਗੁਣਾਂਕ, ਜੋ ਛੇਵੇਂ ਪੇ ਕਮਿਸ਼ਨ ਦੀ ਸਿਫਾਰਸ਼ ਹੈ, ਨੂੰ ਲਾਗੂ ਕਰੇ ਤੇ ਛੇਵੇਂ ਪੇ ਕਮਿਸ਼ਨ ਦਾ ਰਹਿੰਦਾ ਬਕਾਇਆ ਯਕਮੁਸ਼ਤ ਜਾਰੀ ਕੀਤਾ ਜਾਵੇ।ਬੁਲਾਰਿਆਂ ਹਰਜੀਤ ਸਿੰਘ, ਜੈ ਦੇਵ ਸ਼ਰਮਾ, ਹਰਦੇਵ ਸਿੰਘ ਜਵੰਧਾ, ਬੂਟਾ ਸਿੰਘ ਫਿਰੋਜ਼ਪੁਰ, ਸ਼ੇਰਾ ਰਾਮ, ਕੁਲਵੰਤ ਸਿੰਘ, ਰਣਜੀਤ ਸਿੰਘ ਨੇ ਪਿਛਲੇ ਸਮੇਂ 29 ਜੁਲਾਈ ਤੇ 7 ਅਗਸਤ ਦੀ ਚੰਡੀਗੜ੍ਹ ਦੀ ਮਹਾਂਰੈਲੀ ਨੂੰ ਇਤਿਹਾਸਕ ਦੱਸਦਿਆਂ ਕਿਹਾ ਕਿ ਸਰਕਾਰ ਨੂੰ ਕੰਧ ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਜੇਕਰ ਇਹ ਲੋਕ ਹੜ੍ਹ ਚੋਣਾਂ ਵਿੱਚ ਆਪਣਾ ਲੋਕ ਬੰਨ੍ਹ ਕੇ ਆਮ ਆਦਮੀ ਪਾਰਟੀ ਦੇ ਖ਼ਿਲਾਫ਼ ਭੁਗਤ ਗਿਆ ਤਾਂ ਸਭ ਕੁਝ ਰੁੜ੍ਹ ਕੇ ਲੈ ਜਾਵੇਗਾ ਤੇ ਚਰਨਜੀਤ ਸਿੰਘ ਚੰਨੀ ਦੀ ਸਰਕਾਰ ਵਾਂਗ ਮੁੜ ਸੱਤਾ ਤੱਕ ਨਹੀਂ ਪਹੁੰਚ ਸਕੇਗੀ।

ਜ਼ਿਲ੍ਹਾ ਮੋਗਾ ਦੇ ਪ੍ਰੈੱਸ ਸਕੱਤਰ ਗਿਆਨ ਸਿੰਘ ਸਾਬਕਾ ਡੀ. ਪੀ. ਆਰ. ਓ. ਨੇ ਦੱਸਿਆ ਕਿ ਬੁਲਾਰਿਆਂ ਬਹਾਦਰ ਸਿੰਘ, ਕ੍ਰਿਸ਼ਨ ਨਾਲ, ਦਰਸ਼ਨ ਸਿੰਘ ਉਟਾਲ, ਸੁਖਮੰਦਰ ਸਿੰਘ, ਹਰਚੰਦ ਸਿੰਘ ਪੰਜੋਲੀ, ਹਰਦੇਵ ਸਿੰਘ ਜਵੰਧਾ ਨੇ ਪਿਛਲੇ ਸਮੇਂ ਚੱਲੇ ਸੰਘਰਸ਼ਾਂ ਬਾਰੇ ਤਸੱਲੀ ਪ੍ਰਗਟ ਕਰਦਿਆਂ ਮੰਗਾਂ ਮਸਲੇ ਮਨਵਾਉਣ ਲਈ, ਲੋਕ ਏਕਤਾ ਨਾਲ ਸੰਘਰਸ਼ਾਂ ਨੂੰ ਇੱਕੋ ਇੱਕ ਹੱਲ ਕਰਾਰ ਦਿੱਤਾ।ਨਰਿੰਦਰ ਪਾਲ ਭਗਤਾ, ਸੂਬਾ ਸਿੰਘ ਕਪੂਰਥਲਾ, ਨਰਿੰਦਰ ਸਿੰਘ ਗੋਲੀ ਤੇ ਲਾਲ ਸਿੰਘ ਨੇ ਵਿੱਲੋਂ ਨੇ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਕਰ ਮੁਕਤ ਵਪਾਰ ਸਮਝੌਤੇ ਨੂੰ ਦੇਸ਼ ਦੇ ਲੋਕਾਂ ਨਾਲ ਗਦਾਰੀ ਕਰਾਰ ਦਿੱਤਾ ਤੇ ਕਿਸਾਨਾਂ ਵੱਲੋਂ ਵੱਧ ਵੱਧ ਥਾਵਾਂ 'ਤੇ ਡੀ.ਸੀ. ਦਫ਼ਤਰਾਂ ਜਾਂ ਚੰਡੀਗੜ੍ਹ ਲਗਾਏ ਜਾ ਰਹੇ ਧਰਨਿਆਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ।ਇਸ ਮੀਟਿੰਗ ਵਿੱਚ ਪ੍ਰੇਮ ਕੁਮਾਰ, ਨੈਬ ਸਿੰਘ, ਸਮਸ਼ੇਰ ਸਿੰਘ, ਇੰਦਰਜੀਤ ਸਿੰਘ, ਸਰਬਜੀਤ ਦੌਧਰ, ਬਿੱਕਰ ਸਿੰਘ ਮਾਛੀਕੇ, ਸੁਰਿੰਦਰ ਪਾਲ ਸਿੰਘ ਵਿਤ ਸਕੱਤਰ ਬਾਦਲ ਪੁਰਾਣਾ, ਇੰਦਰਜੀਤ ਸਿੰਘ ਖੀਵਾ, ਸ਼ੁਭਾਸ਼ ਚੰਦਰ, ਗੁਰਜੀਤ ਸਿੰਘ ਭਗਤਾ, ਸੁਰਿੰਦਰ ਕੁਮਾਰ ਜੋਸਨ, ਸੁਰਿੰਦਰ ਪਾਲ ਸਿੰਘ ਗੁਰੂ ਹਰਸਹਾਏ, ਓਮਾਂ ਕਾਂਤ ਜੋਸ਼ੀ, ਜਸਵਿੰਦਰ ਸਿੰਘ ਆਹਲੂਵਾਲੀਆ, ਪ੍ਰੀਤਮ ਸਿੰਘ ਨਾਗਰਾ ਸਮੇਤ ਵੱਖ ਵੱਖ ਸੂਬਾ ਕਮੇਟੀ ਮੈਂਬਰ ਹਾਜ਼ਰ ਹੋਏ।

# ਬੀ ਕੇ ਯੂ ਏਕਤਾ ਸਿੱਧੂਪੁਰ ਵੱਲੋਂ 'ਜੇਲ੍ਹ ਭਰੋ ਅੰਦੋਲਨ' ਜਾਰੀ

- ਸ਼ਹੀਦ ਸ਼ੁਭਕਰਨ ਸਿੰਘ ਦੀ ਯਾਦਗਾਰ 'ਤੇ ਫੁੱਲ ਭੇਟ ਕਰ 38 ਹੋਰ ਕਿਸਾਨਾਂ ਨੇ ਦਿੱਤੀ ਗ੍ਰਿਫ਼ਤਾਰੀ
- ਜੇਲ੍ਹ 'ਚ ਖ਼ਰਾਬ ਖਾਣੇ ਤੇ ਗੰਦੇ ਪਾਣੀ ਖ਼ਿਲਾਫ਼ ਭੁੱਖ ਹੜਤਾਲ ਦੂਜੇ ਦਿਨ ਵੀ ਜਾਰੀ



**ਫ਼ਰੀਦਕੋਟ/ਬਠਿੰਡਾ (ਐਲਿਗਜ਼ੈਂਡਰ ਡਿਸੂਜ਼ਾ)** ਲੈਂਡ ਮੋਰਗੇਜ ਬੈਂਕਾਂ ਤੋਂ ਕਿਸਾਨਾਂ ਦੇ ਖ਼ਾਲੀ ਚੈੱਕ ਵਾਪਸ ਕਰਵਾਉਣ, ਕਮਰਸ਼ੀਅਲ ਬੈਂਕਾਂ ਦੀ ਤਰਜ਼ 'ਤੇ 'ਵਨ ਟਾਈਮ ਸੈਟਲਮੈਂਟ' ਸਕੀਮ ਲਾਗੂ ਕਰਨ ਤੇ ਸ਼ੰਭੂ-ਖਨੌਰੀ ਮੋਰਚਿਆਂ ਤੋਂ ਚੋਰੀ ਹੋਏ ਸਾਮਾਨ ਦੇ ਨੁਕਸਾਨ ਦੀ ਭਰਪਾਈ ਦੀ ਮੰਗ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ (ਏਕਤਾ ਸਿੱਧੂਪੁਰ) ਵੱਲੋਂ ਸ਼ੁਰੂ ਕੀਤਾ ਗਿਆ 'ਜੇਲ੍ਹ ਭਰੋ ਅੰਦੋਲਨ' ਲਗਾਤਾਰ ਜਾਰੀ ਹੈ।ਐੱਸ ਕੇ ਐੱਮ (ਗੈਰ-ਰਾਜਨੀਤਕ) ਦੇ ਕਨਵੀਨਰ ਤੇ ਬੀ.ਕੇ.ਯੂ. ਏਕਤਾ ਸਿੱਧੂਪੁਰ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੀ ਅਗਵਾਈ ਹੇਠ ਚੱਲ ਰਹੇ ਇਸ ਅੰਦੋਲਨ ਤਹਿਤ ਅੱਜ 38 ਹੋਰ ਕਿਸਾਨਾਂ ਨੇ ਕਿਸਾਨੀ ਦੇ ਸ਼ਹੀਦ ਸ਼ੁਭਕਰਨ ਸਿੰਘ ਬੱਲੋ ਦੀ ਯਾਦਗਾਰ 'ਤੇ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਆਪਣੀਆਂ ਗ੍ਰਿਫ਼ਤਾਰੀਆਂ ਦਿੱਤੀਆਂ।

ਜੇਲ੍ਹ ਭਰੋ ਅੰਦੋਲਨ ਦੌਰਾਨ ਗ੍ਰਿਫ਼ਤਾਰ ਹੋਏ ਕਿਸਾਨਾਂ ਨਾਲ ਜੇਲ੍ਹ ਪ੍ਰਸ਼ਾਸਨ ਦੇ ਮਾੜੇ ਵਤੀਰੇ, ਪੀਣ ਲਈ ਗੰਦੇ ਪਾਣੀ, ਖ਼ਰਾਬ ਖਾਣੇ ਦੇ ਵਿਰੋਧ 'ਚ ਅਤੇ ਜੇਲ੍ਹ ਮੈਨੂਅਲ ਦੀਆਂ ਸਹੂਲਤਾਂ ਦੀ ਮੰਗ ਨੂੰ ਲੈ ਕੇ ਕਿਸਾਨਾਂ ਵੱਲੋਂ ਸ਼ੁਰੂ ਕੀਤੀ ਗਈ ਭੁੱਖ ਹੜਤਾਲ ਅੱਜ ਦੂਜੇ ਦਿਨ ਵੀ ਜਾਰੀ ਰਹੀ।ਕਿਸਾਨ ਆਗੂ ਜਗਦੀਪ ਸਿੰਘ ਤੇ ਸਾਬ ਸਿੰਘ ਸਮੇਤ ਹੋਰ ਕਿਸਾਨ ਜੇਲ੍ਹ ਅੰਦਰ ਭੁੱਖ ਹੜਤਾਲ 'ਤੇ ਬੈਠੇ ਹੋਏ ਹਨ।ਜੇਲ੍ਹ ਅੰਦਰ ਦੂਸ਼ਿਤ ਪਾਣੀ ਪੀਣ 'ਤੇ ਖ਼ਰਾਬ ਖਾਣਾ ਖਾਣ ਕਰਕੇ ਬੀ.ਕੇ.ਯੂ. ਏਕਤਾ ਸਿੱਧੂਪੁਰ ਦੇ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਤੇ ਮੇਜਰ ਸਿੰਘ ਦੀ ਤਬੀਅਤ ਵਿਗੜ ਗਈ, ਜਿਨ੍ਹਾਂ ਨੂੰ ਇਲਾਜ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਵਿਖੇ ਦਾਖ਼ਲ ਕਰਵਾਇਆ ਗਿਆ ਹੈ।

ਬੀ.ਕੇ.ਯੂ. ਏਕਤਾ ਸਿੱਧੂਪੁਰ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਇਹ ਕਿਸਾਨਾਂ ਦੀਆਂ ਉਹ ਹੱਕੀ ਮੰਗਾਂ ਹਨ, ਜਿਨ੍ਹਾਂ ਨੂੰ ਪੰਜਾਬ ਸਰਕਾਰ ਵਾਰ-ਵਾਰ ਮੀਟਿੰਗਾਂ ਵਿੱਚ ਮੰਨ ਚੁੱਕੀ ਹੈ। ਸੰਗਠਨ ਨੇ ਦੋਸ਼ ਲਾਇਆ ਕਿ 'ਸੱਥਾਂ ਵਿੱਚੋਂ ਸਰਕਾਰ' ਚਲਾਉਣ ਦੇ ਦਾਅਵੇ ਕਰਨ ਵਾਲੀ ਪਾਰਟੀ ਹੁਣ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਕਿਸਾਨਾਂ ਦੀਆਂ ਜ਼ਮੀਨਾਂ ਹੜੱਪਣ ਦੀਆਂ ਨੀਤੀਆਂ 'ਤੇ ਚੱਲ ਰਹੀ ਹੈ।ਆਗੂਆਂ ਨੇ ਸਪਸ਼ਟ ਕੀਤਾ ਕਿ ਜਦ ਤੱਕ ਕਿਸਾਨਾਂ ਦੀਆਂ ਇਹ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਸ਼ਾਂਤਮਈ 'ਜੇਲ੍ਹ ਭਰੋ ਅੰਦੋਲਨ' ਪੂਰੇ ਜੋਸ਼ ਨਾਲ ਜਾਰੀ ਰਹੇਗਾ।

# ਕਾਂਗਰਸ ਦੀ ਰੈਲੀ ਵਾਲੀ ਜਗ੍ਹਾ ਦਾ ਸ਼ੁੱਧੀਕਰਨ ਕਰਕੇ ਭਾਜਪਾ ਨੇ ਕੀਤਾ ਮਨੂਵਾਦੀ ਸੋਚ ਦਾ ਪ੍ਰਗਟਾਵਾ : ਐਡਵੋਕੇਟ ਗੁਰਮੁੱਖ ਸਿੰਘ

**ਡਾ. ਅੰਬੇਡਕਰ ਨੇ ਸੰਵਿਧਾਨ ਦੀ ਰਚਨਾ ਕਰਦਿਆਂ ਛੂਆਛਾਤ ਤੇ ਨਾਬਰਾਬਰੀ ਨੂੰ ਖ਼ਤਮ ਕੀਤਾ : ਹਰੀ ਸਿੰਘ ਖਾਈ**



**ਮੋਗਾ (ਇਕਬਾਲ ਸਿੰਘ ਖਹਿਰਾ)**- ਕੁੱਲ ਹਿੰਦ ਕਾਂਗਰਸ ਦੇ ਕੌਮੀ ਆਗੂ ਤੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ 'ਤੇ ਦਰਜ ਕੀਤਾ ਮਾਮਲਾ ਤੇ ਕਾਂਗਰਸ ਦੀ ਰੈਲੀ ਵਾਲੀ ਜਗ੍ਹਾ ਦਾ ਭਾਜਪਾ ਵੱਲੋਂ ਕੀਤਾ ਗਿਆ ਸ਼ੁੱਧੀਕਰਨ ਦੇ ਮਾਮਲੇ ਨੂੰ ਲੈ ਕੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਲੀਗਲ ਏਡ ਇੰਟਰਨਿਟੀ ਦੇ ਚੇਅਰਮੈਨ ਐਡਵੋਕੇਟ ਗੁਰਮੁੱਖ ਸਿੰਘ ਮੋਗਾ ਦੇ ਜ਼ਿਲ੍ਹਾ ਕਾਂਗਰਸ ਦਫ਼ਤਰ ਪੁੱਜੇ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ, ਸੀਨੀਅਰ ਆਗੂ ਤੇ ਸਾਬਕਾ ਚੇਅਰਮੈਨ ਵਿਨੋਦ ਬਾਂਸਲ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਤੇ ਸੀਨੀਅਰ ਆਗੂ ਐਡਵੋਕੇਟ ਪਰਮਪਾਲ ਸਿੰਘ ਤਖ਼ਤੂਪੁਰਾ, ਸੀਨੀਅਰ ਆਗੂ ਸਰਵਣ ਸਿੰਘ ਧਾਲੀਵਾਲ, ਸੀਨੀਅਰ ਆਗੂ ਪਰਮਿੰਦਰ ਸਿੰਘ ਡਿੰਪਲ ਆਦਿ ਆਗੂ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲੀਗਲ ਏਡ ਦੇ ਐਡਵੋਕੇਟ ਗੁਰਮੁੱਖ ਸਿੰਘ ਨੇ ਦੱਸਿਆ ਕਿ ਉਤਰ ਪ੍ਰਦੇਸ਼ ਦੇ ਸ਼ਹਿਰ ਰਲਵਾਰਾਣੀ ਵਿਖੇ ਕੁੱਲ ਹਿੰਦ ਕਾਂਗਰਸ ਦੇ ਪ੍ਰਧਾਨ ਮਲਿਕ ਅਰਜਨ ਖੜਗੇ ਵੱਲੋਂ ਕਾਂਗਰਸ ਦੀ ਰੈਲੀ ਕੀਤੀ ਗਈ ਤੇ ਉਸ ਰੈਲੀ ਵਾਲੀ ਜਗ੍ਹਾ ਦਾ ਭਾਜਪਾ ਆਗੂਆਂ ਵੱਲੋਂ ਸ਼ੁੱਧੀਕਰਨ ਕੀਤਾ ਗਿਆ ਜੋ ਕਿ ਅਜਿਹਾ ਕਰਕੇ ਭਾਜਪਾ ਨੇ ਮਨੂਵਾਦੀ ਸੋਚ ਦਾ ਪ੍ਰਗਟਾਵਾ ਕੀਤਾ ਤੇ ਮਲਿਕ ਅਰਜਨ ਖੜਗੇ ਇੱਕ ਦਲਿਤ ਨੇਤਾ ਹੋਣ ਕਰਕੇ ਭਾਜਪਾ ਨੇ ਦੇਸ਼ ਦੇ ਦਲਿਤਾਂ ਦਾ ਅਪਮਾਨ ਕੀਤਾ ਹੈ ਅਤੇ ਇਹ ਭਾਰਤ ਵਰਗੇ ਧਰਮ ਨਿਰਪੱਖ ਤੇ ਲੋਕਤੰਤਰਿਕ ਦੇਸ਼ ਵਿੱਚ ਗੈਰ ਸੰਵਿਧਾਨਕ ਹੈ, ਕਿਉਂਕਿ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਸੰਵਿਧਾਨ ਦੀ ਰਚਨਾ ਕਰਦਿਆਂ ਛੂਆਛਾਤ ਤੇ ਨਾਬਰਾਬਰੀ ਨੂੰ ਖਤਮ ਕੀਤਾ ਸੀ, ਪਰ ਭਾਜਪਾ ਨੇ ਸ਼ੁੱਧੀਕਰਨ ਕਰਕੇ ਭਾਰਤੀ ਸੰਵਿਧਾਨ ਦੀ ਡਰੋਜੋਗਤਾ ਨੂੰ ਵੀ ਸੱਟ ਮਾਰੀ ਹੈ ਤੇ ਇਸ ਮਾਮਲੇ ਨੂੰ ਜਦ ਵਿਰੋਧੀ ਧਿਰ ਦੇ ਨੇਤਾ ਤੇ ਕੌਮੀ ਆਗੂ ਰਾਹੁਲ ਗਾਂਧੀ ਨੇ ਸ਼ੁੱਧੀਕਰਨ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਤਾਂ ਉਲਟਾ ਉਨ੍ਹਾਂ 'ਤੇ ਪਰਚਾ ਦਰਜ ਕਰਵਾ ਦਿੱਤਾ ਗਿਆ, ਪਰ ਕੁੱਲ ਹਿੰਦ ਕਾਂਗਰਸ ਅਜਿਹੇ ਝੂਠੇ ਪਰਚਿਆਂ ਤੋਂ ਡਰਨ ਵਾਲੀ ਨਹੀਂ ਤੇ ਭਾਜਪਾ ਖ਼ਿਲਾਫ਼ ਪੂਰੇ ਦੇਸ਼ ਵਿੱਚ ਅੰਦੋਲਨ ਕੀਤਾ ਜਾਵੇਗਾ ਤੇ ਪੰਜਾਬ ਪ੍ਰਦੇਸ਼ ਕਾਂਗਰਸ ਵੀ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕਰੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ ਨੇ ਦੱਸਿਆ ਕਿ 8 ਸਤੰਬਰ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਚੰਡੀਗੜ੍ਹ ਵਿੱਚ ਰੋਸ ਪ੍ਰਦਰਸ਼ਨ ਕਰੇਗੀ ਤੇ ਜੇਕਰ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਜ਼ਿਲ੍ਹਾ ਪੱਧਰ 'ਤੇ ਰੋਸ ਪ੍ਰਦਰਸ਼ਨ ਦੀ ਹਦਾਇਤ ਆਈ ਤਾਂ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨ ਵੀ ਕੀਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜੂ ਸਹੋਤਾ, ਐੱਸ ਸੀ ਵਿੰਗ ਦੇ ਪ੍ਰਧਾਨ ਮਨਪ੍ਰੀਤ ਸਿੰਘ ਭੱਟੀ, ਸੰਜੀਵ ਕੱਕੜ ਧਰਮਕੋਟ, ਗੁਰਪ੍ਰੀਤ ਸਿੰਘ ਬਲਾਕ ਪ੍ਰਧਾਨ, ਬਲਰਾਜ ਸਿੰਘ ਬੁੱਟਰ ਮੀਤ ਪ੍ਰਧਾਨ, ਰਵਿੰਦਰ ਸਿੰਘ ਸਰਪੰਚ ਤਖ਼ਾਣਵੱਧ, ਜਰਨੈਲ ਸਿੰਘ ਸਰਪੰਚ, ਸੁਖਵਿੰਦਰ ਸਿੰਘ ਸੋਨੀ ਬਲਾਕ ਪ੍ਰਧਾਨ ਤੇ ਗੁਰਨੂਰ ਸਿੰਘ ਦੌਧਰ ਆਦਿ ਹਾਜ਼ਰ ਸਨ।

## ਕਾਤਰਾਂ

### ਮੋਟਰਾਂ ਲਈ 10 ਘੰਟੇ ਨਿਰਵਿਘਨ ਬਿਜਲੀ ਦਿੱਤੀ ਜਾਵੇ : ਪੰਜਾਬ ਕਿਸਾਨ ਯੂਨੀਅਨ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਨੇ ਖੇਤਾਂ 'ਚ ਮੋਟਰਾਂ ਦੀ ਬਿਜਲੀ ਸਪਲਾਈ ਦੌਰਾਨ ਲਗਦੇ ਕੱਟਾਂ ਦਾ ਨੋਟਿਸ ਲੈਂਦਿਆਂ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਮਹਿਕਮੇ ਵੱਲੋਂ ਲਗਾਏ ਜਾਂਦੇ ਲੰਬੇ ਲੰਬੇ ਕੱਟਾਂ ਕਾਰਨ ਖੇਤਾਂ 'ਚ ਫਸਲਾਂ ਦਾ ਭਾਰੀ ਨੁਕਸਾਨ ਹੋ ਰਿਹਾ, ਝੋਨੇ ਨੂੰ ਬੂਰ ਪੈ ਰਿਹਾ ਹੈ, ਉਤੋਂ ਬਾਰਿਸ਼ ਨਾ ਹੋਣ ਕਾਰਨ ਤੇ ਮੋਟਰਾਂ ਨਾ ਚੱਲਣ ਕਾਰਨ ਸੋਕੇ ਦੀ ਮਾਰ ਵਰਗੀ ਸਥਿਤੀ ਬਣੀ ਹੋਈ ਹੈ, ਜਿਸ ਕਾਰਨ ਕਿਸਾਨੀ ਵੱਡਾ ਆਰਥਿਕ ਨੁਕਸਾਨ ਝੱਲਣ ਲਈ ਮਜਬੂਰ ਹੈ।ਸੂਬਾ ਆਗੂ ਗੁਰਨਾਮ ਸਿੰਘ ਭੀਖੀ, ਗੁਰਜੰਟ ਸਿੰਘ ਮਾਨਸਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਲਗਦੇ ਕੱਟਾਂ ਕਾਰਨ ਕਿਸਾਨਾਂ ਨੇ ਮਹਿੰਗੇ ਭਾਅ ਦਾ ਡੀਜ਼ਲ ਖਰੀਦ ਕੇ ਹੁਣ ਤੱਕ ਜ਼ੀਰੀ ਨੂੰ ਪਾਲਿਆ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਖੇਤਾਂ ਦੀ ਬਿਜਲੀ ਸਪਲਾਈ 10 ਘੰਟੇ ਨਿਰਵਿਘਨ ਚਾਲੂ ਰਹਿਣੀ ਚਾਹੀਦੀ ਹੈ, ਨਹੀਂ ਤਾਂ ਪ੍ਰੇਸ਼ਾਨ ਕਿਸਾਨ ਬਿਜਲੀ ਗਰਿੱਡ ਅੱਗੇ ਧਰਨੇ ਲਾਉਣ ਲਈ ਮਜਬੂਰ ਹੋਣਗੇ।

### ਵਪਾਰੀ ਜਥੇਬੰਦੀ ਵੱਲੋਂ 13 ਸੂਤਰੀ ਸੁਝਾਅ ਪੱਤਰ ਪੇਸ਼

**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਪ੍ਰਦੇਸ਼ ਰਿਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਪੰਜਾਬ ਵੱਲੋਂ ਵਪਾਰੀਆਂ ਦੀਆਂ ਮੰਗਾਂ ਤੇ ਸੁਝਾਵਾਂ ਸਬੰਧੀ 13 ਸੂਤਰੀ ਸੁਝਾਅ ਪੱਤਰ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਨੂੰ ਸੌਂਪਿਆ ਗਿਆ।ਐਸੋਸੀਏਸ਼ਨ ਦੇ ਪ੍ਰਦੇਸ਼ ਪ੍ਰਧਾਨ ਪ੍ਰਮੋਦ ਗੁਪਤਾ ਨੇ ਕਿਹਾ ਕਿ ਵਪਾਰੀ ਵਰਗ ਦੇਸ਼ ਦੀ ਆਰਥਿਕਤਾ ਤੇ ਰੋਜ਼ਗਾਰ ਵਿੱਚ ਅਹਿਮ ਯੋਗਦਾਨ ਪਾਉਂਦਾ ਹੈ, ਇਸ ਲਈ ਵਪਾਰਕ ਨਿਯਮਾਂ ਨੂੰ ਹੋਰ ਸਰਲ ਬਣਾਉਣ ਦੀ ਲੋੜ ਹੈ।ਸੁਝਾਅ ਪੱਤਰ ਵਿੱਚ ਈ-ਵੇ ਬਿੱਲ ਦੀ ਹੱਦ 3 ਲੱਖ ਰੁਪਏ ਕਰਨ, ਜੀ.ਐੱਸ.ਟੀ. ਰਿਟਰਨ ਵਿੱਚ 10 ਦਿਨ ਦੀ ਦੇਰੀ 'ਤੇ ਰਾਹਤ, ਕੰਪੋਜ਼ੀਸ਼ਨ ਟੈਕਸ ਦੀ ਦਰ ਘਟਾਉਣ, ਐੱਫ.ਐੱਸ.ਐੱਸ.ਏ.ਆਈ. ਦੀ ਸੈਂਪਲਿੰਗ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਤੇ ਵਪਾਰੀਆਂ ਲਈ ਕਰ ਨਿਯਮ ਸਰਲ ਕਰਨ ਦੀ ਮੰਗ ਕੀਤੀ ਗਈ।ਇਸ ਤੋਂ ਇਲਾਵਾ 58 ਸਾਲ ਤੋਂ ਵੱਧ ਉਮਰ ਦੇ ਵਪਾਰੀਆਂ ਲਈ ਪੈਨਸ਼ਨ, ਸਿਹਤ ਤੇ ਦੁਰਘਟਨਾ ਬੀਮਾ, ਸੁਰੱਖਿਆ ਤੇ ਨੀਤੀ-ਨਿਰਮਾਣ ਵਿੱਚ ਨੁਮਾਇੰਦਗੀ ਦੇਣ ਦੀ ਮੰਗ ਰੱਖੀ ਗਈ।ਗੁਪਤਾ ਨੇ ਕਿਹਾ ਕਿ ਸਰਕਾਰ ਤੇ ਵਪਾਰੀਆਂ ਵਿਚਕਾਰ ਨਿਯਮਤ ਸੰਵਾਦ ਨਾਲ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਸੰਭਵ ਹੈ।

### ਜਾਲ੍ਹੀ ਜ਼ਮਾਨਤ ਕਰਾਉਣ ਦੇ ਚੱਕਰ 'ਚ ਤਿੰਨ ਫਸੇ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫਰੀਦਕੋਟ ਪੁਲਸ ਨੇ ਇੱਥੋਂ ਦੇ ਜੁਡੀਸ਼ੀਅਲ ਮਜਿਸਟਰੇਟ ਫਸਟ ਕਲਾਸ ਦੇ ਰੀਡਰ ਦੀ ਸ਼ਿਕਾਇਤ ਮਗਰੋਂ ਫਰੀਦਕੋਟ ਦੀ ਬਲਬੀਰ ਬਸਤੀ ਦੇ ਤਿੰਨ ਵਿਅਕਤੀ ਬਲਵਿੰਦਰ ਸਿੰਘ, ਮਨਮੋਹਣ ਸਿੰਘ ਤੇ ਹਰਪ੍ਰੀਤ ਸਿੰਘ ਖਿਲਾਫ ਕੇਸ ਦਰਜ ਕਰ ਲਿਆ ਹੈ।ਪੁਲਸ ਨੂੰ ਦਿੱਤੀ ਗਈ ਜਾਣਕਾਰੀ ਅਨੁਸਾਰ ਇਹ ਤਿੰਨੇ ਰਣਜੀਤ ਸਿੰਘ ਵਾਸੀ ਮਚਾਕੀ ਕਲਾਂ ਵਜੋਂ ਕਿਸੇ ਵਿਅਕਤੀ ਦੀ ਜਮਾਨਤ ਭਰ ਰਹੇ ਸੀ।ਸ਼ੱਕ ਪੈਣ 'ਤੇ ਪੜਤਾਲ ਕੀਤੀ ਤਾਂ ਪਤਾ ਚੱਲਿਆ ਕਿ ਰਣਜੀਤ ਸਿੰਘ ਦੀ ਤਾਂ ਮੌਤ ਹੋ ਚੁੱਕੀ ਹੈ।ਪੁਲਸ ਨੇ ਉਸ ਦੀ ਜਮਾਨਤ ਭਰਨ ਵਾਲੇ ਤੇ ਦੋ ਦੂਸਰੇ ਜਿਨ੍ਹਾਂ ਨੇ ਰਣਜੀਤ ਸਿੰਘ ਹੋਣ ਦੀ ਸ਼ਨਾਖਤ ਕੀਤੀ ਸੀ, ਖਿਲਾਫ ਕੇਸ ਦਰਜ ਤੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮੋਟਰਾਂ ਲਈ ਪੂਰੀ ਬਿਜਲੀ ਸਪਲਾਈ ਦੀ ਮੰਗ ਨੂੰ ਲੈ ਕੇ ਐਕਸੀਅਨ ਦਫ਼ਤਰ ਦਾ ਘਿਰਾਓ



**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਮੂਹਰੇ ਦਿਨ-ਰਾਤ ਦੇ ਚੱਲ ਰਹੇ ਧਰਨੇ ਦੇ ਪੰਜਵੇਂ ਦਿਨ ਅੱਜ ਜਥੇਬਦੀ ਵੱਲੋਂ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੇ ਐਕਸੀਅਨ ਦਫ਼ਤਰ ਮਾਨਸਾ ਦਾ ਘਿਰਾਓ ਕਰਕੇ ਉੱਚ ਅਧਿਕਾਰੀਆਂ ਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ।ਮੋਰਚੇ ਵਿੱਚੋਂ ਹਜ਼ਾਰਾਂ ਕਿਸਾਨ ਮਰਦ ਔਰਤਾਂ ਮੁਜ਼ਾਹਰੇ ਦੇ ਰੂਪ 'ਚ ਐਕਸੀਅਨ ਦਫ਼ਤਰ ਅੱਗੇ ਪਹੁੰਚ ਗਏ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀਬਾਘਾ ਨੇ ਦੱਸਿਆ ਖੇਤੀ ਮੋਟਰਾਂ ਲਈ ਬਿਜਲੀ ਸਪਲਾਈ ਸਿਰਫ ਪੰਜ ਘੰਟੇ ਦਿੱਤੀ ਜਾ ਰਹੀ ਹੈ, ਜਿਸ ਕਾਰਨ ਕਿਸਾਨਾਂ ਦੀਆਂ ਫਸਲਾਂ ਨੂੰ ਸਮੇਂ ਸਿਰ ਪੂਰਾ ਪਾਣੀ ਨਾ ਮਿਲਣ ਕਾਰਨ ਫਸਲਾਂ ਦਾ ਨੁਕਸਾਨ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਰੋਜ਼ ਇਹ ਕਹਿ ਰਹੀ ਕੀ ਖੇਤੀ ਮੋਟਰਾਂ ਲਈ ਪੂਰੀ ਬਿਜਲੀ ਤੇ ਨਹਿਰੀ ਪਾਣੀ ਪੂਰੀ ਮਾਤਰਾ 'ਚ ਦਿੱਤਾ ਜਾ ਰਿਹਾ ਹੈ, ਜਦੋਂਕਿ ਹਕੀਕਤ ਇਸ ਦੇ ਐਨ ਉਲਟ ਹੈ।ਕਿਸਾਨ ਆਗੂ ਨੇ ਦੱਸਿਆ ਕਿ ਗਰਮੀ ਜ਼ਿਆਦਾ ਪੈ ਰਹੀ ਹੈ, ਦੂਜੇ ਪਾਸੇ ਬਿਜਲੀ ਸਪਲਾਈ ਪੂਰੀ ਨਹੀਂ ਦਿੱਤੀ ਜਾ ਰਹੀ।ਚਲਦੇ ਘੇਰਾਓ ਦੌਰਾਨ ਉੱਚ ਅਧਿਕਾਰੀਆਂ ਨੇ ਇਕੱਠ 'ਚ ਆ ਕੇ ਭਰੋਸਾ ਦਿੱਤਾ ਕਿ ਘੱਟ ਬਿਜਲੀ ਸਪਲਾਈ ਦਾ ਮਸਲਾ ਉੱਚ ਅਧਿਕਾਰੀਆਂ ਦੇ ਧਿਆਨ 'ਚ ਲਿਆ ਦਿੱਤਾ ਗਿਆ ਹੈ।ਜਲਦੀ ਹੀ ਸਮੱਸਿਆ ਦਾ ਹੱਲ ਕਰ ਦਿੱਤਾ ਜਾਵੇਗਾ, ਜਿਸ 'ਤੇ ਜਥੇਬੰਦੀ ਵੱਲੋਂ ਘਿਰਾਓ ਖ਼ਤਮ ਕਰ ਦਿੱਤਾ ਗਿਆ।ਇਸ ਮੌਕੇ ਭੋਲਾ ਸਿੰਘ ਮਾਖਾ, ਜੁਗਰਾਜ ਸਿੰਘ ਮਾਨਸਾ, ਜਸਵੰਤ ਸਿੰਘ ਉੱਭਾ, ਗੁਰਤੇਜ ਸਿੰਘ ਟਿੱਬੀ, ਨਰਿੰਦਰ ਕੌਰ ਆਹਲੂਪੁਰ ਨੇ ਵੀ ਧਰਨੇ ਨੂੰ ਸੰਬੋਧਨ ਕੀਤਾ।

# ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫਤਰ ਅੱਗੇ ਮੋਰਚਾ ਜਾਰੀ

**ਵਰ੍ਹਦੇ ਮੀਂਹ 'ਚ ਵੀ ਕਿਸਾਨਾਂ, ਮਜ਼ਦੂਰਾਂ ਤੇ ਔਰਤਾਂ ਨੇ ਕੀਤੀ ਭਰਵੀਂ ਸ਼ਮੂਲੀਅਤ**



**ਬਠਿੰਡਾ (ਪਰਵਿੰਦਰਜੀਤ ਸਿੰਘ)**

ਲਗਾਤਾਰ ਵਰ੍ਹਦੇ ਮੀਂਹ ਵਿੱਚ ਵੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫਤਰ ਅੱਗੇ ਚੱਲ ਰਹੇ ਮੋਰਚੇ ਵਿੱਚ ਕਿਸਾਨਾਂ, ਮਜ਼ਦੂਰਾਂ ਤੇ ਔਰਤਾਂ ਨੇ ਭਰਵੀਂ ਸ਼ਮੂਲੀਅਤ ਕੀਤੀ ਅਤੇ ਬੁਲਾਰਿਆਂ ਤੇ ਗੀਤਕਾਰਾਂ ਵੱਲੋਂ ਸਟੇਜ ਦੀ ਕਾਰਵਾਈ ਜਾਰੀ ਰਹੀ।ਅੱਜ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਹਰਜਿੰਦਰ ਸਿੰਘ ਬੱਗੀ, ਜ਼ਿਲ੍ਹਾ ਕਮੇਟੀ ਮੈਂਬਰ ਜਗਸੀਰ ਸਿੰਘ ਝੁੰਬਾ, ਬਲਾਕ ਆਗੂ ਗੁਲਾਬ ਸਿੰਘ ਜਿਉਂਦ, ਸੁਖਦੇਵ ਸਿੰਘ ਰਾਮਪੁਰਾ ਤੇ ਕਰਮਜੀਤ ਕੌਰ ਜਿਉਂਦ ਨੇ ਕਿਹਾ ਕਿ ਜਥੇਬੰਦੀ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਲਗਾਤਾਰ ਸੰਘਰਸ਼ ਜਾਰੀ ਹਨ।ਸਰਕਾਰਾਂ ਵੱਲੋਂ ਵੱਖ ਵੱਖ ਢੰਗਾਂ ਨਾਲ ਨੋਟੀਫਿਕੇਸ਼ਨ ਜਾਰੀ ਕਰਕੇ ਧੱਕੇ ਨਾਲ ਜ਼ਮੀਨਾਂ ਖੋਹਣ ਲਈ ਪੁਲਸ ਦੇ ਜ਼ੋਰ ਕਿਸਾਨਾਂ 'ਤੇ ਹਮਲੇ ਕੀਤੇ।ਆਪਣੀਆਂ ਜ਼ਮੀਨਾਂ ਦੀ ਰਾਖੀ ਲਈ ਕਿਸਾਨਾਂ ਵੱਲੋਂ ਸੰਘਰਸ਼ ਕਰਨ ਤੇ ਸਰਕਾਰ ਵੱਲੋਂ ਉਨ੍ਹਾਂ 'ਤੇ ਜਬਰ ਢਾਹਿਆ ਗਿਆ ਅਤੇ ਅਨੇਕਾਂ ਝੂਠੇ ਪਰਚੇ ਦਰਜ ਕੀਤੇ ਹਨ।ਆਗੂਆਂ ਨੂੰ ਲੰਮਾ ਸਮਾਂ ਜੇਲ੍ਹਾਂ 'ਚ ਰੱਖਣ ਲਈ ਸੰਗੀਨ ਧਰਾਵਾਂ ਲਾਈਆਂ ਗਈਆਂ।ਬੁਲਾਰਿਆਂ ਨੇ ਕਿਹਾ ਕਿ ਕੰਪਨੀਆਂ ਵੱਲੋਂ ਆਪਣੇ ਮੁਨਾਫਿਆਂ ਦੀ ਹੋੜ ਵਿੱਚ ਲਗਾਤਾਰ ਹਵਾ ਤੇ ਪਾਣੀ ਨੂੰ ਪ੍ਰਦੂਸ਼ਿਤ ਕੀਤਾ ਜਾ ਰਿਹਾ ਹੈ।

ਸਰਕਾਰਾਂ ਵੱਲੋਂ ਉਨ੍ਹਾਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ, ਪਰ ਮਜਬੂਰੀ ਬਸ ਪਰਾਲੀ ਨੂੰ ਅੱਗ ਲਾਉਣ ਵਾਲੇ ਕਿਸਾਨਾਂ 'ਤੇ ਝੂਠੇ ਪਰਚੇ ਦਰਜ ਕੀਤੇ ਗਏ, ਜੁਰਮਾਨੇ ਪਾਏ ਗਏ, ਜਿਸ ਕਾਰਨ ਕਿਸਾਨ ਅਦਾਲਤਾਂ ਵਿੱਚ ਖੱਜਲ ਖੁਆਰ ਹੋ ਰਹੇ ਹਨ।ਆਪਣੀਆਂ ਫਸਲਾਂ ਪੂਰੇ ਭਾਅ ਵੇਚਣ ਲਈ ਕਿਸਾਨਾਂ ਵੱਲੋਂ ਸੰਘਰਸ਼ ਕਰਨ ਤੇ ਉਨ੍ਹਾਂ ਖਿਲਾਫ ਇਰਾਦਾ ਕਤਲ ਤੇ ਅਗਵਾਹ ਕਰਨ ਦੀਆਂ ਧਾਰਾਵਾਂ ਤਹਿਤ ਝੂਠੇ ਪਰਚੇ ਦਰਜ ਕੀਤੇ ਗਏ।ਇਸੇ ਤਰ੍ਹਾਂ ਹੜ੍ਹਾਂ ਜਾਂ ਕੁਦਰਤੀ ਆਫਤਾਂ ਕਾਰਨ ਹੋਏ ਨੁਕਸਾਨ ਦਾ ਮੁਆਵਜ਼ੇ ਲਈ ਮੰਗ ਕਰਦੇ ਕਿਸਾਨਾਂ 'ਤੇ ਵੀ ਪੁਲਸ ਦਾ ਕਹਿਰ ਢਾਹਿਆ ਗਿਆ। ਬੁਲਾਰਿਆਂ ਨੇ ਮੋਰਚੇ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਮੰਗ ਕੀਤੀ ਕਿ ਕਿਸਾਨ ਤੇ ਲੋਕ ਵਿਰੋਧੀ ਅਮਰੀਕਾ ਸਮਝੌਤਾ ਵਾਰਤਾ ਰੱਦ ਕੀਤੀ ਜਾਵੇ, ਜ਼ਮੀਨਾਂ ਖੋਹਣ ਲਈ ਮੁੜ ਲਿਆਂਦੀ ਜਾ ਰਹੀ ਲੈਂਡ ਪੂਲਿੰਗ ਨੀਤੀ ਰੱਦ ਕੀਤੀ ਜਾਵੇ, ਹੜ੍ਹਾਂ ਜਾਂ ਕੁਦਰਤੀ ਆਫਤਾਂ ਕਾਰਨ ਹੋਏ ਫਸਲਾਂ ਦੇ ਨੁਕਸਾਨ ਦਾ ਪੂਰਾ ਮੁਆਵਜ਼ਾ ਦਿੱਤਾ ਜਾਵੇ, ਅੰਦੋਲਨਕਾਰੀ ਕਿਸਾਨਾਂ ਤੇ ਹੋਰ ਸੰਘਰਸ਼ੀ ਲੋਕਾਂ 'ਤੇ ਪੁਲਸ ਦਾ ਜਬਰ ਬੰਦ ਕੀਤਾ ਜਾਵੇ, ਅੰਦੋਲਨਾਂ ਦੌਰਾਨ ਤੇ ਪਰਾਲੀ ਸਾੜਨ ਦੇ ਦਰਜ ਕੀਤੇ ਸਾਰੇ ਪੁਲਸ ਕੇਸ ਰੱਦ ਕੀਤੇ ਜਾਣ। ਬਲਾਰਿਆਂ ਨੇ ਕਿਹਾ ਕਿ ਕੱਲ ਦੀ ਸਟੇਜ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸਨਰਾਂ ਦੇ ਘੋਲ ਦੀਆਂ ਮੰਗਾਂ ਨੂੰ ਸਮਰਪਤ ਹਵੇਗੀ।ਅੱਜ ਲੋਕ ਸੰਗੀਤ ਮੰਡਲੀ ਜਗਸੀਰ ਸਿੰਘ ਜੀਦਾ ਦੀ ਟੀਮ ਵੱਲੋਂ ਲੋਕ ਪੱਖੀ ਤੇ ਸਰਕਾਰਾਂ 'ਤੇ ਚੋਟ ਕਰਦੇ ਗੀਤ ਪੇਸ਼ ਕੀਤੇ ਗਏ।

# ਫੌਜੀ ਜਗਤਾਰ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ

*ਪਿੰਡ ਵਾਸੀਆਂ ਤੇ ਪ੍ਰਸ਼ਾਸਨ ਵੱਲੋਂ ਸ਼ਰਧਾਂਜਲੀ ਭੇਟ*



**ਬਰੇਟਾ (ਰੀਤਵਾਲ)**-ਭਾਰਤੀ ਫੌਜ ਦੇ ਜਵਾਨ ਜਗਤਾਰ ਸਿੰਘ (41) ਦੀ ਮਹਾਰਾਸ਼ਟਰ (ਪੂਨੇ) ਵਿੱਚ ਡਿਊਟੀ ਦੌਰਾਨ ਇੱਕ ਸੜਕ ਹਾਦਸੇ ਵਿੱਚ ਦੁਖਦਾਈ ਮੌਤ ਹੋ ਗਈ।ਇਸ ਖ਼ਬਰ ਨੇ ਪਿੰਡ ਦਿਆਲਪੁਰਾ ਵਿੱਚ ਸੋਗ ਦੀ ਲਹਿਰ ਦੌੜਾ ਦਿੱਤੀ।ਜਗਤਾਰ ਸਿੰਘ ਦੇਸ਼ ਸੇਵਾ ਵਿੱਚ ਤਾਇਨਾਤ ਸਨ ਤੇ ਆਪਣੇ ਫਰਜ਼ਾਂ ਨੂੰ ਬਾਖ਼ੂਬੀ ਨਿਭਾਅ ਰਹੇ ਸਨ, ਜਗਤਾਰ ਸਿੰਘ ਨੂੰ ਸ਼ੁਰੂ ਤੋਂ ਹੀ ਫੌਜ ਵਿੱਚ ਭਰਤੀ ਹੋਣ ਦਾ ਜਾਨੂੰਨ ਸੀ। ਇਹ ਖ਼ਾਬ ਉਸ ਦਾ 2005 ਵਿੱਚ ਪੂਰਾ ਹੋਇਆ।ਸ਼ਹੀਦ ਦੀ ਦੇਹ ਨੂੰ ਪੂਰੇ ਸਨਮਾਨ ਨਾਲ ਉਨ੍ਹਾਂ ਦੇ ਜੱਦੀ ਪਿੰਡ ਦਿਆਲਪੁਰਾ ਲਿਆਂਦਾ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਰਿਸ਼ਤੇਦਾਰਾਂ ਤੇ ਪ੍ਰਸ਼ਾਸਨਕ ਅਧਿਕਾਰੀਆਂ ਨੇ ਪਹੁੰਚ ਕੇ ਸ਼ਰਧਾਂਜਲੀ ਭੇਟ ਕੀਤੀ।ਪੁਲਸ ਤੇ ਫੌਜ ਦੇ ਜਵਾਨਾਂ ਨੇ ਬੰਦੂਕਾਂ ਦੀ ਸਲਾਮੀ ਦੇ ਕੇ ਸ਼ਹੀਦ ਨੂੰ ਆਖਰੀ ਵਿਦਾਇਗੀ ਦਿੱਤੀ।ਸਰਕਾਰੀ ਸਨਮਾਨਾਂ ਨਾਲ ਪਿੰਡ ਵਿੱਚ ਹੀ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ।ਇਸ ਮੌਕੇ ਪਿੰਡ ਵਾਸੀਆਂ ਨੇ 'ਜਗਤਾਰ ਸਿੰਘ ਅਮਰ ਰਹੇ' ਦੇ ਨਾਅਰੇ ਲਗਾਏ ਤੇ ਸ਼ਹੀਦ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ।ਸਥਾਨਕ ਆਗੂਆਂ ਨੇ ਸ਼ਹੀਦ ਦੇ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿਵਾਇਆ।ਸ਼ਹੀਦ ਜਗਤਾਰ ਸਿੰਘ ਆਪਣੇ ਪਿੱਛੇ ਦੋ ਛੋਟੇ ਬੱਚੇ ਤੇ ਪਤਨੀ ਤੋਂ ਇਲਾਵਾ ਮਾਤਾ-ਪਿਤਾ ਛੱਡ ਗਿਆ ਹੈ।

# ਮੁੱਖ ਮੰਤਰੀ 'ਲੋਕ ਮਿਲਣੀ' ਦੌਰਾਨ ਲੋਕਾਂ ਨਾਲ ਹੋਏ ਰੂ-ਬ-ਰੂ

**ਪੰਚਾਇਤ ਨੂੰ ਵਿਕਾਸ ਕਾਰਜਾਂ ਲਈ 88 ਲੱਖ ਰੁਪਏ ਦਾ ਚੈੱਕ ਕੀਤਾ ਭੇਟ**



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜ਼ਿਲ੍ਹਾ ਸੰਗਰੂਰ ਦੇ ਪਿੰਡ ਸ਼ੇਰੋਂ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਕਰਵਾਇਆ ਗਿਆ, ਜਿਸ ਦੌਰਾਨ ਮੁੱਖ ਮੰਤਰੀ ਨੇ ਪਿੰਡਾਂ ਦੀ ਸੱਥ ਵਾਲੇ ਮਾਹੌਲ ਵਿੱਚ ਇਲਾਕਾ ਵਾਸੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਸੁਣੀਆਂ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰਾਂ ਤੇ ਪਿੰਡਾਂ ਤੱਕ ਪਹੁੰਚ ਕੇ ਸੁਣਨ ਤੇ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਪਿੰਡ ਸ਼ੇਰੋਂ ਦੇ ਵਿਕਾਸ ਕਾਰਜਾਂ ਨੂੰ ਹੋਰ ਰਫ਼ਤਾਰ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿੰਡ ਦੀ ਪੰਚਾਇਤ ਨੂੰ 88 ਲੱਖ ਰੁਪਏ ਦਾ ਚੈੱਕ ਭੇਟ ਕੀਤਾ।'ਲੋਕ ਮਿਲਣੀ' ਦੌਰਾਨ ਮੁੱਖ ਮੰਤਰੀ ਨੇ ਪਿੰਡਾਂ ਦੀ ਰਵਾਇਤੀ ਸੱਥ ਵਾਲਾ ਮਾਹੌਲ ਸਿਰਜਦਿਆਂ ਲੋਕਾਂ ਨਾਲ ਸਿੱਧੀ ਗੱਲਬਾਤ ਕੀਤੀ।ਉਨ੍ਹਾਂ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਦੇ ਨਾਲ-ਨਾਲ ਸਰਕਾਰ ਵੱਲੋਂ ਸੂਬੇ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੇ ਵੱਖ-ਵੱਖ ਯੋਜਨਾਵਾਂ ਬਾਰੇ ਵੀ ਜਾਣੂ ਕਰਵਾਇਆ।ਮੁੱਖ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਪਿਛਲੀਆਂ ਸਰਕਾਰਾਂ ਦੀ ਕਾਰਗੁਜ਼ਾਰੀ 'ਤੇ ਵੀ ਤੰਜ ਕੱਸਦਿਆਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਲੋਕਾਂ ਨੂੰ ਸਿੱਧਾ ਲਾਭ ਪਹੁੰਚਾਉਣ ਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਸੰਬੋਧਨ ਦੌਰਾਨ ਕਸਬਾ ਚੀਮਾ ਵਿੱਚ ਬਣਾਏ ਗਏ ਬੱਸ ਸਟੈਂਡ, ਹਸਪਤਾਲ ਤੇ 'ਮੇਰੀ ਰਸੋਈ' ਸਕੀਮ ਸਮੇਤ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਦਾ ਵੀ ਜ਼ਿਕਰ ਕੀਤਾ।ਉਨ੍ਹਾਂ ਲੋਕਾਂ ਨੂੰ ਜ਼ੀਰੋ ਬਿਜਲੀ ਬਿਲ, ਮੁੱਖ ਮੰਤਰੀ ਸਿਹਤ ਯੋਜਨਾ ਕਾਰਡ, ਰਾਸ਼ਨ ਕਿੱਟਾਂ ਤੇ ਹੋਰ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀ ਜ਼ਿੰਦਗੀ ਨੂੰ ਆਸਾਨ ਬਣਾਉਣਾ ਹੈ।ਇਸ ਸਮੇਂ ਪਿੰਡ ਵਾਸੀਆਂ ਨੇ ਮੁੱਖ ਮੰਤਰੀ ਨਾਲ ਰੂ-ਬ-ਰੂ ਹੋ ਕੇ ਆਪਣੇ ਇਲਾਕੇ ਨਾਲ ਸਬੰਧਤ ਮੁੱਦੇ ਤੇ ਲੋੜਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ।

# ਦੋ ਦਿਨਾਂ 'ਚ ਹੀ ਦੋ ਕਮਿਊਨਿਸਟ ਆਗੂਆਂ ਦਾ ਵਿਛੋੜਾ ਲੋਕ ਲਹਿਰ ਲਈ ਨਾ ਪੂਰਾ ਹੋਣ ਵਾਲਾ ਘਾਟਾ

**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਤੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ ਤੇ ਸੀਪੀਆਈ (ਐੱਮ.ਐੱਲ) ਨਿਊ ਡੈਮੋਕਰੇਸੀ ਦੇ ਸੀਨੀਅਰ ਆਗੂ ਕਾਮਰੇਡ ਅਜਮੇਰ ਸਿੰਘ ਸਮਰਾ ਦੇ ਦੋ ਦਿਨਾਂ ਦੇ ਅੰਦਰ ਹੀ ਹੋਏ ਦੁਖਦਾਈ ਵਿਛੋੜੇ 'ਤੇ ਸੀਪੀਆਈ (ਐੱਮ.ਐੱਲ) ਲਿਬਰੇਸ਼ਨ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਬਾਬਾ ਬੂਝਾ ਸਿੰਘ ਭਵਨ ਵਿਖੇ ਮੀਟਿੰਗ ਦੌਰਾਨ ਵਿੱਛੜੇ ਆਗੂਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਲਿਬਰੇਸ਼ਨ ਆਗੂ ਕਾਮਰੇਡ ਰਾਜਵਿੰਦਰ ਰਾਣਾ ਤੇ ਕਾਮਰੇਡ ਨਛੱਤਰ ਸਿੰਘ ਖੀਵਾ ਨੇ ਵਿਛੜੇ ਆਗੂਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਸਾਥੀ ਗੁਰਨਾਮ ਸਿੰਘ ਦਾਊਦ ਤੇ ਕਾਮਰੇਡ ਅਜਮੇਰ ਸਿੰਘ ਸਮਰਾ ਨੇ ਆਪਣਾ ਸਮੁੱਚਾ ਜੀਵਨ ਕਿਰਤੀ ਲੋਕਾਂ, ਦੱਬੇ-ਕੁਚਲੇ ਵਰਗਾਂ ਤੇ ਇਨਕਲਾਬੀ-ਜਮਹੂਰੀ ਲਹਿਰਾਂ ਦੀ ਮਜ਼ਬੂਤੀ ਲਈ ਸਮਰਪਿਤ ਕੀਤਾ।ਉਨ੍ਹਾਂ ਦਾ ਵਿਛੋੜਾ ਪੰਜਾਬ ਦੀ ਕਮਿਊਨਿਸਟ ਅਤੇ ਲੋਕਪੱਖੀ ਲਹਿਰ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਹੈ।ਆਗੂਆਂ ਨੇ ਵਿਛੜੇ ਸਾਥੀਆਂ ਦੇ ਪਰਵਾਰਾਂ ਐ ਉਨ੍ਹਾਂ ਦੀਆਂ ਪਾਰਟੀਆਂ ਦੇ ਸਮੂਹ ਸਾਥੀਆਂ ਨਾਲ ਡੂੰਘੀ ਹਮਦਰਦੀ ਪ੍ਰਗਟਾਉਂਦਿਆਂ ਕਿਹਾ ਕਿ ਇਨ੍ਹਾਂ ਆਗੂਆਂ ਦੇ ਸੰਘਰਸ਼ਮਈ ਜੀਵਨ ਤੇ ਲੋਕ-ਪੱਖੀ ਵਿਚਾਰਾਂ ਤੋਂ ਪ੍ਰੇਰਨਾ ਲੈਂਦੇ ਹੋਏ ਲੋਕ ਹਿੱਤਾਂ ਦੀ ਲੜਾਈ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਇਆ ਜਾਵੇਗਾ।



# ਮੈਡੀਕਲ ਪ੍ਰੈਕਟੀਸ਼ਨਰਜ਼ ਬਲਾਕ ਜ਼ੀਰਾ ਦੀ ਮੀਟਿੰਗ



**ਜ਼ੀਰਾ (ਨਰਿੰਦਰ ਅਨੇਜਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਦੀ ਅਗਵਾਈ ਹੇਠ ਚੱਲ ਰਹੀ ਜਥੇਬੰਦੀ ਦੀ ਇਕਾਈ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਸਰਪ੍ਰਸਤ ਡਾਕਟਰ ਗੁਰਦਿੱਤ ਸਿੰਘ ਦੀ ਪ੍ਰਧਾਨਗੀ ਤੇ ਚੇਅਰਮੈਨ ਡਾਕਟਰ ਜਰਨੈਲ ਸਿੰਘ ਦੀ ਅਗਵਾਈ ਹੇਠ ਮਿਲਨ ਰੈਸਟੋਰੈਂਟ ਵਿੱਚ ਹੋਈ।ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਤੇ ਜ਼ਿਲ੍ਹਾ ਸਹਾਇਕ ਸਟੇਜ ਸਕੱਤਰ ਧਰਮਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਵਿੱਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਤੇ ਜ਼ਿਲ੍ਹਾ ਸਹਾਇਕ ਸਟੇਜ ਸਕੱਤਰ ਨੇ ਦੱਸਿਆ ਕਿ ਜੱਥੇਬੰਦੀ ਦੇ ਉਦੇਸ਼ ਮਾਨਵ ਸੇਵਾ ਪਰਮੋ ਧਰਮ ਦੇ ਤਹਿਤ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਵੱਖ-ਵੱਖ ਬਲਾਕਾਂ ਵੱਲੋਂ ਸਾਲਾਨਾ ਜੋੜ ਮੇਲਿਆਂ, ਪਿੰਡਾਂ 'ਚ ਮੇਲਿਆਂ ਜਾਂ ਹੋਰ ਗੁਰੂ ਸਾਹਿਬਨ ਦੇ ਗੁਰਪੁਰਬ ਮੌਕੇ ਵੀ ਫ੍ਰੀ ਮੈਡੀਕਲ ਕੈਂਪ ਲਾ ਕੇ ਮਾਨਵਤਾ ਦੀ ਸੇਵਾ ਕੀਤੀ ਜਾਂਦੀ ਹੈ।ਇਸ ਤੋਂ ਇਲਾਵਾ ਬਲਾਕਾਂ ਵੱਲੋਂ ਖ਼ੂਨਦਾਨ ਕੈਂਪ ਲਾ ਕੇ ਜਾਂ ਮੈਂਬਰਾਂ ਵੱਲੋਂ ਨਿੱਜੀ ਤੌਰ 'ਤੇ ਖ਼ੂਨਦਾਨ ਕਰਕੇ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਯੋਗਦਾਨ ਪਾਇਆ ਜਾਂਦਾ ਹੈ। ਸਰਪ੍ਰਸਤ ਗੁਰਦਿੱਤ ਸਿੰਘ ਤੇ ਚੇਅਰਮੈਨ ਜਰਨੈਲ ਸਿੰਘ ਤੋਂ ਇਲਾਵਾ ਜਨਰਲ ਸਕੱਤਰ ਸੁਰਜੀਤ ਸਿੰਘ, ਸਹਾਇਕ ਸਟੇਜ਼ ਸਕੱਤਰ ਗੁਰਜੀਤ ਸਿੰਘ ਆਦਿ ਨੇ ਕਿਹਾ ਕਿ ਸਾਡੀ ਜਥੇਬੰਦੀ ਦੇ ਪ੍ਰੈਕਟੀਸ਼ਨਰਜ਼ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦੇ ਸਲੱਮ ਏਰੀਆ ਵਿੱਚ ਸਾਫ਼ ਸੁਥਰਾ ਕੰਮ ਕਰਨ ਦੇ ਨਾਲ ਨਾਲ ਸਮਾਜ ਭਲਾਈ ਦੇ ਕੰਮ ਕਰਦੇ ਹੋਏ ਸਸਤੀਆਂ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ।

ਸੋ ਸਾਡੀ ਸਰਕਾਰ ਕੋਲੋਂ ਮੰਗ ਹੈ ਕਿ ਸਰਕਾਰ ਵੱਲੋਂ ਜੋ ਟ੍ਰੇਨਿੰਗ ਲਈ ਉਪਰਾਲਾ ਕੀਤਾ ਗਿਆ ਹੈ, ਉਸ ਨੂੰ ਜਲਦੀ ਤੋਂ ਜਲਦੀ ਅਮਲੀ ਜਾਮਾ ਪਹਿਨਾ ਕੇ ਪ੍ਰੈਕਟੀਸ਼ਨਰਾਂ ਦੀ ਰਜਿਸਟਰਡ ਕਰਨ ਦੀ ਮੰਗ ਨੂੰ ਸਰਕਾਰ ਪੂਰਾ ਕਰੇ ਤਾਂ ਜੁ ਉਹ ਬੇਖੌਫ਼ ਪ੍ਰੈਕਟਿਸ ਕਰ ਸਕਣ।ਮੀਟਿੰਗ ਵਿੱਚ ਅਮਨਜੀਤ ਹਸਪਤਾਲ ਦੇ ਡਾਕਟਰ ਅਮਨਜੀਤ ਸਿੰਘ ਦੀ ਅਗਵਾਈ ਹੇਠ ਉਨ੍ਹਾਂ ਦੀ ਟੀਮ ਨੇ ਵੀ ਸ਼ਮੂਲੀਅਤ ਕੀਤੀ।ਉਨ੍ਹਾਂ ਨੇ ਆਪਣੇ ਹਸਪਤਾਲ ਦੀਆਂ ਵਿਸ਼ੇਸ਼ਤਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਅਖੀਰ 'ਤੇ ਗੁਰਦਿੱਤ ਸਿੰਘ ਤੇ ਸੁਰਜੀਤ ਸਿੰਘ ਵੱਲੋਂ ਸਾਰੇ ਮੈਂਬਰਾਂ ਤੇ ਅਮਨਜੀਤ ਹਸਪਤਾਲ ਦੀ ਟੀਮ ਦਾ ਧੰਨਵਾਦ ਕੀਤਾ ਗਿਆ।

# ਖੇਡਾਂ ਵਤਨ ਪੰਜਾਬ ਦੀਆਂ ਦਾ ਚੌਥਾ ਸੀਜ਼ਨ ਭਲਕ ਤੋਂ ਹੋਵੇਗਾ ਸ਼ੁਰੂ : ਚੇਅਰਮੈਨ ਬਰਾੜ

- 29 ਨਵੰਬਰ ਨੂੰ ਪਟਿਆਲਾ ਵਿਖੇ ਹੋਵੇਗੀ ਖੇਡਾਂ ਦੀ ਸਮਾਪਤੀ
- 'ਖੇਡਾਂ ਵਤਨ ਪੰਜਾਬ ਦੀਆਂ' 'ਚ 10 ਲੱਖ ਖਿਡਾਰੀ ਲੈਣਗੇ ਹਿੱਸਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਦੇ ਚੌਥੇ ਸੀਜ਼ਨ ਦੀਆਂ ਖੇਡਾਂ 5 ਸਤੰਬਰ ਤੋਂ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਤੋਂ ਸ਼ੁਰੂ ਹੋ ਰਹੀਆਂ ਹਨ।

ਸੂਬੇ ਦੇ ਇਸ ਸਭ ਤੋਂ ਵੱਡੇ ਖੇਡ ਮੁਕਾਬਲੇ ਵਿੱਚ ਇਸ ਸਾਲ ਲਗਭਗ 10 ਲੱਖ ਖਿਡਾਰੀਆਂ ਦੇ ਹਿੱਸਾ ਲੈਣ ਦੀ ਉਮੀਦ ਹੈ, ਜਦਕਿ 38 ਖੇਡਾਂ ਦੇ ਮੁਕਾਬਲੇ ਤੇ ਚਾਰ ਪੈਰਾ-ਖੇਡਾਂ ਪੂਰੇ ਪੰਜਾਬ ਦੇ ਖੇਡ ਹੁਨਰ ਨੂੰ ਤਰਾਸ਼ਣ ਤੇ ਨਿਖਾਰਨ ਲਈ ਢੁਕਵਾਂ ਮੰਚ ਪ੍ਰਦਾਨ ਕਰਨਗੀਆਂ।ਪਟਿਆਲਾ ਵਿਖੇ ਮਾਨ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਪਨਸਪ ਦੇ ਚੇਅਰਮੈਨ ਤੇ ਅੰਮ੍ਰਿਤਸਰ ਤੋਂ ਨੌਜਵਾਨ ਆਗੂ ਪ੍ਰਭਬੀਰ ਸਿੰਘ ਬਰਾੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੀ ਜਵਾਨੀ ਨੂੰ ਖੇਡਾਂ ਨਾਲ ਜੋੜਨ ਤੇ ਸੂਬੇ ਨੂੰ ਮੁੜ ਖੇਡਾਂ ਵਿੱਚ ਨੰਬਰ ਇਕ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਜੇਤੂ ਖਿਡਾਰੀਆਂ ਲਈ ਆਕਰਸ਼ਕ ਨਕਦ ਇਨਾਮਾਂ ਦੀ ਵੀ ਵਿਵਸਥਾ ਕੀਤੀ ਗਈ ਹੈ।ਚੇਅਰਮੈਨ ਬਰਾੜ ਨੇ ਕਿਹਾ ਕਿ ਇਸ ਸਾਲ ਇਨ੍ਹਾਂ ਖੇਡਾਂ ਵਿੱਚ ਲਗਭਗ 10 ਲੱਖ ਖਿਡਾਰੀ ਹਿੱਸਾ ਲੈਣਗੇ।ਇਸ ਸੀਜ਼ਨ ਵਿੱਚ 14 ਸਾਲ ਤੋਂ ਲੈ ਕੇ 70 ਸਾਲ ਤੋਂ ਵੱਧ ਉਮਰ ਤੱਕ ਦੇ 9 ਉਮਰ ਵਰਗਾਂ ਦੇ ਖਿਡਾਰੀ ਹਿੱਸਾ ਲੈਣਗੇ।ਕੁੱਲ 38 ਖੇਡ ਮੁਕਾਬਲੇ ਕਰਵਾਏ ਜਾਣਗੇ, ਜਦਕਿ ਚਾਰ ਪੈਰਾ-ਖੇਡਾਂ-ਐਥਲੈਟਿਕਸ, ਪਾਵਰਲਿਫਟਿੰਗ, ਬੈਡਮਿੰਟਨ ਤੇ ਵ੍ਹੀਲਚੇਅਰ ਬਾਸਕਟਬਾਲ ਨੂੰ ਵੀ ਸ਼ਾਮਲ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਖੇਡਾਂ ਪੰਜਾਬ ਦੇ ਸਾਰੇ 153 ਬਲਾਕਾਂ ਵਿੱਚ ਕਰਵਾਈਆਂ ਜਾਣਗੀਆਂ, ਜਦਕਿ ਜ਼ਿਲ੍ਹਾ ਪੱਧਰੀ ਮੁਕਾਬਲੇ ਸਾਰੇ 23 ਜ਼ਿਲ੍ਹਿਆਂ ਵਿੱਚ ਹੋਣਗੇ।ਸੂਬਾ ਪੱਧਰੀ ਖੇਡਾਂ ਸੂਬੇ ਦੇ 16 ਜ਼ਿਲ੍ਹਿਆਂ ਵਿੱਚ ਹੋਣਗੀਆਂ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਦੀ ਸਮਾਪਤੀ 29 ਨਵੰਬਰ ਨੂੰ ਪਟਿਆਲਾ ਵਿਖੇ ਹੋਵੇਗੀ।ਉਨ੍ਹਾਂ ਦੱਸਿਆ ਕਿ ਸੂਬਾ ਪੱਧਰੀ ਤਮਗਾ ਜੇਤੂਆਂ ਲਈ ਆਕਰਸ਼ਕ ਨਕਦ ਇਨਾਮ ਰੱਖੇ ਗਏ ਹਨ, ਜਿਸ ਵਿੱਚ ਸੋਨ ਤਮਗਾ ਜੇਤੂਆਂ ਨੂੰ 10,000 ਰੁਪਏ, ਚਾਂਦੀ ਤਮਗਾ ਜੇਤੂਆਂ ਨੂੰ 7,000 ਰੁਪਏ ਤੇ ਕਾਂਸੀ ਤਮਗਾ ਜੇਤੂਆਂ ਨੂੰ 5,000 ਰੁਪਏ ਦਿੱਤੇ ਜਾਣਗੇ।

# ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਅੰਗਹੀਣ ਨੌਜਵਾਨਾਂ ਨੇ ਕੀਤਾ ਵੱਡਾ ਇਕੱਠ

- ਕ੍ਰਿਸ਼ਨ ਸਿੰਘ ਟਿਵਾਣਾ ਬਣੇ ਬਲਾਕ ਪ੍ਰਧਾਨ



**ਜਲਾਲਾਬਾਦ (ਜੀਤ ਕੁਮਾਰ)**

ਕੁਦਰਤ ਦੀ ਮਾਰ ਦਾ ਸੰਤਾਪ ਭੋਗ ਰਹੇ ਅੰਗਹੀਣ ਨੌਜਵਾਨ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ। ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਨਾ ਕੀਤੇ ਜਾਣ ਦੇ ਰੋਸ ਵਜੋਂ ਅੱਜ ਜਲਾਲਾਬਾਦ ਦੀ ਅਨਾਜ ਮੰਡੀ ਵਿਖੇ ਅੰਗਹੀਣ ਨੌਜਵਾਨਾਂ ਦਾ ਵੱਡਾ ਇਕੱਠ ਹੋਇਆ। ਇਸ ਇਕੱਠ ਵਿੱਚ ਜਲਾਲਾਬਾਦ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ ਤੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕੀਤਾ।

ਬੁਲਾਰਿਆਂ ਨੇ ਕਿਹਾ ਕਿ ਅੰਗਹੀਣ ਨੌਜਵਾਨ ਲੰਮੇ ਸਮੇਂ ਤੋਂ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਹਨ, ਪਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਅੰਗਹੀਣ ਵਿਅਕਤੀਆਂ ਦੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਕਾਂ ਪ੍ਰਤੀ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਇਕੱਠ ਦੌਰਾਨ ਵੱਖ-ਵੱਖ ਪਿੰਡਾਂ ਤੋਂ ਪੁੱਜੇ ਅੰਗਹੀਣ ਨੌਜਵਾਨਾਂ ਵੱਲੋਂ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਅੰਗਹੀਣ ਯੂਨੀਅਨ ਪੰਜਾਬ ਦੀ ਜਲਾਲਾਬਾਦ ਬਲਾਕ ਇਕਾਈ ਦੀ ਚੋਣ ਕੀਤੀ ਗਈ।

ਚੋਣ ਦੌਰਾਨ ਕ੍ਰਿਸ਼ਨ ਸਿੰਘ ਟਿਵਾਣਾ ਨੂੰ ਸਰਬਸੰਮਤੀ ਨਾਲ ਬਲਾਕ ਜਲਾਲਾਬਾਦ ਪ੍ਰਧਾਨ ਦੀ ਜ਼ੁੰਮੇਵਾਰੀ ਸੌਂਪੀ ਗਈ। ਇਸੇ ਤਰ੍ਹਾਂ ਖੰਡਣ ਸਿੰਘ ਨੂੰ ਵਾਈਸ ਬਲਾਕ ਪ੍ਰਧਾਨ ਤੇ ਗੁਰਜਿੰਦਰ ਸਿੰਘ ਬੰਟੀ ਨੂੰ ਸੀਨੀਅਰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਸੁਰਿੰਦਰ ਸਿੰਘ ਨੂੰ ਕੈਸ਼ੀਅਰ, ਰਾਜ ਸਿੰਘ ਸੰਤੋਖਾ ਨੂੰ ਪ੍ਰੈੱਸ ਸਕੱਤਰ ਅਤੇ ਬਲਦੇਵ ਸਿੰਘ ਫੱਤੂਵਾਲਾ ਵਾਇਸ ਸਲਾਹਕਾਰ ਦੀ ਜ਼ੁੰਮੇਵਾਰੀ ਸੌਂਪੀ ਗਈ। ਜਦਕਿ ਪ੍ਰਕਾਸ਼ ਸਿੰਘ ਅਜਾਬਾ, ਮਨਜੀਤ ਸਿੰਘ ਮੋਜੇਵਾਲਾ ਮੈਂਬਰ, ਮੈਂਬਰ ਦੇਸਾ ਸਿੰਘ, ਮੈਂਬਰ ਬਾਲ ਕ੍ਰਿਸ਼ਨ ਗੁਮਾਨੀਵਾਲਾ ਅਤੇ ਮੈਂਬਰ ਪਰਮਜੀਤ ਸਿੰਘ ਦੁੱਲੇ ਕੇ ਗੈਰਅਬਾਦ, ਵਿੱਕੀ ਵਾਲਿਆ ਪਾਲੀਵਾਲਾ, ਪ੍ਰਕਾਸ਼ ਸਿੰਘ ਅਜਾਬਾ ਨੂੰ ਵੀ ਯੂਨੀਅਨ ਵਿੱਚ ਵੱਖ-ਵੱਖ ਅਹੁਦਿਆਂ ਅਤੇ ਮੈਂਬਰਾਂ ਵਜੋਂ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ। ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਸਮੂਹ ਅੰਗਹੀਣ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਇਆ ਜਾਵੇਗਾ।

ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਅੰਗਹੀਣ ਨੌਜਵਾਨਾਂ ਦੇ ਹੱਕਾਂ ਅਤੇ ਜਾਇਜ਼ ਮੰਗਾਂ ਲਈ ਯੂਨੀਅਨ ਵੱਲੋਂ ਸੰਘਰਸ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਹਰ ਸਾਥੀ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਿਆ ਜਾਵੇਗਾ। ਇਸ ਮੌਕੇ ਨਵੇਂ ਅਹੁਦੇਦਾਰਾਂ ਨੇ ਕਿਹਾ ਕਿ ਜਥੇਬੰਦੀ ਦੀ ਤਾਕਤ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਸ਼ਕਤੀ ਹੈ ਅਤੇ ਇਕਜੁਟ ਹੋ ਕੇ ਹੀ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਸਫ਼ਲ ਬਣਾਇਆ ਜਾ ਸਕਦਾ ਹੈ। ਇਸ ਚੋਣ ਦੇ ਅੰਤ 'ਚ ਸਮੂਹ ਸਾਥੀਆਂ ਨੇ 12 ਸਤੰਬਰ ਨੂੰ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਹਲਕੇ ਮਲੋਟ ਵਿਖੇ ਉਨ੍ਹਾਂ ਦੇ ਘਰ ਅੱਗੇ ਦਿੱਤੇ ਜਾ ਰਹੇ ਰੋਸ ਧਰਨੇ 'ਚ ਵੱਧ ਤੋਂ ਵੱਧ ਪੁੱਜਣ ਦੀ ਆਗੂਆਂ ਨੂੰ ਵਿਸ਼ਵਾਸ ਦਿਵਾਇਆ।

# ਰਾਖਵਾਂਕਰਨ ਖ਼ਤਮ ਕਰਨ ਦੀਆਂ ਕੋਸ਼ਿਸ਼ਾਂ ਦਾ ਵਿਰੋਧ, ਐੱਸ ਸੀ ਵਿੰਗ ਨੇ ਰਾਜਪਾਲ ਦੇ ਨਾਂਅ ਡੀ ਸੀ ਨੂੰ ਸੌਂਪਿਆ ਮੰਗ-ਪੱਤਰ

**ਆਮਦਨ ਸਰਟੀਫਿਕੇਟ ਦੀ ਮਿਆਦ ਦੋ ਸਾਲ ਕਰਨ ਸਮੇਤ ਅਹਿਮ ਮੰਗਾਂ ਨੂੰ ਲੈ ਕੇ ਸਰਕਾਰ ਖ਼ਿਲਾਫ਼ ਉਠਾਈ ਆਵਾਜ਼**



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਅਕਾਲੀ ਦਲ (ਵਾਰਿਸ ਪੰਜਾਬ) ਦੇ ਐੱਸ. ਸੀ. ਵਿੰਗ ਦੇ ਸੱਦੇ 'ਤੇ ਰਾਖਵੇਂਕਰਨ ਨੂੰ ਖ਼ਤਮ ਕਰਨ ਦੇ ਵਿਰੋਧ ਅਤੇ ਘੱਟ ਆਮਦਨ ਵਾਲੇ ਸਰਟੀਫਿਕੇਟ ਦੀ ਮਿਆਦ ਦੋ ਸਾਲ ਤੱਕ ਮੰਨਣ ਸਮੇਤ ਹੋਰ ਅਹਿਮ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਬਰਨਾਲਾ ਰਾਹੀਂ ਪੰਜਾਬ ਦੇ ਰਾਜਪਾਲ ਦੇ ਨਾਂਅ ਮੰਗ-ਪੱਤਰ ਸੌਂਪਿਆ ਗਿਆ।ਇਸ ਮੌਕੇ ਐੱਸ. ਸੀ. ਵਿੰਗ ਦੇ ਪ੍ਰਧਾਨ ਕਰਤਾਰ ਸਿੰਘ ਦੀ ਅਗਵਾਈ ਹੇਠ ਸੁਖਵੀਰ ਸਿੰਘ ਛਾਪਾ, ਮਨਜੀਤ ਸਿੰਘ ਬਖਤਗੜ੍ਹ, ਭੁਪਿੰਦਰ ਸਿੰਘ ਠੀਕਰੀਵਾਲਾ, ਮੇਵਾ ਸਿੰਘ, ਬਸਪਾ ਆਗੂ ਜਗਤਾਰ ਸਿੰਘ ਬਰਨਾਲਾ ਤੇ ਜਸਵੀਰ ਸਿੰਘ ਸਮੇਤ ਸਮੂਹ ਟੀਮ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗਾਂ ਨੂੰ ਗੰਭੀਰਤਾ ਨਾਲ ਵਿਚਾਰਨ ਦੀ ਅਪੀਲ ਕੀਤੀ।ਆਗੂਆਂ ਨੇ ਕਿਹਾ ਕਿ ਰਾਖਵੇਂਕਰਨ ਨਾਲ ਜੁੜੇ ਸੰਵਿਧਾਨਕ ਹੱਕਾਂ ਦੀ ਰਾਖੀ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਸਮਾਜ ਦੇ ਵਾਂਝੇ ਤੇ ਘੱਟ ਆਮਦਨ ਵਾਲੇ ਵਰਗਾਂ ਨੂੰ ਸਰਕਾਰੀ ਸਹੂਲਤਾਂ ਤੇ ਹੱਕਾਂ ਤੋਂ ਵਾਂਝਾ ਨਹੀਂ ਕੀਤਾ ਜਾਣਾ ਚਾਹੀਦਾ।ਇਸ ਮੌਕੇ ਲੋਕਾਂ ਨੂੰ ਵੀ ਆਪਣੇ ਸੰਵਿਧਾਨਕ ਤੇ ਸਮਾਜਿਕ ਹੱਕਾਂ ਪ੍ਰਤੀ ਜਾਗਰੂਕ ਰਹਿਣ ਦਾ ਸੱਦਾ ਦਿੱਤਾ ਗਿਆ।ਇਸ ਦੌਰਾਨ ਭਾਈ ਅਵਤਾਰ ਸਿੰਘ ਰਾਏਸਰ, ਮਹਿਲ ਕਲਾਂ ਨੇ ਐੱਸ.ਸੀ. ਵਿੰਗ ਦੀਆਂ ਮੰਗਾਂ ਦੀ ਪੁਰਜ਼ੋਰ ਹਮਾਇਤ ਕਰਦਿਆਂ ਕਿਹਾ ਕਿ ਸੰਵਿਧਾਨਕ ਹੱਕਾਂ ਦੀ ਰਾਖੀ ਲਈ ਲੋਕਾਂ ਦਾ ਜਾਗਰੂਕ ਹੋਣਾ ਬੇਹੱਦ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਦੀ ਆਵਾਜ਼ ਨੂੰ ਇਕਜੁੱਟ ਹੋ ਕੇ ਬੁਲੰਦ ਕਰਨਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ।ਅਕਾਲੀ ਦਲ ਵਾਰਿਸ ਪੰਜਾਬ ਨੇ ਇਸ ਉਪਰਾਲੇ ਦਾ ਸਮਰਥਨ ਕਰਦਿਆਂ ਕਿਹਾ ਕਿ ਸਮਾਜਿਕ ਤੇ ਸੰਵਿਧਾਨਕ ਹੱਕਾਂ ਦੀ ਰਾਖੀ ਲਈ ਸੰਘਰਸ਼ ਨੂੰ ਲੋਕਤੰਤਰੀ ਢੰਗ ਨਾਲ ਅੱਗੇ ਵਧਾਇਆ ਜਾਵੇਗਾ।ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੰਗ-ਪੱਤਰ ਵਿੱਚ ਦਰਜ ਮਸਲਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰਕੇ ਬਣਦੀ ਕਾਰਵਾਈ ਕੀਤੀ ਜਾਵੇ।

## 'ਆਪ' ਤੇ ਭਾਜਪਾ ਛੱਡ ਦਰਜਨਾਂ ਆਗੂ ਕਾਂਗਰਸ 'ਚ ਸ਼ਾਮਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿੰਡ ਸਿਓਣੇ ਵਿੱਚ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ, ਜਦੋਂ ਆਮ ਆਦਮੀ ਪਾਰਟੀ ਤੇ ਭਾਜਪਾ ਨਾਲ ਜੁੜੇ ਕਈ ਪ੍ਰਮੁੱਖ ਆਗੂਆਂ ਤੇ ਵਰਕਰਾਂ ਨੇ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ।ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਇੰਚਾਰਜ ਸ਼੍ਰੀ ਮੋਹਿਤ ਮਹਿੰਦਰਾ ਦੀ ਅਗਵਾਈ ਹੇਠ ਸਾਰੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ ਗਿਆ।ਮੋਹਿਤ ਮਹਿੰਦਰਾ ਨੇ ਭਰੋਸਾ ਦਿਵਾਇਆ ਕਿ ਕਾਂਗਰਸ ਪਰਿਵਾਰ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ।ਇਸ ਮੌਕੇ ਹਰਦੀਪ ਸਿੰਘ ਪੰਚ, ਮਲਕੀਤ ਸਿੰਘ, ਰਣਜੀਤ ਸਿੰਘ, ਅਵਤਾਰ ਸਿੰਘ, ਰਾਮਧਨ ਸਿੰਘ, ਜਸਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਕਰਮਜੀਤ ਸਿੰਘ ਕਾਮਾ, ਪ੍ਰਿਤਪਾਲ ਸਿੰਘ (ਪ੍ਰਧਾਨ ਯੂਥ ਕਲੱਬ), ਸੁਖਵਿੰਦਰ ਸਿੰਘ, ਗੁਰਸੇਵਕ ਸਿੰਘ, ਜਰਨੈਲ ਸਿੰਘ, ਸਤਨਾਮ ਸਿੰਘ, ਜੀਤ ਸਿੰਘ, ਕਾਕਾ ਸਿੰਘ, ਬਾਵਾ ਖਾਨ, ਬਲਕਾਰ ਸਿੰਘ ਨੰਬਰਦਾਰ, ਕਮਲ ਸ਼ਰਮਾ (ਗੋਲਡੀ), ਅੰਮ੍ਰਿਤਪਾਲ ਸਿੰਘ, ਇੰਦਰਜੀਤ ਸਿੰਘ, ਅਮਨਦੀਪ ਸਿੰਘ, ਅਜੈਬ ਸਿੰਘ, ਆਸੂ ਖਾਨ, ਮੁਹੰਮਦ ਅਲੀ, ਰਾਜਵਿੰਦਰ ਸਿੰਘ (ਸੋਨੀ), ਨਰਿੰਦਰ ਸਿੰਘ, ਸੁਖਚੈਨ ਸਿੰਘ, ਦਵਿੰਦਰ ਸਿੰਘ, ਰਘਵੀਰ ਸਿੰਘ, ਸੰਦੀਪ ਸ਼ਰਮਾ, ਨਵਜੋਤ ਸਿੰਘ, ਕੁਲਦੀਪ ਕੌਰ ਪੰਚ, ਪਰਮਜੀਤ ਕੌਰ, ਗੁਰਮੇਲ ਕੌਰ, ਸਵਰਨਜੀਤ ਕੌਰ, ਕੁਲਵੰਤ ਕੌਰ, ਰਾਣੀ ਕੌਰ, ਨਿਰਮਲ ਕੌਰ, ਪਾਲੋ, ਹਰਦੀਪ ਕੌਰ, ਬਲਜਿੰਦਰ ਕੌਰ, ਜਸਵਿੰਦਰ ਕੌਰ, ਪਿੰਦਰ ਕੌਰ ਤੇ ਪਰਮਜੀਤ ਸਿੰਘ (ਪੰਮਾ) ਰਸਮੀ ਤੌਰ 'ਤੇ ਕਾਂਗਰਸ ਵਿੱਚ ਸ਼ਾਮਲ ਹੋਏ।

## ਐਡਵੋਕੇਟ ਪੂਨਮ ਗੋਇਲ ਜੁਆਇੰਟ ਸਕੱਤਰ ਦੇ ਅਹੁਦੇ 'ਤੇ ਬਿਨਾਂ ਮੁਕਾਬਲੇ ਜੇਤੂ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਬਾਰ ਐਸੋਸੀਏਸ਼ਨ ਦੀਆਂ 11 ਸਤੰਬਰ ਨੂੰ ਹੋ ਰਹੀਆਂ ਚੋਣਾਂ ਵਿੱਚ ਜੁਆਇੰਟ ਸਕੱਤਰ ਦੇ ਅਹੁਦੇ ਲਈ ਉਮੀਦਵਾਰ ਐਡਵੋਕੇਟ ਪੂਨਮ ਗੋਇਲ ਪਤਨੀ ਮੰਗਤ ਰਾਏ ਬੰਗੀ ਬਿਨਾਂ ਮੁਕਾਬਲੇ ਜੇਤੂ ਰਹੇ ਹਨ।ਪੂਨਮ ਗੋਇਲ ਦੇ ਬਿਨਾਂ ਮੁਕਾਬਲੇ ਚੋਣ ਜਿੱਤਣ ਤੇ ਐਡਵੋਕੇਟ ਵਿਕਰਾਂਤ ਗੋਇਲ, ਸੰਜੀਵ ਗੁਪਤਾ, ਰੋਬਿਨ ਕੁਮਾਰ ਗਰਗ, ਸੰਜੀਵ ਲਹਿਰੀ, ਰੋਹਿਤ ਗਰਗ, ਪ੍ਰਵੀਨ ਕੁਮਾਰ ਰੰਗਾਂ, ਵਿਨੋਦ ਗੋਇਲ, ਰੇਸ਼ਮ ਸਿੰਘ, ਸੰਦੀਪ ਕੌਰ ਬਾਵਾ, ਜਸਵਿੰਦਰ ਸਿੰਘ ਮਾਨ, ਰਵਜੋਤ ਸਿੰਘ, ਗੁਰਵਿੰਦਰ ਸਿੰਘ ਗੈਰੀ, ਰਵਿੰਦਰ ਕੁਮਾਰ ਸਮੇਤ ਹੋਰ ਵਕੀਲ ਸਾਹਿਬਾਨ ਨੇ ਮੁਬਾਰਕਬਾਦ ਦਿੱਤੀ।

## ਪੰਜਾਬ ਦੀ ਜਨਤਾ 'ਆਪ' ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੋਂ ਖ਼ੁਸ਼ : ਦਾਤੇਵਾਲ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਹਿਤੈਸ਼ੀ ਕੰਮਾਂ ਤੇ ਨੀਤੀਆਂ ਤੋਂ ਪੰਜਾਬ ਦੀ ਜਨਤਾ ਬਹੁਤ ਖ਼ੁਸ਼ ਹੈ।ਆਮ ਲੋਕਾਂ ਨੂੰ ਬਿਹਤਰ ਸਹੂਲਤਾਂ, ਸਿੱਖਿਆ, ਸਿਹਤ, ਬਿਜਲੀ ਤੇ ਹੋਰ ਬੁਨਿਆਦੀ ਸੇਵਾਵਾਂ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਦਾ ਲਾਭ ਮਿਲ ਰਿਹਾ ਹੈ।ਸਰਕਾਰ ਨੇ ਆਮ ਲੋਕਾਂ ਦੀਆਂ ਉਮੀਦਾਂ ਅਨੁਸਾਰ ਕੰਮ ਕਰਦੇ ਹੋਏ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਰਾਹ 'ਤੇ ਅੱਗੇ ਵਧਾਉਣ ਲਈ ਕਈ ਅਹਿਮ ਕਦਮ ਚੁੱਕੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਧਰਮਕੋਟ ਤੋਂ ਯੂਥ ਆਗੂ ਗੋਪੀ ਮਾਨ ਦਾਤੇਵਾਲ ਨੇ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਕੰਮ ਦੀ ਰਾਜਨੀਤੀ ਨੂੰ ਤਰਜ਼ੀਹ ਦੇ ਰਹੇ ਹਨ।ਆਮ ਆਦਮੀ ਪਾਰਟੀ ਨੇ ਜਨਤਾ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਇਮਾਨਦਾਰੀ ਨਾਲ ਕੰਮ ਕੀਤਾ ਹੈ, ਜਿਸ ਕਾਰਨ ਲੋਕਾਂ ਦਾ ਭਰੋਸਾ ਸਰਕਾਰ ਪ੍ਰਤੀ ਹੋਰ ਮਜ਼ਬੂਤ ਹੋਇਆ ਹੈ।ਉਨ੍ਹਾਂ ਕਿਹਾ ਕਿ ਹਲਕਾ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਹਲਕੇ ਦੇ ਪਿੰਡਾਂ ਤੇ ਕਸਬਿਆਂ ਦਾ ਬਹੁਤ ਵੱਡੇ ਪੱਧਰ ਤੇ ਵਿਕਾਸ ਹੋਇਆ ਹੈ।ਹੁਣ ਵੀ ਕਈ ਵਿਕਾਸ ਦੇ ਕੰਮ ਚੱਲ ਰਹੇ ਹਨ ਜਿਸ ਨਾਲ ਪਿੰਡਾਂ ਅਤੇ ਸ਼ਹਿਰਾਂ ਦੀ ਨੁਹਾਰ ਬਦਲ ਗਈ ਹੈ ਅਤੇ ਲੋਕ ਉਨ੍ਹਾਂ ਦੇ ਕੀਤੇ ਹੋਏ ਕੰਮਾਂ ਤੋਂ ਖੁਸ਼ ਹਨ।

## ਮੁਕਤਸਰ ਪਹੁੰਚੀ ਮਸ਼ਾਲ ਦਾ ਭਰਵਾਂ ਸਵਾਗਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ—2026 ਤਹਿਤ ਮਸ਼ਾਲ ਮਾਰਚ ਬੁੱਧਵਾਰ ਜ਼ਿਲ੍ਹਾ ਫਾਜਿਲਕਾ ਤੋਂ ਸ੍ਰੀ ਮੁਕਤਸਰ ਸਾਹਿਬ ਪਹੁੰਚਿਆ।ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਵੱਲੋਂ ਮਸ਼ਾਲ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਤੋਂ ਬਾਅਦ ਰੇਲਵੇ ਸਟੇਸ਼ਨ, ਸ੍ਰੀ ਮੁਕਤਸਰ ਸਾਹਿਬ ਤੋਂ ਰੈੱਡਕਰਾਸ ਭਵਨ, ਸ੍ਰੀ ਮੁਕਤਸਰ ਸਹਿਬ ਤੱਕ ਪੈਦਲ ਮਾਰਚ ਕੱਢਿਆ ਗਿਆ।ਇਸ ਮੌਕੇ ਐਸ.ਡੀ.ਐਮ ਸ਼੍ਰੀ ਗੁਰਕਿਰਨਦੀਪ ਸਿੰਘ ਸਿੱਧੂ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਨੌਜਵਾਨਾਂ ਨੂੰ ਖੇਡ ਖੇਤਰ ਵਿੱਚ ਆਪਣੇ ਹੁਨਰ ਨੂੰ ਹੋਰ ਨਿਖ਼ਾਰਨ ਦਾ ਮੌਕਾ ਪ੍ਰਦਾਨ ਕਰਨਗੀਆਂ।ਜ਼ਿਲ੍ਹਾ ਖੇਡ ਅਫਸਰ ਸ੍ਰੀਮਤੀ ਅਨਿੰਦਰਵੀਰ ਕੌਰ ਬਰਾੜ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ-2026 ਤਹਿਤ ਜ਼ਿਲ੍ਹੇ ਵਿੱਚ ਬਲਾਕ ਪੱਧਰੀ ਖੇਡ ਮੁਕਾਬਲੇ 7 ਸਤੰਬਰ ਤੋਂ 16 ਸਤੰਬਰ ਅਤੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 21 ਸਤੰਬਰ ਤੋਂ 27 ਸਤੰਬਰ 2026 ਤੱਕ ਕਰਵਾਏ ਜਾਣਗੇ।

## ਧਰਮਕੋਟ ਰੈਲੀ ਨੂੰ ਲੈ ਕੇ ਆਗੂਆਂ ਤੇ ਵਰਕਰਾਂ 'ਚ ਭਾਰੀ ਉਤਸ਼ਾਹ : ਔਜਲਾ



**ਕੋਟ ਈਸੇ ਖਾਂ (ਅਰੋੜਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ 9 ਸਤੰਬਰ ਨੂੰ ਧਰਮਕੋਟ ਦੀ ਦਾਣਾ ਮੰਡੀ ਵਿਖੇ ਪੰਜਾਬ ਬਚਾਓ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿਸ ਨੂੰ ਲੈ ਕੇ ਅਕਾਲੀ ਵਰਕਰਾਂ ਤੇ ਆਗੂਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਮਹੱਤਵਪੂਰਨ ਰੈਲੀ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਪਾਰਟੀ ਦੀ ਸੀਨੀਅਰ ਹਾਈ ਕਮਾਂਡ ਪੁਹੰਚੇਗੀ।ਇਹ ਰੈਲੀ ਸ਼੍ਰੋਮਣੀ ਅਕਾਲੀ ਦਲ ਦੀ ਏਕਤਾ, ਮਜ਼ਬੂਤੀ ਤੇ ਪੰਜਾਬ ਦੇ ਲੋਕਾਂ ਦੇ ਵਧ ਰਹੇ ਭਰੋਸੇ ਦਾ ਵੱਡਾ ਪ੍ਰਤੀਕ ਸਾਬਿਤ ਹੋਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਧਰਮਕੋਟ ਤੋਂ ਸ਼ਹਿਰੀ ਪ੍ਰਧਾਨ ਰਣਜੀਤ ਸਿੰਘ ਔਜਲਾ ਨੇ ਸਾਂਝਾ ਕੀਤਾ।ਉਨ੍ਹਾ ਕਿਹਾ ਕਿ ਇਸ ਰੈਲੀ ਨੂੰ ਲੈ ਕੇ ਹਲਕਾ ਧਰਮਕੋਟ ਦੇ ਆਗੂਆਂ, ਵਰਕਰਾਂ ਤੇ ਆਮ ਲੋਕਾਂ ਵਿੱਚ ਬਹੁਤ ਭਾਰੀ ਉਤਸ਼ਾਹ ਹੈ।ਇਹ ਵਿਸ਼ਾਲ ਇਕੱਠ ਸ਼੍ਰੋਮਣੀ ਅਕਾਲੀ ਦਲ ਦੀ ਤਾਕਤ, ਵਰਕਰਾਂ ਦੀ ਏਕਤਾ ਤੇ ਪੰਜਾਬ ਦੇ ਬਿਹਤਰ ਭਵਿੱਖ ਲਈ ਲੋਕਾਂ ਦੀ ਆਵਾਜ਼ ਨੂੰ ਇੱਕ ਨਵੀਂ ਮਜ਼ਬੂਤੀ ਦੇਵੇਗਾ।

## ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਪ੍ਰਾਸਪੈਕਟਸ ਰਿਲੀਜ਼



**ਫ਼ਰੀਦਕੋਟ (ਡਿਸੂਜਾ, ਬੇਦੀ)**-ਬੀਤੇ ਦਿਨੀਂ ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਫ਼ਰੀਦਕੋਟ ਦੇ ਸੈਸ਼ਨ 2026-27 ਦਾ ਪ੍ਰਾਸਪੈਕਟਸ ਸ੍ਰ. ਗੁਰਦਿੱਤ ਸਿੰਘ ਸੇਖੋਂ ਮਾਣਯੋਗ ਐਮ.ਐੱਲ.ਏ. ਫ਼ਰੀਦਕੋਟ ਵੱਲੋਂ ਰਿਲੀਜ਼ ਕੀਤਾ ਗਿਆ।ਇਸ ਦੌਰਾਨ ਸ੍ਰ. ਸਰਬਜੀਤ ਸਿੰਘ ਬਰਾੜ (ਚੇਅਰਮੈਨ ਬਲਾਕ ਸੰਮਤੀ ਹਲਕਾ ਫ਼ਰੀਦਕੋਟ) ਤੇ ਸ੍ਰ. ਅਮਨਦੀਪ ਸਿੰਘ ਬਾਬਾ (ਚੇਅਰਮੈਨ ਮਾਰਕੀਟ ਕਮੇਟੀ ਫ਼ਰੀਦਕੋਟ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਦੱਸਿਆ ਕਿ ਕਾਲਜ ਦਾ ਹਰ ਸਾਲ ਛਪਣ ਵਾਲਾ ਪ੍ਰਾਸਪੈਕਟਸ ਕਾਲਜ ਵਿੱਚ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਲਈ ਸਹਾਈ ਸਿੱਧ ਹੁੰਦਾ ਹੈ।ਇਸ ਮੌਕੇ ਪ੍ਰੋ. ਰਾਜੇਸ਼ਵਰੀ ਦੇਵੀ, ਪ੍ਰੋ. ਬੀਰਇੰਦਰਜੀਤ ਸਿੰਘ ਤੇ ਪ੍ਰੋ. ਜਸਬੀਰ ਕੌਰ ਆਦਿ ਹਾਜ਼ਰ ਸਨ।

## ਸਰਕਾਰੀ ਕਾਲਜ 'ਚ ਫਾਊਂਡੇਸ਼ਨ ਡੇ ਸ਼ਾਨੋ-ਸ਼ੌਕਤ ਨਾਲ ਮਨਾਇਆ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਸਰਕਾਰੀ ਕਾਲਜ (ਲੜਕੀਆਂ) ਜਲਾਲਾਬਾਦ ਵਿਖੇ ਕਾਲਜ ਦਾ ਫਾਊਂਡੇਸ਼ਨ ਡੇ ਸਮਾਰੋਹ ਬੜੇ ਉਤਸ਼ਾਹ ਤੇ ਗੌਰਵਮਈ ਮਾਹੌਲ ਵਿੱਚ ਮਨਾਇਆ ਗਿਆ। ਸਮਾਰੋਹ ਦੀ ਅਗਵਾਈ ਕਾਲਜ ਦੀ ਪ੍ਰਿੰਸੀਪਲ ਡਾ. ਜਯੋਤਸਨਾ ਵੱਲੋਂ ਕੀਤੀ ਗਈ। ਇਸ ਮੌਕੇ ਕਾਲਜ ਇੰਚਾਰਜ ਡਾ. ਰਾਜੀਵ ਕੁਮਾਰ ਤੇ ਕਾਲਜ ਦਾ ਸਮੂਹ ਸਟਾਫ਼ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਿਹਾ। ਸਮਾਰੋਹ ਦੌਰਾਨ ਵਿਦਿਆਰਥਣਾਂ ਵੱਲੋਂ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਕਾਲਜ ਦੀਆਂ ਵੱਖ-ਵੱਖ ਪ੍ਰਾਪਤੀਆਂ ਨੂੰ ਵੀ ਉਜਾਗਰ ਕੀਤਾ ਗਿਆ ਤੇ ਵਿਦਿਆਰਥੀਆਂ ਨੂੰ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਡਾ. ਜਯੋਤਸਨਾ ਨੇ ਕਾਲਜ ਦੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੂੰ ਫਾਊਂਡੇਸ਼ਨ ਡੇ ਦੀ ਵਧਾਈ ਦਿੰਦਿਆਂ ਕਿਹਾ ਕਿ ਕਿਸੇ ਵੀ ਸੰਸਥਾ ਦੀ ਤਰੱਕੀ ਉਸ ਨਾਲ ਜੁੜੇ ਹਰ ਵਿਅਕਤੀ ਦੀ ਮਿਹਨਤ ਤੇ ਸਾਂਝੇ ਯਤਨਾਂ ਦਾ ਨਤੀਜਾ ਹੁੰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਸੱਭਿਆਚਾਰਕ ਤੇ ਹੋਰ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਕਾਲਜ ਇੰਚਾਰਜ ਡਾ. ਰਾਜੀਵ ਕੁਮਾਰ ਨੇ ਵੀ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਕਾਲਜ ਦੀਆਂ ਗਤੀਵਿਧੀਆਂ ਤੇ ਉਪਲਬਧੀਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੜਕੀਆਂ ਦੇ ਪ੍ਰਿੰਸੀਪਲ ਅਮਿਤ ਕੁਮਾਰ ਗਗਨੇਜਾ, ਸਾਹਿਤ ਸਭਾ ਵੱਲੋਂ ਕੁਲਦੀਪ ਬਰਾੜ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਕੌਮੀ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਨੇ ਵੀ ਕਾਲਜ ਵਿਖੇ ਹੋ ਰਹੀ ਵਧੀਆ ਵਿੱਦਿਆ ਅਤੇ ਵਿਦਿਆਰਥਣਾਂ ਵੱਲੋਂ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦੇ ਜੌਹਰ ਦਿਖਾਉਣ ਲਈ ਵਧਾਈ ਦਿੱਤੀ ਗਈ। ਪੀਟੀਏ ਕਮੇਟੀ ਮੈਂਬਰ ਮਲਕੀਤ ਸਿੰਘ, ਸੁਭਾਸ਼ ਚੰਦਰ, ਭਗਵਾਨ ਸਿੰਘ ਅਤੇ ਗੁਰਦੀਪ ਸਿੰਘ ਵੀ ਹਾਜ਼ਰ ਸਨ।

## ਵੋਟਰ ਸੇਵਾਵਾਂ ਲਈ ਸਾਰੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ 6 ਨੂੰ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਹੁਲ ਚਾਬਾ, ਆਈ.ਏ.ਐੱਸ. ਨੇ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ 6 ਸਤੰਬਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਫ਼ਰੀਦਕੋਟ ਵੱਲੋਂ ਵੋਟਰਾਂ ਨੂੰ ਚੋਣ ਸੂਚੀਆਂ ਨਾਲ ਸਬੰਧਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।ਮੁਹਿੰਮ ਆਈ ਆਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸਾਰੇ ਯੋਗ ਨਾਗਰਿਕ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਅਤੇ ਕਿਸੇ ਵੀ ਯੋਗ ਵੋਟਰ ਦਾ ਨਾਮ ਨਾ ਛੁੱਟੇ।ਉਨ੍ਹਾਂ ਕਿਹਾ ਕਿ ਇਸ ਦੌਰਾਨ ਬੂਥ ਲੈਵਲ ਅਫ਼ਸਰ ਆਪਣੇ-ਆਪਣੇ ਬੂਥਾਂ 'ਤੇ ਮੌਜੂਦ ਰਹਿਣਗੇ ਤੇ ਵੋਟਰਾਂ ਨੂੰ ਚੋਣ ਸੇਵਾਵਾਂ ਸਬੰਧੀ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕਰਨਗੇ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਵੋਟਰਾਂ ਨੂੰ ਫ਼ਾਰਮ-6, ਫ਼ਾਰਮ-6-ਏ ਅਤੇ ਫ਼ਾਰਮ-8 ਸਬੰਧੀ ਸਹਾਇਤਾ ਦਿੱਤੀ ਜਾਵੇਗੀ।ਨਵੇਂ ਯੋਗ ਵੋਟਰਾਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ, ਮੌਜੂਦਾ ਵੋਟਰਾਂ ਨੂੰ ਲੋੜੀਂਦੀ ਸੋਧ ਕਰਵਾਉਣ ਤੇ ਹੋਰ ਚੋਣ ਸੇਵਾਵਾਂ ਲਈ ਮਾਰਗਦਰਸ਼ਨ ਕੀਤਾ ਜਾਵੇਗਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ 18-19 ਸਾਲ ਉਮਰ ਵਰਗ ਦੇ ਨੌਜਵਾਨਾਂ ਦੀ ਰਜਿਸਟ੍ਰੇਸ਼ਨ ਨੂੰ ਵਿਸ਼ੇਸ਼ ਤਰਜ਼ੀਹ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਦਿਵਿਆਂਗ ਵੋਟਰਾਂ ਨੂੰ ਚੋਣ ਸੂਚੀ ਵਿੱਚ ਮਾਰਕ ਕਰਨ ਲਈ ਫਾਰਮ-8 ਸਬੰਧੀ ਵੀ ਸਹਾਇਤਾ ਮੁਹੱਈਆ ਕਰਾਈ ਜਾਵੇਗੀ।ਉਨ੍ਹਾਂ ਸਮੂਹ ਚੋਣ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਕੈਂਪ ਦੌਰਾਨ ਵੋਟਰਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ ਅਤੇ ਹਰ ਯੋਗ ਨਾਗਰਿਕ ਨੂੰ ਚੋਣ ਸੇਵਾਵਾਂ ਦਾ ਲਾਭ ਮਿਲੇ।

# ਰਾਹੁਲ 'ਤੇ ਦਰਜ ਪਰਚਾ ਬਰਦਾਸ਼ਤ ਨਹੀਂ : ਕੁਲਵੰਤ ਸਿੰਗਲਾ

### ਜ਼ਿਲ੍ਹਾ ਕਾਂਗਰਸ ਕਮੇਟੀ ਵੱਲੋਂ ਰੋਸ ਮਾਰਚ, ਕੇਂਦਰ ਦਾ ਫੂਕਿਆ ਪੁਤਲਾ



**ਮਾਨਸਾ (ਆਤਮਾ ਸਿੰਘ ਪਮਾਰ)**-ਲੋਕ ਸਭਾ 'ਚ ਵਿਰੋਧੀ ਧਿਰ ਦੇ ਆਗੂ ਸ੍ਰੀ ਰਾਹੁਲ ਗਾਂਧੀ ਖ਼ਿਲਾਫ਼ ਉੱਤਰਾਖੰਡ ਦੇ ਹਲਦਵਾਨੀ ਵਿਖੇ ਦਰਜ ਕੀਤੇ ਗਏ ਕਥਿਤ ਝੂਠੇ ਪਰਚੇ ਦੇ ਵਿਰੋਧ 'ਚ ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਵੱਡੀ ਗਿਣਤੀ 'ਚ ਇਕੱਤਰ ਹੋ ਕੇ ਕੇਂਦਰ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਰਾਹੁਲ ਗਾਂਧੀ ਖ਼ਿਲਾਫ਼ ਦਰਜ ਮਾਮਲਾ ਰੱਦ ਕਰਨ ਦੀ ਮੰਗ ਕੀਤੀ।ਰੋਸ ਮਾਰਚ ਅਨਾਜ ਮੰਡੀ ਮਾਨਸਾ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਮੁੱਖ ਬਾਜ਼ਾਰਾਂ ਚੋਂ ਹੁੰਦਾ ਹੋਇਆ ਬਾਰਾਂ ਹੱਟਾਂ ਚੌਕ ਵਿਖੇ ਪਹੁੰਚਿਆ, ਜਿੱਥੇ ਕਾਂਗਰਸੀ ਵਰਕਰਾਂ ਨੇ ਕੇਂਦਰ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਆਪਣਾ ਰੋਸ ਪ੍ਰਗਟ ਕਰਦਿਆਂ ਸਰਕਾਰ ਦਾ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ। ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਵਧ ਰਹੀ ਲੋਕਪ੍ਰਿਅਤਾ ਤੋਂ ਘਬਰਾ ਕੇ ਕੇਂਦਰ ਸਰਕਾਰ ਵੱਲੋਂ ਲਗਾਤਾਰ ਕਾਂਗਰਸ ਦੇ ਆਗੂਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸੀ ਆਗੂਆਂ ਖ਼ਿਲਾਫ਼ ਕਥਿਤ ਝੂਠੇ ਤੇ ਬੇਬੁਨਿਆਦ ਮਾਮਲੇ ਦਰਜ ਕਰਕੇ ਲੋਕਤੰਤਰਿਕ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨੂੰ ਕਾਂਗਰਸ ਪਾਰਟੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ।ਕਾਂਗਰਸ ਪ੍ਰਧਾਨ ਨੇ ਕਿਹਾ ਕਿ ਕਾਂਗਰਸ ਪਾਰਟੀ ਆਪਣੇ ਆਗੂ ਸ੍ਰੀ ਰਾਹੁਲ ਗਾਂਧੀ ਨਾਲ ਚਟਾਨ ਵਾਂਗ ਖੜ੍ਹੀ ਹੈ।ਉਨ੍ਹਾਂ ਮੰਗ ਕੀਤੀ ਕਿ ਰਾਹੁਲ ਗਾਂਧੀ ਖ਼ਿਲਾਫ਼ ਦਰਜ ਕੀਤਾ ਗਿਆ ਕਥਿਤ ਝੂਠਾ ਪਰਚਾ ਤੁਰੰਤ ਰੱਦ ਕੀਤਾ ਜਾਵੇ।ਇਸ ਮੌਕੇ ਸ੍ਰੀ ਗੁਰਪ੍ਰੀਤ ਸਿੰਘ ਵਿੱਕੀ, ਮਾਈਕਲ ਗੋਗੋਵਾਲ, ਸੁਦਰਸ਼ਨ ਸਿੰਘ ਖਾਰਾ, ਮੁਕੇਸ਼ ਗੋਇਲ, ਗੁਰਸ਼ਰਨ ਸਿੰਘ ਮਾਖਾ, ਰਾਮ ਸਿੰਘ ਸਰਦੂਲਗੜ੍ਹ, ਧਨਜੀਤ ਸਿੰਘ, ਇੰਦਰਜੀਤ ਸਿੰਘ, ਸੰਦੀਪ ਮਹਿਤਾ, ਪ੍ਰੀਤ ਪਾਲ ਡੱਲੀ, ਚੰਦਰ ਸ਼ੇਖਰ, ਐਡਵੋਕੇਟ ਬਲਕਰਨ ਸਿੰਘ ਬੱਲੀ, ਨੰਦੀ ਸ਼ਰਮਾ, ਸਵਰਨ ਸਿੰਘ ਖੜਾਲ, ਕੁਲਦੀਪ ਸਿੰਘ, ਹਰਵਿੰਦਰ ਸਿੰਘ ਸਵੀਟੀ, ਨਵੀਨ ਕਾਲਾ, ਲਵਲੀ ਬੋੜਾਲੀਆ, ਵਿਨੋਦ ਸਿੰਗਲਾ, ਸੰਦੀਪ ਫੌਜੀ, ਪ੍ਰੋ. ਜੀਵਨ ਦਾਸ ਬਾਵਾ ਆਦਿ ਆਗੂ ਹਾਜ਼ਰ ਸਨ।

## ਪੰਨੂ, ਜੁਨੇਜਾ ਤੇ ਰਾਣਾ ਨੇ ਮ੍ਰਿਤਕ ਕੰਡਕਟਰ ਦੇ ਵਾਰਸਾਂ ਨਾਲ ਕੀਤਾ ਦੁੱਖ ਸਾਂਝਾ

### ਪਰਵਾਰ ਨੂੰ 65.50 ਲੱਖ ਰੁਪਏ ਦਾ ਚੈੱਕ ਸੌਂਪਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਪਟਿਆਲਾ ਦੇ ਮੁੱਖ ਦਫ਼ਤਰ ਵਿਖੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ, ਪੀਆਰਟੀਸੀ ਚੇਅਰਮੈਨ ਹਰਪਾਲ ਜੁਨੇਜਾ ਤੇ ਐੱਮ. ਡੀ. ਮਨੀਸ਼ਾ ਰਾਣਾ ਨੇ ਪੀ.ਆਰ.ਟੀ.ਸੀ. ਪਟਿਆਲਾ ਡਿੱਪੂ ਦੇ ਮ੍ਰਿਤਕ ਕੰਡਕਟਰ ਸਤਪਾਲ ਸਿੰਘ ਦੇ ਪਰਿਵਾਰ ਨਾਲ ਆਪਣਾ ਦੁੱਖ ਸਾਂਝਾ ਕਰਦੇ ਹੋਏ ਉਸ ਦੇ ਵਾਰਸਾਂ ਨੂੰ 65.50 ਲੱਖ ਰੁਪਏ ਦਾ ਚੈੱਕ ਸੌਂਪਿਆ।ਇਸ ਮੌਕੇ ਸ੍ਰ. ਬਲਤੇਜ ਸਿੰਘ ਪੰਨੂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਤੇ ਇਸ ਦੇ ਅਦਾਰੇ ਡਿਊਟੀ ਦੌਰਾਨ ਹੁੰਦੇ ਹਾਦਸਿਆਂ ਦੇ ਮੱਦੇਨਜ਼ਰ ਆਪਣੇ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਿਵਾਰ ਦੀ ਭਲਾਈ ਅਤੇ ਵਿੱਤੀ ਸੰਕਟਾਂ ਨੂੰ ਨਜਿੱਠਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ।ਇਸੇ ਤਹਿਤ ਪੀ.ਆਰ.ਟੀ.ਸੀ. ਵੱਲੋਂ ਇਹ ਕਦਮ ਚੁੱਕਦਿਆਂ ਆਪਣੇ ਮੁਲਾਜ਼ਮਾਂ ਦੇ ਪਰਿਵਾਰਾਂ ਦਾ ਦੁੱਖ ਸਮਝਦਿਆਂ ਕੰਡਕਟਰ ਦੇ ਵਾਰਸਾਂ ਨੂੰ 65.50 ਲੱਖ ਰੁਪਏ ਦੀ ਮਾਲੀ ਮਦਦ ਕੀਤੀ ਗਈ ਹੈ ਅਤੇ ਪੀ.ਆਰ.ਟੀ.ਸੀ. ਦੇ ਸਾਰੇ ਮੁਲਾਜ਼ਮ ਇਸ ਸਕੀਮ ਅਧੀਨ ਕਵਰ ਹੁੰਦੇ ਹਨ।ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਦੱਸਿਆ ਕਿ ਮ੍ਰਿਤਕ ਸਤਪਾਲ ਸਿੰਘ ਦੇ ਪਰਿਵਾਰ ਨੂੰ ਪੀ.ਆਰ.ਟੀ.ਸੀ. ਤੇ ਪੰਜਾਬ ਐਂਡ ਸਿੰਧ ਬੈਂਕ ਵਿਚਾਕਾਰ ਹੋਏ ਸਮਝੌਤੇ ਤਹਿਤ ਕਾਰਪੋਰੇਟ ਬੀਮਾਂ ਸ਼ਰਤਾਂ ਅਨੁਸਾਰ 65.50 ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਗਿਆ ਹੈ, ਜਿਸ ਦਾ ਮੰਤਵ ਦੁੱਖ ਦੀ ਘੜੀ ਵਿੱਚ ਪਰਿਵਾਰ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ।ਐੱਮ.ਡੀ. ਮਨੀਸ਼ਾ ਰਾਣਾ ਨੇ ਦੱਸਿਆ ਕਿ ਮ੍ਰਿਤਕ ਕੰਡਕਟਰ ਦੇ ਵਾਰਸਾਂ ਨੂੰ 40 ਲੱਖ ਰੁਪਏ ਬੀਮਾ ਰਾਸ਼ੀ ਤੇ ਬੱਚਿਆਂ ਦੀ ਪੜ੍ਹਾਈ ਲਈ 18 ਲੱਖ ਰੁਪਏ ਦੀ ਵਿੱਤੀ ਸਹਾਇਤਾ ਤੋਂ ਇਲਾਵਾ ਵਾਰਸਾਂ ਨੂੰ ਹਰ ਮਹੀਨੇ ਈ.ਐੱਸ.ਆਈ./ਈ.ਪੀ.ਐੱਫ. ਤੋਂ ਪੈਨਸ਼ਨ ਦੀ ਵੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ।ਇਸ ਮੌਕੇ ਪੀ.ਆਰ.ਟੀ.ਸੀ. ਦੇ ਏਐੱਮਡੀ ਨਵਦੀਪ ਕੁਮਾਰ, ਜੀਐੱਮ ਪਟਿਆਲਾ ਡਿੱਪੂ ਜਤਿੰਦਰਪਾਲ ਸਿੰਘ ਗਰੇਵਾਲ, ਡੀਸੀਐੱਫਏ ਰਾਜੇਸ਼ ਕੁਮਾਰ, ਜੀ.ਐੱਮ. ਮਨਿੰਦਰਪਾਲ ਸਿੰਘ ਸਿੱਧੂ ਤੇ ਅਮਨਵੀਰ ਸਿੰਘ ਟਿਵਾਣਾ ਤੋਂ ਇਲਾਵਾ ਪੰਜਾਬ ਐਂਡ ਸਿੰਧ ਬੈਂਕ ਦੇ ਸੀਨੀਅਰ ਅਧਿਕਾਰੀ ਤੇ ਵੱਖ-ਵੱਖ ਯੂਨੀਅਨਾਂ ਦੇ ਨੁਮਾਇੰਦੇ ਅਤੇ ਪੀ.ਆਰ.ਟੀ.ਸੀ. ਦੇ ਕਰਮਚਾਰੀ ਸ਼ਾਮਲ ਹੋਏ।

## ਡੇਢ ਲੱਖ ਦੀ ਠੱਗੀ ਮਾਮਲੇ 'ਚ ਸਾਈਬਰ ਕ੍ਰਾਈਮ ਪੁਲਸ ਵੱਲੋਂ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਦੇ ਇੱਕ ਵਿਅਕਤੀ ਨਾਲ ਵੱਜੀ ਡੇਢ ਲੱਖ ਰੁਪਏ ਦੀ ਠੱਗੀ ਦੇ ਕਥਿਤ ਮਾਮਲੇ ਵਿੱਚ ਸਾਈਬਰ ਕ੍ਰਾਈਮ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਮੰਡੀ ਗੋਬਿੰਦਗੜ੍ਹ ਵਿਖੇ ਰਹਿ ਰਹੀ ਇੱਕ ਔਰਤ ਨੇ ਦੱਸਿਆ ਸੀ ਕਿ ਉਸਦੇ ਪਤੀ ਭੀਮ ਬਹਾਦੁਰ ਥਾਪਾ ਨੇ ਮੋਮੋਜ਼ ਬਣਾਉਣ ਵਾਲੀ ਮਸ਼ੀਨ ਆਨਲਾਈਨ ਆਰਡਰ ਕੀਤੀ ਸੀ, ਜਿਸ ਦਾ ਆਰਡਰ ਟ੍ਰੈਕ ਕਰਨ ਲਈ ਉਸਦੇ ਪਤੀ ਨੇ ਆਨਲਾਈਨ ਇੱਕ ਮੋਬਾਈਲ ਨੰਬਰ ਕੱਢ ਕੇ ਉਸ ਉੱਤੇ ਕਾਲ ਕੀਤੀ ਤਾਂ ਨਾਮਾਲੂਮ ਵਿਅਕਤੀ/ਵਿਅਕਤੀਆਂ ਵੱਲੋਂ ਉਸਦੇ ਪਤੀ ਦੇ ਵਟਸਐਪ ਤੇ ਇੱਕ ਕਸਟਮਰ ਸਪੋਰਟ ਵੀ3 ਏਪੀਕੇ ਫਾਈਲ ਭੇਜ ਦਿੱਤੀ ਗਈ, ਜਿਸ ਲਿੰਕ ਨੂੰ ਡਾਊਨਲੋਡ ਕਰਕੇ ਖੋਲ੍ਹਣ ਉਪਰੰਤ ਜਦੋਂ ਉਸ ਦੇ ਪਤੀ ਨੇ ਉਸ ਵਿੱਚ ਆਪਣੇ ਬੈਂਕ ਖਾਤੇ ਦੀ ਡਿਟੇਲ ਦਰਜ ਕੀਤੀ ਤਾਂ ਉਸ ਦੇ ਪਤੀ ਦੇ ਖਾਤੇ ਵਿੱਚੋਂ 1,49,991/- ਰੁਪਏ ਟਰਾਂਸਫਰ ਹੋ ਗਏ।

ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀ/ਵਿਅਕਤੀਆਂ ਵਿਰੁੱਧ ਅ/ਧ 318(4) ਬੀ ਐਨ ਐਸ ਅਤੇ ਆਈ ਟੀ ਐਕਟ ਦੀ ਧਾਰਾ 66(ਸੀ) ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਸਾਈਬਰ ਕ੍ਰਾਈਮ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਪੀਰ ਬਾਬਾ ਬੁੱਢੇ ਸ਼ਾਹ ਦਰਬਾਰ 'ਤੇ ਮੇਲਾ 6-7 ਨੂੰ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਕਿਸ਼ਨਗੜ੍ਹ-ਕਰਤਾਰਪੁਰ ਰੋਡ ਸਥਿਤ ਸੂਫੀ ਦਰਬਾਰ ਪੀਰ ਬਾਬਾ ਬੁੱਢੇ ਸ਼ਾਹ ਫਰੀਦਪੁਰ ਦਾ ਸਾਲਾਨਾ ਦੋ ਰੋਜ਼ਾ ਜੋੜ ਮੇਲਾ 6-7 ਸਤੰਬਰ ਨੂੰ ਸਮੂਹ ਇਲਾਕਾ ਨਿਵਾਸੀਆਂ ਤੇ ਪ੍ਰਬੰਧਕ ਕਮੇਟੀ ਦੇ ਸਾਂਝੇ ਸਹਿਯੋਗ ਨਾਲ ਦਿਨ ਐਤਵਾਰ-ਸੋਮਵਾਰ ਨੂੰ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ। ਮੇਲੇ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਕਮਲਜੀਤ ਸਿੰਘ ਮੰਗਾ, ਜੋਗਿੰਦਰ ਸਿੰਘ ਤੇ ਗੁਰਨਾਮ ਸਿੰਘ ਤੇ ਸਮੁੱਚੀ ਮੇਲਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨੇ ਦੱਸਿਆ ਕਿ 6 ਸਤੰਬਰ ਨੂੰ ਐਤਵਾਰ ਨੂੰ ਝੰਡੇ ਤੇ ਚਾਦਰਪੋਸ਼ੀ ਉਪਰੰਤ 5 ਵਜੇ ਤੱਕ ਗਾਇਕ ਕਲੇਰ ਅਜੇ ਅਤੇ 7 ਵਜੇ ਤੱਕ ਕੱਵਾਲ ਰਣਬੀਰ ਅਲੀ ਸੂਫੀ ਕੱਵਾਲੀਆਂ ਦਾ ਪ੍ਰੋਗਰਾਮ ਪੇਸ਼ ਕਰਨਗੇ। 7 ਸਤੰਬਰ ਨੂੰ 11 ਤੋਂ 12 ਵਜੇ ਤੱਕ ਸਾਬ ਹੀਰ ਮਿਊਜ਼ੀਕਲ ਗਰੁੱਪ ਅਤੇ ਬਾਅਦ ਦੁਪਹਿਰ ਇੱਕ ਵਜੇ ਤੋਂ ਸ਼ਾਮ 4 ਵਜੇ ਤੱਕ ਪੰਮੀ ਐਂਡ ਨਕਾਲ ਪਾਰਟੀ ਸੱਭਿਆਚਾਰਕ ਤੇ ਸੂਫੀਆਨਾ ਕਲਾਮ ਨਾਲ ਪੀਰਾਂ ਦੀ ਮਹਿਮਾਂ ਦਾ ਗੁਣਗਾਣ ਕਰਨਗੇ।

# ਮਜੀਠੀਆ ਪਹਿਲਾਂ ਆਪਣੀ ਅਥਾਹ ਦੌਲਤ ਦਾ ਹਿਸਾਬ ਦੇਵੇ, ਫਿਰ ਦੂਜਿਆਂ 'ਤੇ ਉਂਗਲ ਚੁੱਕੇ : ਪੰਨੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਆਮ ਆਦਮੀ ਪਾਰਟੀ ਦੇ ਸੂਬਾ ਸਕੱਤਰ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਲਾਏ ਜਾ ਰਹੇ ਦੋਸ਼ਾਂ ਦਾ ਜਵਾਬ ਦਿੰਦਿਆਂ ਤਿੱਖਾ ਹਮਲਾ ਬੋਲਿਆ ਹੈ।ਪੰਨੂ ਨੇ ਮਜੀਠੀਆ ਦੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਦੂਜਿਆਂ ਵੱਲ ਉਂਗਲ ਚੁੱਕਣ ਵਾਲੇ ਆਗੂ ਨੂੰ ਪਹਿਲਾਂ ਖੁਦ ਆਪਣੀ ਅਥਾਹ ਜਾਇਦਾਦ ਬਾਰੇ ਜਨਤਾ ਨੂੰ ਜਵਾਬ ਦੇਣਾ ਚਾਹੀਦਾ ਹੈ। ਬਲਤੇਜ ਪੰਨੂ ਨੇ ਸਵਾਲ ਕਰਦਿਆਂ ਕਿਹਾ ਕਿ ਜਿਸ ਵਿਅਕਤੀ ਕੋਲ ਕਦੇ ਸਿਰਫ਼ ਇੱਕ ਹਰੇ ਰੰਗ ਦੀ ਕੁਆਲਿਸ ਗੱਡੀ ਹੁੰਦੀ ਸੀ, ਅੱਜ ਉਸ ਕੋਲ ਇੰਨੀ ਬੇਸ਼ੁਮਾਰ ਜਾਇਦਾਦ ਕਿੱਥੋਂ ਅਤੇ ਕਿਵੇਂ ਆ ਗਈ? ਉਨ੍ਹਾਂ ਅਕਾਲੀ ਦਲ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਪੰਜਾਬ ਨੂੰ ਕਰਜ਼ੇ ਦੀ ਦਲਦਲ ਵਿੱਚ ਧੱਕ ਕੇ ਆਪਣੇ ਨਿੱਜੀ ਕਰਜ਼ੇ ਉਤਾਰੇ ਹਨ।ਪੰਜਾਬ ਦੇ ਲੋਕ ਇਹਨਾਂ ਦੀਆਂ ਸਾਰੀਆਂ ਕਰਤੂਤਾਂ ਤੋਂ ਭਲੀ-ਭਾਂਤ ਜਾਣੂ ਹਨ। ਮਜੀਠੀਆ ਵੱਲੋਂ ਸੋਸ਼ਲ ਮੀਡੀਆ ਜਾਂ ਪ੍ਰੈਸ ਵਿੱਚ ਦਿਖਾਈਆਂ ਜਾ ਰਹੀਆਂ ਤਸਵੀਰਾਂ 'ਤੇ ਚੁਟਕੀ ਲੈਂਦਿਆਂ ਪੰਨੂ ਨੇ ਕਿਹਾ ਕਿ ਜਿਹੜੇ ਵਿਅਕਤੀਆਂ ਦੀਆਂ ਤਸਵੀਰਾਂ ਦਿਖਾਈਆਂ ਜਾ ਰਹੀਆਂ ਹਨ, ਉਹ ਤਾਂ ਭਾਰਤੀ ਜਨਤਾ ਪਾਰਟੀ ਦੇ ਆਗੂਆਂ ਦੇ ਵੀ ਨੇੜਲੇ ਸੰਪਰਕ ਵਿੱਚ ਹਨ।ਇਸ ਤੋਂ ਇਹ ਸਾਫ਼ ਜ਼ਾਹਿਰ ਹੁੰਦਾ ਹੈ ਕਿ ਮਜੀਠੀਆ ਖੁਦ ਭਾਜਪਾ ਦੇ ਇਸ਼ਾਰੇ 'ਤੇ ਇਹ ਸਾਰੀਆਂ ਸਿਆਸੀ ਚਾਲਾਂ ਚੱਲ ਰਹੇ ਹਨ।ਪੰਨੂ ਨੇ ਮਜੀਠੀਆ ਨੂੰ ਸਿੱਧਾ ਸਵਾਲ ਕਰਦਿਆਂ ਕਿਹਾ ਕਿ ਉਹ ਸਪੱਸ਼ਟ ਕਰਨ ਕਿ ਉਨ੍ਹਾਂ ਦਾ ਪਿੰਦੇ ਤੇ ਸੱਤੇ ਨਾਲ ਕੀ ਸਬੰਧ ਹੈ, ਜਦਕਿ ਪਿੰਦੇ ਨੂੰ ਤਾਂ ਐਫ.ਬੀ.ਆਈ. ਵੱਲੋਂ ਗ੍ਰਿਫ਼ਤਾਰ ਵੀ ਕੀਤਾ ਜਾ ਚੁੱਕਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਜਿਸ ਵਿਅਕਤੀ ਖ਼ਿਲਾਫ਼ ਪਹਿਲਾਂ ਹੀ ਈ.ਡੀ. (ਇਨਫੋਰਸਮੈਂਟ ਡਾਇਰੈਕਟੋਰੇਟ) ਤੇ ਐਨ ਡੀ ਪੀ ਐਸ (ਨਸ਼ਾ ਤਸਕਰੀ) ਵਰਗੇ ਅਤਿ-ਗੰਭੀਰ ਅਪਰਾਧਿਕ ਮਾਮਲੇ ਦਰਜ ਹਨ, ਉਸ ਨੂੰ ਦੂਜਿਆਂ 'ਤੇ ਚਿੱਕੜ ਉਛਾਲਣਾ ਸ਼ੋਭਾ ਨਹੀਂ ਦਿੰਦਾ।ਅਜਿਹੇ ਗੰਭੀਰ ਦੋਸ਼ਾਂ ਦਾ ਸਾਹਮਣਾ ਕਰ ਰਿਹਾ ਵਿਅਕਤੀ ਸਿਰਫ਼ ਆਪਣੀ ਹੋਂਦ ਬਚਾਉਣ ਲਈ ਝੂਠੇ ਦੋਸ਼ ਲਾ ਕੇ ਫੋਕੀ ਸਿਆਸਤ ਚਮਕਾਉਣ ਦੀ ਨਾਕਾਮ ਕੋਸ਼ਿਸ਼ ਕਰ ਰਿਹਾ ਹੈ।

## ਖੇਤੀ ਨੂੰ ਹੋਰ ਲਾਹੇਵੰਦ ਬਣਾਉਣ ਲਈ ਸਰਕਾਰ ਵੱਲੋਂ ਉਪਰਾਲੇ ਜਾਰੀ : ਖੁੱਡੀਆਂ

### ਮਲੋਟ ਵਿਖੇ ਰਾਜ ਪੱਧਰੀ ਕਿਸਾਨ ਮੇਲਾ



**ਮਲੋਟ (ਰਜਿੰਦਰ ਜੁਨੇਜਾ)**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਆਤਮਾ ਸਕੀਮ ਅਧੀਨ ਆਧੁਨਿਕ ਅਤੇ ਟਿਕਾਊ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਮਲੋਟ ਵਿਖੇ ਰਾਜ ਪੱਧਰੀ ਕਿਸਾਨ ਮੇਲਾ ਲਗਾਇਆ ਗਿਆ।ਮੇਲੇ ਦੀ ਅਗਵਾਈ ਖੇਤੀਬਾੜੀ ਵਿਭਾਗ ਦੀ ਵਿਸ਼ੇਸ਼ ਸਕੱਤਰ ਆਈ.ਏ.ਐੱਸ. ਬਲਦੀਪ ਕੌਰ ਨੇ ਕੀਤੀ, ਜਦਕਿ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੇਲੇ ਦੌਰਾਨ ਵੱਖ-ਵੱਖ ਵਿਭਾਗਾਂ ਤੇ ਸੈਲਫ ਹੈਲਪ ਗਰੁੱਪਾਂ ਵੱਲੋਂ ਲਗਾਈਆਂ ਸਟਾਲਾਂ ਦਾ ਦੌਰਾ ਕਰਕੇ ਉਨ੍ਹਾਂ ਦੇ ਉਤਪਾਦਾਂ ਬਾਰੇ ਜਾਣਕਾਰੀ ਹਾਸਲ ਕੀਤੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਸਾਨਾਂ ਨੂੰ ਖੇਤੀ ਦੇ ਨਾਲ-ਨਾਲ ਸਹਾਇਕ ਧੰਦੇ ਅਪਣਾਉਣ ਤੇ ਆਪਣੀ ਉਪਜ ਦੀ ਮਾਰਕੀਟਿੰਗ ਖੁਦ ਕਰਨ ਦੀ ਸਲਾਹ ਦਿੱਤੀ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਆਮਦਨ ਵਧਾਉਣ ਤੇ ਖੇਤੀ ਨੂੰ ਹੋਰ ਲਾਹੇਵੰਦ ਬਣਾਉਣ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਪਰਾਲੀ ਦੀ ਸੁਚੱਜੀ ਸੰਭਾਲ ਲਈ ਸਬਸਿਡੀ 'ਤੇ ਮਸ਼ੀਨਰੀ ਤੇ ਕਿਸਾਨਾਂ ਨੂੰ ਸਸਤੀ ਦਰਾਂ 'ਤੇ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਸਬੰਧੀ ਵੀ ਉਨ੍ਹਾਂ ਜਾਣਕਾਰੀ ਦਿੱਤੀ।ਖੇਤੀਬਾੜੀ ਵਿਭਾਗ ਦੇ ਡਾਇਰੈਕਟਰ ਡਾ. ਕਰਨਜੀਤ ਸਿੰਘ ਗਿੱਲ ਨੇ ਪੰਜਾਬ ਭਰ ਤੋਂ ਪਹੁੰਚੇ ਕਿਸਾਨਾਂ ਤੇ ਹਾਜ਼ਰ ਉੱਚ ਅਧਿਕਾਰੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਡਾ. ਨਰਿੰਦਰਪਾਲ ਸਿੰਘ ਬੈਨੀਵਾਲ, ਡਾ. ਅਰੁਣ ਗੋਇਲ, ਜ਼ਿਲ੍ਹਾ ਸਿਖਲਾਈ ਅਫ਼ਸਰ (ਆਤਮਾ ਪ੍ਰੋਜੈਕਟ) ਤੇ ਖੇਤੀਬਾੜੀ ਅਫ਼ਸਰ ਜਗਸੀਰ ਸਿੰਘ ਸਮੇਤ ਵਿਭਾਗ ਦੇ ਅਧਿਕਾਰੀਆਂ ਨੇ ਵਾਤਾਵਰਣ ਦੀ ਸੰਭਾਲ ਵਿੱਚ ਯੋਗਦਾਨ ਪਾਉਣ ਵਾਲੀਆਂ ਪੰਚਾਇਤਾਂ ਨੂੰ ਸਨਮਾਨਤ ਕੀਤਾ।ਰਾਜ ਪੱਧਰੀ ਕਿਸਾਨ ਮੇਲੇ ਵਿੱਚ ਚੇਅਰਮੈਨ ਰਣਧੀਰ ਸਿੰਘ ਧੀਰਾ, ਚੇਅਰਮੈਨ ਜਗਦੇਵ ਸਿੰਘ ਬਾਮ, ਐੱਸ.ਡੀ.ਐੱਮ. ਮਲੋਟ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਤੇ ਮਲੋਟ 'ਆਪ' ਇੰਚਾਰਜ ਸਤਪਾਲ ਗਿਰਧਰ ਸਮੇਤ ਹੋਰ ਪਤਵੰਤੇ ਤੇ ਵੱਡੀ ਗਿਣਤੀ ਵਿੱਚ ਕਿਸਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਯੂਨੀਵਰਸਿਟੀ ਵੱਲੋਂ 4 ਉਮੀਦਵਾਰ ਬਹਾਲ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵੱਲੋਂ ਐੱਮ ਬੀ ਬੀ ਐੱਸ ਦਾਖ਼ਲੇ ਲਈ ਪੰਜਾਬ ਸਟੇਟ ਕੋਟੇ ਦੀਆਂ 85 ਫ਼ੀਸਦੀ ਸੀਟਾਂ ਸੰਬੰਧੀ ਨਿਯਮਾਂ ਦੀ ਉਲੰਘਣਾ ਕਰਨ ਦੇ ਮਾਮਲੇ 'ਚ ਨਿਪਟਾਰੇ ਲਈ 25 ਉਮੀਦਵਾਰਾਂ 'ਚੋਂ 4 ਦੀ ਉਮੀਦਵਾਰੀ ਬੁੱਧਵਾਰ ਸ਼ਾਮ ਨੂੰ ਮੁੜ ਬਹਾਲ ਕਰ ਦਿੱਤੀ ਗਈ ਹੈ।ਯੂਨੀਵਰਸਿਟੀ ਵੱਲੋਂ ਜਾਰੀ ਕੀਤੇ ਗਏ ਜਨਤਕ ਨੋਟਿਸ 'ਚ ਦੱਸਿਆ ਗਿਆ ਹੈ ਕਿ ਸਬੰਧਤ ਉਮੀਦਵਾਰਾਂ ਵੱਲੋਂ ਪ੍ਰਾਪਤ ਅਰਜ਼ੀਆਂ ਤੋਂ ਬਾਅਦ ਸਬੰਧਤ ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਰਿਕਾਰਡ ਦੀ ਜਾਂਚ ਕੀਤੀ ਗਈ, ਜਿਸ ਤੋਂ ਬਾਅਦ 4 ਉਮੀਦਵਾਰਾਂ ਦੀ ਉਮੀਦਵਾਰੀ ਪੰਜਾਬ ਸਟੇਟ ਕੋਟੇ ਦੀਆਂ ਸੀਟਾਂ ਲਈ ਕਾਉਂਸਲਿੰਗ 'ਚ ਵਿਚਾਰ ਕਰਨ ਵਾਸਤੇ ਬਹਾਲ ਕਰ ਦਿੱਤੀ ਗਈ ਹੈ। ਬਹਾਲ ਕੀਤੇ ਗਏ ਇਹ ਉਮੀਦਵਾਰ ਅਸਾਮ, ਕਰਨਾਟਕ, ਹਿਮਾਚਲ ਪ੍ਰਦੇਸ਼ ਤੇ ਤੇਲੰਗਾਨਾ ਨਾਲ ਸਬੰਧਤ ਹਨ।ਹਾਲਾਂਕਿ ਯੂਨੀਵਰਸਿਟੀ ਨੇ ਸਪੱਸ਼ਟ ਕੀਤਾ ਹੈ ਕਿ ਉਮੀਦਵਾਰੀ ਬਹਾਲ ਹੋਣ ਦੇ ਬਾਵਜੂਦ ਨਿਯਮਾਂ ਨੂੰ ਪੂਰਾ ਕਰਨਾ ਲਾਜ਼ਮੀ ਹੋਵੇਗਾ।

## ਡੀਪੂ ਹੋਲਡਰ ਯੂਨੀਅਨ ਦਾ ਵਫ਼ਦ ਵਧੀਕ ਖੁਰਾਕ ਸਪਲਾਈਜ਼ ਅਫ਼ਸਰ ਨੂੰ ਮਿਲਿਆ



**ਦੋਰਾਹਾ (ਹਰਮਿੰਦਰ ਸੇਠ)**

ਡੀਪੂ ਹੋਲਡਰ ਯੂਨੀਅਨ ਦੇ ਇੱਕ ਵਫ਼ਦ ਵੱਲੋਂ ਵਧੀਕ ਖੁਰਾਕ 'ਤੇ ਸਿਵਲ ਸਪਲਾਈਜ਼ ਅਫ਼ਸਰ ਬਲਵੀਰ ਸਿੰਘ ਨਾਲ ਮੁਲਾਕਾਤ ਕਰਕੇ ਡੀਪੂ ਹੋਲਡਰਾਂ ਨੂੰ ਦਰਪੇਸ਼ ਸਮੱਸਿਆਵਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ। ਪ੍ਰਧਾਨ ਕਰਮਜੀਤ ਸਿੰਘ ਅੜੈਚਾਂ, ਪ੍ਰਧਾਨ ਹਰਮੇਸ਼ ਲਾਲ ਮੇਸੀ ਸਮੇਤ ਵੱਖ-ਵੱਖ ਡੀਪੂ ਹੋਲਡਰਾਂ ਨੇ ਕਿਹਾ ਕਿ ਸਰਕਾਰੀ ਰਾਸ਼ਨ ਦੀ ਵੰਡ ਦੌਰਾਨ ਉਨ੍ਹਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜਦੋਂ ਡੀਪੂਆਂ 'ਤੇ ਕਣਕ ਪਹੁੰਚਦੀ ਹੈ ਤਾਂ ਇਸ ਨੂੰ ਉਤਾਰ ਕੇ ਰੱਖਣ ਲਈ 50 ਕਿਲੋਗ੍ਰਾਮ ਬੋਰੀ ਦੇ 5 ਤੋਂ 7 ਰੁਪਏ ਮਜ਼ਦੂਰ ਨੂੰ ਆਪਣੀ ਜੇਬ ਵਿੱਚੋਂ ਦੇਣੇ ਪੈਂਦੇ ਹਨ।ਇਸੇ ਤਰ੍ਹਾਂ ਰਾਸ਼ਨ ਕਿੱਟ ਡੀਪੂ 'ਤੇ ਲਿਆਉਣ ਲਈ ਵੀ ਪ੍ਰਤੀ ਥੈਲਾ 5 ਰੁਪਏ ਦੇਣੇ ਪੈਂਦੇ ਹਨ, ਜਿਸ ਨਾਲ ਡੀਪੂ ਹੋਲਡਰਾਂ 'ਤੇ ਵਾਧੂ ਵਿੱਤੀ ਬੋਝ ਪੈਂਦਾ ਹੈ।ਉਨ੍ਹਾਂ ਮੰਗ ਕੀਤੀ ਕਿ ਇਹ ਖਰਚਾ ਵਿਭਾਗ ਵੱਲੋਂ ਠੇਕੇਦਾਰ ਰਾਹੀਂ ਅਦਾ ਕਰਵਾਉਣ ਦਾ ਪ੍ਰਬੰਧ ਕੀਤਾ ਜਾਵੇ।ਡੀਪੂ ਹੋਲਡਰਾਂ ਨੇ ਬਾਇਓਮੀਟ੍ਰਿਕ ਮਸ਼ੀਨਾਂ ਵਿੱਚ ਆ ਰਹੀਆਂ ਤਕਨੀਕੀ ਦਿੱਕਤਾਂ ਦਾ ਮੁੱਦਾ ਵੀ ਅਧਿਕਾਰੀ ਦੇ ਧਿਆਨ ਵਿੱਚ ਲਿਆਂਦਾ।ਉਨ੍ਹਾਂ ਕਿਹਾ ਕਿ ਪਰਚੀਆਂ ਕੱਢਣ ਸਮੇਂ ਸਰਵਰ ਡਾਊਨ ਹੋਣ ਜਾਂ ਹੋਰ ਤਕਨੀਕੀ ਸਮੱਸਿਆਵਾਂ ਕਾਰਨ ਲੰਮਾ ਸਮਾਂ ਲੱਗ ਜਾਂਦਾ ਹੈ, ਜਿਸ ਕਾਰਨ ਲਾਭਪਾਤਰੀਆਂ ਨੂੰ ਵੀ ਪ੍ਰੇਸ਼ਾਨੀ ਹੁੰਦੀ ਹੈ ਤੇ ਡੀਪੂ ਹੋਲਡਰਾਂ ਦਾ ਕੰਮ ਵੀ ਪ੍ਰਭਾਵਿਤ ਹੁੰਦਾ ਹੈ।ਉਨ੍ਹਾਂ ਮੰਗ ਕੀਤੀ ਕਿ ਬਾਇਓਮੀਟ੍ਰਿਕ ਪ੍ਰਣਾਲੀ ਦੀਆਂ ਤਕਨੀਕੀ ਖਾਮੀਆਂ ਨੂੰ ਜਲਦ ਦੂਰ ਕਰਾਇਆ ਜਾਵੇ।ਉਨ੍ਹਾਂ ਕਿਹਾ ਜੇਕਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਉਹ ਰਾਸ਼ਨ ਕਿੱਟਾਂ ਦੀ ਵੰਡ ਸਬੰਧੀ ਅਗਲਾ ਫੈਸਲਾ ਲੈਣ ਲਈ ਮਜਬੂਰ ਹੋਣਗੇ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਸਰਕਾਰ ਵੱਲੋਂ ਰਾਸ਼ਨ ਕਿੱਟਾਂ ਤੇ ਕਣਕ ਨੂੰ ਡੀਪੂਆਂ ਤੱਕ ਪਹੁੰਚਾਉਣ ਦਾ ਪੱਕਾ ਪ੍ਰਬੰਧ ਕੀਤਾ ਜਾਵੇ, ਤਾਂ ਜੁ ਡੀਪੂ ਹੋਲਡਰਾਂ ਨੂੰ ਆਪਣੀ ਜੇਬ ਵਿੱਚੋਂ ਖਰਚ ਨਾ ਕਰਨਾ ਪਵੇ।ਅਤੇ ਉਨ੍ਹਾਂ ਨੂੰ ਕਣਕ ਦੀ ਵੰਡ ਦਾ ਕਈ ਕਈ ਮਹੀਨੇ ਕਮਿਸ਼ਨ ਨਹੀ ਮਿਲਦਾ ਜਿਸ ਕਾਰਨ ਵੀ ਵੱਡੀ ਮੁਸ਼ਕਿਲ ਨਾਲ ਜੂਝਣਾ ਪੈਂਦਾ ਹੈ।ਡੀਪੂ ਹੋਲਡਰਾਂ ਨੇ ਕਿਹਾ ਕਿ ਉਨ੍ਹਾਂ ਦੀਆਂ ਮੰਗਾਂ ਸਿਰਫ਼ ਉਨ੍ਹਾਂ ਦੀਆਂ ਨਿੱਜੀ ਸਮੱਸਿਆਵਾਂ ਨਾਲ ਸਬੰਧਤ ਨਹੀਂ ਹਨ, ਸਗੋਂ ਇਨ੍ਹਾਂ ਦੇ ਹੱਲ ਨਾਲ ਜਨਤਕ ਵੰਡ ਪ੍ਰਣਾਲੀ ਨੂੰ ਵੀ ਸੁਚਾਰੂ ਬਣਾਉਣ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਜੇਕਰ ਮੰਗਾਂ 'ਤੇ ਜਲਦ ਕਾਰਵਾਈ ਨਾ ਹੋਈ ਤਾਂ ਉਹ ਉੱਚ ਅਧਿਕਾਰੀਆਂ ਤੇ ਸਰਕਾਰ ਦੇ ਨੁਮਾਇੰਦਿਆਂ ਸਮੇਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸੰਬੰਧਿਤ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਮਿਲ ਕੇ ਦੁਬਾਰਾ ਮੰਗ ਪੱਤਰ ਦੇਣਗੇ।

## ਸਕੂਲ ਜਾ ਰਹੀਆਂ ਦੋ ਭੈਣਾਂ ਦੀ ਸੜਕ ਹਾਦਸੇ 'ਚ ਮੌਤ

**ਚੰਡੀਗੜ੍ਹ** : ਕੈਥਲ ਦੇ ਸੀਵਾਨ ਵਿਚ ਵੀਰਵਾਰ ਸਵੇਰੇ ਸਕੂਲ ਜਾ ਰਹੀਆਂ ਦੋ ਭੈਣਾਂ ਦੀ ਇੱਕ ਟਰੱਕ ਵੱਲੋਂ ਟੱਕਰ ਮਾਰ ਦੇਣ ਕਾਰਨ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਨਵਨੀਤ ਅਤੇ ਗੁਰਨਵੀਪ ਕੌਰ ਵਜੋਂ ਹੋਈ ਹੈ, ਜੋ ਕਿ ਮੰਡੀ ਪਿੰਡ ਦੀਆਂ ਰਹਿਣ ਵਾਲੀਆਂ ਹਨ। ਨਵਨੀਤ ਦਸਵੀਂ ਤੇ ਗੁਰਨਵੀਪ ਕੌਰ ਨੌਵੀਂ ਜਮਾਤ ਦੀ ਵਿਦਿਆਰਥਣ ਸੀ। ਦੋਵੇਂ ਸੀਵਾਨ ਦੇ ਗਰਲਜ਼ ਸਕੂਲ ਵਿੱਚ ਪੜ੍ਹਦੀਆਂ ਸਨ। ਵੀਰਵਾਰ ਸਵੇਰੇ ਦੋਵੇਂ ਭੈਣਾਂ ਸਕੂਟਰ 'ਤੇ ਸਕੂਲ ਜਾ ਰਹੀਆਂ ਸਨ ਕਿ ਸ਼ੂਗਰ ਮਿੱਲ ਨੇੜੇ ਸਾਹਮਣੇ ਤੋਂ ਆ ਰਹੇ ਇੱਕ ਟਰੱਕ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਦੋਵੇਂ ਭੈਣਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਟਰੱਕ ਡਰਾਈਵਰ ਮੌਕੇ ਤੋਂ ਭੱਜ ਗਿਆ।

**PUBLIC NOTICE**

This is to be put to notice that on behalf of my client GRIHUM HOUSING FINANCE LIMITED. (GHFL) following Public Notice for loss of original document may be publish by the company/owner in loan case of APDIR26034050000280.

"Shikha w/o Ashu Luna" is the owner in possession of Property/Portion of Plot no.82/14 measuring 5 Marla situated in Abadi Tagore Nagar Tehsil & Distt. Jalandhar comprised in khasra no.2629 on the basis of Transfer deed no.2025-26/186/1/14216 dt.13-01-2026. The previous chain document i.e. Original Sale deed no.7482 dt.24-10-2007 executed by Teja Singh in favour of Ashu Luna and original Sale deed no.3945 dt.07-09-1982 executed in favour of Teja Singhhave been lost/missing & is not traceable and owner is intending to lodge/register DDR/Lost information report in respect to loss of above said document to police. If any concern, Bank or any person having any claim, objection related to the above transactions/document and any objection regarding mortgage of said property with GHFL, he/she may raise objection to GHFL, SCO No.13, FIRST FLOOR, PUDA Complex, Jalandhar, within 7 days from the date of publication, failing which no claim will be entertained later by GHFL."

Note: The above said fact and notice has been drafted under the specific instructions of (GHFL) and our office/undersigned does not authenticate/ substantiate any of contents mentioned above.

Akhil Chopra,
Advocate, New Court Jalandhar

ਫਾਰਮ ਨੰ. 14
[ਵੇਖੋ ਨਿਯਮ 33 (2)]

**ਵਸੂਲੀ ਅਫਸਰ-I/II ਦਾ ਦਫ਼ਤਰ**
**ਕਰਜ਼ਾ ਵਸੂਲੀ ਟ੍ਰਿਬਿਊਨਲ**
**ਚੰਡੀਗੜ੍ਹ (ਡੀ ਆਰ ਟੀ-1)**
**ਦੂਸਰੀ ਮੰਜ਼ਲ, ਐੱਸ ਸੀ ਓ 33-34-35,**
**ਸੈਕਟਰ 17-ਏ, ਚੰਡੀਗੜ੍ਹ**

**ਡਿਮਾਂਡ ਨੋਟਿਸ**

ਕਰਜ਼ਾ ਅਤੇ ਦੀਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ 2 ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ

ਆਰ ਸੀ/869/2019 14.08.2026

**ਐਕਸਿਸ ਬੈਂਕ**
**ਬਨਾਮ**
**ਗੁਰਪ੍ਰੀਤ ਸਿੰਘ ਸੀਹੋਤਾ**

ਸੇਵਾ 'ਚ

(ਸੀ ਡੀ 1) ਗੁਰਪ੍ਰੀਤ ਸਿੰਘ ਸੀਹੋਤਾ ਪੁੱਤਰ ਇਕਬਾਲ ਸਿੰਘ ਸੀਹੋਤਾ ਵਾਸੀ ਪਿੰਡ ਬੜਾ ਪਿੰਡ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ।

(ਸੀ ਡੀ 2) ਸ਼ਿਵਦੇਵ ਸਿੰਘ ਪੁੱਤਰ ਹਰੀ ਰਛਪਾਲ ਸਿੰਘ ਵਾਸੀ ਪਿੰਡ ਗੁਰਾਇਆ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ।

ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 1) ਵੱਲੋਂ ਓ ਏ 2661/2017 'ਚ ਰਕਮ ਰੁਪਏ 57,86,509.00 (ਸਤਵੰਜਾ ਲੱਖ ਛਿਆਸੀ ਹਜ਼ਾਰ ਪੰਜ ਸੌ ਨੌਂ ਰੁਪਏ ਕੇਵਲ) ਸਮੇਤ ਪੈਂਡੈਂਟਲਾਈਟ ਅਤੇ ਭਵਿੱਖੀ ਵਿਆਜ 14.25% ਦੀ ਦਰ 'ਤੇ ਮਿਸ਼ਰਤ ਵਿਆਜ ਛਿਮਾਹੀ 02.12.2016 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 98,000/- (ਅਠਾਨਵੇਂ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।

2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।

3. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

4. ਤੁਹਾਨੂੰ 22.12.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਦੇ ਸਨਮੁਖ ਪੇਸ਼ ਹੋਣ ਲਈ ਆਦੇਸ਼ ਦਿੱਤਾ ਜਾਂਦਾ ਹੈ।

5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ :

(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।

ਨਾਮ: ਇੰਦਰਜੀਤ ਸਿੰਘ ਪੱਕਾ ਪਤਾ: VPO ATHOULA JALANDHAR , Jalandhar-2, Jalandhar, Punjab ਵਿਦੇਸ਼ੀ ਪਤਾ: Via Amedeo Savoia 7/2 46040 Casalromano Mantova Italy/ ਵੀਆ ਅਮੇਡੀਓ ਸਾਵੋਇਆ 7/2 46040 ਕੈਸਲਰੋਮਾਨੋ ਮੰਟੋਵਾ ਇਟਲੀ
ਉਮਰ/ਜਨਮ ਮਿਤੀ: 29-(26/10/1996)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 03-08-2026 ਨੂੰ ਜਾਰੀ ਹੋਇਆ।
ਨੰਬਰ 54 /ਨੰਬਰ/ਰੀਡਰ ਮਤੀ 03.08.2026 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

Exh no. 13
Adv H.B.SAYYED Nashik
M.A.C.P. no. 289/2025
In The Court of Hon'ble Motor Accident Claims Tribunal, At Ahmadnagar
[District Judge-2 & Addl. Sessions Judge Ahmadnagar]
Rajendra Vanaji Borude. Applicant
Versus
Surindar Pal Buta Singh. Opponent
At. Post. Dhianpur, Tehsil Baba Bakala, Distt. Amritsar, State - Punjab-143202

The applicants suffered grievous injuries in an accident on 14/03/2025 at 07:20 AM because of rash and negligent driving of driver of MARUTI VITARA BRIZZA NO. P.B.02 D.Q. 2638 within the Limits of Ahilyanagar Camp Police Station. Therefore he has filed a claim for compensation against owner of Car i.e Opp. No.1 and Opp. No.2 the insurance company.

In spite of sending notices again & again through court and also through R.P.A.D. the Opp. No. 1 has failed to remain present before this Hon'ble court. The last known address of Opp No.1 to the applicants is mentioned above.

Therefore you i.e. Opp. No. 1 is hereby directed to remain present before this Hon'ble court either personally or through advocate on 23/09/2026. At 10.30 A.M otherwise the matter would be heard ex-parte.

Given by my sign & seal on 21/08/2026.

Sd/ Clerk
Distt. & session court
Ahemadnagar
date : 21-8-2026

Sd/ - Supritendent
Distt. & session court
Ahemadnagar

## COURT NOTICE

(U/o 5 Rule 20 CPC)
In the Court of Sh. Devnoor Singh
Civil Judge (Junior Division), Samrala
CNR No. PBLDC0-000804-2025
Next Date: 07-10-2026
State Bank of India
Vs.
Prabhjot Kaur
Publication Issued To:
5. Veerpal W/o Sukhwinder Singh (98553-47769)
6. Neetu W/o Bikramjit Singh (81681-93848), R/o Village Koom Khurd, Sub Tehsil Koom Kalan District Ludhiana

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-10-2026 at 10:00 a.m.

For details logon to https://highcourtchd.gov.in/?mod=district_notice&district=moga-court

Civil Judge (Junior Division)
Samrala
Dated, this day of 03-09-2026

## ਉੱਤਰ ਰੇਲਵੇ

### ਈ-ਟੈਂਡਰ

ਸੀ. ਮੰਡਲ ਵਿਦੁਤ ਇੰਜੀਨੀਅਰ/ਟੀ.ਆਰ., ਉ.ਰੇ. ਫ਼ਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਈ-ਟੈਂਡਰ ਆਖਰੀ ਮਿਤੀ 25.09.2026 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ । ਟੈਂਡਰਕਾਰਕ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 25.09.2026 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (ਰੁ:) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (ਰੁ:) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬ ਸਾਈਟ |
|---|---|---|---|---|---|---|---|
| 719R5-ਟੀਆਰਡੀ-ਫ਼ਿਰੋਜ਼ਪੁਰ-2025—26 | ਫ਼ਿਰੋਜ਼ਪੁਰ ਡਵੀਜਨ ਵਿਚ CEU/TSS (01 ਨੰਬਰ) ਅਤੇ BTR/TSS (02 ਨੰਬਰ) ਦੇ 03 ਟ੍ਰੈਕਸ਼ਨ ਟ੍ਰਾਂਸਫਾਰਮਰਾਂ ਦਾ ਪੀਓਐਚ | 1,19,82,899.61 | 25.09.2026 15:00 ਵਜੇ ਤਕ | 2,39,700/- | 12 ਮਹੀਨੇ | 25.09.2026 15:00 ਵਜੇ ਦੇ ਬਾਦ | www.ireps.gov.in |
| ਕੰਮ ਦੀ ਸਮਾਨ ਪ੍ਰਕ੍ਰਿਤੀ (ਉਪਰੋਕਤ ਟੈਂਡਰ ਨੰ: 719 R5-ਟੀ.ਆਰ.ਡੀ. ਫ਼ਿਰੋਜ਼ਪੁਰ-2025-26 ਦੇ ਲਈ : (i) ਟ੍ਰਾਂਸਫਾਰਮਰ ਦਾ ਓਈਐਮ ਜਾਂ (ii) ਕੋਈ ਵੀ ਨਿਰਮਾਤਾ ਜਿਸਦੇ ਕੋਲ ਟੈਂਡਰ ਖੁਲਣ ਦੀ ਮਿਤੀ (ਖੁਲਣ ਦੀ ਮਿਤੀ ਨੂੰ ਛੱਡਕੇ) ਤਕ ਭਾਰਤੀਯ ਰੇਲਵੇ/ਕੇਂਦਰੀਯ ਸਾਰਵਜਨਿਕ ਖੇਤਰ ਦੇ ਉਪਕਰਮਾਂ/ਰਾਜਯ ਸਾਰਵਜਨਿਕ ਖੇਤਰ ਦੇ ਉਪਕਰਮਾਂ/ਮੈਟਰੋ/ਡੀਐਫਸੀਸੀਆਈਐਲ ਦੇ ਲਈ ਐਮਵੀਏ ਅਤੇ ਕੇਵੀ ਦੋਨੋ ਦੇ ਸਬੰਧ ਵਿਚ ਸਮਾਨ ਜਾਂ ਉੱਚਰ ਰੇਟਿੰਗ ਦੇ ਟ੍ਰਾਂਸਫਾਰਮਰ ਦੇ ਚਾਲੂ ਹੋਣ ਦੀ ਮਿਤੀ ਤੋਂ 30 ਮਹੀਨੇ ਦਾ ਸੰਤੋਸ਼ਜਨਕ ਪ੍ਰਦਰਸ਼ਨ ਹੋਵੇ । ਸੰਦਰਭ : Pr.CEE/NR ਦੇ ਪੱਤਰ ਨੰਬਰ 230-ਇਲੇਕਟ/ਟੀਆਰਡੀ/73 ਮਿਤੀ 24.09.2025, ਰੇਲਵੇ ਬੋਰਡ ਦੇ ਪੱਤਰ ਨੰਬਰ 2003/ਇਲੇਕਟ (ਜੀ)/161/1 ਖੰਡ-III /ਭਾਗ ਈ-3260334, ਮਿਤੀ 22.09.2025 ਦੇ ਬਿੰਦੂ ਨੰਬਰ-1-2 ) । | | | | | | | |
| 806-ਟੀਆਰਡੀ-ਫ਼ਿਰੋਜ਼ਪੁਰ-2026—27 | NHAI ਪ੍ਰੋਜੇਕਟਸ ਦੇ ਤਹਿਤ ਜਮਾਂ ਫੰਡ ਤੋਂ ਫ਼ਿਰੋਜ਼ਪੁਰ ਡਵੀਜਨ ਵਿਚ OHE ਵਿਚ ਤਬਦੀਲੀ ਦਾ ਕੰਮ : (i)- JUC-MKO ਸੈਕਸ਼ਨ ਉਤੇ LKK-JME ਦੇ ਵਿਚ KM 10/2 ਉਤੇ ROB ਦਾ ਨਿਰਮਾਣ, (ii)- JRC-HSX ਦੇ ਸੈਕਸ਼ਨ ਉਤੇ KUPR-BLND ਦੇ ਵਿਚ KM 10/5-6 ਉਤੇ ROB ਦਾ ਨਿਰਮਾਣ, (iii)-JUC-PTK ਸੈਕਸ਼ਨ ਉਤੇ AWL-SCPD ਦੇ ਵਿਚ KM 10/11-15 ਉਤੇ ROB ਦਾ ਨਿਰਮਾਣ ਅਤੇ (iv)- NR ਪ੍ਰੋਜੇਕਟ ID ਨੰਬਰ NR-FZR-0055 ਦੇ ਤਹਿਤ ਰੋਡ KM ਚੇਨੇਜ 0.000 ਤੋਂ KM 43.319 ਤਕ ROB ਦਾ ਨਿਰਮਾਣ । | 28,24,817.23 | 25.09.2026 15:00 ਵਜੇ ਤਕ | 56,500/- | 06 ਮਹੀਨੇ | 25.09.2026 15:00 ਵਜੇ ਦੇ ਬਾਦ | www.ireps.gov.in |

ਕੰਮ ਦੀ ਸਮਾਨ ਪ੍ਰਕ੍ਰਿਤੀ ਉਪਰੋਕਤ ਟੈਂਡਰ ਨੰ: 806-ਟੀਆਰਡੀ-ਫ਼ਿਰੋਜ਼ਪੁਰ-2026-27 ਦੇ ਲਈ:
ਟੈਂਡਰ ਦੀ ਵਿਗਿਆਪਿਤ ਮੂਲ 50.00 ਲੱਖ ਤੋਜ ਘੱਟ ਹੋਣ ਦੇ ਕਾਰਣ ਲਾਗੂ ਨਹੀਂ ।
ਨੰ: 719R5-ਟੀਆਰਡੀ-ਫ਼ਿਰੋਜ਼ਪੁਰ-2025-26 ਅਤੇ 806-ਟੀਆਰਡੀ-ਫ਼ਿਰੋਜ਼ਪੁਰ-2026-27 ਮਿਤੀ : 03.09.2026 3038/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# 5 ਬਾਲ ਵਿਆਹ ਸਮੇਂ ਸਿਰ ਰੋਕ ਕੇ ਬੱਚਿਆਂ ਦਾ ਭਵਿੱਖ ਕੀਤਾ ਸੁਰੱਖਿਅਤ : ਡਾ. ਬਲਜੀਤ ਕੌਰ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚੋਂ ਬਾਲ ਵਿਆਹ ਵਰਗੀ ਸਮਾਜਿਕ ਕੁਰੀਤੀ ਦਾ ਪੂਰਨ ਖਾਤਮਾ ਕਰਨ ਲਈ ਦ੍ਰਿੜ੍ਹ ਸੰਕਲਪ ਨਾਲ ਨਤੀਜਾ-ਕੇਂਦਰਿਤ ਕਦਮ ਚੁੱਕ ਰਹੀ ਹੈ। ਇਸੇ ਲੜੀ ਤਹਿਤ ਸਮੇਂ ਸਿਰ ਕੀਤੀ ਗਈ ਪ੍ਰਭਾਵਸ਼ਾਲੀ ਕਾਰਵਾਈ ਸਦਕਾ ਸੂਬੇ ਵਿੱਚ 5 ਬਾਲ ਵਿਆਹਾਂ ਨੂੰ ਸਫਲਤਾਪੂਰਵਕ ਰੋਕਿਆ ਗਿਆ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਸਫਲਤਾ ਸੂਬਾ ਸਰਕਾਰ ਦੀ ਬਾਲ ਅਧਿਕਾਰਾਂ ਦੀ ਸੁਰੱਖਿਆ ਪ੍ਰਤੀ ਵਚਨਬੱਧਤਾ ਅਤੇ ਤੁਰੰਤ ਕਾਰਵਾਈ ਪ੍ਰਣਾਲੀ ਦਾ ਸਪੱਸ਼ਟ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਅਧਿਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਬਾਲ ਵਿਆਹ ਵਰਗੀ ਗੈਰ-ਕਾਨੂੰਨੀ ਪ੍ਰਥਾ ਨੂੰ ਕਿਸੇ ਵੀ ਕੀਮਤ 'ਤੇ ਪਨਪਣ ਨਹੀਂ ਦਿੱਤਾ ਜਾਵੇਗਾ। ਡਾ. ਬਲਜੀਤ ਕੌਰ ਨੇ ਕਿਹਾ ਕਿ ਬਾਲ ਵਿਆਹਾਂ ਦੀ ਰੋਕਥਾਮ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਇਸ ਤਹਿਤ ਹੁਣ ਤੱਕ 172 ਜਾਗਰੂਕਤਾ ਮੁਹਿੰਮਾਂ ਆਯੋਜਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਰਾਹੀਂ ਮਾਪਿਆਂ, ਪੰਚਾਇਤਾਂ, ਸਕੂਲਾਂ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਬਾਲ ਵਿਆਹ ਦੇ ਸਮਾਜਿਕ ਅਤੇ ਸਿਹਤ ਸੰਬੰਧੀ ਮਾੜੇ ਪ੍ਰਭਾਵਾਂ ਦੇ ਨਾਲ-ਨਾਲ ਇਸ ਸਬੰਧੀ ਕਾਨੂੰਨੀ ਪ੍ਰਾਵਧਾਨਾਂ ਬਾਰੇ ਵੀ ਜਾਣੂ ਕਰਵਾਇਆ ਗਿਆ ਹੈ।

ਜ਼ਿਕਰਯੋਗ ਹੈ ਕਿ ਸੂਬੇ ਭਰ ਵਿੱਚ 2076 ਅਫਸਰ ਬਾਲ ਵਿਆਹ ਰੋਕਥਾਮ ਅਫਸਰ ਵੱਜੋਂ ਨਾਮਜ਼ਦ ਹਨ। ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲ, ਅਤੇ ਬਾਲ ਵਿਕਾਸ ਪ੍ਰੋਜੈਕਟ ਅਫਸਰ (ਸੀ ਡੀ ਪੀ ਓਜ਼) ਬਤੌਰ ਬਾਲ ਵਿਆਹ ਰੋਕਥਾਮ ਅਫਸਰ ਵਜੋਂ ਕੰਮ ਕਰ ਰਹੇ ਹਨ।

# ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀ : ਕੰਗ



**ਨਵਾਂਸ਼ਹਿਰ, ਬਲਾਚੌਰ (ਮਨੋਜ ਲਾਡੀ, ਜਸਵਿੰਦਰ ਬੈਂਸ)**- ਸ੍ਰੀ ਅਨੰਦਪੁਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਮਾਲਵਿੰਦਰ ਸਿੰਘ ਕੰਗ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੀ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਦੀ ਦ੍ਰਿੜ ਵਚਨਬੱਧਤਾ ਦੁਹਰਾਈ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੈਂਬਰ ਪਾਰਲੀਮੈਂਟ ਨੇ ਸੀਨੀਅਰ ਪੁਲਿਸ ਅਤੇ ਸਿਵਲ ਅਧਿਕਾਰੀਆਂ, ਸਥਾਨਕ ਪ੍ਰਸ਼ਾਸਨਿਕ ਨੁਮਾਇੰਦਿਆਂ ਅਤੇ 'ਆਪ' ਆਗੂਆਂ ਸਮੇਤ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਨਾਮੁਰਾਦ ਬਿਮਾਰੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀ ਹੈ, ਜਿਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ, ਐਸ.ਐਸ.ਪੀ ਤੁਸ਼ਾਰ ਗੁਪਤਾ, ਨਸ਼ਾ ਮੁਕਤੀ ਮੋਰਚਾ ਦੇ ਸਟੇਟ ਕੋਆਡੀਨੇਟਰ ਅਸ਼ਿਤ ਕੁਮਾਰ, ਦੁਆਬਾ ਕੋਆਡੀਨੇਟਰ ਅਤਿਨ ਅਗਨੀਹੋਤਰੀ, ਜ਼ਿਲ੍ਹਾ ਕੋਆਡੀਨੇਟਰ ਦਿਨੇਸ਼ ਸੂਰੀ, ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੌਬੀ ਕੰਗ, ਸਤਨਾਮ ਸਿੰਘ ਜਲਵਾਹਾ ਚੇਅਰਮੈਨ ਨਗਰ ਸੁਧਾਰ ਟਰੱਸਟ ਦੇ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਨਸ਼ਿਆਂ ਨੂੰ ਖ਼ਤਮ ਕਰਨ ਦਾ ਤਹੱਈਆ ਕੀਤਾ ਹੋਇਆ ਹੈ, ਜਿਸ ਤਹਿਤ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਜੇਲਾਂ ਦੀਆਂ ਸਲਾਖਾਂ ਪਿੱਛੇ ਭੇਜਣ ਤੋਂ ਇਲਾਵਾ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜ ਕੇ ਉਨ੍ਹਾਂ ਦੇ ਮੁੜ ਵਸੇਬੇ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ। ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਪੁਲਿਸ ਤੇ ਸਿਵਲ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਡਿਫੈਂਸ ਕਮੇਟੀਆਂ ਵੱਲੋਂ ਸ਼ਨਾਖਤ ਕੀਤੇ ਗਏ ਡਰੱਗ ਹੋਟਸਪੋਟ 'ਤੇ ਪਹਿਲ ਦੇ ਆਧਾਰ 'ਤੇ ਕਾਰਵਾਈ ਕੀਤੀ ਜਾਵੇ ਤਾਂ ਜੋ ਇਨ੍ਹਾਂ ਇਲਾਕਿਆਂ ਵਿੱਚ ਨਸ਼ੇ ਨੂੰ ਠਲ੍ਹ ਪਾਈ ਜਾ ਸਕੇ। ਜ਼ਿਲ੍ਹਾ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 1 ਮਾਰਚ 2025 ਤੋਂ 31 ਅਗਸਤ 2026 ਤੱਕ ਕੀਤੀ ਗਈ ਕਾਰਵਾਈ ਦੀ ਜਾਣਕਾਰੀ ਸਾਂਝੀ ਕਰਦਿਆਂ ਐਸ.ਐਸ.ਪੀ. ਤੁਸ਼ਾਰ ਗੁਪਤਾ ਨੇ ਦੱਸਿਆ ਕਿ 888 ਮੁਕਦਮੇ ਦਰਜ ਕੀਤੇ ਗਏ ਹਨ ਜਿਨ੍ਹਾਂ ਵਿੱਚ 993 ਦੋਸ਼ੀਆਂ ਦੀ ਗ੍ਰਿਫ਼ਤਾਰੀ ਕੀਤੀ ਗਈ ਹੈ। ਇਸੇ ਤਰ੍ਹਾਂ ਡਰੱਗ ਮਾਫ਼ੀਆ ਦੇ ਵਿੱਤੀ ਨੈਟਵਰਕ 'ਤੇ ਹਮਲਾ ਬੋਲਦਿਆਂ ਇਸ ਮੁਹਿੰਮ ਤਹਿਤ ਵੱਡੇ ਸਮਗੱਲਰਾਂ ਦੀ 3.75 ਕਰੋੜ ਰੁਪਏ ਦੀਆਂ ਪ੍ਰਾਪਰਟੀਆਂ ਅਟੈਚ ਕੀਤੀਆਂ ਗਈਆਂ ਹਨ ਜਦ ਕਿ 7 ਪ੍ਰਾਪਰਟੀਆਂ ਢਾਹੀਆਂ ਗਈਆਂ ਹਨ।ਐਸ ਐਸ ਪੀ ਨੇ ਅੱਗੇ ਦੱਸਿਆ ਕਿ ਪਿਛਲੇ ਡੇਢ ਮਹੀਨੇ ਵਿੱਚ 12 ਡਰੱਗ ਹੋਟਸਪੋਟ ਇਲਾਕਿਆਂ ਵਿੱਚ ਨਸ਼ੇ ਨਾਲ ਜੁੜੇ 31 ਦੋਸ਼ੀ ਦੀਆਂ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ।

# ਇਕੱਲੇ ਰਹਿੰਦੇ ਵਿਅਕਤੀ ਨੇ ਕੀਤੀ ਖ਼ੁਦਕੁਸ਼ੀ

**ਜਲੰਧਰ (ਸੁਰਿੰਦਰ ਕੁਮਾਰ)**- ਮੁਹੱਲਾ ਸੁਦਾਮਾ ਵਿਹਾਰ 'ਚ ਇੱਕ ਦੁਖਦ ਮਾਮਲਾ ਸਾਹਮਣੇ ਆਇਆ ਹੈ। ਇੱਥੇ ਇੱਕ ਵਿਅਕਤੀ ਵੱਲੋਂ ਆਤਮਹੱਤਿਆ ਕਰਨ ਦੀ ਖਬਰ ਹੈ।ਇਹ ਇਲਾਕਾ ਥਾਣਾ ਡਵੀਜ਼ਨ ਨੰਬਰ 7 ਅਧੀਨ ਆਉਂਦਾ ਹੈ। ਪੁਲਸ ਨੂੰ ਕੰਟਰੋਲ ਰੂਮ ਰਾਹੀਂ ਸੂਚਨਾ ਮਿਲੀ ਸੀ, ਜਿਸ ਤੋਂ ਬਾਅਦ ਥਾਣਾ ਡਵੀਜ਼ਨ 7 ਦੇ ਸਮੇਤ ਪੁਲਿਸ ਪਾਰਟੀ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਘਟਨਾ ਵਾਲੀ ਥਾਂ ਦਾ ਮੁਆਇਨਾ ਕੀਤਾ।

ਪੁਲਿਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮੌਕੇ 'ਤੇ ਮ੍ਰਿਤਕ ਦੇ ਭਤੀਜੇ ਨੇ ਪੁਲਿਸ ਨੂੰ ਦੱਸਿਆ ਕਿ ਮ੍ਰਿਤਕ ਘਰ 'ਚ ਇਕੱਲਾ ਰਹਿੰਦਾ ਸੀ। ਉਸ ਦੀ ਪਤਨੀ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਸੀ ਅਤੇ ਉਹ ਲੇਬਰ ਦਾ ਕੰਮ ਕਰਦਾ ਸੀ। ਮੁੱਢਲੀ ਜਾਂਚ 'ਚ ਪੁਲਿਸ ਨੂੰ ਇਹ ਮਾਮਲਾ ਆਤਮਹੱਤਿਆ ਦਾ ਹੀ ਲੱਗ ਰਿਹਾ ਹੈ। ਪੁਲਸ ਵੱਲੋਂ ਇਸ ਸਬੰਧੀ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਪੋਸਟਮਾਰਟਮ ਅਤੇ ਹੋਰ ਤੱਥ ਸਾਹਮਣੇ ਆਉਣ ਤੋਂ ਬਾਅਦ ਹੀ ਖੁਦਕੁਸ਼ੀ ਦੇ ਅਸਲ ਕਾਰਨਾਂ ਦਾ ਪਤਾ ਲੱਗੇਗਾ।

# ਡੇਰਾਬੱਸੀ ਦੀ ਵਿਦਿਆਰਥਣ ਵੱਲੋਂ ਯੂ ਜੀ ਸੀ-ਨੈੱਟ ਪ੍ਰੀਖਿਆ ਪਾਸ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸਰਕਾਰੀ ਕਾਲਜ ਡੇਰਾਬੱਸੀ ਦੀ ਵਿਦਿਆਰਥਣ ਗੁਰਜੀਤ ਕੌਰ ਨੇ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਦੀ ਨੈਸ਼ਨਲ ਐਲੀਜਿਬਿਲਟੀ ਟੈਸਟ (ਯੂ ਜੀ ਸੀ-ਨੈੱਟ) ਪ੍ਰੀਖਿਆ ਸਫਲਤਾਪੂਰਵਕ ਪਾਸ ਕੀਤੀ ਹੈ। ਵਿਦਿਆਰਥਣ ਦਾ ਜ਼ਿੰਦਗੀ ਦਾ ਮੁੱਖ ਮੰਤਵ ਪ੍ਰੋਫੈਸਰ ਬਣਨਾ ਹੈ। ਇਸ ਸ਼ਾਨਦਾਰ ਪ੍ਰਾਪਤੀ 'ਤੇ ਕਾਲਜ ਦੇ ਪ੍ਰਿੰਸੀਪਲ, ਅਧਿਆਪਕਾਂ ਅਤੇ ਸਮੂਹ ਸਟਾਫ਼ ਨੇ ਵਿਦਿਆਰਥਣ ਨੂੰ ਹਾਰਦਿਕ ਵਧਾਈ ਦਿੱਤੀ। ਪ੍ਰਿੰਸੀਪਲ ਨੇ ਕਿਹਾ ਕਿ ਇਹ ਪ੍ਰਾਪਤੀ ਨਾ ਸਿਰਫ਼ ਵਿਦਿਆਰਥੀ ਲਈ, ਸਗੋਂ ਪੂਰੇ ਕਾਲਜ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਵਿਦਿਆਰਥਣ ਦੀ ਮਿਹਨਤ, ਲਗਨ ਅਤੇ ਦ੍ਰਿੜ੍ਹ ਇਰਾਦੇ ਦੀ ਸ਼ਲਾਘਾ ਕੀਤੀ। ਵਿਦਿਆਰਥਣ ਨੇ ਆਪਣੀ ਇਸ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ, ਅਧਿਆਪਕਾਂ ਅਤੇ ਕਾਲਜ ਦੇ ਸਹਿਯੋਗ ਨੂੰ ਦਿੱਤਾ। ਉਨ੍ਹਾਂ ਨੇ ਹੋਰ ਵਿਦਿਆਰਥੀਆਂ ਨੂੰ ਵੀ ਮਿਹਨਤ ਅਤੇ ਲਗਾਤਾਰ ਕੋਸ਼ਿਸ਼ ਕਰਨ ਲਈ ਪ੍ਰੇਰਿਤ ਕੀਤਾ। ਕਾਲਜ ਦੇ ਸਮੂਹ ਸਟਾਫ ਮੈਂਬਰ ਸਾਹਿਬਾਨ ਵੱਲੋਂ ਇਸ ਪ੍ਰਾਪਤੀ ਉੱਤੇ ਖੁਸ਼ੀ ਪ੍ਰਗਟ ਕਰਦਿਆਂ ਵਿਦਿਆਰਥਣ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਹ ਸਫਲਤਾ ਕਾਲਜ ਦੇ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਬਣੇਗੀ ਅਤੇ ਉਨ੍ਹਾਂ ਨੂੰ ਆਪਣੇ ਅਕਾਦਮਿਕ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰੇਗੀ।

# ਮਨਸੂਰਪੁਰ ਸਕੂਲ ਨੇ ਵਾਲੀਬਾਲ ਮੁਕਾਬਲੇ 'ਚ ਜ਼ਿਲ੍ਹੇ 'ਚੋਂ ਤਿੰਨ ਪੁਜੀਸ਼ਨਾਂ ਹਾਸਿਲ ਕੀਤੀਆਂ



**ਫਿਲੌਰ (ਨਿਰਮਲ)** 70ਵੀਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ ਦੇ ਖਿਡਾਰੀਆਂ ਨੇ ਤਿੰਨ ਪੁਜੀਸ਼ਨਾਂ ਹਾਸਿਲ ਕੀਤੀਆਂ ਹਨ। ਸਕੂਲ ਇੰਚਾਰਜ ਅਵਤਾਰ ਲਾਲ (ਲੈਕਚਰਾਰ ਹਿਸਟਰੀ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਲੀਬਾਲ ਦੇ ਟੂਰਨਾਮੈਂਟ ਜੋ ਸੀ ਟੀਪਬਲਿਕ ਸਕੂਲ, ਮਕਸੂਦਾਂ ਵਿਖੇ ਸੰਪੰਨ ਹੋਏ ਹਨ, ਉਸ ਵਿੱਚ ਅੰਡਰ 14 ਉਮਰ ਗਰੁੱਪ ਵਿੱਚ ਸਕੂਲ ਨੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਜਿੱਤ ਦਾ ਝੰਡਾ ਗੱਡਿਆ। ਇਸ ਜਿੱਤ ਨੇ ਖਿਡਾਰੀਆਂ ਅਤੇ ਸਕੂਲ ਦਾ ਮਨੋਬਲ ਉੱਚਾ ਰੱਖਿਆ ਹੈ। ਇਸੇ ਤਰ੍ਹਾਂ ਵਾਲੀਬਾਲ ਲੜਕੀਆਂ ਨੇ ਅੰਡਰ 14 ਤੀਜਾ ਸਥਾਨ, ਵਾਲੀਬਾਲ ਲੜਕੀਆਂ ਅੰਡਰ 17 ਨੇ ਵੀ ਤੀਜਾ ਸਥਾਨ ਹਾਸਿਲ ਕਰਕੇ ਸਕੂਲ ਲਈ ਨਾਮਣਾ ਖੱਟਿਆ ਹੈ। ਇਹਨਾਂ ਤੋਂ ਬਿਨਾਂ ਕ੍ਰਿਕਟ ਅੰਡਰ 14, ਕ੍ਰਿਕਟ ਅੰਡਰ 17 ਅਤੇ ਕਬੱਡੀ ਸਰਕਲ ਸਟਾਈਲ ਅੰਡਰ 14 ਦੀਆਂ ਟੀਮਾਂ ਵੀ ਜ਼ਿਲ੍ਹੇ ਪੱਧਰ ਦੇ ਟੂਰਨਾਮੈਂਟਾਂ ਵਿੱਚ ਖੇਡੀਆਂ ਹਨ। ਸਕੂਲ ਇੰਚਾਰਜ ਨੇ ਦੱਸਿਆ ਕਿ ਇਹਦਾ ਸਿਹਰਾ ਵਾਲੀਬਾਲ ਕੋਚ ਮੈਡਮ ਪਲਵਿੰਦਰ ਕੌਰ ਨੂੰ ਜਾਂਦਾ ਹੈ ਜਿਹਨਾਂ ਦੀ ਅਣਥੱਕ ਮਿਹਨਤ ਸਦਕਾ ਇਹ ਮੁਕਾਮ ਹਾਸਲ ਹੋਇਆ ਹੈ। ਉਹਨਾਂ ਖਿਡਾਰੀਆਂ ਉਹਨਾਂ ਦੇ ਮਾਪਿਆਂ ਅਤੇ ਸਕੂਲ ਦੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਡੇ ਸਕੂਲ ਦੇ ਖਿਡਾਰੀ ਇਸ ਵਾਰ ਫਿਰ ਸਟੇਟ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈਣਗੇ।

# ਵੈਲਫੇਅਰ ਸੁਸਾਇਟੀ ਨੇ ਸਕੂਲ ਦੇ ਬੱਚਿਆਂ ਨੂੰ ਵਜ਼ੀਫੇ ਕੀਤੇ ਤਕਸੀਮ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਭੁੰਗਰਨੀ ਸ਼ਹੀਦ ਗਿਆਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁੰਗਰਨੀ ਵਿਖੇ ਮਾਤਾ ਅਮਰ ਕੌਰ ਚਰਨ ਕੌਰ ਵੈਲਫੇਅਰ ਸੁਸਾਇਟੀ ਭੁੰਗਰਨੀ ਜਿਸ ਦੇ ਸਰਪ੍ਰਸਤ ਡਾਕਟਰ ਹਰਦੇਵ ਸਿੰਘ ਪਰਹਾਰ ਯੂ ਐੱਸ ਏ ਅਤੇ ਜਸਵਿੰਦਰ ਕੌਰ ਪਰਹਾਰ ਯੂ ਐੱਸ ਏ ਵਲੋਂ ਸੁਸਾਇਟੀ ਦੇ ਪ੍ਰਧਾਨ ਜਸਬੀਰ ਸਿੰਘ ਮਿਨਹਾਸ, ਜਥੇਦਾਰ ਬਲਵੀਰ ਸਿੰਘ ਫੁਗਲਾਣਾ, ਹਰਜੀਤ ਸਿੰਘ ਭੱਟੀ, ਬਲਵੀਰ ਸਿੰਘ ਤੰਬੜ, ਸੀ ਏ ਹਰਵਿੰਦਰ ਸਿੰਘ ਰਾਣਾ ਵੱਲੋਂ ਭੁੰਗਰਨੀ ਦੇ ਸਕੂਲ ਦੇ ਬੱਚੇ ਛੇਵੀਂ ਕਲਾਸ ਤੋਂ ਬਾਰਵੀਂ ਕਲਾਸ ਤੱਕ ਪਹਿਲਾ, ਦੂਜਾ, ਤੀਜਾ ਅਤੇ ਚੌਥਾ ਸਥਾਨ ਹਸਲ ਕਰਨ ਵਾਲੇ ਬੱਚਿਆਂ ਨੂੰ ਵਜੀਫੇ ਵੰਡੇ ਗਏ। ਇਸ ਮੌਕੇ ਸੁਸਾਇਟੀ ਪ੍ਰਧਾਨ ਜਸਵੀਰ ਸਿੰਘ ਮਿਨਹਾਸ ਭੁੰਗਰਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਪਹਿਲੇ ਦੂਜੇ ਅਤੇ ਤੀਜੇ ਸਥਾਨ ਉੱਪਰ ਆਉਣ ਵਾਲੇ ਬੱਚਿਆਂ ਨੂੰ ਹੋਰ ਵੀ ਆਕਰਸ਼ਿਤ ਇਨਾਮ ਦਿੱਤੇ ਜਾਣਗੇ। ਸਕੂਲ ਦੇ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਅਤੇ ਸਮੂਹ ਸਟਾਫ ਨੇ ਸੁਸਾਇਟੀ ਦੇ ਆਏ ਹੋਏ ਪਤਵੰਤੇ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ।

# ਜਨਮ ਅਸ਼ਟਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀਆਂ ਵੱਖ-ਵੱਖ ਸਕੂਲ ਬ੍ਰਾਂਚਾਂ ਵਿੱਚ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਵਿੱਤਰ ਤਿਉਹਾਰ ਸ਼ਰਧਾ, ਨਾਲ ਧੂਮਧਾਮ ਨਾਲ ਮਨਾਇਆ ਗਿਆ। ਸਮਾਗਮਾਂ ਦਾ ਆਯੋਜਨ ਗਰੁੱਪ ਦੀ ਚੇਅਰਪਰਸਨ ਸੰਗੀਤਾ ਚੋਪੜਾ ਦੀ ਦੇਖ-ਰੇਖ ਹੇਠ ਕੀਤਾ ਗਿਆ। ਇਸ ਮੌਕੇ ਸਕੂਲਾਂ ਦੇ ਕੈਂਪਸ ਭਗਤੀਮਈ ਮਾਹੌਲ ਨਾਲ ਗੂੰਜ ਉੱਠੇ। ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਦੇ ਜੀਵਨ, ਉਨ੍ਹਾਂ ਦੀਆਂ ਬਾਲ ਲੀਲਾਵਾਂ ਅਤੇ ਉਨ੍ਹਾਂ ਵੱਲੋਂ ਦਿੱਤੇ ਗਏ ਪਿਆਰ, ਸੱਚ, ਧਰਮ ਅਤੇ ਏਕਤਾ ਦੇ ਸੰਦੇਸ਼ ਨੂੰ ਵੱਖ-ਵੱਖ ਗਤੀਵਿਧੀਆਂ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਰਾਹੀਂ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ। ਜਨਮ ਅਸ਼ਟਮੀ ਦੇ ਮੌਕੇ ਵੱਖ-ਵੱਖ ਸਕੂਲ ਬ੍ਰਾਂਚਾਂ ਵਿੱਚ ਵਿਸ਼ੇਸ਼ ਪ੍ਰੋਗਰਾਮ ਕਰਵਾਏ ਗਏ। ਇਸ ਦੌਰਾਨ ਨੰਨ੍ਹੇ-ਮੁੰਨ੍ਹੇ ਵਿਦਿਆਰਥੀ ਰਾਧਾ-ਕ੍ਰਿਸ਼ਨ, ਗੋਪ-ਗੋਪੀਆਂ ਅਤੇ ਸ੍ਰੀ ਕ੍ਰਿਸ਼ਨ ਜੀ ਦੇ ਵੱਖ-ਵੱਖ ਰੂਪਾਂ ਵਿੱਚ ਸਜ-ਧਜ ਕੇ ਸਕੂਲ ਪਹੁੰਚੇ। ਬੱਚਿਆਂ ਦੀ ਮਨਮੋਹਕ ਵੇਸ਼ਭੂਸ਼ਾ ਅਤੇ ਮਾਸੂਮ ਅਦਾਵਾਂ ਨੇ ਸਾਰਿਆਂ ਦਾ ਮਨ ਮੋਹ ਲਿਆ। ਕਿਤੇ ਵਿਦਿਆਰਥੀਆਂ ਨੇ ਰਾਧਾ-ਕ੍ਰਿਸ਼ਨ ਦੇ ਪਵਿੱਤਰ ਪਿਆਰ ਨੂੰ ਦਰਸਾਉਂਦੀਆਂ ਮਨਮੋਹਕ ਨ੍ਰਿਤ ਪੇਸ਼ਕਾਰੀਆਂ ਦਿੱਤੀਆਂ, ਜਦਕਿ ਕਿਤੇ ਸੁਰੀਲੇ ਭਜਨਾਂ ਅਤੇ ਕ੍ਰਿਸ਼ਨ ਭਗਤੀ ਨਾਲ ਮਾਹੌਲ ਨੂੰ ਰੂਹਾਨੀ ਰੰਗਤ ਦਿੱਤੀ ਗਈ। ਵਿਦਿਆਰਥੀਆਂ ਨੇ ਰਵਾਇਤੀ 'ਮਟਕੀ ਫੋੜ' ਗਤੀਵਿਧੀ ਵਿੱਚ ਵੀ ਉਤਸ਼ਾਹ ਨਾਲ ਭਾਗ ਲਿਆ ਅਤੇ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀਆਂ ਬਾਲ ਲੀਲਾਵਾਂ ਨੂੰ ਜੀਵੰਤ ਕੀਤਾ। ਬੱਚਿਆਂ ਨੇ ਨਾਚ, ਗੀਤ, ਨਾਟਕ, ਕ੍ਰਿਸ਼ਨ ਲੀਲਾ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ, ਸਿੱਖਿਆਵਾਂ ਅਤੇ ਆਦਰਸ਼ਾਂ ਨੂੰ ਬਹੁਤ ਹੀ ਖੂਬਸੂਰਤ ਢੰਗ ਨਾਲ ਪੇਸ਼ ਕੀਤਾ। ਇਸ ਪਵਿੱਤਰ ਮੌਕੇ 'ਤੇ ਗਰੁੱਪ ਦੀ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਸਮੂਹ ਵਿਦਿਆਰਥੀਆਂ, ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੀਆਂ ਦਿੱਤੀਆਂ।

# ਹਜ਼ਾਰਾਂ ਨਸ਼ਾ ਤਸਕਰਾਂ ਨੂੰ ਜੇਲ੍ਹ ਦੀਆਂ ਸਲਾਖਾਂ ਪਿੱਛੇ ਭੇਜਿਆ : ਮੋਹਿੰਦਰ ਭਗਤ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਮੰਤਰੀ ਮੋਹਿੰਦਰ ਭਗਤ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੀ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਦੀ ਦ੍ਰਿੜ ਵਚਨਬੱਧਤਾ ਦੁਹਰਾਈ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੈਬਨਿਟ ਮੰਤਰੀ ਨੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ, ਚੇਅਰਮੈਨ ਪੰਜਾਬ ਰਾਜ ਸਫਾਈ ਕਰਮਚਾਰੀ ਕਮਿਸ਼ਨ ਚੰਦਨ ਗਰੇਵਾਲ, ਚੇਅਰਮੈਨ ਪੰਜਾਬ ਰਾਜ ਖਾਦੀ ਬੋਰਡ ਗਗਨਦੀਪ ਸਿੰਘ ਕਾਕੂ ਆਹਲੂਵਾਲੀਆ, ਮੇਅਰ ਵਿਨੀਤ ਧੀਰ, 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ, ਨਿਤਿਨ ਕੋਹਲੀ ਸਮੇਤ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਨਾਮੁਰਾਦ ਬਿਮਾਰੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀ ਹੈ, ਜਿਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਨਸ਼ਿਆਂ ਨੂੰ ਖ਼ਤਮ ਕਰਨ ਦਾ ਤਹੱਈਆ ਕੀਤਾ ਹੋਇਆ ਹੈ, ਜਿਸ ਤਹਿਤ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਜੇਲਾਂ ਦੀਆਂ ਸਲਾਖਾਂ ਪਿੱਛੇ ਭੇਜਣ ਤੋਂ ਇਲਾਵਾ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜ ਕੇ ਉਨ੍ਹਾਂ ਦੇ ਮੁੜ ਵਸੇਬੇ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ। ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਉਨ੍ਹਾਂ ਸਮਾਜ ਦੇ ਹਰ ਵਰਗ ਨੂੰ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ। ਇਸ ਤੋਂ ਪਹਿਲਾਂ ਮੇਅਰ ਵਿਨੀਤ ਧੀਰ, ਰਾਜਵਿੰਦਰ ਕੌਰ ਥਿਆੜਾ ਅਤੇ ਨਿਤਿਨ ਕੋਹਲੀ ਨੇ ਨਸ਼ਿਆਂ ਦੇ ਖਾਤਮੇ ਲਈ ਹਰ ਵਰਗ ਦੀ ਭਾਗੀਦਾਰੀ 'ਤੇ ਜ਼ੋਰ ਦਿੱਤਾ। ਉਨ੍ਹਾਂ ਲੋਕਾਂ ਨੂੰ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਸ਼ਾਸਨ ਅਤੇ ਪੁਲਿਸ ਨਾਲ ਸਾਂਝੀ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਭਰੋਸਾ ਦਿਵਾਇਆ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ।ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਦੁਆਬਾ ਇੰਚਾਰਜ ਅਤਿਨ ਅਗਨੀਹੋਤਰੀ, ਜ਼ਿਲ੍ਹਾ ਇੰਚਾਰਜ (ਸ਼ਹਿਰੀ) ਸ਼ੈਂਕੀ ਭਗਤ ਤੋਂ ਇਲਾਵਾ ਹਲਕਾ ਕੋਆਰਡੀਨੇਟਰ ਤੇ ਬਲਾਕ ਕੋਆਰਡੀਨੇਟਰ ਵੀ ਮੌਜੂਦ ਸਨ।

# ਮਹਿੰਗਾਈ ਨੇ ਗਰੀਬ ਪਰਵਾਰਾਂ ਦਾ ਲੱਕ ਤੋੜਿਆ : ਐਡਵੋਕੇਟ ਪਲਵਿੰਦਰ ਮਾਨਾ



**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੇ ਜੋਨ ਭਾਮ ਦੀ ਮੀਟਿੰਗ ਗੁਰਵਿੰਦਰ ਸਿੰਘ ਖਾਲਸਾ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਹਲਕਾ ਇੰਚਾਰਜ ਚੱਬੇਵਾਲ ਐਡਵੋਕੇਟ ਪਲਵਿੰਦਰ ਮਾਨਾ ਮੁੱਖ ਮਹਿਮਾਨ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ ਤੇ ਦਵਿੰਦਰ ਸਿੰਘ ਬਾਹੋਵਾਲ ਬਾਮਸੇਫ ਹਲਕਾ ਇੰਚਾਰਜ ਵੀ ਹਾਜ਼ਰ ਸਨ। ਇਸ ਮੀਟਿੰਗ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਦੇ ਲਈ ਐਡਵੋਕੇਟ ਮਾਨਾ ਨੇ ਹਲਕਾ ਚੱਬੇਵਾਲ ਆਗੂਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਅਤੇ ਭਾਮ ਜੋਨ ਦੇ ਸਾਰੇ ਸੈਕਟਰਾਂ ਦੀਆਂ ਕਮੇਟੀਆਂ ਅਤੇ ਬੂਥ ਕਮੇਟੀਆਂ ਨੂੰ ਮੁਕੰਮਲ ਕਰਨ ਲਈ ਬਹੁਜਨ ਸਮਾਜ ਪਾਰਟੀ ਵੱਲੋਂ ਚਲਾਈ ਗਈ ਪੰਜਾਬ ਸੰਭਾਲੋ ਮੁਹਿੰਮ ਦੀਆ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਦੇ ਲਈ ਸੰਕਲਪ ਲਿਆ ਗਿਆ। ਐਡਵੋਕੇਟ ਮਾਨਾ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਇਕ ਵਾਰ 2027 ਵਿੱਚ ਬਹੁਜਨ ਸਮਾਜ ਪਾਰਟੀ ਨੂੰ ਮੌਕਾ ਦਿਓ ਅਤੇ ਬਹੁਜਨ ਸਮਾਜ ਪਾਰਟੀ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ, ਕਰਜਾ ਮੁਕਤ ਅਤੇ ਨਸ਼ਾ ਮੁਕਤ ਕਰਕੇ ਰੰਗਲੇ ਪੰਜਾਬ ਦੀ ਸਿਰਜਣਾ ਕਰੇਗੀ। ਇਸ ਮੌਕੇ ਸੁਦੇਸ਼ ਭੱਟੀ, ਸਤਪਾਲ ਬਡਲਾ, ਬਲਵੰਤ ਨੌਨੀਤਪੁਰ, ਚਰਨਜੀਤ ਬਾਹੋਵਾਲ, ਵਿੱਕੀ ਬੰਗਾ, ਰਾਜੇਸ਼ ਭੂਨੋ, ਸ਼ਿਵ ਕੁਮਾਰ ਜੰਡੋਲੀ, ਸਿਮਰੂ ਰਾਮ ਬਾਮਸੇਫ, ਸੂਬ ਹਰਕਮਲਜੀਤ ਸਿੰਘ, ਸੰਨੀ ਰੂਪੋਵਾਲ, ਕਾਲਾ ਰੂਪੋਵਾਲ, ਸਾਬੀ ਭੁੰਗਰਨੀ, ਸਮੀਰ ਮਾਨਾ, ਅਨਿਕੇਤ ਮਾਨਾ, ਸਾਗਰ ਸਿੰਘ ਖ਼ਾਲਸਾ, ਸੋਰਬ ਹੀਰ, ਜਸਵੀਰ ਸਿੰਘ ਕੰਮੋਵਾਲ ਆਦਿ ਹਾਜ਼ਰ ਸਨ।

# ਐੱਨ ਸੀ ਸੀ ਕੈਡਿਟਾਂ ਲਈ ਡਰਿੱਲ ਤੇ ਮੈਪ ਰੀਡਿੰਗ ਦੀ ਕਲਾਸ



**ਲੋਹੀਆਂ ਖਾਸ, (ਯੋਗੇਸ਼ਵਰ)**: ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ 21 ਪੰਜਾਬ ਬਟਾਲੀਅਨ ਐਨ.ਸੀ.ਸੀ. ਕਪੂਰਥਲਾ ਦੇ ਸਹਿਯੋਗ ਨਾਲ ਐਨ.ਸੀ.ਸੀ. ਕੈਡਿਟਾਂ ਲਈ ਵਿਸ਼ੇਸ਼ ਸਿਖਲਾਈ ਕਲਾਸ ਦਾ ਆਯੋਜਨ ਕੀਤਾ ਗਿਆ। ਇਸ ਸਿਖਲਾਈ ਵਿੱਚ ਸਕੂਲ ਦੇ 35 ਐਨ.ਸੀ.ਸੀ. ਕੈਡਿਟਾਂ ਨੇ ਪੂਰੇ ਉਤਸ਼ਾਹ ਅਤੇ ਅਨੁਸ਼ਾਸਨ ਨਾਲ ਭਾਗ ਲਿਆ। ਇਸ ਮੌਕੇ ਹਵਲਦਾਰ ਪਿਆਰੇ ਚੰਦ ਨੇ ਕੈਡਿਟਾਂ ਨੂੰ ਡ੍ਰਿੱਲ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ। ਉਨ੍ਹਾਂ ਨੇ ਕੈਡਿਟਾਂ ਨੂੰ ਸਹੀ ਕਦਮਤਾਲ, ਡ੍ਰਿੱਲ ਕਮਾਂਡਾਂ, ਅਨੁਸ਼ਾਸਨ, ਸਰੀਰਕ ਤਾਲਮੇਲ ਅਤੇ ਟੀਮ ਭਾਵਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਮੈਪ ਰੀਡਿੰਗ ਵਿਸ਼ੇ 'ਤੇ ਥਿਊਰੀ ਕਲਾਸ ਵੀ ਲਗਾਈ ਗਈ। ਕੈਡਿਟਾਂ ਨੂੰ ਨਕਸ਼ੇ ਨੂੰ ਪੜ੍ਹਨ ਅਤੇ ਸਮਝਣ, ਦਿਸ਼ਾਵਾਂ ਦੀ ਪਛਾਣ, ਵੱਖ-ਵੱਖ ਨਕਸ਼ਾਈ ਚਿੰਨ੍ਹਾਂ ਅਤੇ ਨਕਸ਼ੇ ਦੀ ਸਹੀ ਵਰਤੋਂ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਸਕੂਲ ਦੀ ਮੈਨੇਜਮੈਂਟ ਵੱਲੋਂ ਐਨ ਸੀ ਸੀ ਦੀਆਂ ਅਜਿਹੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ ਗਈ। ਉਹਨਾਂ ਕਿਹਾ ਕਿ ਐਨ.ਸੀ.ਸੀ. ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਨੇਤ੍ਰਿਤਵ ਅਤੇ ਦੇਸ਼ ਪ੍ਰਤੀ ਸਮਰਪਣ ਦੀ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਸਕੂਲ ਦੇ ਪ੍ਰਿੰਸੀਪਲ ਲਖਬੀਰ ਸਿੰਘ ਨੇ ਕੈਡਿਟਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ। ਏ ਐਨ ਓ ਸੈਕਿੰਡ ਅਫ਼ਸਰ ਹਰਪ੍ਰੀਤ ਕੌਰ ਦੀ ਅਗਵਾਈ ਹੇਠ 35 ਕੈਡਿਟਾਂ ਨੇ ਇਸ ਸਿਖਲਾਈ ਵਿੱਚ ਸਰਗਰਮ ਭਾਗ ਲਿਆ।

# ਆਵਾਜ਼-ਏ-ਪੰਜਾਬ ਫਰੰਟ ਵੱਲੋਂ ਪੰਜਾਬ ਦੀ ਜਵਾਨੀ ਬਚਾਉਣ ਦਾ ਸੰਕਲਪ



**ਚੱਬੇਵਾਲ (ਪਰਮਜੀਤ ਨੌਰੰਗਾਬਾਦੀ)** ਆਵਾਜ਼-ਏ-ਪੰਜਾਬ ਫਰੰਟ ਦੇ ਪ੍ਰਧਾਨ ਡਾ. ਕੁਲਵੰਤ ਸਿੰਘ ਚੱਬੇਵਾਲ ਅਤੇ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਬਿੱਟੂ ਨੇ ਪੰਜਾਬ ਵਿੱਚ ਨਸ਼ਿਆਂ ਦੇ ਵਧ ਰਹੇ ਮਾਮਲੇ ਨੂੰ ਲੈ ਕੇ ਸਖ਼ਤ ਰੁਖ ਅਪਣਾਉਂਦਿਆਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਅੱਜ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖ਼ਿਲਾਫ਼ ਹੁਣ ਸਿਰਫ਼ ਬਿਆਨਾਂ ਅਤੇ ਵਾਅਦਿਆਂ ਨਾਲ ਕੰਮ ਨਹੀਂ ਚੱਲਣਾ, ਸਗੋਂ ਜ਼ਮੀਨੀ ਪੱਧਰ 'ਤੇ ਠੋਸ ਅਤੇ ਲਗਾਤਾਰ ਕਾਰਵਾਈ ਕਰਨੀ ਪਵੇਗੀ।ਡਾ. ਕੁਲਵੰਤ ਸਿੰਘ ਚੱਬੇਵਾਲ ਨੇ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਦੀ ਜ਼ਿੰਦਗੀ ਨਹੀਂ ਵਿਗਾੜਦਾ, ਸਗੋਂ ਪੂਰੇ ਪਰਿਵਾਰ ਨੂੰ ਪ੍ਰਭਾਵਿਤ ਕਰਦਾ ਹੈ। ਜਦੋਂ ਇੱਕ ਨੌਜਵਾਨ ਨਸ਼ੇ ਦੀ ਲਪੇਟ ਵਿੱਚ ਆਉਂਦਾ ਹੈ ਤਾਂ ਇਸ ਦਾ ਦੁੱਖ ਉਸ ਦੇ ਮਾਪਿਆਂ, ਭੈਣ-ਭਰਾਵਾਂ ਅਤੇ ਪੂਰੇ ਪਰਿਵਾਰ ਨੂੰ ਸਹਿਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਹਰ ਪੱਧਰ 'ਤੇ ਗੰਭੀਰਤਾ ਨਾਲ ਕੰਮ ਕਰਨ ਦੀ ਲੋੜ ਹੈ।ਉਨ੍ਹਾਂ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਅਤੇ ਨਿਰਪੱਖ ਕਾਰਵਾਈ ਕੀਤੀ ਜਾਵੇ। ਡਾ. ਚੱਬੇਵਾਲ ਨੇ ਕਿਹਾ ਕਿ ਨਸ਼ਿਆਂ ਦੇ ਨਾਲ-ਨਾਲ ਨੌਜਵਾਨਾਂ ਲਈ ਰੁਜ਼ਗਾਰ, ਸਿੱਖਿਆ, ਖੇਡਾਂ ਅਤੇ ਹੁਨਰ ਸਿੱਖਣ ਦੇ ਮੌਕੇ ਵਧਾਉਣੇ ਵੀ ਜ਼ਰੂਰੀ ਹਨ। ਜੇਕਰ ਨੌਜਵਾਨਾਂ ਨੂੰ ਆਪਣਾ ਭਵਿੱਖ ਬਣਾਉਣ ਲਈ ਸਹੀ ਮੌਕੇ ਮਿਲਣ ਤਾਂ ਉਹ ਨਸ਼ਿਆਂ ਦੀ ਬਜਾਏ ਆਪਣੇ ਪਰਿਵਾਰ ਅਤੇ ਪੰਜਾਬ ਦੀ ਤਰੱਕੀ ਵੱਲ ਧਿਆਨ ਦੇ ਸਕਦੇ ਹਨ।ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਨੂੰ ਸਿਰਫ਼ ਸਰਕਾਰ ਦੇ ਭਰੋਸੇ ਨਹੀਂ ਛੱਡਿਆ ਜਾ ਸਕਦਾ। ਇਸ ਵਿੱਚ ਮਾਪਿਆਂ, ਅਧਿਆਪਕਾਂ, ਪਿੰਡਾਂ ਦੀਆਂ ਪੰਚਾਇਤਾਂ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਵੀ ਆਪਣੀ ਭੂਮਿਕਾ ਨਿਭਾਉਣੀ ਪਵੇਗੀ। ਸੁਖਵਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਆਵਾਜ਼-ਏ-ਪੰਜਾਬ ਫਰੰਟ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਲੋਕਾਂ ਨਾਲ ਮਿਲ ਕੇ ਜਾਗਰੂਕਤਾ ਮੁਹਿੰਮ ਨੂੰ ਮਜ਼ਬੂਤ ਕਰੇਗਾ। ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ ਨੌਜਵਾਨਾਂ ਨੂੰ ਖੇਡਾਂ ਅਤੇ ਸਮਾਜਿਕ ਗਤੀਵਿਧੀਆਂ ਨਾਲ ਜੋੜਨ ਲਈ ਵੀ ਉਪਰਾਲੇ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਨਸ਼ੇ ਦੀ ਲਤ ਵਿੱਚ ਫਸੇ ਨੌਜਵਾਨਾਂ ਨੂੰ ਸਿਰਫ਼ ਦੋਸ਼ੀ ਸਮਝਣ ਦੀ ਬਜਾਏ ਉਨ੍ਹਾਂ ਨੂੰ ਇਲਾਜ, ਸਹਾਇਤਾ ਅਤੇ ਮੁੜ ਆਮ ਜ਼ਿੰਦਗੀ ਵਿੱਚ ਲਿਆਉਣ ਲਈ ਮੌਕਾ ਦੇਣਾ ਵੀ ਜ਼ਰੂਰੀ ਹੈ। ਪਰ ਨਸ਼ਾ ਵੇਚ ਕੇ ਨੌਜਵਾਨਾਂ ਦੀ ਜ਼ਿੰਦਗੀ ਬਰਬਾਦ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

# ਬਾਬਾ ਸੋਢਲ ਦਾ ਮੇਲਾ 25 ਨੂੰ

**ਜਲੰਧਰ (ਇਕਬਾਲ ਸਿੰਘ ਉਭੀ)**- ਪੰਜਾਬ ਦਾ ਪ੍ਰਸਿੱਧ ਸ੍ਰੀ ਸਿੱਧ ਬਾਬਾ ਸੋਢਲ ਮੇਲਾ 25 ਸਤੰਬਰ ਨੂੰ ਸਥਾਨਕ ਸ੍ਰੀ ਸਿੱਧ ਬਾਬਾ ਸੋਢਲ ਮੰਦਰ ਵਿਖੇ 25 ਸਤੰਬਰ ਨੂੰ ਮਨਾਇਆ ਜਾ ਰਿਹਾ ਹੈ। ਚੱਢਾ ਬਰਾਦਰੀ ਦੇ ਪ੍ਰਧਾਨ ਅਤੇ ਸਾਬਕਾ ਕੌਂਸਲਰ ਵਿਪਨ ਚੱਢਾ ਦੀ ਅਗਵਾਈ ਹੇਠ ਵਫ਼ਦ ਨੇ ਮੇਅਰ ਵਨੀਤ ਧੀਰ ਨਾਲ ਮੁਲਾਕਾਤ ਕੀਤੀ। ਵਿਪਨ ਚੱਢਾ ਨੇ ਦੱਸਿਆ ਕਿ ਮੇਲੇ ਦੌਰਾਨ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ੍ਰੀ ਸਿੱਧ ਬਾਬਾ ਸੋਢਲ ਜੀ ਦੇ ਦਰਬਾਰ ਵਿੱਚ ਨਤਮਸਤਕ ਹੋਣ ਲਈ ਪਹੁੰਚਦੇ ਹਨ। ਭਾਵੇਂ ਮੁੱਖ ਮੇਲਾ 25 ਸਤੰਬਰ ਨੂੰ ਹੈ ਪਰ ਇਸ ਸਬੰਧਤ ਸਰਗਰਮੀਆਂ ਕਰੀਬ ਇੱਕ ਹਫ਼ਤਾ ਪਹਿਲਾਂ ਹੀ ਸ਼ੁਰੂ ਹੋ ਜਾਂਦੀਆਂ ਹਨ ਅਤੇ ਮੇਲੇ ਤੋਂ ਬਾਅਦ ਵੀ ਸ਼ਰਧਾਲੂਆਂ ਦੀ ਆਮਦ ਜਾਰੀ ਰਹਿੰਦੀ ਹੈ।ਚੱਢਾ ਬਰਾਦਰੀ ਵੱਲੋਂ ਮੇਅਰ ਵਨੀਤ ਧੀਰ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਸੈਂਟਰਲ ਇੰਚਾਰਜ ਨਿਤਿਨ ਕੋਹਲੀ ਨੂੰ ਮੇਲੇ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਚੱਢਾ ਨੇ ਕਿਹਾ ਕਿ ਮੇਲੇ ਦੌਰਾਨ ਮੰਦਰ ਵਿੱਚ ਬਾਬਾ ਜੀ ਦੇ ਦਰਬਾਰ ਵਿੱਚ ਮੱਥਾ ਟੇਕ ਕੇ ਮੰਨਤਾਂ ਮੰਗਦੇ ਹਨ। ਮੰਨਤ ਪੂਰੀ ਹੋਣ 'ਤੇ ਕਈ ਸ਼ਰਧਾਲੂ ਢੋਲ-ਵਾਜਿਆਂ ਅਤੇ ਪਰਿਵਾਰ ਵਿੱਚ ਖੁਸ਼ੀ ਕੇ ਮੱਥਾ ਟੇਕਦੇ ਹਨ। ਇਸ ਤੋਂ ਇਲਾਵਾ ਚੱਢਾ ਬਰਾਦਰੀ, ਆਨੰਦ ਬਰਾਦਰੀ ਅਤੇ ਵੱਖ-ਵੱਖ ਪਰਵਾਰਾਂ ਵੱਲੋਂ ਟੋਭ ਦੇ ਪ੍ਰਬੰਧ ਦਾ ਭੋਗ ਵੀ ਬਾਬਾ ਸੋਢਲ ਨੂੰ ਲਗਾਇਆ ਜਾਂਦਾ ਹੈ। ਇਹ ਧਾਰਮਿਕ ਰਸਮ ਮੇਲੇ ਦੌਰਾਨ ਵਿਸ਼ੇਸ਼ ਤੌਰ 'ਤੇ ਨਿਭਾਈ ਜਾਂਦੀ ਹੈ। ਮੇਅਰ ਵਨੀਤ ਧੀਰ ਅਤੇ ਨਿਤਿਨ ਕੋਹਲੀ ਨੇ ਚੱਢਾ ਬਿਰਾਦਰੀ ਵੱਲੋਂ ਸ੍ਰੀ ਸਿੱਧ ਬਾਬਾ ਸੋਢਲ ਮੇਲੇ ਦੇ ਪ੍ਰਚਾਰ-ਪ੍ਰਸਾਰ ਅਤੇ ਤਿਆਰੀਆਂ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਮੇਲੇ ਤੋਂ ਪਹਿਲਾਂ ਮੰਦਰ ਨੂੰ ਜਾਣ ਵਾਲੇ ਸਾਰੇ ਰਸਤਿਆਂ 'ਤੇ ਲੋੜੀਂਦੇ ਬੁਨਿਆਦੀ ਪ੍ਰਬੰਧ ਯਕੀਨੀ ਬਣਾਏ ਜਾਣਗੇ। ਇਸ ਮੌਕੇ ਸੰਸਥਾ ਦੇ ਚੇਅਰਮੈਨ ਸ਼ਾਮ ਲਾਲ ਚੱਢਾ, ਜੇ ਬੀ ਚੱਢਾ, ਅਤੁਲ ਚੱਢਾ ਸਮੇਤ ਹੋਰ ਪਤਵੰਤੇ ਮੌਜੂਦ ਸਨ।

# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮੈਰਾਥਨ ਕਰਵਾਈ



**ਹੁਸ਼ਿਆਰਪੁਰ, (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀਰਵਾਰ ਸਵੇਰੇ ਲਾਜਵੰਤੀ ਆਊਟਡੋਰ ਸਟੇਡੀਅਮ, ਹੁਸ਼ਿਆਰਪੁਰ ਵਿਖੇ ਵਿਸ਼ੇਸ਼ ਮੈਰਾਥਨ ਕਰਵਾਈ ਗਈ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਮੈਰਾਥਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਅਤੇ ਭਾਗੀਦਾਰਾਂ ਦਾ ਉਤਸ਼ਾਹ ਵਧਾਇਆ। ਇਸ ਮੌਕੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਨੇ ਸਮਾਜ ਨੂੰ ਸਮਾਨਤਾ, ਆਪਸੀ ਭਾਈਚਾਰੇ, ਪਿਆਰ, ਸਦਭਾਵਨਾ ਅਤੇ ਮਨੁੱਖਤਾ ਦਾ ਮਹਾਨ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਮੈਰਾਥਨ ਸਿਰਫ਼ ਇੱਕ ਖੇਡ ਗਤੀਵਿਧੀ ਨਹੀਂ, ਸਗੋਂ ਗੁਰੂ ਸਾਹਿਬ ਦੀ ਵਿਚਾਰਧਾਰਾ ਅਤੇ ਉਨ੍ਹਾਂ ਦੇ ਮਨੁੱਖਤਾਵਾਦੀ ਸੰਦੇਸ਼ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਇੱਕ ਸਾਰਥਕ ਉਪਰਾਲਾ ਹੈ। ਵਿਧਾਇਕ ਜਿੰਪਾ ਨੇ ਮੈਰਾਥਨ ਪੂਰੀ ਕਰਨ ਵਾਲੇ ਨੌਜਵਾਨਾਂ ਨੂੰ ਮੈਡਲ ਦੇ ਕੇ ਸਨਮਾਨਤ ਵੀ ਕੀਤਾ। ਮੈਰਾਥਨ ਸਵੇਰੇ 7 ਵਜੇ ਲਾਜਵੰਤੀ ਆਊਟਡੋਰ ਸਟੇਡੀਅਮ ਤੋਂ ਸ਼ੁਰੂ ਹੋਈ। ਭਾਗੀਦਾਰਾਂ ਨੇ ਡੱਗੀ ਚੌਕ ਕਰਾਸ, ਭ੍ਰਮੀ ਸ਼ੰਗਲ ਦਫ਼ਤਰ (ਭਗਤ ਨਗਰ, ਊਨਾ ਰੋਡ), ਮਾਤਾ ਚਿੰਤਪੁਰਨੀ ਗੇਟ, ਭਗਵਾਨ ਵਾਲਮੀਕਿ ਚੌਕ, ਨਲੋਈਆਂ ਚੌਕ ਰੋਡ ਅਤੇ ਟਾਂਡਾ ਬਾਈਪਾਸ ਤੋਂ ਹੁੰਦੇ ਹੋਏ ਮੁੜ ਲਾਜਵੰਤੀ ਆਊਟਡੋਰ ਸਟੇਡੀਅਮ ਪਹੁੰਚ ਕੇ ਮੈਰਾਥਨ ਪੂਰੀ ਕੀਤੀ। ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਨਿਧੀ ਕੁਮੁਦ ਬਾਂਬਾਹ, ਸਹਾਇਕ ਕਮਿਸ਼ਨਰ (ਜ) ਡਾ. ਸੁਮਿਤ ਮੁਧ, ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੁਮਾਰ, ਜ਼ਿਲ੍ਹਾ ਖੇਡ ਅਫ਼ਸਰ ਸੁਰਜੀਤ ਸਿੰਘ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪ੍ਰੀਤ ਕੋਹਲੀ, ਵੱਖ-ਵੱਖ ਵਾਰਡਾਂ ਦੇ ਕੌਂਸਲਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ-ਕਰਮਚਾਰੀ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਮੌਜੂਦ ਸਨ।

# ਵਿਦਿਆਰਥੀਆਂ ਦੀਆਂ ਅੱਖਾਂ ਦੀ ਕੀਤੀ ਜਾਂਚ



**ਦਸੂਹਾ (ਕਰਨੈਲ ਮਾਂਗਟ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ ਨਿਰਦੇਸ਼ਾਂ ਅਤੇ ਐਸ ਐਮ ਓ ਡਾ. ਮਨਮੋਹਨ ਸਿੰਘ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੱਗਰਾਂ ਵਿਖੇ ਅਪਥੈਲਮਿਕ ਅਫਸਰ ਰਣਜੀਤ ਸਿੰਘ ਭਾਰਤੀ ਵੱਲੋਂ ਸਕੂਲੀ ਵਿਦਿਆਰਥੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਐਨਕਾਂ ਦੇ ਨੰਬਰ ਦਿੱਤੇ ਗਏ । ਇਸ ਮੌਕੇ ਅਪਥੈਲਮਿਕ ਅਫਸਰ ਰਣਜੀਤ ਭਾਰਤੀ ਵੱਲੋਂ ਸਕੂਲੀ ਵਿਦਿਆਰਥੀਆਂ ਨੂੰ ਅੱਖਾਂ ਸੰਬੰਧੀ ਬਿਮਾਰੀਆਂ ਪ੍ਰਤੀ ਜਾਗਰੂਕ ਕੀਤਾ। ਵਿਦਿਆਰਥੀਆਂ ਨੂੰ ਮੋਬਾਇਲ ਨਾਲ ਅੱਖਾਂ ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਤੇ ਬਿਨਾਂ ਜ਼ਰੂਰਤ ਮੋਬਾਈਲ ਫੋਨ ਵਰਤਣ ਤੋਂ ਗ਼ੁਰੇਜ਼ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਮੋਬਾਈਲ ਦੀ ਲੋੜ ਤੋਂ ਵੱਧ ਵਰਤੋਂ ਨਾਲ ਅੱਖਾਂ ਤੇ ਮਾੜਾ ਪ੍ਰਭਾਵ ਪੈਂਦਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਤੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਸਰਬਜੀਤ ਮੱਲਪੁਰੀ ਦਾ ਧਾਰਮਿਕ ਟਰੈਕ 'ਰਾਜੇ ਦੇ ਦਰ' ਦਾ ਪੋਸਟਰ ਜਾਰੀ



**ਬੰਗਾ (ਅਵਤਾਰ ਕਲੇਰ)**- ਗਾਇਕ ਸਰਬਜੀਤ ਮੱਲਪੁਰੀ ਵੱਲੋਂ ਧੰਨ ਧੰਨ ਰਾਜਾ ਸਾਹਿਬ ਜੀ ਦੀ ਮਹਿਮਾ ਨੂੰ ਸਮਰਪਿਤ ਧਾਰਮਿਕ ਟਰੈਕ 'ਰਾਜੇ ਦੇ ਦਰ' ਦਾ ਇੱਥੇ ਪੋਸਟਰ ਜਾਰੀ ਕੀਤਾ ਗਿਆ। ਇਹ ਧਾਰਮਿਕ ਟਰੈਕ ਸਟੈਮ ਮਿਊਜ਼ਿਕ ਕੰਪਨੀ ਅਤੇ ਨਾਮ ਜੱਪ ਕੰਪਨੀ ਵਲੋਂ ਪੇਸ਼ ਕੀਤਾ ਜਾ ਰਿਹਾ ਹੈ ਅਤੇ ਵੱਖ-ਵੱਖ ਲੋਕੇਸ਼ਨਾਂ 'ਤੇ ਸ਼ੂਟ ਕੀਤਾ ਗਿਆ ਹੈ। ਵੀਡੀਓ ਦੀ ਡਾਇਰੈਕਸ਼ਨ ਰਜੇਸ਼ ਕਲਸੀ ਨੇ ਕੀਤੀ, ਜਦਕਿ ਐਡਿਟਿੰਗ ਕ੍ਰਿਸ਼ਨ ਕਲਸੀ ਅਤੇ ਇਸ ਧਾਰਮਿਕ ਟਰੈਕ ਨੂੰ ਲਾਡੀ ਗੋਬਿੰਦਪੁਰੀ ਵਲੋਂ ਸ਼ਬਦਾਂ ਦੀ ਮਾਲਾ ਵਿੱਚ ਪਰੋਇਆ ਹੈ। ਵੀਡੀਓ ਨੂੰ ਤਿਆਰ ਕਰਨ ਲਈ ਸਮੁੱਚੀ ਟੀਮ ਵੱਲੋਂ ਬੜੀ ਮਿਹਨਤ ਅਤੇ ਲਗਨ ਨਾਲ ਕੰਮ ਕੀਤਾ ਗਿਆ ਹੈ। ਟਰੈਕ ਦੀ ਰਿਲੀਜ਼ ਸਬੰਧੀ ਹੋਏ ਸਮਾਗਮ ਮੌਕੇ ਧਾਰਮਿਕ ਟਰੈਕ 'ਰਾਜੇ ਦੇ ਦਰ' ਦਾ ਪ੍ਰਬੰਧਕਾਂ ਵਲੋਂ ਪੋਸਟਰ ਜਾਰੀ ਕੀਤਾ ਗਿਆ। ਇਸ ਮੌਕੇ ਡਾਇਰੈਕਟਰ ਰਾਜੇਸ਼ ਕਲਸੀ, ਸਰਬਜੀਤ ਮੱਲਪੁਰੀ, ਬਿੱਟੂ ਭੱਟੀ, ਮਨਜਿੰਦਰ ਸਿੰਘ ਅਤੇ ਨਰਿੰਦਰ ਮਾਹੀ, ਧਰਮਵੀਰ ਪਾਲ, ਪ੍ਰੇਮ ਜੰਡਿਆਲੀ, ਅਵਤਾਰ ਕਲੇਰ, ਸੁਰਿੰਦਰ ਸਿੰਘ ਕਰਮ ਲਧਾਣਾ ਸਮੇਤ ਹੋਰ ਪਤਵੰਤਿਆਂ ਵੱਲੋਂ ਟਰੈਕ ਰਿਲੀਜ਼ ਕਰਨ ਤੇ ਵਧਾਈਆਂ ਅਤੇ ਸ਼ੁਭ ਇਛਾਵਾਂ ਦਿੱਤੀਆਂ।

# ਦ ਨੋਬੇਲ ਸਕੂਲ 'ਚ ਜਨਮ ਅਸ਼ਟਮੀ ਮਨਾਈ



**ਕਰਤਾਰਪੁਰ (ਹਰਮੇਸ਼ ਦੱਤ)**- ਦ ਨੋਬੇਲ ਸਕੂਲ ਵਿੱਚ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਉਤਸਵ, ਪਾਵਨ ਤਿਉਹਾਰ ਜਨਮ ਅਸ਼ਟਮੀ ਨੂੰ ਬੜੀ ਸ਼ਰਧਾ, ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਰੋਹ ਪ੍ਰੇਮ, ਗਿਆਨ ਅਤੇ ਧਰਮ ਦੇ ਪ੍ਰਤੀਕ ਭਗਵਾਨ ਸ੍ਰੀ ਕ੍ਰਿਸ਼ਨ ਦੇ ਜਨਮ ਦੀ ਯਾਦ ਵਿੱਚ ਆਯੋਜਿਤ ਕੀਤਾ ਗਿਆ।ਸਕੂਲ ਦਾ ਸਮੁੱਚਾ ਵਾਤਾਵਰਨ ਰੰਗ-ਬਿਰੰਗੀ ਸਜਾਵਟ ਅਤੇ ਤਿਉਹਾਰ ਦੇ ਉਤਸ਼ਾਹ ਨਾਲ ਰੰਗਿਆ ਗਿਆ। ਰਾਧਾ ਅਤੇ ਕ੍ਰਿਸ਼ਨ ਦੇ ਰੂਪ ਵਿੱਚ ਸਜੇ ਵਿਦਿਆਰਥੀਆਂ ਨੇ ਸਮਾਰੋਹ ਦੀ ਖੂਬਸੂਰਤੀ ਵਿੱਚ ਚਾਰ ਚੰਨ ਲਗਾ ਦਿੱਤੇ। ਪ੍ਰੋਗਰਾਮ ਦੌਰਾਨ ਭਗਤੀਮਈ ਗੀਤਾਂ, ਨਾਚ ਦੀਆਂ ਪੇਸ਼ਕਾਰੀਆਂ ਅਤੇ ਭਗਵਾਨ ਸ੍ਰੀ ਕ੍ਰਿਸ਼ਨ ਦੇ ਬਾਲ ਜੀਵਨ ਦੀਆਂ ਕਥਾਵਾਂ ਅਤੇ ਉਨ੍ਹਾਂ ਦੇ ਪ੍ਰੇਰਣਾਦਾਇਕ ਉਪਦੇਸ਼ਾਂ ਨੂੰ ਦਰਸਾਉਂਦੀ ਮਨਮੋਹਕ ਪੇਸ਼ਕਾਰੀ ਨੇ ਸਭ ਦਾ ਮਨ ਮੋਹ ਲਿਆ।ਸਮਾਗਮ ਦੇ ਅੰਤ ਵਿੱਚ ਸਕੂਲ ਦੇ ਚੇਅਰਮੈਨ ਪ੍ਰੋਫੈਸਰ ਸੀ. ਐਲ.ਕੋਛੜ ਪ੍ਰੇਮ, ਦਇਆ, ਸੱਚਾਈ ਅਤੇ ਭਗਤੀ ਦਾ ਸੰਦੇਸ਼ ਦਿੱਤਾ।

# ਬੰਦ ਮਕਾਨ ਦੇ ਤਾਲੇ ਤੋੜ ਕੇ ਗਹਿਣੇ ਤੇ ਸਾਮਾਨ ਲੈ ਕੇ ਚੋਰ ਫਰਾਰ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪਿੰਡ ਮੀਰਪੁਰ ਦੀ ਵਿਸ਼ਾਲ ਇਨਕਲੇਵ ਵਿੱਚ ਇੱਕ ਬੰਦ ਮਕਾਨ ਦੇ ਤਾਲੇ ਤੋੜ ਕੇ ਚੋਰ ਨਕਦੀ, ਗਹਿਣੇ ਅਤੇ ਹੋਰ ਕੀਮਤੀ ਸਾਮਾਨ ਲੈ ਗਏ। ਪਰਵਾਰ ਦੇ ਬਾਹਰ ਜਾਣ ਦਾ ਫਾਇਦਾ ਉਠਾਉਂਦਿਆਂ ਚੋਰਾਂ ਨੇ ਵਾਰਦਾਤ ਨੂੰ ਅੰਜਾਮ ਦਿੱਤਾ।ਮਕਾਨ ਨੰਬਰ 37 ਦੀ ਵਸਨੀਕ ਜਯੋਤੀ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ 24 ਅਗਸਤ ਨੂੰ ਰੱਖੜੀ ਮੌਕੇ ਚੰਡੀਗੜ੍ਹ ਆਪਣੇ ਪੇਕੇ ਘਰ ਗਈ ਸੀ, ਜਦਕਿ ਉਸ ਦਾ ਪਤੀ ਆਗਰਾ ਗਿਆ ਹੋਇਆ ਸੀ। 30 ਅਗਸਤ ਨੂੰ ਘਰ ਪਰਤਣ 'ਤੇ ਮੁੱਖ ਦਰਵਾਜ਼ੇ ਦੇ ਤਾਲੇ ਟੁੱਟੇ ਹੋਏ ਅਤੇ ਘਰ ਅੰਦਰ ਸਾਮਾਨ ਖਿਲਰਿਆ ਮਿਲਿਆ।ਜਾਂਚ ਕਰਨ 'ਤੇ ਪਤਾ ਲੱਗਾ ਕਿ ਅਲਮਾਰੀ ਵਿੱਚ ਰੱਖੀ ਕਰੀਬ ਢਾਈ ਲੱਖ ਰੁਪਏ ਦੀ ਨਕਦੀ, ਦੋ ਸੋਨੇ ਦੀਆਂ ਮੁੰਦਰੀਆਂ, ਚਾਂਦੀ ਦੇ ਪੁਰਾਣੇ ਗਹਿਣੇ ਅਤੇ ਬੱਚੇ ਦੀ ਗੋਲਕ ਚੋਰੀ ਹੋ ਚੁੱਕੀ ਸੀ। ਚੋਰ ਘਰ ਵਿੱਚੋਂ 65 ਇੰਚ ਦੀ ਐੱਲ ਈ ਡੀ, ਡਬਲ ਡੋਰ ਫਰਿੱਜ ਅਤੇ ਵਾਸ਼ਿੰਗ ਮਸ਼ੀਨ ਵੀ ਲੈ ਗਏ।

ਪਰਵਾਰ ਵੱਲੋਂ ਨੁਕਸਾਨ ਕਰੀਬ ਪੰਜ ਲੱਖ ਰੁਪਏ ਦੱਸਿਆ ਗਿਆ ਹੈ।ਵਾਰਦਾਤ ਸਬੰਧੀ ਆਂਢ-ਗੁਆਂਢ ਦੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਦੇਖਣ 'ਤੇ 26 ਅਗਸਤ ਦੀ ਦੇਰ ਰਾਤ ਕਰੀਬ 3 ਤੋਂ 4 ਵਜੇ ਕੁਝ ਸ਼ੱਕੀ ਵਿਅਕਤੀਆਂ ਦੀ ਹਲਚਲ ਦਿਖਾਈ ਦਿੱਤੀ। ਮਾਮਲੇ ਦੀ ਸੂਚਨਾ ਪੁਲਿਸ ਨੂੰ ਦੇ ਦਿੱਤੀ ਗਈ ਹੈ।ਏ.ਐੱਸ.ਆਈ. ਸੁਰਿੰਦਰ ਸਿੰਘ ਨੇ ਮੌਕੇ ਦਾ ਜਾਇਜ਼ਾ ਲੈ ਕੇ ਸੀ ਸੀ ਟੀ ਵੀ ਫੁਟੇਜ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਵੱਲੋਂ ਚੋਰਾਂ ਦੀ ਪਛਾਣ ਅਤੇ ਉਨ੍ਹਾਂ ਤੱਕ ਪਹੁੰਚਣ ਲਈ ਕਾਰਵਾਈ ਕੀਤੀ ਜਾ ਰਹੀ ਹੈ।

# ਭਾਜਪਾ ਦੀ ਸਿੱਖ ਵਿਰੋਧੀ ਸੋਚ ਖ਼ਿਲਾਫ਼ 'ਆਪ' ਦਾ ਰੋਸ ਪ੍ਰਦਰਸ਼ਨ




**ਜਲੰਧਰ (ਸੁਰਿੰਦਰ ਕੁਮਾਰ)**- 1984 ਦੇ ਸਿੱਖ ਕਤਲੇਆਮ ਨਾਲ ਜੁੜੇ ਮਾਮਲਿਆਂ ਅਤੇ ਇਸ ਨਾਲ ਸੰਬੰਧਿਤ ਦੋਸ਼ੀਆਂ ਪ੍ਰਤੀ ਭਾਜਪਾ ਆਗੂਆਂ ਦੇ ਰਵੱਈਏ ਦੇ ਵਿਰੋਧ ਵਿੱਚ ਆਮ ਆਦਮੀ ਪਾਰਟੀ ਵੱਲੋਂ ਜਲੰਧਰ ਵਿੱਚ ਭਾਜਪਾ ਖ਼ਿਲਾਫ਼ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਭਾਜਪਾ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਆਪਣਾ ਤਿੱਖਾ ਰੋਸ ਦਰਜ ਕਰਵਾਇਆ। ਇਹ ਰੋਸ ਪ੍ਰਦਰਸ਼ਨ ਆਮ ਆਦਮੀ ਪਾਰਟੀ ਜਲੰਧਰ ਸ਼ਹਿਰੀ ਦੇ ਜ਼ਿਲ੍ਹਾ ਪ੍ਰਧਾਨ ਅਮ੍ਰਿਤਪਾਲ ਸਿੰਘ ਅਤੇ ਪਲਾਨਿੰਗ ਬੋਰਡ ਜਲੰਧਰ ਦੇ ਚੇਅਰਮੈਨ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਪਾਰਟੀ ਦੇ ਵੱਖ-ਵੱਖ ਵਿੰਗਾਂ ਦੇ ਚੇਅਰਮੈਨ, ਵਲੰਟੀਅਰ, ਅਹੁਦੇਦਾਰ, ਕੌਂਸਲਰ, ਸਰਪੰਚ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਮੌਜੂਦ ਰਹੇ। ਸਾਰੇ ਆਗੂਆਂ ਅਤੇ ਵਰਕਰਾਂ ਨੇ ਇਕਜੁੱਟ ਹੋ ਕੇ ਭਾਜਪਾ ਖ਼ਿਲਾਫ਼ ਆਪਣਾ ਤਿੱਖਾ ਰੋਸ ਜ਼ਾਹਰ ਕਰਦਿਆਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਆਪਣੀ ਆਵਾਜ਼ ਬੁਲੰਦ ਕੀਤੀ। ਧਰਨੇ ਦੌਰਾਨ ਆਗੂਆਂ ਨੇ ਕਿਹਾ ਕਿ 1984 ਦੇ ਸਿੱਖ ਕਤਲੇਆਮ ਦੀ ਤ੍ਰਾਸਦੀ ਨੂੰ ਪੰਜਾਬ ਅਤੇ ਸਿੱਖ ਕੌਮ ਕਦੇ ਨਹੀਂ ਭੁੱਲ ਸਕਦੀ।

ਹਜ਼ਾਰਾਂ ਬੇਕਸੂਰ ਸਿੱਖਾਂ ਦੇ ਕਤਲੇਆਮ ਦੇ ਪੀੜਤ ਪਰਿਵਾਰ ਅੱਜ ਵੀ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਅਜਿਹੇ ਸਮੇਂ ਵਿੱਚ ਕਤਲੇਆਮ ਨਾਲ ਜੁੜੇ ਦੋਸ਼ੀਆਂ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਹਮਦਰਦੀ ਜਾਂ ਸਿਆਸੀ ਨਜ਼ਦੀਕੀ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਹੈ। ।ਦੋਆਬਾ ਇੰਚਾਰਜ ਸੰਦੀਪ ਸੈਣੀ ਨੇ ਕਿਹਾ ਕਿ ਭਾਜਪਾ ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਪੰਜਾਬ ਦੀ ਜਨਤਾ ਆਪਣੇ ਇਤਿਹਾਸ ਅਤੇ ਕੁਰਬਾਨੀਆਂ ਨੂੰ ਭੁੱਲਣ ਵਾਲੀ ਨਹੀਂ। ਉਨ੍ਹਾਂ ਕਿਹਾ ਕਿ ਭਾਜਪਾ ਦੀ ਅਜਿਹੀ ਕਾਰਵਾਈ ਨੇ ਪੰਜਾਬ ਦੇ ਲੋਕਾਂ ਦੇ ਮਨਾਂ ਵਿੱਚ ਭਾਰੀ ਰੋਸ ਪੈਦਾ ਕੀਤਾ ਹੈ। ਆਮ ਆਦਮੀ ਪਾਰਟੀ ਪੰਜਾਬ ਦੇ ਹੱਕਾਂ, ਸਿੱਖ ਭਾਵਨਾਵਾਂ ਅਤੇ ਇਨਸਾਫ਼ ਦੀ ਆਵਾਜ਼ ਨੂੰ ਹਰ ਮੰਚ 'ਤੇ ਬੁਲੰਦ ਕਰਦੀ ਰਹੇਗੀ।ਜਲੰਧਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਦੁੱਗਲ ਨੇ ਕਿਹਾ 1984 ਦੇ ਕਤਲੇਆਮ ਦੇ ਜ਼ਖ਼ਮ ਅੱਜ ਵੀ ਹਜ਼ਾਰਾਂ ਪਰਿਵਾਰਾਂ ਦੇ ਦਿਲਾਂ ਵਿੱਚ ਤਾਜ਼ਾ ਹਨ। ਧਰਨੇ ਦੌਰਾਨ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਭਾਜਪਾ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

# ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਜਥੇਬੰਦੀ ਦੇ ਅਹੁਦੇਦਾਰਾਂ ਦਾ ਐਲਾਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜੀ ਅਤੇ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਜਾਰ ਸਿੰਘ ਰਾਣੀਕੇ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਜਿਲਾ ਹੁਸ਼ਿਆਰਪੁਰ ਦਿਹਾਤੀ ਦੇ ਪ੍ਰਧਾਨ ਸਰਬਜੀਤ ਸਿੰਘ ਮੋਮੀ ਵੱਲੋਂ ਸੀਨੀਅਰ ਅਕਾਲੀ ਆਗੂਆਂ ਦੀ ਹਾਜਰੀ ਵਿੱਚ ਜਿਲਾ ਹੁਸ਼ਿਆਰਪੁਰ ਐਸ.ਸੀ ਵਿੰਗ ਜਥੇਬੰਦੀ ਦੇ ਅਹੁਦੇਦਾਰਾਂ ਦਾ ਐਲਾਨ ਕੀਤਾ ਗਿਆ। ਐਸ ਸੀ ਵਿੰਗ ਦੁਆਬਾ ਜੋਨ ਦੇ ਪ੍ਰਧਾਨ ਕੁਲਦੀਪ ਸਿੰਘ ਬੂਲੇ ,ਸਾਬਕਾ ਕੈਬਿਨਟ ਮੰਤਰੀ ਸੋਹਣ ਸਿੰਘ ਠੰਡਲ, ਸਾਬਕਾ ਮੰਤਰੀ ਦੇਸਰਾਜ ਸਿੰਘ ਧੁੱਗਾ, ਹਲਕਾ ਇੰਚਾਰਜ ਚੱਬੇਵਾਲ ਹਰਮਿੰਦਰ ਸਿੰਘ ਸੰਧੂ, ਹਲਕਾ ਇੰਚਾਰਜ ਸ਼ਾਮ 84 ਸੰਦੀਪ ਸਿੰਘ ਸੀਕਰੀ, ਸੀਨੀਅਰ ਅਕਾਲੀ ਆਗੂ ਸਾਬਕਾ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਪੰਜੌੜ ਐਡਵੋਕੇਟ ਸਮਸ਼ੇਰ ਭਾਰਦਵਾਜ, ਵਰਿੰਦਰ ਸਿੰਘ ਜੀਆ ਨੱਥਾ, ਪ੍ਰੇਮ ਸਿੰਘ ਪਿਪਲਾਂਵਾਲਾ ਸ਼ਹਿਰੀ ਪ੍ਰਧਾਨ ਐਸ ਸੀ ਵਿੰਗ ਹੁਸ਼ਿਆਰਪੁਰ ਅਤੇ ਹੋਰ ਅਕਾਲੀ ਆਗੂਆਂ ਦੀ ਹਾਜ਼ਰੀ ਵਿੱਚ ਜ਼ਿਲ੍ਹਾ ਜਥੇਬੰਦੀ ਦਾ ਐਲਾਨ ਕਰਨ ਮੌਕੇ ਜ਼ਿਲਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਦੱਸਿਆ ਕਿ ਐਲਾਨ ਕੀਤੀ ਗਈ ਜਥੇਬੰਦੀ ਵਿੱਚ ਸਕੱਤਰ ਜਨਰਲ, ਮੁਖ ਸਲਾਹਕਾਰ, ਕਾਨੂੰਨੀ ਸਲਾਹਕਾਰ, 34 ਸੀਨੀਅਰ ਮੀਤ ਪ੍ਰਧਾਨ, 34 ਮੀਤ ਪ੍ਰਧਾਨ, 32 ਜਨਰਲ ਸਕੱਤਰ, 26 ਜੁਆਇੰਟ ਸਕੱਤਰ, ਅਤੇ 17 ਸਕੱਤਰ ਅਹੁਦੇ ਪਾਰਟੀ ਪ੍ਰਤੀ ਵਫਾਦਾਰ ਅਤੇ ਮਿਹਨਤੀ ਆਗੂਆਂ ਨੂੰ ਦੇ ਕੇ ਨਿਵਾਜਿਆ ਗਿਆ ਹੈ। ਉਹਨਾਂ ਕਿਹਾ ਕਿ ਸਾਰੇ ਜ਼ਿਲ੍ਹੇ ਦੇ ਹਲਕਾ ਇੰਚਾਰਜਾਂ ਅਤੇ ਸੀਨੀਅਰ ਆਗੂਆਂ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਜਾਰ ਸਿੰਘ ਰਾਣੀਕੇ ਅਤੇ ਦੁਆਬਾ ਜੋਨ ਐਸ ਸੀ ਵਿੰਗ ਦੇ ਪ੍ਰਧਾਨ ਕੁਲਦੀਪ ਸਿੰਘ ਬੂਲੇ ਦੀ ਆਗਿਆ ਉਪਰੰਤ ਐੱਸ ਸੀ ਵਿੰਗ ਜ਼ਿਲ੍ਹਾ ਹੁਸ਼ਿਆਰਪੁਰ ਦਿਹਾਤੀ ਜਥੇਬੰਦੀ ਦਾ ਐਲਾਨ ਕੀਤਾ ਗਿਆ ਹੈ। ਜਿਲਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਵੱਲੋਂ ਐਲਾਨੇ ਗਏ ਅਹੁਦੇਦਾਰਾਂ ਦੀ ਲਿਸਟ ਇਸ ਪ੍ਰਕਾਰ ਹੈ ਜ਼ਿਲ੍ਹਾ ਸਰਪਰਸਤ ਜਥੇਦਾਰ ਰਤਨ ਸਿੰਘ ਖੁੱਡਾ ਸਾਬਕਾ ਬਲਾਕ ਸੰਮਤੀ ਮੈਂਬਰ, ਸਕੱਤਰ ਜਨਰਲ ਅਮਰਜੀਤ ਕਲਸੀਆ ਰੱਲਣ, ਕਾਨੂੰਨੀ ਸਲਾਹਕਾਰ ਐਡਵੋਕੇਟ ਵਰਿੰਦਰ ਹੀਰਾ, ਮੁਖ ਬੁਲਾਰਾ ਸਾਬਕਾ ਸਰਪੰਚ ਸੁਰਜੀਤ ਸਿੰਘ ਜੌੜਾ, ਮੁੱਖ ਸਲਾਹਕਾਰ ਵਰਿੰਦਰ ਸਿੰਘ ਜੀਆ ਨੱਥਾ, ਕਿਰਪਾਲ ਸਿੰਘ ਪੰਡੋਰ। ਸੀਨੀਅਰ ਮੀਤ ਪ੍ਰਧਾਨਜ਼ ਤਰਸੇਮ ਸਿੰਘ ਮਹਿਲਾਂਵਾਲੀ, ਜਰਨੈਲ ਸਿੰਘ ਬੱਡੋ, ਕਸ਼ਮੀਰ ਰਾਮ ਬੋਹੜ, ਗੁਰਦੇਵ ਸਿੰਘ ਸਿੰਘਾਪੁਰ, ਬਲਵਿੰਦਰ ਸਿੰਘ ਚਿੱਪੜਾ, ਸੁਰਜੀਤ ਸਿੰਘ ਬਰਾਂਡਾ, ਅਜੀਤ ਸਿੰਘ ਜੁਝਾਰ ਚਠਿਆਲ, ਹਰਜਿੰਦਰ ਸਿੰਘ ਮਾਂਗਾ, ਸੁਰਜੀਤ ਸਿੰਘ ਦੇਹਰੀਵਾਲ, ਹਰਜਿੰਦਰ ਸਿੰਘ ਝਾਂਸਾ ਸਾਬਕਾ ਸਰਪੰਚ, ਬਲਕਾਰ ਸਿੰਘ ਲਿਟਾਂ, ਜਰਨੈਲ ਸਿੰਘ ਦਾਤਾ, ਗੁਰਜੀਤ ਸਿੰਘ ਕੰਡਾਲੀਆਂ, ਬਲਵਿੰਦਰ ਸਿੰਘ ਰੂਪੋਵਾਲ, ਪਰਮਿੰਦਰ ਸਿੰਘ ਹਰਿਆਣਾ, ਪਰਮਜੀਤ ਸਿੰਘ ਮਿਰਜਾਪੁਰ, ਨਿਰੰਜਨ ਸਿੰਘ ਮਾਹਿਲਪੁਰ, ਚਰਨ ਸਿੰਘ ਮਾਹਿਲਪੁਰ, ਮਹਿੰਦਰ ਸਿੰਘ ਚਾਹਲਪੁਰ, ਜਸਬੀਰ ਸਿੰਘ ਭੁਲਾਣਾ, ਜਸਵੰਤ ਸਿੰਘ ਚੱਕ ਬਾਮੂ, ਤੇਜਾ ਸਿੰਘ ਨਵਾਂ ਗਾਲੋਵਾਲ, ਬਲਵਿੰਦਰ ਸਿੰਘ ਬਿੰਦਾ ਬੋਦਲ, ਕਸ਼ਮੀਰ ਸਿੰਘ ਭੀਲੋਵਾਲ, ਮਾਸਟਰ ਲਖਵਿੰਦਰ ਸਿੰਘ ਖੇੜਾ, ਕੈਪਟਨ ਸਤਪਾਲ ਸਿੰਘ ਭਾਨਾ, ਸਾਬਕਾ ਸਰਪੰਚ ਕੁਲਬੀਰ ਸਿੰਘ ਖੁਤਣ, ਕੈਪਟਨ ਸੁਖਦੇਵ ਸਿੰਘ ਮੂਨਕ ਕਲਾਂ, ਡਾਕਟਰ ਪੁਰਸ਼ੋਤ ਸਿੰਘ ਨੰਗਲ ਖੁੰਗਾ, ਡਾਕਟਰ ਜਸਪਾਲ ਸਿੰਘ ਲੋਧੀ ਚੱਕ, ਅਮਰੀਕ ਸਿੰਘ ਕੰਧਾਲਾ ਜੱਟਾਂ ਸਾਬਕਾ ਸੰਮਤੀ ਮੈਂਬਰ, ਭੁੱਲਾ ਰਾਮ ਚਨੌਰ, ਲਵਲੀ ਕੁਮਾਰ ਚੁਨੌਰ, ਬਹਾਦਰ ਸਿੰਘ ਹਰਸੇ ਮਾਨਸਰ, ਸਰਬਜੀਤ ਸਿੰਘ ਰੱਲਣ ਸਾਬਕਾ ਸਰਪੰਚ, ਮੀਤ ਪ੍ਰਧਾਨਜ਼ ਰਾਜਾ ਸਿੰਘ ਮੂਨਕ ਸਾਬਕਾ ਪੰਚ, ਪ੍ਰਕਾਸ਼ ਸਿੰਘ ਭਗਾਣੀਆ ਰਾਮ ਕੋਟਲੀ ਕੈਂਪ, ਰਜਿੰਦਰ ਕੁਮਾਰ ਬੱਸੀ ਜਮਾਲ ਖਾਨ, ਅਮਰੀਕ ਸਿੰਘ ਖੁਡਾ, ਸਤਨਾਮ ਸਿੰਘ ਮਹਾਉਦੀਨ ਲੰਡੇ, ਸੋਮਰਾਜ ਪਲਾਕੀ, ਲੰਬੜਦਾਰ ਗੁਰਨਾਮ ਸਿੰਘ ਟੋਡਰਪੁਰ, ਮੋਹਨ ਸਿੰਘ ਸਰਪੰਚ ਸਰਹਾਲਾ ਕਲਾਂ, ਪਰਮਜੀਤ ਸਿੰਘ ਜੈਤਪੁਰ ,ਜੋਗਿੰਦਰ ਸਿੰਘ ਕੰਗੜਾ, ਰੋਸ਼ਨ ਲਾਲ ਬਰਾਂਡਾ, ਰਤਨ ਚੰਦ ਕੋਈ, ਬਚਨ ਸਿੰਘ ਕੋਈ, ਨਿਰਮਲ ਸਿੰਘ ਪੱਖੋਵਾਲ,ਬਾਲ ਕਿਸ਼ਨ ਸਿੰਘ ਪੱਖੋਵਾਲ ,ਗੁਰਮੇਲ ਸਿੰਘ ਖਿਆਲਾ, ਸੰਤੋਖ ਸਿੰਘ ਖਿਆਲਾ, ਰਮਨ ਸਿੰਘ, ਸੁਖਵਿੰਦਰ ਸਿੰਘ ਮਾਛੀਆਂ, ਕਰਨੈਲ ਸਿੰਘ ਮਾਂਗਾ, ਪੱਪੀ ਮਿਰਜਾਪੁਰ, ਹੰਸਰਾਜ ਚਾਣਸੂ ਜੱਟਾਂ, ਸੁੱਚਾ ਸਿੰਘ ਬਿਲੜੋ, ਹਰਬੰਸ ਸਿੰਘ ਢਾਡਾ ਖੁਰਦ, ਕਰਨਵੀਰ ਸਿੰਘ ਸੈਲਾ ਕਲਾ, ਕ੍ਰਿਸ਼ਨ ਕੁਮਾਰ ਬੱਦੋਵਾਲ, ਗੁਰਮੁਖ ਸਿੰਘ ਨਮੋਲੀਆਂ, ਸਤਨਾਮ ਸਿੰਘ ਧਾਰਾਪੁਰ, ਤਰਸੇਮ ਸਿੰਘ ਤਾਰਾਗੜ੍ਹ, ਕੇਵਲ ਸਿੰਘ ਹਰਿਆਣਾ, ਸਰਪੰਚ ਮਲਕੀਤ ਸਿੰਘ, ਤਰਸੇਮ ਲਾਲ ਮਛਰੀਵਾਲ, ਹੈਪੀ ਧੂਤ ਖੁਰਦ ,ਗੁਰਬਖਸ਼ ਸਿੰਘ ਬਸੋਆ, ਪੂਰਨ ਚੰਦ ਪੰਡੋਰੀ ਅਰਾਈਆਂ, ਜਸਲ ਲਾਲੋਵਾਲ, ਜਨਰਲ ਸਕੱਤਰਜ਼ ਬਲਵਿੰਦਰ ਸਿੰਘ ਅਨੰਦਗੜ੍ਹ, ਸਰਵਨ ਸਿੰਘ ਬਸੀ ਹਸਤ ਖਾਨ, ਬੀਰ ਸਿੰਘ ਹਰਸੇਮਾਨਸਰ ,ਰਾਮਪਾਲ ਸਿੰਘ ਅਹਿਰਾਣਾ ਖੁਰਦ, ਦੇਸ ਰਾਜ ਕੋਟ ਫਤੂਹੀ, ਸੰਦੀਪ ਕੁਮਾਰ ਤਾਜੇਵਾਲ, ਪ੍ਰਿਥਵੀ ਪਾਲ ਸਿੰਘ ਹਾਰਟਾ, ਮਨਦੀਪ ਸਿੰਘ ਮਿਰਜਾਪੁਰ, ਵਰਿੰਦਰ ਸਿੰਘ ਮਿਰਜਾਪੁਰ, ਜਸਪ੍ਰੀਤ ਸਿੰਘ ਡੱਫਰ, ਲਖਵਿੰਦਰ ਸਿੰਘ ਪੰਡੋਰੀ ਅਟਵਾਲ, ਅਸ਼ੋਕ ਕੁਮਾਰ ਸਹਿਜੋਵਾਲ, ਗੁਰਮੇਲ ਸਿੰਘ ਝੂਠਾ, ਪਰਮਜੀਤ ਸਿੰਘ ਜਮਸ਼ੇਰ ਜਠਿਆਲੀਆਂ, ਕਮਲਜੀਤ ਸਿੰਘ ਰਾਜਪੁਰ, ਰਮਨਦੀਪ ਕੁਮਾਰ ਵਰਾਂਡਾ, ਨਿਰਮਲ ਸਿੰਘ ਫਤਿਹਪੁਰ, ਜਸਵਿੰਦਰ ਸਿੰਘ ਬਿੰਦਾ, ਜਰਨੈਲ ਸਿੰਘ ਦਾਤਾ, ਬਲਵੀਰ ਸਿੰਘ ਖੋਖਰ, ਡੈਨੀ ਜਹੂਰਾ, ਸੇਵਾ ਸਿੰਘ ਕੰਢਾਲੀਆਂ, ਹਰਦੀਪ ਸਿੰਘ ਡੁਮਾਣਾ, ਦਲਜੀਤ ਸਿੰਘ ਮਹਿਦੂਦ, ਸੁਰਜੀਤ ਸਿੰਘ ਗਲੋਵਾਲ, ਓਂਕਾਰ ਸਿੰਘ ਵਡਾਲਾ, ਦੌਲਤ ਰਾਮ ਉਸਮਾਨ ਸ਼ਹੀਦ ,ਰਾਮ ਜੀ ਕੋਈ, ਜਰਨੈਲ ਸਿੰਘ ਖੁਣਖਣਾ, ਪਤਿੰਦਰ ਸਿੰਘ ਬਾਜਾ ਚੱਕ, ਕੁਲਵਿੰਦਰ ਸਿੰਘ ਦੇਹਰੀਵਾਲ, ਥੋੜੂ ਰਾਮ ਦਸੂਹਾ। ਸਕੱਤਰ ਹਰਦੇਵ ਸਿੰਘ ਹਰਦੋਥਲਾ, ਸਿੰਗਾਰਾ ਸਿੰਘ ਗੰਦੂਵਾਲ ,ਰਾਜਨ ਸਿੰਘ ਬਾਹਲਾ, ਇਕਬਾਲ ਸਿੰਘ ਦਵਾਖਰੀ, ਗੁਰਕੀਰਤ ਸਿੰਘ ਚਿੱਪੜਾ, ਸੁਖਵਿੰਦਰ ਸਿੰਘ ਦਵਾਖਰੀ, ਅੰਮ੍ਰਿਤ ਸਿੰਘ ਰਾਜਾ ਕਲਾਂ, ਬਲਵਿੰਦਰ ਸਿੰਘ ਮਛਰੀਵਾਲ, ਕੁਲਦੀਪ ਸਿੰਘ ਨੰਗਲ ਖੁੰਗਾ, ਡਾਕਟਰ ਕੁਲਵਿੰਦਰ ਸਿੰਘ ਕੰਧਾਲਾ ਸ਼ੇਖਾਂ, ਸਰਬਣ ਸਿੰਘ ਹੈਪੀ ਮੂਨਕ ਖੁਰਦ, ਡਾਕਟਰ ਕੁਲਵਿੰਦਰ ਸਿੰਘ ਮੂਨਕ ਕਲਾਂ, ਅਮਰੀਕ ਸਿੰਘ ਸੋਢੀ ਮੂਨਕ, ਮੰਗਤ ਸਿੰਘ ਚਨੌਰ, ਸੁਰਜੀਤ ਸਿੰਘ ਹਰਸੇ ਮਾਨਸਰ, ਮੋਹਨ ਲਾਲ ਹਰਸੇਮਾਨਸਰ, ਵਿਸ਼ਾਲ ਸਿੰਘ ਝੂਲਣ ਮਹਿਲ, ਜੁਆਇੰਟ ਸਕੱਤਰ ਰਾਮਪਾਲ ਸਿੰਘ ਨਾਰੂ ਨੰਗਲ, ਹਰਦੀਪ ਕੁਮਾਰ ਬੱਸੀ ਗੁਲਾਮ ਹੁਸੈਨ, ਕੇਵਲ ਸਿੰਘ ਭੰਗਾਲਾ, ਸੋਮਰਾਜ ਸਿੰਘ ਪਲਾਕੀ, ਅਜੇ ਕੁਮਾਰ ਕੰਢਾਲੀਆਂ, ਵਿਸ਼ਾਲ ਸਿੰਘ ਕੰਢਾਲੀਆਂ, ਸ਼ਿੰਗਾਰਾ ਸਿੰਘ ਅਰਗੋਵਾਲ ਹਰਪ੍ਰੀਤ ਸਿੰਘ ਧੁਗਾ ਕਲਾਂ, ਵਿਜੇ ਕੁਮਾਰ ਪੰਡੋਰੀ ਅਟਵਾਲ, ਅਵਤਾਰ ਸਿੰਘ ਅੰਬਾਲਾ ਜੱਟਾਂ, ਮਨਦੀਪ ਸਿੰਘ ਅੰਬਾਲਾ ਜੱਟਾਂ, ਅਮਰੀਕ ਸਿੰਘ ਮਾਂਗਾ, ਗੁਰਵਿੰਦਰ ਸਿੰਘ ਅਰਗੋਵਾਲ, ਸੰਤੋਖ ਸਿੰਘ ਅਲੀਪੁਰ, ਗਿਆਨ ਸਿੰਘ ਢਾਡਾ ਕਲਾ, ਰਜੇਸ਼ ਕੁਮਾਰ ਢੱਡੇ ਬਾਵਾ ਮੇਹਰ ,ਮਨਦੀਪ ਸਿੰਘ ਕੁੱਲੀਆਂ, ਗੁਰਪ੍ਰੀਤ ਸਿੰਘ ਬੋਦਲ ਛਾਉਣੀ, ਕੁਲਵੰਤ ਸਿੰਘ ਰਵੀ ਜਾਜਾ, ਠੇਕੇਦਾਰ ਰੂਪ ਲਾਲ ਨੰਗਲ ਖੂੰਘਾ, ਦੇਸਰਾਜ ਸਿੰਘ ਬੋਲੇਵਾਲ, ਜਥੇਦਾਰ ਕੁਲਵੰਤ ਸਿੰਘ ਮੂਨਕ ਕਲਾਂ, ਜੋਗਿੰਦਰ ਪਾਲ ਹਰਸਿ ਮਾਨਸਰ, ਬਲਵੀਰ ਕੁਮਾਰ ਹਰਸੇ ਮਾਨਸਰ, ਕੁਲਦੀਪ ਕੁਮਾਰ ਹਰਸੇ ਮਾਨਸਰ।

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸੁਖਦੇਵ ਸਿੰਘ ਬੇਗਪੁਰ ਦਸੂਹਾ, ਕੁਲਬੀਰ ਸਿੰਘ ਡੋਗਰਪੁਰ ਹਲਕਾ ਪ੍ਰਧਾਨ ਗੜਸ਼ੰਕਰ, ਮਨਪ੍ਰੀਤ ਸਿੰਘ ਰੋਕੀ ਗੜ ਸ਼ੰਕਰ, ਰਾਜਕੁਮਾਰ ਹਲਕਾ ਪ੍ਰਧਾਨ ਚੱਬੇਵਾਲ, ਧਰਮਿੰਦਰ ਕੁਮਾਰ ਹਲਕਾ ਪ੍ਰਧਾਨ ਹੁਸ਼ਿਆਰਪੁਰ, ਅੰਕੁਸ਼ ਹਰਦੋਖਾਨਪੁਰ ਹਲਕਾ ਪ੍ਰਧਾਨ ਸ਼ਾਮ ਚੁਰਾਸੀ, ਬਹਾਦਰ ਸਿੰਘ ਮੁਕੇਰੀਆਂ,ਲਾਲ ਸਿੰਘ ਦਸੂਹਾ, ਜਸਵੰਤ ਸਿੰਘ ਪੱਖੋਵਾਲ, ਕਮਲਜੀਤ ਸਿੰਘ ਮੂਨਕਾ, ਸੁਰਜੀਤ ਲਾਲ ਹੀਰਾ ਮੂਨਕ, ਗਗਨਦੀਪ ਸਿੰਘ ਮੋਮੀ ਮੂਨਕ, ਬਲਵਿੰਦਰ ਸਿੰਘ ਜੌਹਲ, ਸਾਬੀ ਰਾਜਪੁਰੀਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸੀ।

# ਮਸਾਣੀ ਵਿਖੇ ਸੁੱਟਿਆ ਜਾ ਰਿਹਾ ਸੀ ਗੁਰਾਇਆ ਦਾ ਕੂੜਾ

**ਗੁਰਾਇਆ (ਵਿਰਦ ਸੁਮਨ)**- ਗੁਰਾਇਆ ਸ਼ਹਿਰ ਵਾਸੀਆਂ ਨੂੰ ਕੂੜੇ ਦੀ ਸਮੱਸਿਆ ਤੋਂ ਨਿਜਾਤ ਦਵਾਉਣ ਅਤੇ ਕੂੜੇ ਦੇ ਡੰਪ ਖਾਲੀ ਕਰਵਾਉਣ ਦੀ ਸੋਸ਼ਲ ਮੀਡੀਆ ਤੇ ਲਾਈਵ ਹੋ ਕੇ ਕੀਤਾ ਗਿਆ ਪ੍ਰਚਾਰ ਨਗਰ ਕੌਂਸਲ ਗੁਰਾਇਆ ਨੂੰ ਉਸ ਵੇਲੇ ਮਹਿੰਗਾ ਪੈ ਗਿਆ ਜਦੋਂ ਨਗਰ ਕੌਂਸਲ ਗੁਰਾਇਆ ਦੇ ਕੂੜੇ ਦੀ ਟਰਾਲੀਆਂ ਨੂੰ

**ਲੋਕਾਂ ਦੇ ਵਿਰੋਧ ਤੋਂ ਬਾਦ ਵਾਪਸ ਮੁੜੀਆਂ ਟਰਾਲੀਆਂ**



ਪਿੰਡ ਮਸਾਣੀ ਦੇ ਪੰਚਾਇਤ ਅਤੇ ਪਿੰਡ ਵਾਸੀਆਂ ਨੇ ਘੇਰਾ ਪਾ ਲਿਆ ਜਿਸ ਦੀ ਵਜ੍ਹਾ ਸੀ ਗੁਰਾਇਆ ਸ਼ਹਿਰ ਦਾ ਕੂੜਾ ਪਿੰਡ ਮਸਾਣੀ ਵਿਖੇ ਸੁੱਟਿਆ ਜਾ ਰਿਹਾ ਸੀ। [illegible]

# ਵਾਰਡ ਨੰ. 4 ਦੇ ਵਾਸੀ ਗੰਦੇ ਪਾਣੀ ਦੀ ਨਿਕਾਸੀ ਨੂੰ ਲੈ ਕੇ ਪ੍ਰੇਸ਼ਾਨ

**ਗੁਰਾਇਆ (ਵਿਰਦ ਸੁਮਨ)**- ਸਥਾਨਕ ਵਾਰਡ ਨੰਬਰ ਚਾਰ ਦਸਮੇਸ਼ ਨਗਰ ਦੇ ਨਿਵਾਸੀ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ, ਸਾਫ ਸਫਾਈ ਨਾ ਹੋਣ ਦੇ ਚਲਦਿਆਂ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਹਨ। [illegible]



[illegible]

# ਬੈਲ ਗੱਡੀਆਂ ਦੀ ਦੌੜ ਤੇ ਵਾਲੀਬਾਲ ਦੇ ਹੋਏ ਫਸਵੇਂ ਮੁਕਾਬਲੇ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਹਲਕੇ ਦੇ ਪ੍ਰਸਿੱਧ ਅਤੇ ਇਤਿਹਾਸਕ ਪਿੰਡ ਡਰੋਲੀ ਕਲਾਂ ਵਿਖੇ ਸ਼ਹੀਦ ਬਾਬਾ ਮਤੀ ਜੀ ਮੈਮੋਰੀਅਲ ਯਾਦਗਾਰੀ ਖੇਡ ਮੇਲੇ ਦੇ ਦੂਜੇ ਦਿਨ ਖੇਡ ਪ੍ਰੇਮੀਆਂ 'ਚ ਭਾਰੀ ਉਤਸ਼ਾਹ ਦੇਖਿਆ ਗਿਆ। [illegible]





[illegible]

# ਜਨਗਣਨਾ ਨਾਲ ਸੰਬੰਧਤ ਸਾਰੀਆਂ ਗਤੀਵਿਧੀਆਂ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰੀਆਂ ਕੀਤੀਆਂ ਜਾਣਗੀਆਂ : ਡਿਪਟੀ ਕਮਿਸ਼ਨਰ

**ਕਪੂਰਥਲਾ (ਮਨਜੀਤ ਮਾਨ)**- ਡਾਇਰੈਕਟਰ, ਜਨਗਣਨਾ ਸੰਚਾਲਨ ਪੰਜਾਬ ਡਾ. ਨਵਜੋਤ ਖੋਸਾ ਵੱਲੋਂ ਜ਼ਿਲ੍ਹਾ ਕਪੂਰਥਲਾ ਵਿੱਚ ਜਨਗਣਨਾ [illegible]



[illegible] ਗਈ।ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਦੇ ਨਾਲ ਪ੍ਰਿੰਸੀਪਲ ਜਨਗਣਨਾ ਅਫਸਰ-ਕਮ-ਨਗਰ ਨਿਗਮ ਕਮਿਸ਼ਨਰ, ਕਪੂਰਥਲਾ ਅਨੁਪਮ ਕਲੇਰ ਅਤੇ ਕਮਿਸ਼ਨਰ ਨਗਰ ਨਿਗਮ, ਫਗਵਾੜਾ ਰਣਦੀਪ ਸਿੰਘ ਹੀਰ ਤੋਂ ਇਲਾਵਾ, ਮੀਟਿੰਗ ਦੌਰਾਨ ਸਮੂਹ ਐਸ ਡੀ ਐਮ, ਤਹਿਸੀਲਦਾਰ, ਚਾਰਜ ਅਫਸਰ ਅਤੇ ਹੋਰ ਅਧਿਕਾਰੀ ਮੌਕੇ 'ਤੇ ਅਤੇ ਵਰਚੁਅਲੀ ਮੌਜੂਦ ਸਨ।ਮੀਟਿੰਗ ਨੂੰ ਸੰਬੋਧਨ [illegible] ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ਿਲ੍ਹੇ ਦੇ ਉੱਚ-ਪ੍ਰਾਥਮਿਕਤਾ ਵਾਲੇ ਚਾਰਜਾਂ ਅਤੇ ਨਗਰ ਨਿਗਮ ਫਗਵਾੜਾ ਅਤੇ ਨਗਰ ਨਿਗਮ ਕਪੂਰਥਲਾ ਦੇ ਅਧੀਨ ਖੇਤਰਾਂ ਵਿੱਚ ਕੀਤੇ ਗਏ ਐਚ ਐਲ ਓ ਕੰਮ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਜਨਗਣਨਾ ਕਾਰਜਕਰਤਾਵਾਂ ਦੀ ਉਨ੍ਹਾਂ ਦੇ ਨਿਰੰਤਰ ਯਤਨਾਂ ਲਈ ਸ਼ਲਾਘਾ ਕਰਦਿਆਂ ਆਸ ਪ੍ਰਗਟਾਈ ਕਿ [illegible] ਪੂਰਾ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੀ ਜਨਗਣਨਾ ਕਾਰਜਾਂ ਨੂੰ ਕੁਸ਼ਲਤਾ ਨਾਲ ਅਤੇ ਰਜਿਸਟਰਾਰ ਜਨਰਲ ਅਤੇ ਜਨਗਣਨਾ ਕਮਿਸ਼ਨਰ, ਭਾਰਤ ਦੇ ਦਫ਼ਤਰ ਦੁਆਰਾ ਜਾਰੀ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਕਰਨ ਦੀ ਵਚਨਬੱਧਤਾ ਨੂੰ ਦੁਹਰਾਇਆ, ਤਾਂ ਜੋ ਸਹੀ ਅਤੇ ਭਰੋਸੇਮੰਦ ਡੇਟਾ ਇਕੱਠਾ ਕਰਨਾ ਯਕੀਨੀ ਬਣਾਇਆ ਜਾ ਸਕੇ।

# 'ਪਰਵਾਸ : ਸਥਿਤੀ ਤੇ ਚੁਣੌਤੀਆਂ' ਵਿਸ਼ੇ 'ਤੇ ਸੈਮੀਨਾਰ

**ਕਪੂਰਥਲਾ (ਮਨਜੀਤ ਮਾਨ)**- [illegible]



[illegible] ਸੀ.ਪੀ.ਆਈ(ਐਮ) ਪੰਜਾਬ ਆਏ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਪਰਵਾਜ਼ ਤੇ ਪੁਰਾਤਨ ਸਮੇਂ ਤੋਂ ਹੀ ਸਾਡੇ ਦੇਸ਼ ਦਾ ਹਿੱਸਾ ਰਿਹਾ ਹੈ। ਜਿਸ ਵਿੱਚ ਸਾਡੇ ਦੇਸ਼ ਭਗਤਾਂ ਨੇ ਆਜ਼ਾਦੀ ਲਈ ਸੰਘਰਸ਼ ਦੀ ਸ਼ੁਰੂਆਤ ਪਰਵਾਹ ਵਿੱਚ ਰਹਿ ਗਈ ਕੀਤੀ। ਉਹਨਾਂ ਨੇ ਵੱਖ ਵੱਖ ਦੇਸ਼ਾਂ ਦੀ ਹੋ ਰਹੀ [illegible] ਸਾਡੇ ਲਈ ਹੈ ਜਿਵੇਂ ਭਾਰਤੀ ਵੱਖ ਵੱਖ ਵਿਦੇਸ਼ਾਂ ਵਿੱਚ ਰਹਿ ਕੇ ਆਪਣੇ ਬੱਚਿਆਂ ਨੂੰ ਆਪਣੀ ਭਾਸ਼ਾ ਤੇ ਸੱਭਿਆਚਾਰ ਨਾਲ ਜੋੜ ਕੇ ਉਹੀ ਉਧਰ ਸੁਖੀ ਹਨ ਪਰ ਜਿਹੜੇ ਵਿਦਿਆਰਥੀ ਉਥੋਂ ਦੇ ਸੱਭਿਆਚਾਰ ਭਾਸ਼ਾ ਤੇ [illegible] ਇੰਜ. ਸ਼ੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ, ਕਾਲਜ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ, ਐਨ.ਐਸ.ਐਸ ,ਰੈਡ ਰੀਬਨ ਅਤੇ ਇੱਕ ਕਲੱਬ ਦੇ ਇੰਚਾਰਜ ਡਾ. ਕੁਲਵਿੰਦਰ ਕੌਰ, ਮੈਡਮ ਰਜਨੀ ਮੈਡਮ ਸੁਜਨ , ਸਟਾਫ ਮੈਂਬਰਜ਼ ਅਤੇ ਵਿਦਿਆਰਥੀ ਹਾਜ਼ਰ ਸਨ।

## ਵੋਟਰ ਜਾਗਰੂਕਤਾ ਕੈਂਪ ਲਗਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨੌਜਵਾਨ ਵੋਟਰਾਂ ਨੂੰ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ [illegible]



[illegible]

## ਬੇਟੀ ਬਚਾਓ, ਬੇਟੀ ਪੜ੍ਹਾਓ ਵਿਸ਼ੇ 'ਤੇ ਸੈਮੀਨਾਰ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਰਕਾਰੀ ਕਾਲਜ ਡੇਰਾਬੱਸੀ ਵਿਖੇ ਬੇਟੀ ਬਚਾਓ, ਬੇਟੀ ਪੜ੍ਹਾਓ ਵਿਸ਼ੇ ਉੱਤੇ ਇੱਕ ਪ੍ਰਭਾਵਸ਼ਾਲੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ



ਦਾ ਮੁੱਖ ਉਦੇਸ਼ ਸਮਾਜ ਵਿੱਚ ਧੀਆਂ ਪ੍ਰਤੀ ਸਕਾਰਾਤਮਕ ਸੋਚ ਪੈਦਾ ਕਰਨਾ ਅਤੇ ਲੜਕੀਆਂ ਦੀ ਸਿੱਖਿਆ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਉਣਾ ਸੀ। ਸੈਮੀਨਾਰ ਦੀ ਸ਼ੁਰੂਆਤ ਮੁੱਖ ਮਹਿਮਾਨ ਮਾਨ ਭੁਪਿੰਦਰ ਸਿੰਘ ਢਿੱਲੋਂ ਅਤੇ ਦਲਜੀਤ ਕੌਰ ਦੇ ਸਵਾਗਤ ਨਾਲ ਕੀਤੀ ਗਈ। ਮੁੱਖ ਵਕਤਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਧੀਆਂ ਸਮਾਜ ਦਾ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਨੂੰ ਸਿੱਖਿਆ, ਸੁਰੱਖਿਆ ਅਤੇ ਬਰਾਬਰ ਦੇ ਮੌਕੇ ਪ੍ਰਦਾਨ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਇਸ ਗੱਲ ਉੱਤੇ ਜ਼ੋਰ ਦਿੱਤਾ ਕਿ ਇੱਕ ਪੜ੍ਹੀ-ਲਿਖੀ ਧੀ ਨਾ ਸਿਰਫ਼ ਆਪਣੇ ਪਰਿਵਾਰ, ਸਗੋਂ ਪੂਰੇ ਸਮਾਜ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਂਦੀ ਹੈ। ਵਕਤਾਵਾਂ ਨੇ ਧੀਆਂ ਦੀ ਸਿੱਖਿਆ ਨਾਲ ਜੁੜੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲਾਂ ਬਾਰੇ ਵਿਚਾਰ ਪ੍ਰਗਟ ਕੀਤੇ। ਵਿਦਿਆਰਥੀਆਂ ਨੂੰ ਲੜਕੀਆਂ ਦੇ ਅਧਿਕਾਰਾਂ, ਸਿੱਖਿਆ ਅਤੇ ਆਤਮ-ਨਿਰਭਰਤਾ ਬਾਰੇ ਜਾਣਕਾਰੀ ਦਿੱਤੀ ਗਈ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਧੀਆਂ ਦੇ ਸਨਮਾਨ ਅਤੇ ਸਿੱਖਿਆ ਨੂੰ ਉਤਸ਼ਾਹਿਤ ਕਰਨ ਦਾ ਸੰਕਲਪ ਲਿਆ।

# ਜੰਡੋਰੀ ਨੇ ਵਿਦਿਆਰਥੀਆਂ ਨੂੰ ਵੰਡੀਆਂ ਕਾਪੀਆਂ, ਪੈਨਸਲਾਂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਤਾਰਾਪੁਰ ਬਲਾਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੜ੍ਹ ਰਹੇ ਬੱਚਿਆਂ ਦੀ ਪੜ੍ਹਾਈ ਨੂੰ ਉਤਸ਼ਾਹਿਤ ਕਰਨ ਲਈ ਪਿੰਡ ਜੰਡੋਰੀ, ਹਿਮਾਚਲ ਪ੍ਰਦੇਸ਼ ਦੇ ਵਸਨੀਕ ਵਿਕਰਮ ਸਿੰਘ ਵੱਲੋਂ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਉਨ੍ਹਾਂ ਵੱਲੋਂ ਸਕੂਲ ਵਿੱਚ ਪੜ੍ਹਦੇ ਬੱਚਿਆਂ ਨੂੰ ਕਾਪੀਆਂ, ਪੈਨਸਲਾਂ ਅਤੇ ਹੋਰ ਜ਼ਰੂਰੀ ਪੜ੍ਹਨ-ਲਿਖਣ ਦੀ ਸਮੱਗਰੀ ਵੰਡੀ ਗਈ। ਇਸ ਮੌਕੇ ਬੱਚਿਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਿਕਰਮ ਸਿੰਘ ਦਾ ਧੰਨਵਾਦ ਕੀਤਾ। ਸਕੂਲ ਸਟਾਫ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਅਧਿਆਪਕਾਂ ਨੇ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਨਾਲ ਸਬੰਧਤ ਸਮੱਗਰੀ ਮੁਹੱਈਆ ਕਰਵਾਉਣ ਨਾਲ ਉਨ੍ਹਾਂ ਵਿੱਚ ਪੜ੍ਹਾਈ ਪ੍ਰਤੀ ਹੋਰ ਰੁਚੀ ਪੈਦਾ ਹੁੰਦੀ ਹੈ ਅਤੇ ਉਨ੍ਹਾਂ ਦਾ ਹੌਸਲਾ ਵੀ ਵਧਦਾ ਹੈ। ਸਕੂਲ ਦੇ ਹੈੱਡ ਟੀਚਰ ਬਲਵਿੰਦਰ ਸਿੰਘ ਲੋਦੀਪੁਰ ਅਤੇ ਸਕੂਲ ਚੇਅਰਮੈਨ ਕਵਿਤਾ ਨੇ ਵਿਕਰਮ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਦੇ ਲੋਕਾਂ ਵੱਲੋਂ ਸਰਕਾਰੀ ਸਕੂਲਾਂ ਅਤੇ ਇਨ੍ਹਾਂ ਵਿੱਚ ਪੜ੍ਹਦੇ ਬੱਚਿਆਂ ਦੀ ਮਦਦ ਕਰਨਾ ਇੱਕ ਸ਼ਲਾਘਾਯੋਗ ਕਾਰਜ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਪਿੰਡ ਵਾਸੀ ਅਤੇ ਇਲਾਕਾ ਵਾਸੀ ਭਵਿੱਖ ਵਿੱਚ ਵੀ ਆਪਣੀ ਸਮਰੱਥਾ ਅਨੁਸਾਰ ਸਕੂਲ ਦੇ ਬੱਚਿਆਂ ਦੀ ਕਿਸੇ ਨਾ ਕਿਸੇ ਰੂਪ ਵਿੱਚ ਮਦਦ ਕਰਦੇ ਰਹਿਣਗੇ।ਇਸ ਮੌਕੇ ਮਨੋਜ ਸਿੰਘ, ਰੇਖਾ ਦੇਵੀ ਤੋਂ ਇਲਾਵਾ ਸਕੂਲ ਅਧਿਆਪਕਾ ਰੋਜੀ ਰਾਣੀ, ਜੋਤੀ ਕੌਰ, ਨੇਹਾ, ਮਨਜੀਤ ਕੌਰ, ਸ਼ਨੀਤਾ ਰਾਣੀ ਆਦਿ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਮੋਹਾਲੀ ਦੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਹੋਈ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਦੌਰਾਨ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਡੇਰਾਬੱਸੀ ਸਬ-ਡਿਵੀਜ਼ਨ ਵਿੱਚ ਨਸ਼ਾ ਮੁਕਤੀ ਇਲਾਜ ਅਤੇ ਪੁਨਰਵਾਸ ਦੀਆਂ ਸਹੂਲਤਾਂ ਹੋਰ ਮਜ਼ਬੂਤ ਕਰਨ ਦਾ ਮੁੱਦਾ ਪ੍ਰਮੁੱਖਤਾ ਨਾਲ ਉਠਾਇਆ। ਮੀਟਿੰਗ ਦੀ ਪ੍ਰਧਾਨਗੀ ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕੀਤੀ। ਇਸ ਮੌਕੇ ਨਸ਼ਿਆਂ ਖ਼ਿਲਾਫ਼ ਇਨਫੋਰਸਮੈਂਟ, ਇਲਾਜ, ਪੁਨਰਵਾਸ ਅਤੇ ਲੋਕਾਂ ਦੀ ਭਾਗੀਦਾਰੀ ਨਾਲ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਇਨਫੋਰਸਮੈਂਟ ਕਾਰਵਾਈ ਦੇ ਨਾਲ-ਨਾਲ ਨਸ਼ਿਆਂ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਇਲਾਜ ਅਤੇ ਪੁਨਰਵਾਸ ਦੀਆਂ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਵੀ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਡੇਰਾਬੱਸੀ ਸਬ-ਡਿਵੀਜ਼ਨ ਵਿੱਚ ਵੱਡੀ ਆਬਾਦੀ ਹੋਣ ਕਾਰਨ ਇਲਾਕੇ ਦੇ ਲੋਕਾਂ ਨੂੰ ਨਸ਼ਾ ਮੁਕਤੀ ਇਲਾਜ ਲਈ ਦੂਰ ਨਾ ਜਾਣਾ ਪਵੇ, ਇਸ ਲਈ ਡੇਰਾਬੱਸੀ ਵਿੱਚ ਸਮਰਪਿਤ ਨਸ਼ਾ ਮੁਕਤੀ ਕੇਂਦਰ ਸਥਾਪਤ ਕੀਤਾ ਜਾਣਾ ਚਾਹੀਦਾ ਹੈ। ਇਸ ਨਾਲ ਨਸ਼ਿਆਂ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਸਮੇਂ ਸਿਰ ਇਲਾਜ ਮਿਲੇਗਾ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੀ ਵੱਡੀ ਰਾਹਤ ਮਿਲੇਗੀ।ਵਿਧਾਇਕ ਨੇ ਨਸ਼ਾ ਤਸਕਰਾਂ ਅਤੇ ਪੈਡਲਰਾਂ ਖ਼ਿਲਾਫ਼ ਇਨਫੋਰਸਮੈਂਟ ਨੂੰ ਹੋਰ ਤੇਜ਼ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

# ਸੰਜੀਵ ਤਲਵਾੜ ਦੀ ਨਿਯੁਕਤੀ ਨਾਲ ਪਾਰਟੀ ਵਰਕਰਾਂ 'ਚ ਨਵਾਂ ਉਤਸ਼ਾਹ : ਮਹਿੰਦੀਪੁਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹਲਕਾ ਸ਼ਾਮਚੌਰਾਸੀ ਦੇ ਸਰਕਲ ਬਾਗਪੁਰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਸੰਜੀਵ ਤਲਵਾੜ ਨੂੰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ (ਸ਼ਹਿਰੀ) ਦੀ



ਜ਼ਿੰਮੇਵਾਰੀ ਮਿਲਣ 'ਤੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬੀ ਸੀ ਵਿੰਗ ਹੁਸ਼ਿਆਰਪੁਰ ਇੰਜੀ. ਭੁਪਿੰਦਰ ਸਿੰਘ ਮਹਿੰਦੀਪੁਰ ਦੀ ਰਹਿਨੁਮਾਈ ਹੇਠ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਜੀਵ ਤਲਵਾੜ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸੀਨੀਅਰ ਆਗੂਆਂ ਦੀ ਰਹਿਨੁਮਾਈ ਅਤੇ ਵਰਕਰਾਂ ਦਾ ਸਹਿਯੋਗ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ। ਉਹ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾ ਕੇ ਸ਼ਹਿਰੀ ਖੇਤਰ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਸੰਜੀਵ ਤਲਵਾੜ ਨੇ ਕਿਹਾ ਕਿ ਅਕਾਲੀ ਵਰਕਰਾਂ ਦਾ ਪਿਆਰ, ਏਕਤਾ ਅਤੇ ਚੜ੍ਹਦੀ ਕਲਾ ਪਾਰਟੀ ਦੀ ਸਭ ਤੋਂ ਵੱਡੀ ਪੂੰਜੀ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਵਰਕਰਾਂ ਦੀ ਇਕਜੁੱਟ ਮਿਹਨਤ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਦੀ ਮਜ਼ਬੂਤੀ ਅਤੇ ਜਿੱਤ ਲਈ ਅਹਿਮ ਭੂਮਿਕਾ ਨਿਭਾਏਗੀ। ਸਮਾਗਮ ਦੌਰਾਨ ਨੰਬਰਦਾਰ ਤੀਰਥ ਸਿੰਘ ਸਤੌਰ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਐਡਵੋਕੇਟ ਸੂਰਜ ਸਿੰਘ ਬਾਗਪੁਰ, ਜ਼ਿਲ੍ਹਾ ਪ੍ਰਧਾਨ ਆਰ.ਟੀ.ਆਈ. ਸੈੱਲ; ਅੰਕੁਸ਼ ਕੁਮਾਰ, ਹਲਕਾ ਪ੍ਰਧਾਨ ਐਸ.ਸੀ. ਵਿੰਗ ਸ਼ਾਮਚੌਰਾਸੀ; ਸੰਜੀਵ ਥਾਪਰ ਹਲਕਾ ਪ੍ਰਧਾਨ ਐੱਸ ਸੀ ਵਿੰਗ ਹੁਸ਼ਿਆਰਪੁਰ, ਰਜਵੰਤ ਸਿੰਘ ਜੇ ਈ, ਤਰਲੋਚਨ ਸਿੰਘ, ਜਸਵਿੰਦਰ ਸਿੰਘ ਪੰਚ ਮਹਿੰਦੀਪੁਰ, ਮਨੋਰ ਸਿੰਘ ਮਹਿੰਦੀਪੁਰ, ਜਸਵਿੰਦਰ ਸਿੰਘ ਜੱਸੀ ਬਾਗਪੁਰ, ਜੋਗਾ ਸਿੰਘ, ਸੁਰਿੰਦਰ ਸਿੰਘ, ਅਵਤਾਰ ਸਿੰਘ ਬਾਰੂ, ਗੁਰਪਾਲ ਸਿੰਘ ਮਹਿੰਦੀਪੁਰ, ਅਵਤਾਰ ਸਿੰਘ ਪਟਵਾਰੀ ਮਹਿੰਦੀਪੁਰ, ਬਰਿੰਦਰ ਸਿੰਘ, ਕੁਲਵਿੰਦਰ ਸਿੰਘ ਬਿੰਦਰ, ਹਰਕਮਲ ਸਿੰਘ, ਬਲਵਿੰਦਰ ਸਿੰਘ ਬੱਬਲ ਅਤੇ ਲੱਖਵਿੰਦਰ ਸਿੰਘ ਲੱਕੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

## ਲੋੜਵੰਦ ਅੰਗਹੀਣ ਨੂੰ ਭੇਟ ਕੀਤੀ ਵ੍ਹੀਲ ਚੇਅਰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਕੇ ਐੱਲ ਚਾਂਦ ਵੈਲਫੇਅਰ ਟਰੱਸਟ ਯੂ ਕੇ ਦੀ ਪੰਜਾਬ ਇਕਾਈ ਵਲੋਂ ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਦੀ ਅਗਵਾਈ ਹੇਠ ਅੰਗਹੀਣਾਂ ਦੀ ਸੰਭਵ ਸੇਵਾ ਸਹਾਇਤਾ ਦੀ ਲੜੀ ਤਹਿਤ ਫਗਵਾੜਾ ਦੇ ਮੁਹੱਲਾ ਸ਼ਾਮ ਨਗਰ ਦੀ ਗਲੀ ਨੰਬਰ 3 ਵਿਖੇ ਇੱਕ ਲੋੜਵੰਦ ਅੰਗਹੀਣ ਨੂੰ ਉਸ ਦੇ ਘਰ ਪਹੁੰਚ ਕੇ ਵ੍ਹੀਲਚੇਅਰ ਭੇਂਟ ਕੀਤੀ ਗਈ। ਇਸ ਮੌਕੇ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਮੁੱਖ ਮਹਿਮਾਨ ਵਜੋਂ



ਪਹੁੰਚੇ, ਜਦਕਿ ਕੌਂਸਲਰ ਅਮਨਦੀਪ ਕੌਰ, ਸਮਾਜ ਸੇਵਕ ਜਸਵਿੰਦਰ ਢੱਡਾ, ਰਮਨ ਨਹਿਰਾ, ਇੰਦਰਜੀਤ ਸਿੰਘ ਬਸਰਾ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਮਲਕੀਅਤ ਸਿੰਘ ਰਗਬੋਤਰਾ ਨੇ ਟਰੱਸਟ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਪਿਛਲੇ ਕਾਫੀ ਸਾਲਾਂ ਤੋਂ ਅੰਗਹੀਣਾਂ ਨੂੰ ਟਰਾਈਸਾਇਕਲ ਅਤੇ ਵ੍ਹੀਲਚੇਅਰ ਵਰਗੀ ਸਹਾਇਤਾ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ ਜੋ ਕਿ ਕਿਸੇ ਲੋੜਵੰਦ ਦੀ ਰੋਜ਼ਾਨਾ ਜ਼ਿੰਦਗੀ ਨੂੰ ਆਸਾਨ ਬਣਾਉਣ ਦਾ ਵਡਮੁੱਲਾ ਸਾਧਨ ਹੈ। ਕੌਂਸਲਰ ਅਮਨਦੀਪ ਕੌਰ ਨੇ ਵੀ ਟਰੱਸਟ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਮੂਹ ਸਮਾਜ ਨੂੰ ਆਪਣੀ ਸਮਰੱਥਾ ਮੁਤਾਬਕ ਇਸੇ ਤਰ੍ਹਾਂ ਲੋੜਵੰਦਾਂ ਦੀ ਸਹਾਇਤਾ ਲਈ ਉਪਰਾਲੇ ਕਰਨੇ ਚਾਹੀਦੇ ਹਨ। ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਨੇ ਦੱਸਿਆ ਕਿ ਇਸ ਸੇਵਾ ਕਾਰਜ ਵਿੱਚ ਸਰਦਾਰੀ ਲਾਲ ਬੰਗੜ (ਯੂ.ਕੇ.) ਅਤੇ ਮਹਿੰਦਰ ਭੱਟੀ (ਜਰਮਨੀ) ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਉਹਨਾਂ ਭਰੋਸਾ ਦਿੱਤਾ ਕਿ ਟਰੱਸਟ ਵਲੋਂ ਵਿਦੇਸ਼ਾਂ ਵਿੱਚ ਵੱਸਦੇ ਅਤੇ ਇਲਾਕੇ ਨਾਲ ਜੁੜੇ ਦਾਨੀ ਸੱਜਣਾਂ ਦੇ ਸਹਿਯੋਗ ਸਦਕਾ ਲੋੜਵੰਦ ਅੰਗਹੀਣਾਂ ਤੱਕ ਸਹਾਇਤਾ ਪਹੁੰਚਾਉਣ ਦੇ ਕਾਰਜ ਲਗਾਤਾਰ ਜਾਰੀ ਰੱਖੇ ਜਾਣਗੇ।

# ਸੁਲਤਾਨਪੁਰ ਲੋਧੀ 'ਚ ਅਕਾਲੀ ਦਲ ਦੀ ਧੜੇਬੰਦੀ 'ਤੇ ਲੱਗੀ ਬ੍ਰੇਕ

**ਬੂਲੇ ਤੇ ਢਿੱਲੋਂ ਨੇ ਵਰਕਰਾਂ ਨੂੰ ਦਿੱਤਾ ਇਕਜੁੱਟਤਾ ਦਾ ਸੱਦਾ**

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸ਼੍ਰੋਮਣੀ ਅਕਾਲੀ ਦਲ ਦੇ ਦੁਆਬਾ ਪ੍ਰਧਾਨ ਕੁਲਦੀਪ ਸਿੰਘ ਬੂਲੇ ਅਤੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸੁਲਤਾਨਪੁਰ ਲੋਧੀ ਸੁਰਜੀਤ ਸਿੰਘ ਢਿੱਲੋਂ ਨੇ ਹਲਕੇ ਅੰਦਰ ਪਾਰਟੀ ਦੀ ਧੜੇਬੰਦੀ ਨੂੰ ਖ਼ਤਮ ਕਰਕੇ ਸਮੁੱਚੇ ਵਰਕਰਾਂ ਨੂੰ ਇੱਕਜੁੱਟ ਹੋਣ ਦਾ ਸੱਦਾ ਦਿੱਤਾ ਹੈ। ਦੋਵਾਂ ਆਗੂਆਂ ਨੇ ਸਪੱਸ਼ਟ ਕੀਤਾ ਕਿ ਪਾਰਟੀ ਦੀ ਮਜ਼ਬੂਤੀ ਕਿਸੇ ਇੱਕ ਵਿਅਕਤੀ ਜਾਂ ਧੜੇ ਨਾਲ ਨਹੀਂ, ਸਗੋਂ ਸਾਰੇ ਵਰਕਰਾਂ ਦੀ ਇਕਜੁੱਟਤਾ ਨਾਲ ਹੀ ਸੰਭਵ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਕੁਲਦੀਪ ਸਿੰਘ ਬੂਲੇ ਨੇ ਕਿਹਾ ਕਿ ਸੁਲਤਾਨਪੁਰ ਲੋਧੀ ਵਿਧਾਨ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਲਈ ਕਈ ਸਤਿਕਾਰਯੋਗ ਆਗੂ ਚਾਹਵਾਨ ਹਨ ਅਤੇ ਉਹ ਸਾਰੇ ਉਨ੍ਹਾਂ ਦੇ ਸਤਿਕਾਰਯੋਗ ਭਰਾ ਹਨ। ਉਨ੍ਹਾਂ ਕਿਹਾ ਕਿ ਟਿਕਟ ਦੀ ਦੌੜ ਨੂੰ ਲੈ ਕੇ ਜੇਕਰ ਇੱਕ ਵਰਕਰ ਦੂਜੇ ਦੇ ਨਾਲ ਖੜ੍ਹਦਾ ਹੈ ਤਾਂ ਨਾਰਾਜ਼ਗੀ ਪੈਦਾ ਹੁੰਦੀ ਹੈ ਅਤੇ ਇਸ ਨਾਲ ਪਾਰਟੀ ਨੂੰ ਨੁਕਸਾਨ ਹੁੰਦਾ ਹੈ। ਉਨ੍ਹਾਂ ਗਰਾਊਂਡ ਪੱਧਰ ਦੇ ਸਮੁੱਚੇ ਅਕਾਲੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵਿਸ਼ੇਸ਼ ਵਿਅਕਤੀ ਜਾਂ ਧੜੇ ਦਾ ਹਿੱਸਾ ਬਣਨ ਦੀ ਬਜਾਏ ਪਾਰਟੀ ਦੇ ਸਾਂਝੇ ਝੰਡੇ ਹੇਠ ਇਕੱਠੇ ਹੋਣ। ਬੂਲੇ ਨੇ ਕਿਹਾ ਕਿ ਉਹ ਖੁਦ ਕਿਸੇ ਵਿਸ਼ੇਸ਼ ਵਿਅਕਤੀ ਦੇ ਪੱਖ ਵਿੱਚ ਨਹੀਂ ਹਨ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਹਾਈਕਮਾਂਡ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੁਲਤਾਨਪੁਰ ਲੋਧੀ ਲਈ ਜੋ ਵੀ ਫ਼ੈਸਲਾ ਲਿਆ ਜਾਵੇਗਾ, ਉਹ ਉਸ ਨੂੰ ਪੂਰੀ ਤਰ੍ਹਾਂ ਪ੍ਰਵਾਨ ਕਰਨਗੇ। ਕੁਲਦੀਪ ਸਿੰਘ ਬੂਲੇ ਨੇ ਕਿਹਾ ਕਿ ਪਾਰਟੀ ਦੇ ਸਾਂਝੇ ਕੰਮ ਲਈ ਜੇਕਰ ਕਿਸੇ ਆਗੂ ਵੱਲੋਂ ਅੱਧੀ ਰਾਤ ਨੂੰ ਵੀ ਟੈਲੀਫੋਨ ਕਰਕੇ ਮੀਟਿੰਗ, ਧਰਨਾ ਜਾਂ ਰੈਲੀ ਸਬੰਧੀ ਸੱਦਾ ਦਿੱਤਾ ਜਾਂਦਾ ਹੈ ਤਾਂ ਉਹ ਅਤੇ ਉਨ੍ਹਾਂ ਦੇ ਸਾਥੀ ਹਰ ਸਮੇਂ ਹਾਜ਼ਰ ਰਹਿਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਅਕਾਲੀ ਵਰਕਰ ਜਾਂ ਆਗੂ 'ਤੇ ਮੁਸ਼ਕਲ ਸਮਾਂ ਆਉਂਦਾ ਹੈ ਤਾਂ ਉਸ ਦੀ ਮਦਦ ਲਈ ਵੀ ਉਹ ਹਮੇਸ਼ਾ ਤਤਪਰ ਰਹਿਣਗੇ।



# ਜੈਤਪੁਰ 'ਚ ਅੱਖਾਂ ਤੇ ਜਨਰਲ ਮਰੀਜ਼ਾਂ ਦਾ ਚੈੱਕਅਪ ਕੈਂਪ

**ਮਾਹਿਲਪੁਰ (ਸਫ਼ਰੀ)**- ਬਲਾਕ ਮਾਹਿਲਪੁਰ ਦੇ ਪਿੰਡ ਜੈਤਪੁਰ ਵਿਖੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ ਤੇ ਐਸ ਐਮ ਓ ਡਾ ਜਸਵੰਤ ਸਿੰਘ ਥਿੰਦ ਦੀ ਅਗਵਾਈ ਹੇਠ ਸਰਜਨ ਡਾ ਬਲਜਿੰਦਰ



ਕੁਮਾਰ ਅਤੇ ਅਪਥਾਲਮਿਕ ਅਫਸਰ ਡਾ.ਪਰਮਿੰਦਰ ਸਿੰਘ ਨੇ ਕੈਂਪ ਲਗਾਇਆ। ਜਿਸ ਵਿੱਚ ਵਿਸ਼ੇਸ਼ ਤੌਰ ਤੇ ਹਲਕਾ ਵਿਧਾਇਕ ਚੱਬੇਵਾਲ ਡਾਕਟਰ ਇਸ਼ਾਕ ਕੁਮਾਰ ਸ਼ਾਮਲ ਹੋਏ।ਇਸ ਮੌਕੇ 203 ਮਰੀਜ਼ਾ ਦਾ ਚੈਕਅੱਪ ਕੀਤਾ ਗਿਆ ਜਿਸ ਵਿਚ 40ਤੋਂ 60ਸਾਲ ਦੇ ਉਮਰ ਵਾਲੇ ਅੱਖਾਂ ਦੇ ਨਜ਼ਰ ਕਮਜੋਰ ਮਰੀਜ਼ਾ ਨੂੰ ਡਾ ਇਸ਼ਾਂਕ ਕੁਮਾਰ ਨੇ ਐਨਕਾ ਵੰਡੀਆਂ ਤੇ 21 ਨਜ਼ਰ ਕਮਜ਼ੋਰ ਚਿੱਟੇ ਮੋਤੀਏ ਵਾਲੇ ਮਰੀਜ਼ਾਂ ਨੂੰ ਰੈਫਰ ਕੀਤਾ ਗਿਆ। ਇਸ ਮੌਕੇ ਅਪਥਾਲਮਿਕ ਅਫਸਰ ਪਰਮਿੰਦਰ ਸਿੰਘ ਨੇ ਅੱਖਾਂ ਨੂੰ ਲੱਗਣ ਵਾਲੀਆ ਬਿਮਾਰੀਆਂ ਉਨ੍ਹਾਂ ਦੀ ਸਾਂਭ ਸੰਭਾਲ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿਤੀ।ਇਸ ਮੌਕੇ ਡਾ. ਬਲਜਿੰਦਰ ਕੁਮਾਰ ਸਰਜਨ ਨੇ ਹਰਨੀਆ, ਗੁਰਦੇ ਦੀਆ ਪੱਥਰੀਆ ਅਤੇ ਗਾਲਬਲੈਡਰ ਵਾਲੇ ਮਰੀਜਾ ਨੂੰ ਮਾਹਿਲਪੁਰ ਹਸਪਤਾਲ ਰੈਫਰ ਕੀਤਾ ਜਿੱਥੇ ਮਰੀਜਾ ਦੇ ਮੁਫਤ ਅਪ੍ਰੇਸ਼ਨ ਕੀਤੇ ਜਾਣਗੇ। ਇਸ ਮੌਕੇ ਸੌ ਤੋ ਵੱਧ ਮਰੀਜ਼ਾ ਦੀ ਸ਼ੂਗਰ, ਖੂਨ ਦੀ ਮਾਤਰਾ ਚੈਕ ਕੀਤੀ।ਇਸ ਮੌਕੇ ਸਰਵਣ ਸਿੰਘ, ਗਗਨਦੀਪ ਸਿੰਘ, ਅਮਨਜੋਤ ਸਿੰਘ ਜਸਕਰਨ ਸਿੰਘ, ਸਰਬਜੀਤ ਕੌਰ, ਜੋਤੀ, ਰਿਤਿਕਾ, ਗੁਰਬੰਤ ਸਿੰਘ, ਸਰਪੰਚ ਬਲਜੀਤ ਕੌਰ, ਸਰਬਜੀਤ ਸਿੰਘ, ਬਲਜਿੰਦਰ ਸਿੰਘ, ਬਲਵੀਰ ਸਿੰਘ, ਅਵਤਾਰ ਸਿੰਘ, ਪਰਮਜੀਤ ਸਿੰਘ, ਮਨਜੀਤ ਸਿੰਘ, ਅਵਤਾਰ ਸਿੰਘ ਰਾਜਿੰਦਰ ਕੁਮਾਰ, ਜੀਵਨ ਕਪੂਰ ਅਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਅੱਖਾਂ ਦਾਨ ਕਰਨ ਦਾ ਸੰਕਲਪ ਲਓ : ਡਾ. ਸੰਗੀਤਾ ਜੈਨ

**ਮੋਹਾਲੀ (ਗੁਰਜੀਤ ਬਿੱਲਾ)**- ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਆਖਿਆ ਕਿ ਉਹ ਅੱਖਾਂ ਦੇ ਦਾਨ ਦੀ ਮੁਹਿੰਮ ਵਿਚ ਅੱਗੇ ਹੋ ਕੇ ਯੋਗਦਾਨ ਪਾਉਣ ਅਤੇ ਅਪਣੇ ਪਰਵਾਰਕ ਜੀਆਂ, ਰਿਸ਼ਤੇਦਾਰਾਂ, ਦੋਸਤਾਂ ਨੂੰ ਵੀ ਇਸ ਨੇਕ ਕੰਮ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਮੌਤ ਤੋਂ ਬਾਅਦ ਅੱਖਾਂ ਦਾਨ ਕਰ ਕੇ ਕਿਸੇ ਹੋਰ ਦੀ ਦੁਨੀਆਂ ਨੂੰ ਰੌਸ਼ਨ ਕੀਤਾ ਜਾ ਸਕਦਾ ਹੈ।ਜ਼ਿਕਰਯੋਗ ਹੈ ਕਿ ਜ਼ਿਲ੍ਹਾ ਸਿਹਤ ਵਿਭਾਗ ਵਲੋਂ 41ਵਾਂ ਕੌਮੀ ਅੱਖਾਂ ਦਾਨ ਪੰਦਰਵਾੜਾ 25 ਅਗੱਸਤ ਤੋਂ 8 ਸਤੰਬਰ ਤਕ ਮਨਾਇਆ ਜਾ ਰਿਹਾ ਹੈ। ਇਸ ਪੰਦਰਵਾੜੇ ਦਾ ਮੁੱਖ ਉਦੇਸ਼ ਲੋਕਾਂ ਨੂੰ ਅੱਖਾਂ ਦੇ ਦਾਨ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ।

ਡਾ. ਜੈਨ ਨੇ ਕਿਹਾ ਕਿ ਅੱਖਾਂ ਦਾ ਦਾਨ ਮਨੁੱਖਤਾ ਦੀ ਭਲਾਈ ਦਾ ਕਾਰਜ ਹੈ ਅਤੇ ਹਰ ਕਿਸੇ ਨੂੰ ਫ਼ਾਰਮ ਭਰ ਕੇ ਅੱਖਾਂ ਦਾਨ ਕਰਨ ਦਾ ਤਹਈਆ ਕਰਨਾ ਚਾਹੀਦਾ ਹੈ ਤਾਂ ਕਿ ਮਰਨ ਉਪਰੰਤ ਅੱਖਾਂ ਕੱਢ ਕੇ ਕਿਸੇ ਨੇਤਰਹੀਣ ਵਿਅਕਤੀਆਂ ਨੂੰ ਲਾਈਆਂ ਜਾ ਸਕਣ। ਜ਼ਿਕਰਯੋਗ ਹੈ ਕਿ ਪੰਦਰਵਾੜੇ ਦੌਰਾਨ ਲੋਕਾਂ ਨੂੰ ਪ੍ਰੇਰਿਤ ਕਰ ਕੇ ਅੱਖਾਂ ਦਾਨ ਕਰਨ ਸਬੰਧੀ ਸਹਿਮਤੀ ਫ਼ਾਰਮ ਭਰਵਾਏ ਜਾ ਰਹੇ ਹਨ। ਇਹ ਫ਼ਾਰਮ ਸਰਕਾਰੀ ਸਿਹਤ ਸੰਸਥਾਵਾਂ ਵਿਚ ਉਪਲਬਧ ਹਨ ਅਤੇ ਕੋਈ ਵੀ ਚਾਹਵਾਨ ਵਿਅਕਤੀ ਉਥੇ ਜਾ ਕੇ ਫ਼ਾਰਮ ਭਰ ਸਕਦਾ ਹੈ।

ਅੱਖਾਂ ਦਾਨ ਕਰਨ ਦਾ ਫ਼ੈਸਲਾ ਮੌਤ ਤੋਂ ਪਹਿਲਾਂ ਕੀਤਾ ਜਾ ਸਕਦਾ ਹੈ ਅਤੇ ਅੱਖਾਂ ਦਾ ਦਾਨ ਕੇਵਲ ਮੌਤ ਤੋਂ ਬਾਅਦ ਹੀ ਹੁੰਦਾ ਹੈ। ਅੱਖਾਂ ਦਾਨ ਕਰਨ ਲਈ ਫ਼ਾਰਮ ਭਰਿਆ ਜਾਂਦਾ ਹੈ। ਮੌਤ ਤੋਂ 6 ਤੋਂ 8 ਘੰਟਿਆਂ ਦੇ ਅੰਦਰ ਅੱਖਾਂ ਦਾਨ ਹੋਣੀਆਂ ਚਾਹੀਦੀਆਂ ਹਨ। ਕਿਸੇ ਵੀ ਉਮਰ ਦਾ ਵਿਅਕਤੀ ਅੱਖਾਂ ਦਾਨ ਕਰ ਸਕਦਾ ਹੈ ਚਾਹੇ ਉਸ ਦੇ ਐਨਕਾਂ ਲੱਗੀਆਂ ਹੋਣ, ਅੱਖਾਂ ਦਾ ਆਪਰੇਸ਼ਨ ਹੋਇਆ ਹੋਵੇ, ਲੈਨਜ਼ ਪਏ ਹੋਣ।

## ਹਰਿਆਣਾ ਨੇ ਜਲ ਸੋਧ ਐਕਟ 2024 ਨੂੰ ਅਪਣਾਇਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਵਾਤਾਵਰਣ ਨਾਲ ਜੁੜੇ ਕੰਮਕਾਜ ਨੂੰ ਬਿਹਤਰ ਬਣਾਉਣ ਅਤੇ ਈਜ਼ ਆਫ਼ ਡੂਇੰਗ ਬਿਜ਼ਨਸ (ਕਾਰੋਬਾਰ ਵਿੱਚ ਆਸਾਨੀ) ਨੂੰ ਉਤਸ਼ਾਹਤ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਦਿਆਂ, ਹਰਿਆਣਾ ਰਾਜ ਨੇ ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਸੋਧ ਐਕਟ, 2024 ਨੂੰ ਅਪਣਾ ਲਿਆ ਹੈ। ਇਸ ਦੇ ਨਾਲ ਹੀ, ਰਾਜ ਵਿੱਚ ਲਾਗੂ ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਐਕਟ 1974 ਵਿੱਚ ਕੀਤੇ ਗਏ ਸੋਧਾਂ ਨੂੰ ਪ੍ਰਭਾਵਸ਼ਾਲੀ ਬਣਾ ਦਿੱਤਾ ਗਿਆ ਹੈ।ਜਾਣੂ ਕਰਵਾਇਆ ਜਾਂਦਾ ਹੈ ਕਿ ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਐਕਟ, 1974 ਨੂੰ ਜਲ ਪ੍ਰਦੂਸ਼ਣ ਨੂੰ ਰੋਕਣ ਅਤੇ ਕੰਟਰੋਲ ਕਰਨ, ਅਤੇ ਪਾਣੀ ਦੀ ਸ਼ੁੱਧਤਾ ਬਰਕਰਾਰ ਰੱਖਣ ਜਾਂ ਇਸ ਨੂੰ ਬਹਾਲ ਕਰਨ ਦੇ ਮਕਸਦ ਨਾਲ ਲਾਗੂ ਕੀਤਾ ਗਿਆ ਸੀ।ਜਲ (ਪ੍ਰਦੂਸ਼ਣ ਨਿਵਾਰਣ ਅਤੇ ਕੰਟਰੋਲ) ਸੋਧ ਐਕਟ, 2024 ਕਈ ਮਹੱਤਵਪੂਰਨ ਸੁਧਾਰ ਲਿਆਉਂਦਾ ਹੈ।

## ਅਜਮੇਰ ਸਿੰਘ ਸਮਰਾ ਨੂੰ ਸ਼ਰਧਾਂਜਲੀ ਕੀਤੀ ਭੇਟ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸੀ ਪੀ ਆਈ ਐਮ ਐਲ ਨਿਉਡੈਮੋਕਰੇਸੀ ਦੇ ਸੈਂਟਰ ਕਮੇਟੀ ਦੇ ਆਗੂ ਕਾਮਰੇਡ ਅਜਮੇਰ ਸਿੰਘ ਸਮਰਾ ਨੂੰ ਉਨ੍ਹਾਂ ਦੇ ਜੱਦੀ ਪਿੰਡ ਸਮਰਾਵਾ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ। ਇਸ ਤੋਂ ਪਹਿਲਾਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਤੇ ਅਜਮੇਰ ਸਿੰਘ ਸਮਰਾ ਦੀ ਧਰਮਪਤਨੀ ਨਿਰਮਲ ਕੌਰ ਸਮਰਾ, ਕੁਲਵਿੰਦਰ ਸਿੰਘ ਵੜੈਚ, ਤਰਸੇਮ ਪੀਟਰ, ਕਸ਼ਮੀਰ ਸਿੰਘ ਘੁੱਗਸ਼ੋਰ, ਜਸਵਿੰਦਰ ਸਿੰਘ ਭੋਗਲ, ਹੰਸ ਰਾਜ ਪੱਬਵਾ, ਬਲਵੀਰ ਸਿੰਘ ਚੀਮਾ, ਤੀਰਥ ਸਿੰਘ ਬਾਸੀ, ਕੁਲਦੀਪ ਸਿੰਘ ਭੰਗਾਲਾ, ਸੁਰਜੀਤ ਸਿੰਘ ਸਮਰਾ, ਚੰਨਣ ਸਿੰਘ ਬੁੱਟਰ, ਕੁਲਵੰਤ ਕੌਰ ਪੱਬਵਾ, ਤੇਜਦੀਪ ਸਿੰਘ ਪੱਬਵਾ, ਜੁਗਿੰਦਰਪਾਲ, ਦਰਸਨਪਾਲ ਸਿੰਘ ਬੁੰਡਾਲਾ, ਮੰਗਲਜੀਤ ਪੰਡੋਰੀ, ਰਮਨਦੀਪ ਕੌਰ ਪੰਡੋਰੀ ਆਦਿ ਸਾਥੀਆ ਨੇ ਅਜਮੇਰ ਸਿੰਘ ਸਮਰਾ ਨੂੰ ਅੰਤਿਮ ਸ਼ਰਧਾਂਜਲੀ ਦਿੱਤੀ।



# ਸਾਲਾਨਾ ਬਰਸੀ ਸਮਾਗਮ ਸ਼ਰਧਾ ਨਾਲ ਮਨਾਇਆ

**ਆਦਮਪੁਰ, (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਦੇ ਨਜ਼ਦੀਕੀ ਪਿੰਡ ਪੰਡੋਰੀ ਨਿੱਝਰਾਂ ਵਿਖੇ ਬਾਪੂ ਗੰਗਾ ਦਾਸ ਜੀ ਤੇ ਬਾਪੂ ਕੁੰਭ ਦਾਸ ਦੀ 11ਵੀ ਬਰਸੀ ਦਾ ਧਾਰਮਿਕ ਸਮਾਗਮ , ਮੁਕੱਦਸ ਦਰਬਾਰ ਨਗੀਨਾ ਧਾਮ ਵਿਖੇ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ। ਮੁੱਖ ਸੇਵਾਦਾਰ ਤਰਲੋਚਨ ਬੱਧਣ ਦੀ ਅਗਵਾਈ ਹੇਠ ਕਰਵਾਏ ਇਸ ਸਮਾਗਮ ਵਿੱਚ ਸੰਤ, ਮਹਾਂਪੁਰਖਾਂ ਅਤੇ ਫਕੀਰਾਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਮੇਲੇ ਦਾ ਖੂਬਸੂਰਤ ਆਗਾਜ਼ ਪ੍ਰਸਿੱਧ ਕਵਾਲ ਸ਼ੌਕਤ ਦੀਵਾਨਾ ਮਲੇਰਕੋਟਲੇ ਵਾਲਿਆਂ ਨੇ ਇਸ਼ਕ ਹਕੀਕੀ ਕਵਾਲੀਆਂ ਨਾਲ ਕੀਤਾ। ਬਾਅਦ ਵਿੱਚ ਰਿਦਮ ਮਾਸਟਰ ਬੂਆ ਦਾਸ ਦੇ ਸੰਗੀਤ ਗਰੁੱਪ ਲੱਗਣ ਤੇ ਮੇਲਿਆਂ ਦੇ ਬਾਦਸ਼ਾਹ ਦਲਵਿੰਦਰ ਦਿਆਲਪੁਰੀ ਨੇ ਆਪਣੇ ਹਿੱਟ ਗੀਤ ਗਾ ਕੇ ਚੰਗਾ ਰੰਗ ਬੰਨ੍ਹਿਆ। ਬਾਅਦ ਵਿੱਚ ਗਾਇਕ ਰਵੀ ਰੰਗੀਲਾ, ਦਲਬੀਰ ਸਾਰੋਬਾਦ, ਬਲਬੀਰ ਨਰੰਗਪੁਰੀ, ਗੁਰਮਿੰਦਰ ਗੋਲਡੀ ਹਰਜੀਤ ਹਨੀ ਅਤੇ ਪਰਮਜੀਤ ਬਿਲਾ, ਬਿੰਦਰ ਕਰਤਾਰਪੁਰੀ , ਸੁੱਖਾਂ ਹਰੀਪੁਰੀਆ ਨੇ ਹਾਜ਼ਰੀ ਭਰੀ। ਗੀਤਕਾਰ ਤੇ ਮੰਚ ਸੰਚਾਲਕ ਬਲਦੇਵ ਰਾਹੀ ਨੇ ਮੇਲਿਆਂ ਦੇ ਪ੍ਰਮੋਟਰ, ਗੀਤਕਾਰ ਤੇ ਵਣ ਵਿਭਾਗ ਦੇ ਅਧਿਕਾਰੀ ਸੂਬਾ ਉਦੇਸੀਆਂ, ਲੰਬੜ ਮਲਕੋ ਤਰਾੜ ਅਤੇ ਲੁਭਾਇਆ ਵਡਾਲਾ ਪਿੰਡ ਦੇ ਸਰਪੰਚ ਸਾਹਿਬ ਦਾ ਵਿਸ਼ੇਸ਼ ਸਨਮਾਨ ਲਈ ਉਨ੍ਹਾਂ ਨੂੰ ਮੰਚ ਤੇ ਸੱਦਾ ਦਿੱਤਾ। ਪਿੰਡ ਪੰਡੋਰੀ ਨਿੱਝਰਾਂ ਦੇ ਹੀ ਪ੍ਰਸਿੱਧ ਸਟੇਜ ਸਕੱਤਰ ਮਾਸਟਰ ਦਰਸ਼ਨ ਸਿੰਘ ਦਰਸ਼ੀ ਨੇ ਇੰਟਰਨੈਸ਼ਨਲ ਗਾਇਕ ਮਾਸ਼ਾ ਅਲੀ ਨੂੰ ਗਾਉਣ ਸਟੇਜ ਤੇ ਬੁਲਾਇਆ। ਮਾਸ਼ਾ ਅਲੀ ਨੇ ਅੱਤ ਗਰਮੀ ਵਿੱਚ ਪੂਰੀ ਤਨਦੇਹੀ ਨਾਲ ਫਕੀਰਾਂ ਦੀ ਮਨਪਸੰਦੀਦਾ ਸੂਫ਼ੀ ਗੀਤ ਗਾ ਕੇ ਮੇਲਾ ਲੁੱਟ ਲਿਆ। ਇਸ ਮੌਕੇ ਜਲੰਧਰ ਦੇ ਇਕ ਸਥਾਨਕ ਹਸਪਤਾਲ ਦੀ ਟੀਮ ਨੇ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ। ਸਨਮਾਨਿਤ ਸ਼ਖ਼ਸੀਅਤਾਂ ਦੇ ਸਨਮਾਨ ਤੋਂ ਇਲਾਵਾ ਅਤੁੱਟ ਲੰਗਰ ਵਰਤਾਇਆ ਗਿਆ।



# ਮੀਰੀ ਪੀਰੀ ਖਾਲਸਾ ਮਾਰਚ ਦੇ ਸਵਾਗਤ ਲਈ ਸੰਗਤਾਂ ਅੱਜ ਤਖ਼ਤ ਕੇਸਗੜ੍ਹ ਸਾਹਿਬ ਪੁੱਜਣ : ਭਾਈ ਚਾਵਲਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਮੀਰੀ-ਪੀਰੀ ਦਿਵਸ ਨੂੰ ਸਮਰਪਿਤ ਕੱਢਿਆ ਜਾ ਰਿਹਾ 'ਮੀਰੀ ਪੀਰੀ ਖਾਲਸਾ ਮਾਰਚ' 4 ਸਤੰਬਰ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪਹੁੰਚ ਰਿਹਾ ਹੈ।



ਇਸ ਮਾਰਚ ਦੇ ਸਵਾਗਤ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਵੱਲੋਂ ਨਜ਼ਦੀਕੀ ਪਿੰਡ ਬੱਢਲ ਵਿਖੇ ਇਲਾਕੇ ਦੀਆਂ ਸੰਗਤਾਂ ਨਾਲ ਇੱਕ ਪ੍ਰਭਾਵਸ਼ਾਲੀ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦਿਆਂ ਭਾਈ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖ਼ਸ਼ਿਸ਼ ਕੀਤਾ ਮੀਰੀ-ਪੀਰੀ ਦਾ ਸਿਧਾਂਤ ਸਿੱਖ ਕੌਮ ਲਈ ਭਗਤੀ ਅਤੇ ਸ਼ਕਤੀ ਦਾ ਸੁਮੇਲ ਹੈ, ਜੋ ਸਾਨੂੰ ਜੁਲਮ ਵਿਰੁੱਧ ਡਟਣ ਅਤੇ ਰੂਹਾਨੀਅਤ ਨਾਲ ਜੁੜਨ ਦਾ ਸੰਦੇਸ਼ ਦਿੰਦਾ ਹੈ।

ਉਨ੍ਹਾਂ ਕਿਹਾ ਕਿ ਅਜਿਹੇ ਖਾਲਸਾ ਮਾਰਚ ਨੌਜਵਾਨ ਪੀੜ੍ਹੀ ਨੂੰ ਆਪਣੇ ਗੌਰਵਮਈ ਵਿਰਸੇ ਅਤੇ ਇਤਿਹਾਸ ਨਾਲ ਜੋੜਨ ਲਈ ਅਹਿਮ ਯੋਗਦਾਨ ਪਾਉਂਦੇ ਹਨ। ਭਾਈ ਚਾਵਲਾ ਨੇ ਇਲਾਕੇ ਦੀਆਂ ਸਮੂਹ ਧਾਰਮਿਕ, ਸਮਾਜਿਕ ਸਭਾਵਾਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 4 ਸਤੰਬਰ ਨੂੰ ਸ਼ਾਮ 5 ਵਜੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਹੁਮ-ਹੁਮਾ ਕੇ ਪਹੁੰਚਣ ਅਤੇ ਇਸ ਅਲੌਕਿਕ ਮਾਰਚ ਦਾ ਨਿੱਘਾ ਤੇ ਸ਼ਾਨਦਾਰ ਸਵਾਗਤ ਕਰਨ।ਇਸ ਮੌਕੇ ਹਾਜ਼ਰ ਇਲਾਕਾ ਨਿਵਾਸੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਨੇ ਮਾਰਚ ਦੇ ਸਵਾਗਤ ਲਈ ਪੂਰਨ ਉਤਸ਼ਾਹ ਦਿਖਾਇਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਰਸਤੇ ਵਿੱਚ ਮਾਰਚ ਦਾ ਸਵਾਗਤ ਕਰਨ ਲਈ ਵੱਖ-ਵੱਖ ਥਾਵਾਂ 'ਤੇ ਠੰਡੇ-ਮਿੱਠੇ ਜਲ ਅਤੇ ਲੰਗਰਾਂ ਦੇ ਖਾਸ ਪ੍ਰਬੰਧ ਕੀਤੇ ਜਾਣਗੇ। ਸੰਗਤਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਰਿਵਾਰਾਂ ਸਮੇਤ ਕੇਸਰੀ ਨਿਸ਼ਾਨ ਸਾਹਿਬਾਨ ਦੀ ਛਤਰ-ਛਾਇਆ ਹੇਠ ਪਹੁੰਚ ਕੇ ਸ਼ਰਧਾ ਦਾ ਪ੍ਰਗਟਾਵਾ ਕਰਨਗੀਆਂ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਹਰੀਵਾਲ ,ਪੀ ਏ ਸੀ ਮੈਂਬਰ ਸ਼੍ਰੋਮਣੀ ਅਕਾਲੀ ਦਲ ਸੁਰਿੰਦਰ ਸਿੰਘ ਮਟੋਰ ,ਗੁਰਨਾਮ ਸਿੰਘ ਮਟੋਰ, ਹਰਦੇਵ ਸਿੰਘ ਦੇਬੀ, ਡਾਕਟਰ ਗੁਲਜ਼ਾਰ ਸਿੰਘ ਗੱਜਪੁਰ, ਬਲਦੇਵ ਸਿੰਘ ਨਿੱਕੂਵਾਲ, ਸਾਬਕਾ ਸਰਪੰਚ ਕਰਮਜੀਤ ਸਿੰਘ ਬੱਢਲ, ਦਰਸ਼ਨ ਸਿੰਘ ਪੰਚ ਮਟੋਰ, ਹਰਮਿੰਦਰ ਸਿੰਘ ਪੰਚ ਮਟੋਰ, ਮਾਸਟਰ ਹਰੀਸ਼ਚੰਦਰ ਨਿੱਕੂਵਾਲ , ਰਾਮਪਾਲ ਸਿੰਘ, ਹਰਪਾਲ ਸਿੰਘ ਸਰਪੰਚ ਗੱਜਪੁਰ, ਕਰਮ ਸਿੰਘ ਸਾਬਕਾ ਸਰਪੰਚ ਗੱਜਪੁਰ, ਭੁਪਿੰਦਰ ਸਿੰਘ ਸ਼ਾਹਪੁਰ, ਮੇਅਰ ਸਿੰਘ ਨਿੱਕੂਵਾਲ,ਬੀਬੀ ਹਰਦੀਪ ਕੌਰ ਕੋਟਲਾ, ਸੁਰਜੀਤ ਕੌਰ ਨਿੱਕੂਵਾਲ, ਗੁਰਮੀਤ ਕੌਰ ਕੋਟਲਾ, ਆਦਿ ਹਾਜ਼ਰ ਸਨ ।

# ਸ਼ੋਭਾ ਯਾਤਰਾ ਦੌਰਾਨ ਸਾਹਿਲ ਵੋਹਰਾ ਸਨਮਾਨਤ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਾਵਨ ਤਿਉਹਾਰ ਮੌਕੇ ਫਗਵਾੜਾ ਸ਼ਹਿਰ ਵਿੱਚ ਸ਼ਰਧਾ ਅਤੇ ਉਤਸ਼ਾਹ ਨਾਲ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਸ਼ੋਭਾ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕਰਕੇ ਭਗਵਾਨ ਕ੍ਰਿਸ਼ਨ ਪ੍ਰਤੀ ਆਪਣੀ ਆਸਥਾ ਦਾ ਪ੍ਰਗਟਾਵਾ ਕੀਤਾ। ਪੂਰਾ ਸ਼ਹਿਰ ਸ੍ਰੀ ਕ੍ਰਿਸ਼ਨ ਦੇ ਜੈਕਾਰਿਆਂ ਨਾਲ ਗੂੰਜਦਾ ਰਿਹਾ ਅਤੇ ਰਸਤੇ ਵਿੱਚ ਵੱਖ-ਵੱਖ ਥਾਵਾਂ 'ਤੇ ਸ਼ੋਭਾ ਯਾਤਰਾ ਦਾ ਸ਼ਰਧਾਲੂਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਸ਼ੋਭਾ ਯਾਤਰਾ ਦੌਰਾਨ ਭਗਵਾਨ ਸ੍ਰੀ ਕ੍ਰਿਸ਼ਨ ਨਾਲ ਸਬੰਧਤ ਸੁੰਦਰ ਝਾਕੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ।

ਸ਼ਰਧਾਲੂਆਂ ਵੱਲੋਂ ਝਾਕੀਆਂ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। ਭਜਨ-ਕੀਰਤਨ ਅਤੇ ਧਾਰਮਿਕ ਗੀਤਾਂ ਨਾਲ ਪੂਰਾ ਮਾਹੌਲ ਭਗਤੀਮਈ ਬਣਿਆ ਰਿਹਾ। ਇਸ ਮੌਕੇ ਬਲਾਕ ਯੂਥ ਕਾਂਗਰਸ ਫਗਵਾੜਾ ਦੇ ਪ੍ਰਧਾਨ ਸਾਹਿਲ ਵੋਹਰਾ ਨੂੰ ਉਨ੍ਹਾਂ ਦੀਆਂ ਸਮਾਜਿਕ ਗਤੀਵਿਧੀਆਂ ਅਤੇ ਨੌਜਵਾਨਾਂ ਵਿੱਚ ਸਰਗਰਮ ਭੂਮਿਕਾ ਲਈ ਸਨਮਾਨਤ ਕੀਤਾ ਗਿਆ। ਉਨ੍ਹਾਂ ਨੂੰ ਇੰਦਰਜੀਤ ਕਰਵਲ, ਰਜਨੀਸ਼ ਪਸਰੀਚਾ, ਗੁਰਦੀਪ ਕੰਗ ਅਤੇ ਹੋਰ ਪਤਵੰਤੇ ਸੱਜਣਾਂ ਵੱਲੋਂ ਸਨਮਾਨਿਤ ਕੀਤਾ ਗਿਆ।ਸਨਮਾਨ ਪ੍ਰਾਪਤ ਕਰਨ ਉਪਰੰਤ ਸਾਹਿਲ ਵੋਹਰਾ ਨੇ ਪ੍ਰਬੰਧਕਾਂ ਅਤੇ ਸਾਰੇ ਸਨਮਾਨਿਤ ਵਿਅਕਤੀਆਂ ਦਾ ਧੰਨਵਾਦ ਕੀਤਾ।



## ਮੁਕਤਸਰ 'ਚ ਦਮ ਤੋੜ ਰਹੀ ਹੈ ਸਰਕਾਰ ਦੀ ਸਫਾਈ ਮੁਹਿੰਮ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਸਫਾਈ ਮੁਹਿੰਮ ਚਾਲ੍ਹੀ ਮੁਕਤਿਆਂ ਦੇ ਪਵਿੱਤਰ ਸ਼ਹਿਰ 'ਚ ਆ ਕੇ ਦਮ ਤੋੜ ਰਹੀ ਹੈ। ਸਫਾਈ ਕਰਨ ਵਾਲੇ ਹੀ ਗੰਦਗੀ ਫੈਲਾ ਰਹੇ ਹਨ। ਇਸ ਦੇ ਨਾਲ ਹੀ ਸਰਕਾਰ ਵੱਲੋਂ ਲੱਖਾਂ ਰੁਪਏ ਲਾ ਕੇ ਚਾਲੂ ਕੀਤੇ ਕੂੜਾ ਚੁੱਕਣਵਾਲੇ ਵਾਹਨਾਂ ਦੇ ਬਾਵਜੂਦ ਸ਼ਹਿਰ ਦੇ ਇਕੋ-ਇਕ ਪਾਰਕ 'ਗੁਰੂ ਗੋਬਿੰਦ ਸਿੰਘ ਪਾਰਕ', ਸਰਕਾਰੀ ਸਕੂਲ (ਲੜਕੇ) ਅਤੇ ਜ਼ਿਲ੍ਹਾ ਸਿੱਖਿਆ ਦਫਤਰ ਦੇ ਵਿਚਕਾਰ ਲੱਗੇ ਕੂੜੇ ਦੇ ਢੇਰਾਂ ਕਰਕੇ ਰਾਹਗੀਰਾਂ, ਸੈਰ ਕਰਨ ਵਾਲਿਆਂ, ਵਿਦਿਆਰਥੀਆਂ ਅਤੇ ਸਥਾਨਕ ਲੋਕਾਂ ਦਾ ਜਿਉਣਾ ਦੁੱਭਰ ਹੋਇਆ ਪਿਆ ਹੈ।ਇਸ ਗੰਦਗੀ ਵਿੱਚ ਵਾਧਾ ਕਰਨ ਵਾਸਤੇ ਇਥੇ ਇਕ ਖੁੱਲਾ ਪਿਸ਼ਾਬ ਘਰ ਵੀ ਬਣਿਆ ਹੋਇਆ ਹੈ।ਇਸ ਪਿਸ਼ਾਬਘਰ ਦੀਆਂ ਪਾਇਪਾਂ ਬੰਦ ਹੋਣ ਕਰਕੇ ਇਸ ਦਾ ਗੰਦਾ ਪਾਣੀ ਸੜਕ ਉਪਰ ਆ ਜਾਂਦਾ ਹੈ।ਇਸ ਕੂੜੇ ਦੇ ਢੇਰ ਉਪਰ ਕੁੱਤੇ ਅਤੇ ਅਵਾਰਾ ਪਸ਼ੂ ਫਿਰਦੇ ਰਹਿੰਦੇ ਹਨ ਜਿਨ੍ਹਾਂ ਪਾਸੋਂ ਮਨੁੱਖੀ ਜਾਨਾਂ ਦਾ ਖਤਰਾ ਬਣਿਆ ਰਹਿੰਦਾ ਹੈ।ਸਿੱਤਮ ਦੀ ਗੱਲ ਹੈ ਕਿ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਵਰੁਣ ਸਹੋਤਾ ਵੱਲੋਂ ਇਥੇ ਕੂੜਾ ਸਿੱਟਣ ਦੀ ਸਖਤ ਮਨਾਹੀ ਕੀਤੀ ਹੋਈ ਹੈ ਪਰ ਫਿਰ ਵੀ ਕੌਂਸਲ ਦੇ ਸਫਾਈ ਕਰਮਚਾਰੀ, ਮੀਟ ਦੀਆਂ ਦੁਕਾਨਾਂ ਵਾਲੇ, ਹੋਟਲਾਂ-ਢਾਬਿਆਂ ਤੇ ਘਰਾਂ ਵਾਲੇ ਸ਼ਰੇਆਮ ਗੰਦਗੀ ਸੁੱਟਦੇ ਹਨ। ਕਾਰਜ ਸਾਧਕ ਅਫਸਰ ਵਰੁਣ ਸਹੋਤਾ ਨੇ ਕਿਹਾ ਕਿ ਇਹ ਡੰਪ ਬੰਦ ਕੀਤਾ ਹੋਇਆ ਹੈ।ਜਲਦੀ ਹੀ ਇਥੇ ਕੈਮਰੇ ਲਾਏ ਜਾਣਗੇ।ਕੂੜਾ ਸਿੱਟਣ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਤੇ ਜੁਰਮਾਨਾ ਕੀਤਾ ਜਾਵੇਗਾ।

## ਦੇਸ਼ ਭਗਤ ਯੂਨੀਵਰਸਿਟੀ 'ਚ 3 ਰੋਜ਼ਾ ਖੇਡ ਮੁਕਾਬਲੇ ਕਰਵਾਏ



ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਕਰਵਾਏ ਗਏ ਸ਼ਾਨਦਾਰ ਤਿੰਨ ਰੋਜ਼ਾ ਖੇਡ ਮਹਾਕੁੰਭ ਨਾਲ ਰਾਸ਼ਟਰੀ ਖੇਡ ਦਿਵਸ 2026 ਦੇ ਸਮਾਗਮਾਂ ਦਾ ਸਫਲਤਾਪੂਰਵਕ ਸਮਾਪਨ ਕੀਤਾ ਗਿਆ।ਡਾਇਰੈਕਟਰ ਸਪੋਰਟਸ ਵੱਲੋਂ ਕਰਵਾਏ ਗਏ ਇਸ ਖੇਡ ਸਮਾਰੋਹ ਵਿੱਚ ਪੁਰਸ਼ ਅਤੇ ਮਹਿਲਾ ਵਰਗਾਂ ਵਿੱਚ ਫੁੱਟਬਾਲ, ਵਾਲੀਬਾਲ ਅਤੇ ਬਾਸਕਟਬਾਲ ਦੇ ਮੁਕਾਬਲੇ ਕਰਵਾਏ ਗਏ।ਪੁਰਸ਼ ਫੁੱਟਬਾਲ ਵਿੱਚ ਵੈਸਟ ਅਫਰੀਕਾ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦ ਕਿ ਸਾਊਥ ਅਫਰੀਕਾ ਟੀਮ ਦੂਜੇ ਸਥਾਨ 'ਤੇ ਰਹੀ। ਪੀ ਐਨ ਜੀ ਅਤੇ ਭਾਰਤ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। ਮਹਿਲਾ ਫੁੱਟਬਾਲ ਵਿੱਚ ਮੈਡੀਕਲ ਟੀਮ ਜੇਤੂ ਰਹੀ, ਜਦ ਕਿ ਇੰਜੀਨੀਅਰਿੰਗ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਪੁਰਸ਼ ਬਾਸਕਟਬਾਲ ਵਿੱਚ ਟੀਮ ਏ ਨੇ ਪਹਿਲਾ, ਟੀਮ ਬੀ ਨੇ ਦੂਜਾ ਅਤੇ ਟੀਮ ਸੀ (ਆਯੁਰਵੇਦ) ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਮਹਿਲਾ ਬਾਸਕਟਬਾਲ ਵਿੱਚ ਇੰਜੀਨੀਅਰਿੰਗ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦ ਕਿ ਮੈਡੀਕਲ ਟੀਮ ਦੂਜੇ ਸਥਾਨ 'ਤੇ ਰਹੀ। ਪੁਰਸ਼ ਵਾਲੀਬਾਲ ਵਿੱਚ ਨੈੱਟ ਵਾਰੀਅਰ ਚੈਂਪੀਅਨ ਬਣਿਆ, ਡੀ ਬੀ ਯੂ ਯੂਨਾਈਟਿਡ ਨੇ ਦੂਜਾ ਅਤੇ ਅਸ਼ਵਗੰਧਾ (ਆਯੁਰਵੇਦ) ਨੇ ਤੀਜਾ ਸਥਾਨ ਹਾਸਲ ਕੀਤਾ। ਮਹਿਲਾ ਵਾਲੀਬਾਲ ਵਿੱਚ ਇੰਜੀਨੀਅਰਿੰਗ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦ ਕਿ ਮੈਡੀਕਲ ਟੀਮ ਦੂਜੇ ਸਥਾਨ 'ਤੇ ਰਹੀ।ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨੇ ਇਸ ਸਮਾਗਮ ਨੂੰ ਇੱਕ ਵਿਲੱਖਣ ਆਯਾਮ ਪ੍ਰਦਾਨ ਕੀਤਾ। ਸਮਾਪਤੀ ਸਮਾਰੋਹ ਦੌਰਾਨ ਜੇਤੂਆਂ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਟਰਾਫੀਆਂ ਅਤੇ ਇਨਾਮ ਪ੍ਰਦਾਨ ਕਰਕੇ ਸਨਮਾਨਿਤ ਕੀਤਾ ਗਿਆ।

## ਝਾੜ ਸਾਹਿਬ ਕਾਲਜ ਦਾ ਨਤੀਜਾ ਸ਼ਾਨਦਾਰ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨੇ ਗਏ ਬੀ.ਏ ਸਮੈਸਟਰ ਚੌਥੇ ਦੇ ਨਤੀਜੇ ਵਿੱਚ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਦੀਆਂ ਵਿਦਿਆਰਥਣਾਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਆਪਣੀ ਸੰਸਥਾ ਦਾ ਮਾਣ ਵਧਾਇਆ ਹੈ।ਬੀ.ਏ ਸਮੈਸਟਰ ਚੌਥੇ ਦਾ ਸਮੁੱਚਾ ਨਤੀਜਾ ਸੌ ਫੀਸਦੀ ਰਿਹਾ। ਨਤੀਜੇ ਵਿੱਚ ਕਾਲਜ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ ਐਸ.ਜੀ.ਪੀ.ਏ 7.67 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਸਹਿਜਪ੍ਰੀਤ ਕੌਰ ਨੇ ਐਸ.ਜੀ.ਪੀ.ਏ 7.58 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਹਰਜੋਤ ਕੌਰ ਨੇ ਐਸ.ਜੀ.ਪੀ.ਏ 7.42 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਆਰਟਸ ਵਿਭਾਗ, ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਹੀ ਯਤਨਸ਼ੀਲ ਰਹਿੰਦੀ ਹੈ।

## ਦਸਮੇਸ਼ ਸਕੂਲ ਹਰੀ ਨੌਂ ਦੇ ਵਿਦਿਆਰਥੀਆਂ ਦੀ ਪੰਜਾਬ ਪੱਧਰ 'ਤੇ ਚੋਣ



ਕੋਟਕਪੂਰਾ (ਰਛਪਾਲ ਭੁੱਲਰ)-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦੇ ਵਿਦਿਆਰਥੀਆਂ ਨੇ ਖੇਡਾਂ ਵਿੱਚ ਆਪਣੀ ਸ਼ਾਨਦਾਰ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਪੰਜਾਬ ਪੱਧਰ 'ਤੇ ਹੋਈ ਚੋਣ ਵਿੱਚ ਸਫਲਤਾ ਹਾਸਲ ਕੀਤੀ ਹੈ। ਵਿਦਿਆਰਥੀਆਂ ਦੀ ਵੱਖ-ਵੱਖ ਖੇਡਾਂ ਵਿੱਚ ਹੋਈ ਚੋਣ ਜਿਸ ਵਿੱਚ ਲੜਕਿਆਂ ਵਿੱਚ ਰਾਈਫਲ ਸ਼ੂਟਿੰਗ ਅੰਡਰ-17 ਵਿੱਚ ਗਿਆਰਵੀਂ ਸਾਇੰਸ ਕਲਾਸ ਦੇ ਗੁਰਨੂਰਪਾਲ ਸਿੰਘ, ਵਾਲੀਬਾਲ ਅੰਡਰ-19 ਵਿੱਚ ਬਾਰ੍ਹਵੀਂ ਸਾਇੰਸ ਕਲਾਸ ਦੇ ਚੰਦਨ ਕਟਾਰੀਆ ਤੇ ਬਾਰ੍ਹਵੀਂ ਆਰਟਸ ਕਲਾਸ ਦੇ ਅੰਮ੍ਰਿਤਪਾਲ ਸਿੰਘ, ਵਾਲੀਬਾਲ ਅੰਡਰ-14 ਵਿੱਚ ਸੱਤਵੀਂ ਕਲਾਸ ਦੇ ਹੈਵਨਜੋਤ ਸਿੰਘ ਤੇ ਹਰਜੋਤ ਸਿੰਘ, ਰੈਸਲਿੰਗ ਅੰਡਰ-19 ਵਿੱਚ ਬਾਰ੍ਹਵੀਂ ਕਾਮਰਸ ਕਲਾਸ ਦੇ ਹਰਜਿੰਦਰ ਸਿੰਘ, ਕਬੱਡੀ ਅੰਡਰ-19 ਵਿੱਚ ਬਾਰ੍ਹਵੀਂ ਆਰਟਸ ਕਲਾਸ ਦੇ ਜਸਪ੍ਰੀਤ ਸਿੰਘ, ਗੁਰਜੋਤ ਸਿੰਘ ਤੇ ਬਾਰ੍ਹਵੀਂ ਕਾਮਰਸ ਕਲਾਸ ਦੇ ਹਰਜਿੰਦਰ ਸਿੰਘ, ਰੱਸਾ ਕਸ਼ੀ ਅੰਡਰ-17 ਵਿੱਚ ਦਸਵੀਂ ਕਲਾਸ ਦੇ ਵੰਸ਼ਪ੍ਰੀਤ ਸਿੰਘ ਤੇ ਲੜਕੀਆਂ ਵਿੱਚ ਵਾਲੀਬਾਲ ਅੰਡਰ-19 ਵਿੱਚ ਗਿਆਰ੍ਹਵੀਂ ਸਾਇੰਸ ਕਲਾਸ ਦੀ ਰਾਜਪ੍ਰੀਤ ਕੌਰ, ਰੱਸਾਕਸ਼ੀ ਅੰਡਰ-19 ਵਿੱਚ ਬਾਰ੍ਹਵੀਂ ਸਾਇੰਸ ਕਲਾਸ ਦੀ ਮਨਜੋਤ ਕੌਰ ਤੇ ਆਰਦੀਪ ਕੌਰ ਨੇ ਰਾਜ ਪੱਧਰੀ ਚੋਣ ਵਿੱਚ ਨਾਂਅ ਦਰਜ ਕਰਾਇਆ।ਸੰਸਥਾ ਦੀ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਤੇ ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।ਇਹ ਸਫ਼ਲਤਾ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਰਹਿਨੁਮਾਈ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਸੋਮਾ ਦੇਵੀ ਜੀ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਅਜਿਹੀਆਂ ਪ੍ਰਤੀਯੋਗਤਾਵਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਆਰਟੀਫਿਸ਼ਲ ਇੰਟੈਲੀਜੈਂਸ 'ਤੇ ਇੱਕ ਹਫ਼ਤੇ ਦੀ ਵਰਕਸ਼ਾਪ ਸ਼ੁਰੂ



ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਅਨੁਦੀਪ ਫਾਊਂਡੇਸ਼ਨ ਦੇ ਸਹਿਯੋਗ ਨਾਲ ਬੀ.ਸੀ.ਏ, ਬੀ.ਵੋਕ. (ਐਸ.ਡੀ) ਤੇ ਬੀ.ਐਸ.ਸੀ. (ਏ.ਆਈ. ਤੇ ਡੀ.ਐਸ) ਦੇ ਵਿਦਿਆਰਥੀਆਂ ਲਈ 'ਏ.ਆਈ. ਫੰਡਾਮੈਂਟਲਜ਼' ਵਿਸ਼ੇ 'ਤੇ ਇੱਕ ਹਫ਼ਤੇ ਦੀ ਵਰਕਸ਼ਾਪ ਦੀ ਸ਼ੁਰੂਆਤ ਕੀਤੀ ਗਈ।ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਬੁਨਿਆਦੀ ਸੰਕਲਪਾਂ ਤੇ ਇਸ ਦੇ ਵਿਹਾਰਕ ਉਪਯੋਗਾਂ ਸਬੰਧੀ ਮਜ਼ਬੂਤ ਬੁਨਿਆਦੀ ਗਿਆਨ ਪ੍ਰਦਾਨ ਕਰਨਾ ਹੈ।ਇਹ ਵਰਕਸ਼ਾਪ ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਕਰਵਾਈ ਜਾ ਰਹੀ ਹੈ।ਵਰਣਨਯੋਗ ਹੈ ਕਿ ਇਹ ਵਰਕਸ਼ਾਪ ਅਨੁਦੀਪ ਫਾਊਂਡੇਸ਼ਨ ਦੇ ਸੀਨੀਅਰ ਫੈਕਲਟੀ ਮੈਂਬਰ ਮੁਹੰਮਦ ਨਿਸਾਰ ਤੇ ਭੁਪਿੰਦਰ ਸਿੰਘ ਮਹਿਰਾ ਵੱਲੋਂ ਸੰਚਾਲਿਤ ਕੀਤੀ ਜਾ ਰਹੀ ਹੈ। ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਦੇ ਬੁਨਿਆਦੀ ਸਿਧਾਂਤਾਂ ਦੇ ਨਾਲ-ਨਾਲ ਅਸਲ-ਜੀਵਨ ਵਿੱਚ ਇਸ ਦੇ ਵਿਹਾਰਕ ਉਪਯੋਗਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਪ੍ਰੋ. ਰਸ਼ਮੀ ਅਰੋੜਾ ਨੇ ਕਿਹਾ ਕਿ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਉਦਯੋਗ-ਅਧਾਰਿਤ ਸਿਖਲਾਈ ਦੇ ਮੌਕੇ ਪ੍ਰਦਾਨ ਕਰਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਤੇਜ਼ੀ ਨਾਲ ਆ ਰਹੇ ਬਦਲਾਵਾਂ ਅਨੁਸਾਰ ਲੋੜੀਂਦੇ ਹੁਨਰਾਂ ਨਾਲ ਲੈਸ ਕਰਨ ਦੇ ਉਦੇਸ਼ ਨਾਲ ਸਮੇਂ-ਸਮੇਂ 'ਤੇ ਅਜਿਹੇ ਉਸਾਰੂ ਪ੍ਰੋਗਰਾਮ ਕਰਾਏ ਜਾਂਦੇ ਹਨ।ਵਰਕਸ਼ਾਪ ਦੌਰਾਨ ਵਿਭਾਗ ਦੇ ਡਾ. ਨਵਦੀਪ ਸਿੰਘ ਤੇ ਪ੍ਰੋ. ਜੋਗਾ ਸਿੰਘ ਕੋਆਰਡੀਨੇਟਰ ਵਜੋਂ ਆਪਣੀ ਭੂਮਿਕਾ ਨਿਭਾਅ ਰਹੇ ਹਨ।

## ਜਨਰਲ ਕੌਂਸਲ ਮੈਂਬਰ ਬਣਨ 'ਤੇ ਨਰਦੇਵ ਸਿੰਘ ਪੂਹਲੀ ਦਾ ਸਨਮਾਨ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਨਰਦੇਵ ਸਿੰਘ ਪੂਹਲੀ ਨੂੰ ਜਨਰਲ ਕੌਂਸਲ ਮੈਂਬਰ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਜੱਗਾ ਕਲਿਆਣ ਤੇ ਪਾਰਟੀ ਵਰਕਰਾਂ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਪਾਰਟੀ ਆਗੂਆਂ ਤੇ ਵਰਕਰਾਂ ਨੇ ਨਵ-ਨਿਯੁਕਤ ਜਨਰਲ ਕੌਂਸਲ ਮੈਂਬਰ ਨੂੰ ਵਧਾਈ ਦਿੰਦਿਆਂ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਅਹਿਦ ਲਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਜੱਗਾ ਕਲਿਆਣ ਨੇ ਕਿਹਾ ਕਿ ਆਉਣ ਵਾਲਾ ਸਮਾਂ ਸ਼੍ਰੋਮਣੀ ਅਕਾਲੀ ਦਲ ਦਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਸਾਲ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਆਪਣੀ ਸਰਕਾਰ ਬਣਾਏਗਾ।ਉਨ੍ਹਾਂ ਕਿਹਾ ਕਿ ਨਰਦੇਵ ਸਿੰਘ ਪੂਹਲੀ ਦੀ ਜਨਰਲ ਕੌਂਸਲ ਮੈਂਬਰ ਵਜੋਂ ਨਿਯੁਕਤੀ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਜਥੇਬੰਦਕ ਪੱਧਰ 'ਤੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਵੇਗਾ।ਉਨ੍ਹਾਂ ਕਿਹਾ ਕਿ ਨਰਦੇਵ ਸਿੰਘ ਪੂਹਲੀ ਲੰਮੇ ਸਮੇਂ ਤੋਂ ਪਾਰਟੀ ਨਾਲ ਜੁੜੇ ਹੋਏ ਹਨ ਤੇ ਪਾਰਟੀ ਵੱਲੋਂ ਸੌਂਪੀ ਗਈ ਨਵੀਂ ਜ਼ਿੰਮੇਵਾਰੀ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਨਵ-ਨਿਯੁਕਤ ਜਨਰਲ ਕੌਂਸਲ ਮੈਂਬਰ ਨਰਦੇਵ ਸਿੰਘ ਪੂਹਲੀ ਨੇ ਸ਼੍ਰੋਮਣੀ ਅਕਾਲੀ ਦਲ ਦੀ ਹਾਈਕਮਾਂਡ ਤੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਜੱਗਾ ਕਲਿਆਣ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਜਿਹੜੀ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਉਹ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਹਰ ਸੰਭਵ ਯਤਨ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਫਿਲਮ ਡਾਇਰੈਕਟਰ ਗੁਰਿੰਦਰ ਸਿੰਘ ਸਿੱਧੂ, ਅਵਤਾਰ ਸਿੰਘ ਤਾਰ, ਵੀਰ ਸਿੰਘ ਅਕਾਲੀ, ਸੁਖਦੇਵ ਸਿੰਘ ਗੰਢੂ ਸਾਬਕਾ ਮੈਂਬਰ ਪੰਚਾਇਤ, ਕੇਵਲ ਸਿੰਘ ਸਾਬਕਾ ਮੈਂਬਰ ਪੰਚਾਇਤ, ਸ਼ਿੰਗਾਰਾ ਰਾਮ ਸਾਬਕਾ ਮੈਂਬਰ ਪੰਚਾਇਤ, ਜਸਵੰਤ ਸਿੰਘ ਜੈਲਦਾਰ, ਗੁਰਮੁਖ ਸਿੰਘ ਸਾਧ ਮੈਂਬਰ ਬਲਾਕ ਸੰਮਤੀ ਆਦਿ ਹਾਜ਼ਰ ਸਨ।

## ਜਨਮ ਅਸ਼ਟਮੀ ਅੱਜ, ਤਿਆਰੀਆਂ ਮੁਕੰਮਲ

ਰਾਜਪੁਰਾ (ਰਮੇਸ਼ ਕਟਾਰੀਆ)

ਹਰੇ ਕ੍ਰਿਸ਼ਨਾ ਮੰਦਰ ਇਸਕਾਨ ਰਾਜਪੁਰਾ ਵੱਲੋਂ ਆਉਂਦੀ 4 ਸਤੰਬਰ ਨੂੰ ਜਨਮ ਅਸ਼ਟਮੀ ਦਾ ਤਿਉਹਾਰ ਬਹਾਵਲਪੁਰ ਧਰਮਸ਼ਾਲਾ ਵਿਖੇ ਬੜੇ ਧੂਮਧਾਮ ਨਾਲ ਮਨਾਉਣ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਹਰੇ ਕ੍ਰਿਸ਼ਨਾ ਮੰਦਰ ਦੇ ਪ੍ਰਧਾਨ ਸ੍ਰੀ ਨਿਤਿਨ ਖੁਰਾਣਾ ਨੇ ਕਿਹਾ ਕਿ ਪਿਛਲੇ ਦਿਨੀਂ ਇਸਕਾਨ ਵੱਲੋਂ ਬਹੁਤ ਵੱਡੀ ਭਗਵਾਨ ਜਗਨਨਾਥ ਦੀ ਰੱਥ ਯਾਤਰਾ ਦਾ ਆਯੋਜਨ ਕੀਤਾ ਗਿਆ ਸੀ ਤੇ ਹੁਣ ਭਗਵਾਨ ਕ੍ਰਿਸ਼ਨ ਦੇ ਜਨਮ ਮੌਕੇ ਵਿਸ਼ਾਲ ਆਯੋਜਨ ਬਹਾਵਲਪੁਰ ਭਵਨ ਵਿਖੇ ਕੀਤਾ ਜਾ ਰਿਹਾ ਹੈ।

ਇਸ ਮੌਕੇ ਕਈ ਤਰ੍ਹਾਂ ਦੇ ਧਾਰਮਿਕ ਆਯੋਜਨ ਪੇਸ਼ ਕੀਤੇ ਜਾਣਗੇ, ਜਿਨ੍ਹਾਂ ਵਿਚ ਖਾਸ ਕਰਕੇ ਮਟਕੀ ਫੋੜ ਤੇ 108 ਦੀਪ ਦਾਨ ਦੇਖਣ ਯੋਗ ਹੋਣਗੇ।ਭਾਜਪਾ ਪ੍ਰਭਾਰੀ ਜਗਦੀਸ਼ ਕੁਮਾਰ ਜੱਗਾ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਮੌਕੇ ਭਗਵਾਨ ਕ੍ਰਿਸ਼ਨ ਦਾ ਮਹਾ ਅਭਿਸ਼ੇਕ, ਛਪਣ ਭੋਗ ਤੇ ਮਹਾ ਆਰਤੀ ਵੀ ਵੇਖਣ ਵਾਲੀ ਹੋਵੇਗੀ ਤੇ ਇਸ ਮੌਕੇ ਮਹਾ ਪ੍ਰਸਾਦਮ ਦਾ ਵੀ ਆਯੋਜਨ ਕੀਤਾ ਗਿਆ ਹੈ।

## ਐੱਸ ਸੀ, ਬੀ ਸੀ ਲੈਕਚਰਾਰ ਸਿੱਧੀ ਭਰਤੀ 'ਚ ਰਿਜ਼ਰਵੇਸ਼ਨ ਕੋਟਾ ਨਾ ਦੇਣ 'ਤੇ ਰੋਸ ਪ੍ਰਦਰਸ਼ਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਐੱਸ ਸੀ/ਬੀ ਸੀ ਅਧਿਆਪਕ ਯੂਨੀਅਨ ਪੰਜਾਬ ਵੱਲੋਂ 1013 ਲੈਕਚਰਾਰ ਸਿੱਧੀ ਭਰਤੀ ਵਿੱਚ ਐੱਸ.ਸੀ. (25%) ਤੇ ਬੀ.ਸੀ. (12%) ਵਰਗ ਬਣਦਾ ਰਾਖਵਾਂ ਕੋਟਾ ਨਾ ਦੇਣ ਦੇ ਰੋਸ ਵਜੋਂ ਜ਼ਿਲ੍ਹਾ ਪਟਿਆਲਾ ਦੇ ਡੀਸੀ ਦਫ਼ਤਰ ਅੱਗੇ ਭਲਾਈ ਮੰਤਰੀ, ਸਿੱਖਿਆ ਮੰਤਰੀ, ਭਲਾਈ ਸਕੱਤਰ ਤੇ ਸਿੱਖਿਆ ਸਕੱਤਰ ਦੇ ਪੁਤਲੇ ਫੂਕ ਕੇ ਜੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ।ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਗੁਰੂ ਨੇ ਦੱਸਿਆ ਕਿ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਰਾਖਵਾਂਕਰਨ ਵਿਰੋਧੀ ਮਾਨਸਿਕਤਾ ਤਹਿਤ 1013 ਲੈਕਚਰਾਰ ਸਿੱਧੀ ਭਰਤੀ ਵਿੱਚ ਬਣਦਾ ਰਾਖਵਾਂ ਕੋਟਾ ਨਹੀਂ ਦਿੱਤਾ ਗਿਆ।ਇਸ ਮਸਲੇ ਦੇ ਸੁਖਾਵੇਂ ਹੱਲ ਲਈ ਸਟੇਟ ਕਮੇਟੀ ਵੱਲੋਂ ਪ੍ਰਿੰਸੀਪਲ ਸਕੱਤਰ ਭਲਾਈ ਵੀ ਕੇ ਮੀਨਾ ਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਕਈ ਮੀਟਿੰਗਾਂ ਕੀਤੀਆਂ ਗਈਆਂ।ਇਨ੍ਹਾਂ ਮੀਟਿੰਗਾਂ ਵਿੱਚ ਆਗੂਆਂ ਵੱਲੋਂ ਤੱਥਾਂ ਸਹਿਤ ਸਿੱਧ ਕੀਤਾ ਗਿਆ ਕਿ ਸਬੂਤ ਦੇ ਕੇ ਪੱਖ ਰੱਖਿਆ ਕਿ ਵੱਖ-ਵੱਖ ਵਿਸ਼ਿਆਂ ਵਿੱਚ ਆਪਣੀ ਮੈਰਿਟ ਦੇ ਅਧਾਰ ਤੇ ਭਰਤੀ ਹੋਏ ਐੱਸ ਸੀ, ਬੀ ਸੀ ਉਮੀਦਵਾਰਾਂ ਨੂੰ ਹੀ ਰੋਸਟਰ ਨੁਕਤਿਆਂ 'ਤੇ ਲਾਇਆ ਗਿਆ ਹੈ, ਜੋ ਰਾਖਵਾਂਕਰਨ ਨੀਤੀ, ਆਰ.ਕੇ ਸੱਭਰਵਾਲ ਕੇਸ, ਭਲਾਈ ਵਿਭਾਗ ਦੀਆਂ 10/7/1995 ਦੀਆਂ ਹਦਾਇਤਾਂ ਦੀ ਸ਼ਰੇਆਮ ਉਲੰਘਣਾ ਹੈ।ਇਸ ਤੋਂ ਵੀ ਅੱਗੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਭਲਾਈ ਵਿਭਾਗ ਦੇ ਡਾਇਰੈਕਟਰ ਤੇ ਸਪੈਸ਼ਲ ਸਕੱਤਰ ਦੀ ਮੀਟਿੰਗ ਚ ਕਿਹਾ ਤੇ ਮੰਨਿਆ ਕਿ ਸਾਡੇ ਕੋਲ ਰਿਕਾਰਡ ਪੂਰਾ ਨਹੀਂ ਹੈ ਤਾਂ ਸਵਾਲ ਪੈਦਾ ਹੁੰਦਾ ਹੈ ਕਿ ਅਧੂਰੇ ਰਿਕਾਰਡ ਦੇ ਅਧਾਰ 'ਤੇ ਰਾਖਵਾਂ ਕੋਟਾ ਜ਼ੀਰੋ ਕਿਵੇਂ ਦਿਖਾ ਦਿੱਤਾ ਗਿਆ? ਭਲਾਈ ਵਿਭਾਗ ਦੇ ਅਧਿਕਾਰੀਆਂ ਵੱਲੋਂ ਵੀ ਰਾਖਵਾਂਕਰਨ ਨੂੰ ਸਹੀ ਢੰਗ ਨਾਲ ਲਾਗੂ ਕਰਾਉਣ, ਰੋਸਟਰ ਰਜਿਸਟਰ ਸਹੀ ਬਣਾਉਣ ਤੇ ਨਿਯਮਾਂ ਅਨੁਸਾਰ ਜਾਂਚ ਕਰਕੇ ਨਿਰੀਖਣ ਰਿਪੋਰਟ ਤਿਆਰ ਕਰਨ ਲਈ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਈ ਜਾ ਰਹੀ, ਜਿਸ ਦੇ ਰੋਸ ਵਜੋਂ ਅੱਜ ਜਿਲਾ ਪੱਧਰ ਤੇ ਸਮੁੱਚੇ ਪੰਜਾਬ ਵਿੱਚ ਭਲਾਈ ਮੰਤਰੀ ਡਾਕਟਰ ਬਲਜੀਤ ਕੌਰ, ਸਿੱਖਿਆ ਮੰਤਰੀ ਹਰਜੋਤ ਬੈਂਸ, ਭਲਾਈ ਸਕੱਤਰ ਵੀ ਕੇ ਮੀਨਾ ਤੇ ਸਿੱਖਿਆ ਸਕੱਤਰ ਸੋਨਾਲੀ ਗਿਰੀ ਦੇ ਪੁਤਲੇ ਫੂਕੇ ਗਏ ਹਨ।ਉਨ੍ਹਾਂ ਕਿਹਾ ਕਿ 1013 ਲੈਕਚਰਾਰ ਭਰਤੀ ਵਿੱਚ ਬਣਦਾ ਰਾਖਵਾਂ ਕੋਟਾ ਦੇਣ ਬਾਰੇ ਤੁਰੰਤ ਸੋਧ ਪੱਤਰ ਜਾਰੀ ਕੀਤਾ ਜਾਵੇ ਤਾਂ ਜੁ ਐੱਸ.ਸੀ, ਬੀ.ਸੀ. ਵਰਗ ਦੇ ਲੋਕਾਂ ਨੂੰ ਇਨਸਾਫ਼ ਮਿਲ ਸਕੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

## ਸਰਵਹਿੱਤਕਾਰੀ ਵਿੱਦਿਆ ਮੰਦਰ ਦੀਆਂ ਵਿਦਿਆਰਥਣਾਂ ਵੱਲੋਂ ਟ੍ਰਾਈਡੈਂਟ ਪਲਾਂਟ ਦਾ ਦੌਰਾ



ਭੀਖੀ (ਧਰਮਵੀਰ ਸ਼ਰਮਾ)-ਸਰਵਹਿੱਤਕਾਰੀ ਵਿੱਦਿਆ ਮੰਦਰ ਦੀਆਂ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਵੱਲੋਂ ਸਿੱਖਿਆਤਮਕ ਉਦਯੋਗਿਕ ਦੌਰੇ ਤਹਿਤ ਟ੍ਰਾਈਡੈਂਟ ਪਲਾਂਟ ਧੌਲਾ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦਾ ਉਦੇਸ਼ ਵਿਦਿਆਰਥਣਾਂ ਨੂੰ ਉਦਯੋਗਿਕ ਖੇਤਰ ਦੀ ਕਾਰਜਪ੍ਰਣਾਲੀ, ਉਤਪਾਦਨ ਪ੍ਰਕਿਰਿਆ ਤੇ ਆਧੁਨਿਕ ਤਕਨੀਕਾਂ ਸੰਬੰਧੀ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ। ਦੌਰੇ ਦੌਰਾਨ ਵਿਦਿਆਰਥਣਾਂ ਨੇ ਟ੍ਰਾਈਡੈਂਟ ਪਲਾਂਟ ਵਿੱਚ ਹੋਣ ਵਾਲੀਆਂ ਵੱਖ-ਵੱਖ ਉਤਪਾਦਨ ਪ੍ਰਕਿਰਿਆਵਾਂ, ਮਸ਼ੀਨਰੀ ਦੀ ਕਾਰਜਪ੍ਰਣਾਲੀ, ਗੁਣਵੱਤਾ ਨਿਯੰਤਰਣ, ਉਦਯੋਗਿਕ ਪ੍ਰਬੰਧ ਤੇ ਕਾਰਜਸਥਲ ਦੀ ਸੁਰੱਖਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਉਦਯੋਗ ਵਿੱਚ ਕ੍ਰਮਚਾਰੀਆਂ ਵੱਲੋਂ ਕੀਤੇ ਜਾਂਦੇ ਵੱਖ-ਵੱਖ ਕਾਰਜਾਂ ਨੂੰ ਨੇੜਿਓਂ ਦੇਖਿਆ ਅਤੇ ਉਦਯੋਗਿਕ ਖੇਤਰ ਵਿੱਚ ਤਕਨਾਲੋਜੀ ਦੀ ਭੂਮਿਕਾ ਨੂੰ ਸਮਝਿਆ। ਵਿਦਿਆਰਥਣਾਂ ਨੇ ਅਧਿਕਾਰੀਆਂ ਤੇ ਮਾਹਿਰਾਂ ਨਾਲ ਗੱਲਬਾਤ ਕਰਕੇ ਉਤਪਾਦਨ ਨਾਲ ਸੰਬੰਧਤ ਆਪਣੇ ਸਵਾਲ ਪੁੱਛੇ। ਮਾਹਿਰਾਂ ਵੱਲੋਂ ਉਨ੍ਹਾਂ ਨੂੰ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਕਿਸ ਤਰ੍ਹਾਂ ਇੱਕ ਵੱਡੇ ਉਦਯੋਗ ਵਿੱਚ ਸਮੇਂ ਦੀ ਪਾਬੰਦੀ, ਅਨੁਸ਼ਾਸਨ, ਟੀਮ ਵਰਕ, ਸੁਰੱਖਿਆ ਨਿਯਮਾਂ ਤੇ ਗੁਣਵੱਤਾ ਨੂੰ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ। ਇਸ ਦੌਰੇ ਨੇ ਵਿਦਿਆਰਥਣਾਂ ਨੂੰ ਕਿਤਾਬੀ ਗਿਆਨ ਨੂੰ ਅਸਲ ਜੀਵਨ ਅਤੇ ਉਦਯੋਗਿਕ ਖੇਤਰ ਨਾਲ ਜੋੜਨ ਦਾ ਮੌਕਾ ਦਿੱਤਾ ਤੇ ਉਨ੍ਹਾਂ ਵਿੱਚ ਭਵਿੱਖ ਦੇ ਕਰੀਅਰ ਅਤੇ ਵੱਖ-ਵੱਖ ਪੇਸ਼ੇਵਰ ਖੇਤਰਾਂ ਪ੍ਰਤੀ ਜਾਗਰੂਕਤਾ ਵੀ ਪੈਦਾ ਹੋਈ। ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਤੇ ਪ੍ਰਬੰਧਕ ਕਮੇਟੀ ਵੱਲੋਂ ਵਿਦਿਆਰਥਣਾਂ ਲਈ ਅਜਿਹੇ ਵਿਦਿਅਕ ਦੌਰਿਆਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਗਿਆ ਕਿ ਕਲਾਸਰੂਮ ਸਿੱਖਿਆ ਦੇ ਨਾਲ-ਨਾਲ ਵਿਹਾਰਕ ਅਨੁਭਵ ਵਿਦਿਆਰਥੀਆਂ ਦੇ ਗਿਆਨ ਅਤੇ ਆਤਮ-ਵਿਸ਼ਵਾਸ ਵਿੱਚ ਵਾਧਾ ਕਰਦਾ ਹੈ।

## ਵਾਈਸ ਚਾਂਸਲਰ ਡਾ. ਬਾਂਸਲ ਨੂੰ ਵਿਧਾਇਕ ਸੇਖੋਂ ਨੇ ਦਿੱਤੀ ਵਧਾਈ



ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਨਵ-ਨਿਯੁਕਤ ਵਾਈਸ ਚਾਂਸਲਰ ਡਾ. ਰਜਿੰਦਰ ਕੁਮਾਰ ਬਾਂਸਲ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਦਿਲੋਂ ਵਧਾਈ ਤੇ ਸ਼ੁਭਕਾਮਨਾਵਾਂ ਦਿੱਤੀਆਂ।ਵਿਧਾਇਕ ਸੇਖੋਂ ਨੇ ਕਿਹਾ ਕਿ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੀ ਹੀ ਨਹੀਂ, ਸਗੋਂ ਪੂਰੇ ਪੰਜਾਬ ਦੀ ਇੱਕ ਮਾਣਮੱਤੀ ਸੰਸਥਾ ਹੈ।ਯੂਨੀਵਰਸਿਟੀ ਵੱਲੋਂ ਮੈਡੀਕਲ ਸਿੱਖਿਆ, ਸਿਹਤ ਸੇਵਾਵਾਂ ਤੇ ਖੋਜ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਡਾ. ਰਜਿੰਦਰ ਕੁਮਾਰ ਬਾਂਸਲ ਦੇ ਤਜਰਬੇ ਤੇ ਯੋਗ ਅਗਵਾਈ ਹੇਠ ਯੂਨੀਵਰਸਿਟੀ ਹੋਰ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹੇਗੀ।ਉਨ੍ਹਾਂ ਆਸ ਪ੍ਰਗਟ ਕੀਤੀ ਕਿ ਨਵੇਂ ਵਾਈਸ ਚਾਂਸਲਰ ਯੂਨੀਵਰਸਿਟੀ ਦੀ ਅਕਾਦਮਿਕ ਗੁਣਵੱਤਾ ਨੂੰ ਹੋਰ ਉੱਚਾ ਚੁੱਕਣ, ਮੈਡੀਕਲ ਖੋਜ ਨੂੰ ਉਤਸ਼ਾਹਤ ਕਰਨ ਤੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਾਉਣ ਲਈ ਵਿਸ਼ੇਸ਼ ਉਪਰਾਲੇ ਕਰਨਗੇ।ਵਿਧਾਇਕ ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿਹਤ ਤੇ ਸਿੱਖਿਆ ਦੇ ਖੇਤਰ ਨੂੰ ਵਿਸ਼ੇਸ਼ ਤਰਜ਼ੀਹ ਦਿੱਤੀ ਜਾ ਰਹੀ ਹੈ।

## 'ਵਰਸਿਟੀ ਦੇ ਚੋਣ ਨਤੀਜਿਆਂ ਦਾ ਚੋਣਾਂ 'ਤੇ ਅਸਰ ਨਹੀਂ : ਗੋਇਲ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਪੰਜਾਬ ਯੂਨੀਵਰਸਿਟੀ ਦੀਆਂ ਚੋਣਾਂ ਦੇ ਨਤੀਜਿਆਂ ਦਾ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ 'ਤੇ ਕੋਈ ਵੱਡਾ ਪ੍ਰਭਾਵ ਨਹੀਂ ਪਵੇਗਾ। ਇਹ ਪ੍ਰਗਟਾਵਾ ਸੀਨੀਅਰ ਐਡਵੋਕੇਟ ਚਮਨ ਲਾਲ ਗੋਇਲ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਕੈਂਪਸ ਦੀ ਰਾਜਨੀਤੀ ਅਤੇ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਕਾਫ਼ੀ ਅੰਤਰ ਹੁੰਦਾ ਹੈ, ਪਰ ਪੰਜਾਬ ਯੂਨੀਵਰਸਿਟੀ ਦੇ ਚੋਣ ਨਤੀਜੇ ਸੂਬੇ ਦੀਆਂ ਰਾਜਸੀ ਧਿਰਾਂ ਨੂੰ ਕਈ ਅਹਿਮ ਇਸ਼ਾਰੇ ਜ਼ਰੂਰ ਕਰਦੇ ਹਨ।ਇਨ੍ਹਾਂ ਨਤੀਜਿਆਂ ਰਾਹੀਂ ਇਹ ਸਮਝਣ ਵਿੱਚ ਮਦਦ ਮਿਲ ਸਕਦੀ ਹੈ ਕਿ ਸੂਬੇ ਦਾ ਨੌਜਵਾਨ ਵਰਗ ਇਸ ਸਮੇਂ ਕਿਹੜੇ ਮੁੱਦਿਆਂ ਨੂੰ ਵਧੇਰੇ ਮਹੱਤਵ ਦੇ ਰਿਹਾ ਹੈ।

## ਸਰਕਾਰ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਵਚਨਬੱਧ : ਤਰੁਨਪ੍ਰੀਤ ਸੌਂਦ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਤੇ ਪੰਚਾਇਤਾਂ ਅਤੇ ਊਰਜਾ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨਸ਼ਿਆ ਦੇ ਮੁਕੰਮਲ ਖਾਤਮੇ ਲਈ ਵਚਨਬੱਧ ਹੈ।

ਨਸ਼ਿਆਂ ਖਿਲਾਫ਼ ਪੁਲਸ ਦੇ ਨਾਲ-ਨਾਲ ਲੋਕ ਨੁਮਾਇੰਦਿਆਂ, ਨਸ਼ਾ ਵਿਰੋਧੀ ਮੁਹਿੰਮ ਨਾਲ ਜੁੜੇ ਕੁਆਡੀਨੇਟਰਾਂ ਤੇ ਸਮਾਜ ਦੇ ਹਰੇਕ ਵਿਅਕਤੀ ਦੀ ਸਾਂਝੀ ਜਿੰਮੇਵਾਰੀ ਬਣਦੀ ਹੈ, ਤਾਂ ਜੁ ਪੰਜਾਬ ਨੂੰ ਨਸ਼ਾ ਰਹਿਤ ਸੂਬਾ ਬਣਾਕੇ ਮੁੜ ਰੰਗਲਾ ਪੰਜਾਬ ਬਣਾਇਆ ਜਾ ਸਕੇ। ਕੈਬਨਿਟ ਤਰੁਨਪ੍ਰੀਤ ਸਿੰਘ ਸੌਂਦ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਬਚਤ ਭਵਨ ਵਿਖੇ ਇੱਕ ਉੱਚ ਪੱਧਰੀ ਬੈਠਕ ਦੌਰਾਨ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਚੱਲ ਰਹੀਆਂ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾ ਲੈ ਰਹੇ ਸਨ।ਇਸ ਮੌਕੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ, ਵਿਧਾਇਕ ਰੁਪਿੰਦਰ ਸਿੰਘ ਹੈਪੀ,ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਅਜੈ ਲਿਬੜਾ ਅਤੇ ਨਸ਼ਾ ਮੁਕਤੀ ਮੋਰਚੇ ਦੇ ਸੂਬਾ ਆਬਜ਼ਰਵਰ ਆਸਿਤ ਕੁਮਾਰ, ਜ਼ਿਲ੍ਹਾ ਕੁਆਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਓਂਕਾਰ ਸਿੰਘ ਚੌਹਾਨ, ਵਾਇਸ ਕੋਆਡੀਨੇਟਰ ਮਨਜੀਤ ਸਿੰਘ ਰਾਏਕੋਟ, ਸ਼ੋਸਲ ਮੀਡੀਆ ਕੋਆਡੀਨੇਟਰ ਜਗਜੀਵਨ ਸਿੰਘ ਬੜਿੰਗ, ਸਮੂਹ ਹਲਕਾ ਤੇ ਬਲਾਕ ਕੋਆਰਡੀਨੇਟਰ, ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਐਸ.ਪੀ. ਅਮਨਦੀਪ ਸਿੰਘ ਬਰਾੜ, ਐਸ.ਡੀ.ਐਮ ਫਤਹਿਗੜ੍ਹ ਸਾਹਿਬ ਕਰੁਣ ਗੁਪਤਾ, ਐਸ.ਡੀ.ਐਮ ਬੱਸੀ ਦੀਪਜੋਤ ਕੌਰ, ਐਸ.ਡੀ.ਐਮ ਅਮਲੋਹ ਹਰਵੀਰ ਕੌਰ ਬਰਾੜ, ਐਸ.ਡੀ.ਐਮ ਖਮਾਣੋ ਅਰਵਿੰਦ ਕੁਮਾਰ ਗੁਪਤਾ ਤੋਂ ਇਲਾਵਾ ਹੋਰ ਸਿਵਲ ਤੇ ਪੁਲਸ ਅਧਿਕਾਰੀ ਹਾਜ਼ਰ ਸਨ।

ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਨਾਲ-ਨਾਲ ਉਨ੍ਹਾਂ ਨੂੰ ਹੁਨਰਮੰਦ ਬਣਾਉਣ, ਖੇਡਾਂ ਨਾਲ ਜੋੜਨ ਤੇ ਯੋਗਤਾ ਅਨੁਸਾਰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

## ਆਜ਼ਾਦੀ ਘੁਲਾਟੀਏ ਮੌਲਾਨਾ ਹਬੀਬ ਉਰ ਰਹਿਮਾਨ ਲੁਧਿਆਣਵੀ ਦੀ ਬਰਸੀ ਮਨਾਈ



ਲੁਧਿਆਣਾ (ਰਾਜ ਸਿੰਗਲਾ)

ਭਾਰਤ ਦੇ ਸੁਤੰਤਰਤਾ ਸੰਗਰਾਮ 'ਚ ਲੁਧਿਆਣਾ ਤੋਂ ਕੌਮੀ ਨਾਇਕ ਮੌਲਾਨਾ ਹਬੀਬ ਉਰ ਰਹਿਮਾਨ ਲੁਧਿਆਣਵੀ ਦੀ ਅੱਜ 70ਵੀਂ ਬਰਸੀ ਮੌਕੇ ਇਤਿਹਾਸਿਕ ਜਾਮਾ ਮਸਜਿਦ 'ਚ ਸੁਤੰਤਰਤਾ ਸੰਗਰਾਮ ਦੀ ਪਾਰਟੀ ਮਜਲਿਸ ਅਹਿਰਾਰ ਇਸਲਾਮ ਵੱਲੋਂ ਕੁਰਾਨ ਸ਼ਰੀਫ ਪੜ੍ਹ ਕੇ ਦੁਆ ਦੇ ਨਾਲ-ਨਾਲ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ।ਇਸ ਮੌਕੇ ਸੰਬੋਧਨ ਕਰਦੇ ਹੋਏ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਮੌਲਾਨਾ ਹਬੀਬ ਉਰ ਰਹਿਮਾਨ ਲੁਧਿਆਣਵੀ ਭਾਰਤ ਦੀ ਜੰਗ-ਏ-ਅਜ਼ਾਦੀ ਦੇ ਉਹ ਨਾਇਕ ਹਨ, ਜਿਨ੍ਹਾਂ ਨੇ ਅੰਗਰੇਜ਼ ਸਾਮਰਾਜ ਦੀਆਂ ਜੜ੍ਹਾਂ ਨੂੰ ਹਿਲਾ ਦਿੱਤਾ ਸੀ।ਮੌਲਾਨਾ ਹਬੀਬ ਉਰ ਰਹਿਮਾਨ ਲੁਧਿਆਣਵੀ ਨੇ ਦੇਸ਼ ਦੇ ਸੁਤੰਤਰਤਾ ਸੰਗਰਾਮ 'ਚ 14 ਸਾਲ ਜੇਲ੍ਹ ਕੱਟੀ ਤੇ ਅੰਗਰੇਜ਼ਾਂ ਵੱਲੋਂ ਰੇਲਵੇ ਸਟੇਸ਼ਨਾਂ 'ਤੇ ਹਿੰਦੂ ਪਾਣੀ ਤੇ ਮੁਸਲਮਾਨ ਪਾਣੀ ਦੇ ਘੜੇ ਰੱਖ ਕੇ ਰਚੀ ਗਈ ਸਾਜ਼ਿਸ਼ ਖਿਲਾਫ ਐਲਾਨ ਕਰਦੇ ਹੋਏ ਪੇਸ਼ਾਵਰ ਤੱਕ ਸਾਰੇ ਘੜੇ ਤੁੜਵਾ ਦਿੱਤੇ ਤੇ ਇਸ ਜੁਰਮ 'ਚ ਜੇਲ੍ਹ ਵੀ ਕੱਟੀ ਅਤੇ ਦੇਸ਼ ਦੇ ਲੋਕਾਂ ਨੂੰ ਸਮਝਾ ਦਿੱਤਾ ਕਿ ਇੱਕ ਹੀ ਪਾਣੀ ਪੀ ਕੇ ਅੰਗਰੇਜ਼ਾਂ ਦੀ ਇਸ ਸਾਜ਼ਿਸ਼ ਨੂੰ ਨਾਕਾਮ ਬਣਾਉਣਾ ਹੈ।ਸ਼ਾਹੀ ਇਮਾਮ ਨੇ ਕਿਹਾ ਕਿ ਇਹ ਮੌਲਾਨਾ ਹਬੀਬ ਉਰ ਰਹਿਮਾਨ ਲੁਧਿਆਣਵੀਂ ਹੀ ਸਨ, ਜਿਨ੍ਹਾਂ ਨੇ ਜਾਲਿਮ ਅੰਗਰੇਜ਼ਾਂ ਦੀ ਪ੍ਰਵਾਹ ਨਾ ਕਰਦੇ ਹੋਏ ਸ਼ਹੀਦ-ਏ- ਆਜਮ ਭਗਤ ਸਿੰਘ ਦੇ ਪਰਿਵਾਰ, ਨੇਤਾ ਜੀ ਸੁਭਾਸ਼ ਚੰਦਰ ਬੋਸ, ਪੰਡਿਤ ਜਵਾਹਰ ਲਾਲ ਨਹਿਰ, ਪੰਥ ਰਤਨ ਮਾਸਟਰ ਤਾਰਾ ਸਿੰਘ, ਪੰਜਾਬ ਕੇਸਰੀ ਲਾਲਾ ਲਾਜਪਤ ਰਾਏ, ਨਾਮਧਾਰੀ ਸਤਗੁਰੂ ਪ੍ਰਤਾਪ ਸਿੰਘ, ਸਈਯਦ ਅਤਾਉੱਲਾਹ ਸ਼ਾਹ ਬੁਖਾਰੀ ਦਾ ਹਮੇਸ਼ਾ ਸਾਥ ਦਿੱਤਾ ।ਇਹ ਮੌਲਾਨਾ ਹਬੀਬ ਉਰ ਰਹਿਮਾਨ ਲੁਧਿਆਣਵੀ ਹੀ ਸਨ, ਜਿਨ੍ਹਾਂ ਨੇ 1947 'ਚ ਦੇਸ਼ ਦੀ ਵੰਡ ਨੂੰ ਨਾਮਨਜ਼ੂਰ ਕਰਦੇ ਹੋਏ ਪਾਕਿਸਤਾਨ ਦੀ ਸਥਾਪਨਾ ਦੀ ਵਿਰੋਧਤਾ ਕੀਤੀ ਤੇ ਫਿਰ ਪਾਕਿਸਤਾਨ ਜਾਣ ਦੀ ਬਜਾਏ ਭਾਰਤ 'ਚ ਹੀ ਰਹਿਣ ਨੂੰ ਠੀਕ ਸਮਝਿਆ।

ਉਨ੍ਹਾਂ ਕਿਹਾ ਕਿ ਅੱਜ ਇਸ ਮਹਾਨ ਅਜ਼ਾਦੀ ਘੁਲਾਟੀਏ ਦੀ ਬਰਸੀ ਮੌਕੇ ਅਸੀਂ ਜਿੱਥੇ ਉਨ੍ਹਾਂ ਲਈ ਦੁਆ ਕਰਦੇ ਹਾਂ, ਉਥੇ ਹੀ ਇਸ ਗੱਲ ਦਾ ਫਿਰ ਤੋਂ ਪ੍ਰਣ ਕਰਦੇ ਹਾਂ ਕਿ ਬਹੁਤ ਕੁਰਬਾਨੀਆਂ ਦੇਣ ਤੋਂ ਬਾਅਦ ਆਜ਼ਾਦ ਕਰਵਾਏ ਗਏ ਆਪਣੇ ਇਸ ਭਾਰਤ ਦੇਸ਼ 'ਚ ਏਕਤਾ ਭਾਈਚਾਰੇ ਲਈ ਕੰਮ ਕਰਦੇ ਹੋਏ ਦੇਸ਼ ਦੇ ਵਿਕਾਸ 'ਚ ਯੋਗਦਾਨ ਪਾਉਂਦੇ ਰਹਾਂਗੇ ।

## ਬਾਰ ਐਸੋਸੀਏਸ਼ਨ ਦੀਆਂ ਚੋਣਾਂ ਲਈ ਉਮੀਦਵਾਰਾਂ ਦੀ ਸੂਚੀ ਜਾਰੀ

ਮਲੋਟ (ਰਜਿੰਦਰ ਜੁਨੇਜਾ)-ਬਾਰ ਐਸੋਸੀਏਸ਼ਨ ਦੀਆਂ ਸਾਲਾਨਾ ਚੋਣਾਂ 11 ਸਤੰਬਰ ਨੂੰ ਕਰਾਈਆਂ ਜਾਣਗੀਆਂ। ਚੋਣਾਂ ਸਬੰਧੀ ਰਿਟਰਨਿੰਗ ਅਫ਼ਸਰ ਐਡਵੋਕੇਟ ਜਸਪਾਲ ਸਿੰਘ ਔਲਖ ਵੱਲੋਂ ਵੱਖ-ਵੱਖ ਅਹੁਦਿਆਂ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਵਾਲੇ ਉਮੀਦਵਾਰਾਂ ਦੀ ਸੂਚੀ ਜਾਰੀ ਕਰ ਦਿੱਤੀ ਗਈ ਹੈ।ਜਾਰੀ ਸੂਚੀ ਅਨੁਸਾਰ ਪ੍ਰਧਾਨ ਦੇ ਅਹੁਦੇ ਲਈ ਐਡਵੋਕੇਟ ਅਜੇ ਗੋਂਦਾਰਾ ਤੇ ਵਿਜੇ ਕੁਮਾਰ ਚੋਣ ਮੈਦਾਨ ਵਿੱਚ ਹਨ। ਸਕੱਤਰ ਦੇ ਅਹੁਦੇ ਲਈ ਦੀਪਕ ਕੁਮਾਰ, ਸੁਖਪਾਲ ਸਿੰਘ ਮਾਨ ਤੇ ਵਿਕੁਲ ਪੁਰੀ ਵੱਲੋਂ ਨਾਮਜ਼ਦਗੀ ਦਾਖਲ ਕੀਤੀ ਗਈ ਹੈ।ਵਾਈਸ ਪ੍ਰਧਾਨ ਦੇ ਅਹੁਦੇ ਲਈ ਅੰਜੂ ਭਾਰਤੀ ਤੇ ਗੁਰਵਿੰਦਰ ਸਿੰਘ ਮਾਨੇਸ ਤੇ ਵਾਈਸ ਪ੍ਰਧਾਨ (ਮਹਿਲਾ) ਸਿੰਪੀ ਤੇ ਡਿੰਪਲ ਰਾਣੀ ਉਮੀਦਵਾਰ ਹਨ।ਜੁਆਇੰਟ ਸਕੱਤਰ ਦੇ ਅਹੁਦੇ ਲਈ ਅਰਸ਼ਦੀਪ ਕੌਰ ਨੇ ਨਾਮਜ਼ਦਗੀ ਭਰੀ ਹੈ, ਜਦਕਿ ਖ਼ਜ਼ਾਨਚੀ ਦੇ ਅਹੁਦੇ ਲਈ ਬਲਜੀਤ ਸਿੰਘ, ਗੁਰਮੀਤ ਸਿੰਘ ਤੇ ਰਾਜਵੀਰ ਸਿੰਘ ਚੋਣ ਮੈਦਾਨ ਵਿੱਚ ਹਨ।

## ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਾਇਆ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)

ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਦੀ ਅਗਵਾਈ ਹੇਠ ਸਰਕਾਰੀ ਬਲਬੀਰ ਸੀਨੀਅਰ ਸੈਕੰਡਰੀ ਸਕੂਲ ਵਿਖੇ 'ਦੁੱਧ ਸੰਪੂਰਨ ਅਤੇ ਸੰਤੁਲਿਤ ਖੁਰਾਕ' ਸੰਬੰਧੀ ਦੁੱਧ ਖਪਤਕਾਰ ਜਾਗਰੂਕਤਾ ਸੈਮੀਨਾਰ ਅਤੇ ਕੈਂਪ ਲਾਇਆ ਗਿਆ। ਇਸ ਸੈਮੀਨਾਰ ਵਿੱਚ ਹਾਜ਼ਰ ਬੱਚਿਆਂ ਨੂੰ ਸ਼੍ਰੀ ਗੁਰਲਾਲ ਸਿੰਘ, ਡੇਅਰੀ ਵਿਕਾਸ ਇੰਸਪੈਕਟਰ ਵੱਲੋਂ ਦੁੱਧ ਦਾ ਮਨੁੱਖੀ ਜੀਵਨ ਵਿੱਚ ਰੋਲ, ਬੱਚਿਆਂ ਨੂੰ ਹਰ ਰੋਜ਼ ਦੁੱਧ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਵਾਸਤੇ ਮਹੱਤਵਪੂਰਨ ਜਾਣਕਾਰੀ ਦਿੱਤੀ।ਸ੍ਰੀ ਚਸ਼ਨਦੀਪ ਸਿੰਘ, ਮੈਨੇਜਰ ਮਾਰਕਿਟਿੰਗ ਮਿਲਕਫੈੱਡ, ਫਰੀਦਕੋਟ ਵੱਲੋਂ ਕੈਂਪ ਵਿੱਚ ਸ਼ਾਮਲ ਸਿਖਿਆਰਥੀਆਂ ਨੂੰ ਦੁੱਧ ਪਦਾਰਥਾਂ ਦੀ ਮਹੱਤਤਾ ਬਾਰੇ ਦੱਸਿਆ ਗਿਆ। ਸ਼੍ਰੀ ਜਗਪਾਲ ਸਿੰਘ ਬਰਾੜ, ਕੋਆਪ੍ਰੇਟਿਵ ਇੰਸਪੈਕਟਰ (ਰਿਟਾ.) ਨੇ ਸਿਖਿਆਰਥੀਆਂ ਨੂੰ ਫਾਸਟ ਫੂਡ ਦੀ ਜਗਾ ਦੁੱਧ ਨੂੰ ਮਨੁੱਖ ਜੀਵਨ ਵਿੱਚ ਅਪਨਾਉਣ ਲਈ ਸੇਧ ਦਿੱਤੀ ਗਈ।ਕੈਂਪ ਵਿੱਚ ਸਕੂਲ ਦੇ ਸਿਖਿਆਰਥੀਆਂ ਵੱਲੋਂ ਲਿਆਂਦੇ ਗਏ ਦੁੱਧ ਦੇ ਸੈਂਪਲਾਂ ਨੂੰ ਸ੍ਰੀ ਹਰਮਨਪ੍ਰੀਤ ਸਿੰਘ, ਡੇਅਰੀ ਵਿਕਾਸ ਇੰਸਪੈਕਟਰ ਵੱਲੋਂ ਚੈਕ ਕੀਤਾ ਗਿਆ ਅਤੇ ਬੱਚਿਆਂ ਨੂੰ ਕਰੀਅਰ ਗਾਈਡੈਂਸ ਬਾਰੇ ਜਾਣਕਾਰੀ ਦਿੱਤੀ ਗਈ।ਕੈਂਪ ਵਿੱਚ ਸ਼੍ਰੀ. ਜਸਵੰਤ ਸਿੰਘ ਕਾਬਲਵਾਲਾ ਵੱਲੋਂ ਵੀ ਖਾਸ ਤੌਰ 'ਤੇ ਸ਼ਮੂਲੀਅਤ ਕੀਤੀ ਗਈ।ਦੁੱਧ ਦੇ ਕੁੱਲ 48 ਸੈਂਪਲਾਂ ਵਿੱਚੋਂ 28 ਸੈਂਪਲ ਮਿਆਰਾਂ ਅਨੁਸਾਰ ਅਤੇ 20 ਸੈਂਪਲ ਮਿਆਰਾਂ ਤੋਂ ਘੱਟ ਪਾਏ ਗਏ, ਕਿਸੇ ਵੀ ਸੈਂਪਲ ਵਿੱਚ ਹਾਨੀਕਾਰਕ ਤੱਤ ਦੀ ਪੁਸ਼ਟੀ ਨਹੀਂ ਹੋਈ।ਕੈਂਪ ਦੇ ਅੰਤ ਵਿੱਚ ਬੱਚਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ ਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਦੀ ਟੀਮ ਵੱਲੋਂ ਇਸ ਸਕੂਲ ਦੇ ਪ੍ਰਿੰਸੀਪਲ ਨੂੰ ਵਿਭਾਗੀ ਮੋਮੈਂਟੋ ਦੇ ਕੇ ਸਨਮਾਨ ਚਿੰਨ੍ਹ ਦਿੱਤਾ ਗਿਆ।

## ਪੰਜਾਬ 'ਚ ਅਗਲੀ ਸਰਕਾਰ ਕਾਂਗਰਸ ਦੀ ਬਣੇਗੀ : ਕੁਲਜੀਤ ਪੰਨਵਾਂ

### ਨੌਜਵਾਨਾਂ ਨੂੰ ਬੂਥਾਂ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ



ਭਵਾਨੀਗੜ੍ਹ (ਰਾਜ ਖੁਰਮੀ)-ਵਿਧਾਨ ਸਭਾ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਕਾਂਗਰਸ ਪਾਰਟੀ ਵੱਲੋਂ ਜਥੇਬੰਦਕ ਢਾਂਚੇ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਦੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਇਸੇ ਤਹਿਤ 'ਹਰ ਬੂਥ ਕਾਂਗਰਸ ਮਜ਼ਬੂਤ' ਮੁਹਿੰਮ ਅਧੀਨ ਵੱਖ-ਵੱਖ ਪਿੰਡਾਂ ਵਿੱਚ ਨੌਜਵਾਨਾਂ ਦੀਆਂ ਬੂਥ ਪੱਧਰੀ ਡਿਊਟੀਆਂ ਲਗਾਈਆਂ ਗਈਆਂ।ਜ਼ਿਲ੍ਹਾ ਕਾਂਗਰਸ ਦੇ ਸੀਨੀਅਰ ਯੂਥ ਵਾਈਸ ਪ੍ਰਧਾਨ ਕੁਲਜੀਤ ਸਿੰਘ ਪੰਨਵਾਂ ਦੀ ਅਗਵਾਈ ਹੇਠ ਨੌਜਵਾਨਾਂ ਤੇ ਪਾਰਟੀ ਵਰਕਰਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਬੂਥਾਂ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਪੰਨਵਾਂ ਨੇ ਕਿਹਾ ਕਿ ਕਾਂਗਰਸ ਵੱਲੋਂ ਪਾਰਟੀ ਦੀਆਂ ਨੀਤੀਆਂ ਤੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਜ਼ਮੀਨੀ ਪੱਧਰ 'ਤੇ ਲਾਮਬੰਦੀ ਕੀਤੀ ਜਾ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਅੰਦਰ ਕਾਂਗਰਸ ਦੀ ਸਰਕਾਰ ਬਣਨ ਜਾ ਰਹੀ ਹੈ, ਕਿਉਂਕਿ ਲੋਕ ਮੌਜੂਦਾ ਹਾਲਾਤਾਂ ਤੋਂ ਨਿਰਾਸ਼ ਹੋ ਕੇ ਕਾਂਗਰਸ ਵੱਲ ਉਮੀਦ ਨਾਲ ਦੇਖ ਰਹੇ ਹਨ।ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ, ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਤੇ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਦੀ ਅਗਵਾਈ ਹੇਠ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕੀਤਾ ਜਾਵੇਗਾ।ਪੰਨਵਾਂ ਨੇ ਕਿਹਾ ਕਿ ਕਾਂਗਰਸ ਦੀ ਸਰਕਾਰ ਬਣਨ 'ਤੇ ਪਾਰਟੀ ਦੇ ਵਰਕਰਾਂ, ਆਗੂਆਂ ਤੇ ਵੋਟਰਾਂ ਦਾ ਸਨਮਾਨ ਕਰਦਿਆਂ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਪਹਿਲ ਦਿੱਤੀ ਜਾਵੇਗੀ।ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਪਾਰਟੀ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਲਈ ਸਰਗਰਮ ਭੂਮਿਕਾ ਨਿਭਾਉਣ।ਇਸ ਮੌਕੇ ਸਾਬਕਾ ਚੇਅਰਮੈਨ ਵਰਿੰਦਰ ਪੰਨਵਾਂ, ਸਾਬਕਾ ਸਰਪੰਚ ਅਮਰ ਸਿੰਘ, ਨਿੱਕਾ ਨੰਬਰਦਾਰ, ਹਾਕਮ ਸਿੰਘ ਜੇਈ, ਗੁਰਧਿਆਨ ਸਿੰਘ ਸਾਬਕਾ ਪ੍ਰਧਾਨ ਕੋਆਪਰੇਸ਼ਨ ਸੋਸਾਇਟੀ ਤੇ ਦਲਜੀਤ ਸਿੰਘ ਘੁਮਾਣ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

## ਚੈਰੀਟੇਬਲ ਹਸਪਤਾਲ ਦਾ ਰਾਕੇਸ਼ ਬੱਗਾ ਵੱਲੋਂ ਉਦਘਾਟਨ




ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)-ਦੇਵੀਗੜ੍ਹ ਵਿਖੇ ਚੈਰੀਟੇਬਲ ਹਸਪਤਾਲ ਦਾ ਉਦਘਾਟਨ ਸਮਾਜ ਸੇਵੀ ਤੇ ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਨੇ ਕੀਤਾ।ਸਮਾਗਮ ਦੌਰਾਨ ਇਲਾਕੇ ਦੇ ਪਤਵੰਤੇ ਵਿਅਕਤੀਆਂ, ਸਮਾਜ ਸੇਵੀਆਂ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਵਾਸੀਆਂ ਨੇ ਸ਼ਿਰਕਤ ਕੀਤੀ।ਰਾਕੇਸ਼ ਬੱਗਾ ਨੇ ਕਿਹਾ ਕਿ ਸਿਹਤ ਸਹੂਲਤਾਂ ਹਰ ਵਿਅਕਤੀ ਦੀ ਮੁੱਢਲੀ ਲੋੜ ਹਨ ਤੇ ਸਮਾਜ ਦੇ ਲੋੜਵੰਦ ਲੋਕਾਂ ਤੱਕ ਮਿਆਰੀ ਇਲਾਜ ਦੀ ਪਹੁੰਚ ਬਣਾਉਣ ਲਈ ਅਜਿਹੇ ਉਪਰਾਲੇ ਬਹੁਤ ਮਹੱਤਵਪੂਰਨ ਹਨ।ਉਨ੍ਹਾਂ ਕਿਹਾ ਕਿ ਚੈਰੀਟੇਬਲ ਹਸਪਤਾਲ ਦੀ ਸਥਾਪਨਾ ਨਾਲ ਦੇਵੀਗੜ੍ਹ ਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਲਈ ਦੂਰ-ਦੁਰਾਡੇ ਜਾਣ ਦੀ ਲੋੜ ਘੱਟ ਹੋਵੇਗੀ।ਹਸਪਤਾਲ ਪ੍ਰਬੰਧਕਾਂ ਵੱਲੋਂ ਦੱਸਿਆ ਗਿਆ ਕਿ ਹਸਪਤਾਲ ਦਾ ਮੁੱਖ ਉਦੇਸ਼ ਲੋੜਵੰਦ ਤੇ ਆਮ ਵਰਗ ਦੇ ਲੋਕਾਂ ਨੂੰ ਲੈਬੋਰਟਰੀ ਟੈਸਟਾਂ ਵਿੱਚ ਖ਼ਾਸ ਸਹੂਲਤਯੋਗ ਢੰਗ ਨਾਲ ਸਿਹਤ ਸੇਵਾਵਾਂ ਮੁਹੱਈਆ ਕਰਾਉਣਾ ਹੈ।ਹਸਪਤਾਲ ਵਿੱਚ ਮਰੀਜ਼ਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਰਾਕੇਸ਼ ਬੱਗਾ ਨੇ ਵੀਲ੍ਹਚੇਅਰਾਂ ਵੀ ਭੇਟ ਕੀਤੀਆਂ ਤੇ ਕਿਹਾ ਕਿ ਜਿਹੜੇ ਮਰੀਜ਼ਾਂ ਨੂੰ ਚੱਲਣ ਵਿੱਚ ਪ੍ਰੇਸ਼ਾਨੀ ਆਉਂਦੀ ਹੈ, ਹੁਣ ਉਨ੍ਹਾਂ ਲਈ ਕੁਝ ਚੱਲਣ ਵਿੱਚ ਅਸਾਨੀ ਹੋ ਜਾਵੇਗੀ ਅਤੇ ਕਿਸੇ ਪ੍ਰਕਾਰ ਦੀ ਪ੍ਰਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

## ਮੁਮਾਰਾ, ਗੁਜਰ ਤੇ ਚੁੰਨੀਆਂ 'ਚ ਦਸਤਾਵੇਜ਼ੀ ਫ਼ਿਲਮ ਦਿਖਾਈ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸੂਬੇ ਭਰ ਵਿੱਚ ਗੁਰੂ ਰਵਿਦਾਸ ਜੀ ਦੇ ਜੀਵਨ ਸਬੰਧੀ ਦਸਤਾਵੇਜੀ ਫ਼ਿਲਮ ਦਿਖਾਈ ਜਾ ਰਹੀ ਹੈ।ਪਿੰਡ ਮੁਮਾਰਾ, ਗੁਜਰ ਅਤੇ ਚੁੰਨੀਆਂ ਵਿਖੇ ਦਸਤਾਵੇਜ਼ੀ ਫ਼ਿਲਮ ਦਿਖਾਈ ਗਈ।ਇਸੇ ਲੜੀ ਤਹਿਤ 3 ਸਤੰਬਰ ਨੂੰ ਅਰਾਈਆਂ ਵਾਲਾ ਖੁਰਦ, ਝੋਕ ਸਰਕਾਰੀ, ਕੌਣੀ ਵਿਖੇ 4 ਸਤੰਬਰ ਨੂੰ ਸੈਦੋਕੇ, ਦੀਪ ਸਿੰਘ ਵਾਲਾ, ਅਹਿਲ ਤੇ 5 ਸਤੰਬਰ ਨੂੰ ਕਾਨਿਆਂ ਵਾਲੀ, ਪਿੰਡੀ ਬਲੋਚਾਂ, ਵੀਰੇਵਾਲਾ ਕਲਾਂ ਵਿਖੇ ਦਸਤਾਵੇਜ਼ੀ ਫ਼ਿਲਮ ਦਿਖਾਈ ਜਾਵੇਗੀ।ਪਿੰਡਾਂ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੀਆਂ ਦਸਤਾਵੇਜ਼ੀ ਫਿਲਮਾਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ ਤੇ ਵਿਚਾਰਧਾਰਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

## ਦਾ ਰੈਨਸਾਂ ਸਕੂਲ 'ਚ ਸਕਾਊਟਿੰਗ ਦਾ ਤ੍ਰਿਤੀਆ ਸੋਪਾਨ ਟੈਸਟਿੰਗ ਕੈਂਪ ਸਫ਼ਲਤਾਪੂਰਵਕ ਸੰਪੰਨ



ਮਾਨਸਾ (ਆਤਮਾ ਸਿੰਘ ਪਮਾਰ)-ਦਾ ਰੈਨਸਾਂ ਸਕੂਲ 'ਚ ਭਾਰਤ ਸਕਾਊਟਸ ਐਂਡ ਗਾਈਡਜ਼ ਵੱਲੋਂ ਚਾਰ ਰੋਜ਼ਾ ਤ੍ਰਿਤੀਆ ਸੋਪਾਨ ਸਕਾਊਟ ਤੇ ਗਾਈਡ ਟੈਸਟਿੰਗ ਕੈਂਪ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਸਟੇਟ ਆਰਗਨਾਈਜਿੰਗ ਕਮਿਸ਼ਨਰ ਪੰਜਾਬ ਓਂਕਾਰ ਸਿੰਘ ਦੇ ਨਿਰਦੇਸ਼ਾਂ ਤਹਿਤ ਲੱਗੇ ਇਸ ਕੈਂਪ 'ਚ ਜ਼ਿਲ੍ਹਾ ਆਰਗੇਨਾਈਜ਼ਿੰਗ ਕਮਿਸ਼ਨਰ ਦਰਸ਼ਨ ਸਿੰਘ ਬਰੇਟਾ, ਸੀਨੀਅਰ ਸਕਾਊਟ ਮਾਸਟਰ ਨਵੀਨ ਕੁਮਾਰ ਤੇ ਡੀ.ਓ.ਪੀ ਨਿਰਲੇਪ ਕੌਰ ਨੇ ਵਲੰਟੀਅਰਾਂ ਨੂੰ ਸਕਾਊਟਿੰਗ ਦੇ ਫੰਡਾਮੈਂਟਲਜ਼, ਪੈਟਰੋਲ ਸਿਸਟਮ, ਪਾਈਨਰਿੰਗ, ਮੁੱਢਲੀ ਸਹਾਇਤਾ, ਖੋਜ ਦੇ ਚਿੰਨ੍ਹ, ਬੀ ਪੀ ਸਿਕਸ, ਟ੍ਰੈਕਿੰਗ, ਐਸਟੀਮੇਸ਼ਨ, ਮਾਰਚ ਪਾਸਟ ਆਦਿ ਦੀ ਪ੍ਰਯੋਗਿਕ ਤੇ ਮੌਖਿਕ ਟ੍ਰੇਨਿੰਗ ਕਰਾਉਂਦਿਆਂ ਆਪਸੀ ਸਦਭਾਵਨਾ, ਸਾਥੀਆਂ ਦਾ ਸਹਿਯੋਗ ਕਰਨਾ, ਔਖੇ ਹਾਲਾਤਾਂ ਨਾਲ ਜੂਝਣਾ ਆਦਿ ਬਾਰੇ ਵਿਸਥਾਰ ਨਾਲ ਸਿਖਾਇਆ ਗਿਆ।ਕੈਂਪ ਦੌਰਾਨ ਦਵਾਈ ਐਮ ਐਸ ਪੋਰਟਲ ਦੇ ਸਟੇਟ ਨੋਡਲ ਅਫ਼ਸਰ ਤੇ ਸੀਨੀਅਰ ਸਕਾਊਟ ਮਾਸਟਰ ਸ਼੍ਰੀ ਦੇਸ ਰਾਜ ਸਿੰਘ ਕੁਲਰੀਆਂ ਵੱਲੋਂ ਕੈਂਪਰਾਂ ਨੂੰ ਵੱਖ-ਵੱਖ ਕਿਸਮਾਂ ਦੀਆਂ ਗੰਢਾਂ ਬੰਨ੍ਹਣ ਦੇ ਢੰਗਾਂ ਬਾਰੇ ਵਿਹਾਰਕ ਜਾਣਕਾਰੀ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਸਕਾਊਟਿੰਗ ਦੀ ਸਿਖਲਾਈ ਨੌਜਵਾਨਾਂ 'ਚ ਹਿੰਮਤ, ਅਨੁਸ਼ਾਸਨ, ਸਹਿਯੋਗ ਤੇ ਮੁਸ਼ਕਲ ਹਾਲਤਾਂ ਵਿੱਚ ਫ਼ੈਸਲਾ ਲੈਣ ਦੀ ਸਮਰੱਥਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਵਲੰਟੀਅਰ ਦੇ ਪੰਦਰਾਂ ਪੈਟਰੋਲ ਬਣਾ ਕੇ ਵਾਈਡ ਗੇਮਜ਼ ਤੇ ਹੋਰ ਗਤੀਵਿਧੀਆਂ ਵੀ ਕਰਾਈਆਂ ਗਈਆਂ।ਪੈਟਰੋਲ ਇਨ ਕੌਂਸਲ, ਟਰੁੱਪ ਇਨ ਕੌਂਸਲ, ਕੋਰਟ ਆਫ ਆਨਰ, ਇੰਸਪੈਕਸ਼ਨ ਪ੍ਰਕਿਰਿਆ, ਲਾਗ ਬੁੱਕ ਦੀ ਮਹੱਤਤਾ, ਕੈਂਪ ਫਾਇਰ ਦੀ ਤਿਆਰੀ, ਬੀ ਪੀ ਸਿਕਸ, ਸਰਵਿਸ ਤੇ ਅਨੁਸ਼ਾਸਨ ਵਰਗੇ ਵਿਸ਼ਿਆਂ 'ਤੇ ਪ੍ਰਯੋਗਾਤਮਕ ਕਿਰਿਆਵਾਂ ਨਾਲ਼ ਸਿਖਲਾਈ ਦਿੱਤੀ।ਅਖੀਰਲੇ ਦਿਨ ਕੈਂਪਰਾਂ ਵੱਲੋਂ ਬਣਾਈਆਂ ਝੌਂਪੜੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ।

## ਕਿੰਡਰ ਗਾਰਟਨ ਸਕੂਲ ਦਾ ਜ਼ਿਲ੍ਹਾ ਪੱਧਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਆਯੋਜਤ ਜ਼ਿਲ੍ਹਾ ਪੱਧਰੀ ਖੇਡਾਂ 'ਚ ਕਿੰਡਰ ਗਾਰਟਨ ਐਂਡ ਸੀਨੀ: ਸੈਕੰ. ਸਕੂਲ ਦੇ ਅੰਡਰ 19 ਲੜਕਿਆਂ ਹੈਂਡਬਾਲ ਟੀਮ ਦੇ ਤਿੰਨ ਖਿਡਾਰੀਆਂ ਨੇ ਹਿੱਸਾ ਲਿਆ, ਜਿਸ ਵਿੱਚ ਉਨ੍ਹਾਂ ਨੇ ਸਾਹਨੇਵਾਲ ਜ਼ੋਨ ਨੂੰ ਹਰਾ ਕੇ ਤੀਜਾ ਸਥਾਨ ਹਾਸਲ ਕੀਤਾ ਤੇ ਅੰਡਰ 14 ਲੜਕਿਆਂ ਹੈਂਡਬਾਲ ਟੀਮ ਦੇ ਚਾਰ ਖਿਡਾਰੀਆਂ ਨੇ ਹਿੱਸਾ ਲਿਆ, ਜਿਸ ਵਿੱਚ ਉਨ੍ਹਾਂ ਨੇ ਦਾਖਾ ਜ਼ੋਨ ਨੂੰ ਹਰਾ ਕੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੇ ਡਾਇਰੈਕਟਰ ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਹਰ ਸਾਲ ਸਾਡੇ ਸਕੂਲ ਦੇ ਬੱਚੇ ਪੜ੍ਹਾਈ ਦੇ ਨਾਲ- ਨਾਲ ਖੇਡਾਂ ਵਿੱਚ ਮੈਡਲ ਜਿੱਤ ਕੇ ਸਕੂਲ ਦਾ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕਰਦੇ ਹਨ।ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਡਾਇਰੈਕਟਰ ਮੈਡਮ ਸਰਬਜੀਤ ਕੌਰ, ਪ੍ਰਿੰਸੀਪਲ ਮੈਡਮ ਰਣਜੋਤ ਕੌਰ ਨੇ ਬੱਚਿਆਂ ਨੂੰ ਉਤਸ਼ਾਹਤ ਕਰਦਿਆਂ ਕਿਹਾ ਕਿ ਖੇਡਾਂ ਮੰਨੁਖੀ ਜੀਵਨ ਦਾ ਅਟੁੱਟ ਹਿੱਸਾ ਹਨ, ਜਿੱਥੇ ਖੇਡਾਂ ਮਨੁੱਖੀ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ, ਉਥੇ ਮਾਨਸਿਕ ਤੌਰ 'ਤੇ ਹੋਣ ਵਾਲੀਆਂ ਬਿਮਾਰੀਆਂ ਤੋਂ ਵੀ ਬਚਾਉਂਦੀਆਂ ਹਨ।

## ਕਾਂਗਰਸ ਦੀ ਸਰਕਾਰ ਬਣਨ 'ਤੇ ਹਲਕੇ ਦੇ ਵਿਕਾਸ ਨੂੰ ਦਿੱਤੀ ਜਾਵੇਗੀ ਤਰਜੀਹ : ਗੌਰਵ ਸੰਧੂ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਿੰਡ ਰਾਠੀਆਂ ਵਿਖੇ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਇਕ ਵਿਸ਼ੇਸ਼ ਬੈਠਕ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਪੰਜਾਬ ਦੇ ਸੂਬਾ ਉਪ ਪ੍ਰਧਾਨ ਤੇ ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਦੀ ਵੱਲੋਂ ਲੋਕਾਂ ਨਾਲ ਕੀਤੀ ਗਈ, ਜਿਸ ਵਿੱਚ ਉਨ੍ਹਾਂ ਆਪਣੇ ਸਾਥੀਆਂ ਸਮੇਤ ਪਿੰਡ ਵਾਸੀਆਂ ਨਾਲ ਹਲਕੇ ਸਨੌਰ 'ਚ ਵਿਕਾਸ ਨੂੰ ਲੈਕੇ ਵਿਚਾਰ-ਵਟਾਂਦਰਾ ਕੀਤਾ।ਪਿੰਡ ਦੇ ਲੋਕਾਂ ਵੱਲੋਂ ਪਿੰਡ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਤੇ ਇਲਾਕੇ ਦੇ ਮੌਜੂਦਾ ਹਾਲਾਤ ਸਬੰਧੀ ਆਗੂਆਂ ਨਾਲ ਵਿਚਾਰ ਸਾਂਝੇ ਕੀਤੇ ਗਏ।ਗੌਰਵ ਸੰਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਤੇ ਉਨ੍ਹਾਂ ਦੀ ਆਵਾਜ਼ ਨੂੰ ਸਰਕਾਰ ਤੱਕ ਪੁਚਾਉਣ ਲਈ ਹਮੇਸ਼ਾ ਮੋਹਰੀ ਰਹੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਕਰਨ ਲਈ ਪਿੰਡ-ਪਿੰਡ ਵਰਕਰਾਂ ਅਤੇ ਆਮ ਲੋਕਾਂ ਨਾਲ ਸੰਪਰਕ ਵਧਾਇਆ ਜਾ ਰਿਹਾ ਹੈ।ਉਨ੍ਹਾਂ ਕਾਂਗਰਸੀ ਵਰਕਰਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਲੋਕਾਂ ਦੇ ਹੱਕਾਂ ਲਈ ਡਟ ਕੇ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ।

## ਸਿਵਲ ਹਸਪਤਾਲ 'ਚ ਨਵੀਂ ਬਿਲਡਿੰਗ ਦੀ ਉਸਾਰੀ ਦੌਰਾਨ ਦਰੱਖਤਾਂ 'ਤੇ ਚੱਲੀ ਕੁਹਾੜੀ, ਜ਼ਿੰਮੇਵਾਰ ਕੌਣ



ਬਠਿੰਡਾ (ਪਰਵਿੰਦਰਜੀਤ ਸਿੰਘ)-ਸਿਵਲ ਹਸਪਤਾਲ ਵਿਖੇ ਨਵੀਂ ਬਣਾਏ ਜਾ ਰਹੇ ਬਿਲਡਿੰਗ ਕੰਪਲੈਕਸ ਦੀ ਉਸਾਰੀ ਦੌਰਾਨ ਇੱਕ ਮੰਦਭਾਗੀ ਘਟਨਾ ਸਾਹਮਣੇ ਆਈ ਹੈ, ਜਿੱਥੇ ਲੱਗੇ ਦਰਜਨਾਂ ਛਾਂਦਾਰ ਦਰੱਖਤਾਂ ਨੂੰ ਬੇਰਹਿਮੀ ਨਾਲ ਵੱਢ ਦਿੱਤਾ ਗਿਆ ਹੈ।ਵਾਤਾਵਰਣ ਪ੍ਰੇਮੀਆਂ ਤੇ ਸਥਾਨਕ ਲੋਕਾਂ ਵਿੱਚ ਇਸ ਕਾਰਵਾਈ ਨੂੰ ਲੈ ਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਵਾਤਾਵਰਣ ਪ੍ਰੇਮੀ ਗੁਰਬਿੰਦਰ ਸ਼ਰਮਾ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹੋ ਜਿਹੇ ਲੋਕ ਜਾਂ ਅਧਿਕਾਰੀ ਜਿਨ੍ਹਾਂ ਨੇ ਦਰੱਖਤਾਂ ਨੂੰ ਕੱਟਿਆ ਗਿਆ ਹੈ, ਉਨ੍ਹਾਂ ਖਿਲਾਫ਼ ਕਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਜੇਕਰ ਉਸਾਰੀ ਵਿੱਚ ਲੱਗੇ ਕਿਸੇ ਪ੍ਰਾਈਵੇਟ ਠੇਕੇਦਾਰ ਜਾਂ ਉਸ ਦੇ ਬੰਦਿਆਂ ਦੀ ਅਣਗਹਿਲੀ/ਦੋਸ਼ ਸਾਹਮਣੇ ਆਉਂਦਾ ਹੈ, ਤਾਂ ਉਸ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਵਾਤਾਵਰਣ ਨੂੰ ਪੁਚਾਏ ਗਏ ਇਸ ਨੁਕਸਾਨ ਨੂੰ ਲੈ ਕੇ ਆਮ ਜਨਤਾ ਮੰਗ ਕਰ ਰਹੀ ਹੈ ਕਿ ਦੋਸ਼ੀਆਂ 'ਤੇ ਜਲਦ ਤੋਂ ਜਲਦ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਨਵੀਂ ਬਿਲਡਿੰਗ ਦੇ ਆਲੇ-ਦੁਆਲੇ ਦੁਬਾਰਾ ਨਵੇਂ ਪੌਦੇ ਲਾਏ ਜਾਣ।

# 8 ਪਿਸਤੌਲਾਂ ਤੇ 103 ਜ਼ਿੰਦਾ ਕਾਰਤੂਸਾਂ ਸਣੇ ਦੋ ਕਾਬੂ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਦੋ ਵਿਅਕਤੀਆਂ ਨੂੰ .30 ਬੋਰ ਦੇ ਅੱਠ ਗੈਰ-ਕਾਨੂੰਨੀ ਪਿਸਤੌਲਾਂ ਤੇ 103 ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ ਗੈਰ-ਕਾਨੂੰਨੀ ਹਥਿਆਰ ਸਪਲਾਈ ਨੈੱਟਵਰਕ ਦਾ ਪਰਦਾ ਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰਣਜੀਤ ਸਿੰਘ ਉਰਫ਼ ਜੀਤਾ (24) ਵਾਸੀ ਪਿੰਡ ਬੈਂਕਾ, ਤਰਨਤਾਰਨ ਤੇ ਗੁਰਬੀਰ ਸਿੰਘ ਉਰਫ਼ ਗੋਰਾ (32) ਵਾਸੀ ਪਿੰਡ ਤਾਰਾ ਸਿੰਘ, ਤਰਨ ਤਾਰਨ ਵਜੋਂ ਹੋਈ ਹੈ। ਮੁਲਜ਼ਮ ਰਣਜੀਤ ਉਰਫ਼ ਜੀਤਾ ਅਪਰਾਧਕ ਪਿਛੋਕੜ ਵਾਲਾ ਮੁਲਜ਼ਮ ਹੈ ਅਤੇ ਉਸ ਵਿਰੁੱਧ ਅਸਲਾ ਐਕਟ, ਐੱਨ.ਡੀ.ਪੀ.ਐੱਸ. ਐਕਟ ਤੇ ਵਿਸਫੋਟਕ ਐਕਟ ਤਹਿਤ ਕਈ ਮਾਮਲੇ ਦਰਜ ਹਨ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਮੁਲਜ਼ਮ ਸੋਸ਼ਲ ਮੀਡੀਆ ਐਪਲੀਕੇਸ਼ਨਾਂ ਰਾਹੀਂ ਵਿਦੇਸ਼ੀ ਤਸਕਰਾਂ ਦੇ ਸੰਪਰਕ ਵਿਚ ਸਨ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਗੈਰ-ਕਾਨੂੰਨੀ ਵਿਦੇਸ਼ੀ ਹਥਿਆਰਾਂ ਦੀਆਂ ਖੇਪਾਂ ਪ੍ਰਾਪਤ ਕਰਕੇ ਸੂਬੇ ਵਿਚ ਅਪਰਾਧਕ ਅਨਸਰਾਂ ਨੂੰ ਸਪਲਾਈ ਕਰ ਰਹੇ ਸਨ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨਰ ਆਫ ਪੁਲਸ ਅੰਮ੍ਰਿਤਸਰ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਅਧਾਰ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਗੁਰਦੁਆਰਾ ਬੋਹੜੀ ਸਾਹਿਬ ਰੋਡ ਨੇੜੇ ਨਾਕਾ ਲਗਾਇਆ ਤੇ ਰਣਜੀਤ ਸਿੰਘ ਉਰਫ਼ ਜੀਤਾ ਨੂੰ ਇਕ .30 ਬੋਰ ਪਿਸਤੌਲ ਤੇ ਤਿੰਨ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ। ਉਨ੍ਹਾਂ ਦੱਸਿਆ ਕਿ ਅਗਲੇਰੀ ਜਾਂਚ ਦੌਰਾਨ ਉਸ ਦੇ ਕਬਜ਼ੇ ਵਿਚੋਂ ਚਾਰ ਹੋਰ .30 ਬੋਰ ਪਿਸਤੌਲ ਤੇ 100 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਸੀ.ਪੀ. ਨੇ ਦੱਸਿਆ ਕਿ ਰਣਜੀਤ ਉਰਫ਼ ਜੀਤਾ ਤੋਂ ਕੀਤੀ ਪੁੱਛਗਿੱਛ ਦੌਰਾਨ ਉਸ ਦੇ ਸਾਥੀ ਦੀ ਪਛਾਣ ਗੁਰਬੀਰ ਉਰਫ਼ ਗੋਰਾ ਵਜੋਂ ਹੋਈ ਤੇ ਪੁਲਸ ਵੱਲੋਂ ਉਸ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਪੁਲਸ ਨੇ ਉਸ ਦੇ ਕਬਜ਼ੇ ਵਿਚੋਂ ਤਿੰਨ .30 ਬੋਰ ਪਿਸਤੌਲ ਬਰਾਮਦ ਕੀਤੇ। ਜਾਂਚ ਦੌਰਾਨ ਪਤਾ ਲੱਗਾ ਹੈ ਕਿ ਗੁਰਬੀਰ ਉਰਫ਼ ਗੋਰਾ ਛੇ ਮਹੀਨੇ ਪਹਿਲਾਂ ਦੁਬਈ ਤੋਂ ਵਾਪਸ ਆਇਆ ਸੀ। ਇਸ ਸੰਬੰਧੀ ਐੱਫਆਈਆਰ ਪੁਲਸ ਸਟੇਸ਼ਨ ਇਸਲਾਮਾਬਾਦ ਵਿਚ ਦਰਜ ਕੀਤੀ ਗਈ ਹੈ।

# ਲੋਕ ਅਦਾਲਤ 12 ਨੂੰ : ਬਾਜਵਾ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ ਨਗਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਵਿਚ ਕੌਮੀ ਲੋਕ ਅਦਾਲਤ 12 ਸਤੰਬਰ ਨੂੰ ਲਗਾਈ ਜਾਵੇਗੀ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਕੰਵਲਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿਚ 138 ਐੱਨ.ਆਈ.ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਇਟ ਪਲੈਨ ਆਦਿ, ਸਾਰੇ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐਮ.ਏ.ਸੀ.ਟੀ (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਆਦਿ ਦੇ ਕੇਸਾਂ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ। ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕਿਹਾ ਕਿ ਕੌਮੀ ਲੋਕ ਅਦਾਲਤ ਰਾਹੀਂ ਆਪਣੇ ਮੁਕੱਦਮੇ ਹੱਲ ਕਰਵਾਉਣ ਲਈ ਜਿਥੇ ਲੋਕਾਂ ਦੇ ਪੈਸੇ ਦੀ ਬੱਚਤ ਹੁੰਦੀ ਹੈ ਉਥੇ ਦੋਹਾਂ ਧਿਰਾਂ ਵਿਚ ਪਿਆਰ ਵੀ ਬਣਿਆ ਰਹਿੰਦਾ ਹੈ ਅਤੇ ਕੋਈ ਵੀ ਧਿਰ ਆਪਣੇ ਆਪ ਨੂੰ ਜਿੱਤੀ ਜਾਂ ਹਾਰੀ ਮਹਿਸੂਸ ਨਹੀਂ ਕਰਦੀ। ਉਨ੍ਹਾਂ ਦੱਸਿਆ ਕਿ ਜੇਕਰ ਲੋਕ ਅਦਾਲਤ ਵਿਚ ਕੇਸ ਦਾ ਫ਼ੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿਚ ਲੱਗੀ ਕੋਰਟ ਫ਼ੀਸ ਵੀ ਵਾਪਸ ਹੋ ਜਾਂਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਕੌਮੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਤ ਕੋਰਟ ਵਿਚ ਜਾਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦੇ ਦਫ਼ਤਰ ਵਿਖੇ ਦੇ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੇਸਾਂ ਦਾ ਇਸ ਕੌਮੀ ਲੋਕ ਅਦਾਲਤ ਵਿਚ ਫ਼ੈਸਲਾ ਕਰਵਾ ਕੇ ਵੱਧ ਤੋਂ ਵੱਧ ਲਾਭ ਉਠਾਉਣ।

# ਆਸ਼ਾ ਵਰਕਰਾਂ ਤੇ ਸੁਪਰਵਾਈਜ਼ਰਾਂ ਦੇ ਸੋਮਵਾਰ ਤੱਕ ਪੈਸੇ ਨਾ ਪਏ ਤਾਂ ਲੱਗੇਗਾ ਪੱਕਾ ਮੋਰਚਾ : ਹਰੀਕੇ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਆਸ਼ਾ ਵਰਕਰ ਫੈਸਿਲੀਟੇਟਰਜ਼, ਸੁਪਰਵਾਈਜ਼ਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਇੱਕ ਮੀਟਿੰਗ ਗੁਰਦੁਆਰਾ ਬਾਬਾ ਬੀਰ ਸਿੰਘ ਪੱਟੀ ਮੋੜ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਨੇ ਦੱਸਿਆ ਕਿ ਬੀਤੇ ਚਾਰ ਮਹੀਨਿਆਂ ਤੋਂ ਨਾ ਕੰਮ ਦੇ ਪੈਸੇ ਤੇ ਨਾ ਤਨਖਾਹ ਮਿਲੀ। ਮਨਜਿੰਦਰ ਕੌਰ ਹਰੀਕੇ ਨੇ ਦੱਸਿਆ ਕਿ ਸੂਬੇ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੱਤਾ ਸੰਭਾਲਣ ਸਮੇਂ ਉਹਨਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਗਏ। ਪਰ ਸੱਤਾ ਹਾਸਲ ਕਰਨ ਤੋ ਬਾਅਦ ਉਹਨਾਂ ਨਾਲ ਕੀਤੇ ਸਾਰੇ ਵਾਅਦੇ ਵਫਾ ਨਹੀਂ ਹੋਏ। ਮਨਜਿੰਦਰ ਕੌਰ ਨੇ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਆਖਿਆ ਕਿ ਸੂਬੇ ਦੇ ਮੁੱਖ ਮੰਤਰੀ ਵੱਲੋਂ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਸਟੇਜਾਂ 'ਤੇ ਕਹਿੰਦੇ ਨਜ਼ਰ ਆਉਂਦੇ ਹਨ ਕਿ ਸੂਬੇ ਦੀਆਂ ਮਾਂਵਾਂ ਭੈਣਾਂ ਨੂੰ ਸਤਿਕਾਰ ਦੇ ਕੇ ਮਨ ਨੂੰ ਖੁਸ਼ੀ ਮਿਲਦੀ ਹੈ, ਕੀ ਆਸ਼ਾ ਵਰਕਰ, ਫੈਸਿਲੀਟੇਟਰਜ਼, ਸੁਪਰਵਾਈਜ਼ਰਾਂ ਉਹਨਾ ਦੀਆਂ ਮਾਂਵਾਂ ਭੈਣਾਂ ਦੀ ਗਿਣਤੀ 'ਚ ਨਹੀਂ ਆਉਂਦੀਆਂ।

ਬੀਤੇ ਚਾਰ ਮਹੀਨਿਆ ਤੋਂ ਨਾ ਤਾਂ ਉਹਨਾਂ ਨੂੰ ਫਿਕਸ ਭੱਤਾ ਅਤੇ ਨਾ ਹੀ ਉਹਨਾ ਨੂੰ ਕੰਮ ਦੇ ਪੈਸੇ ਮਿਲੇ। ਹਰੀਕੇ ਨੇ ਦੱਸਿਆ ਕਿ ਅਨੇਕਾਂ ਵਾਰ ਸਿਵਲ ਸਰਜਨ ਤਰਨਤਾਰਨ ਤੇ ਐਸ.ਐਮ.ਓ. ਘਰਿਆਲਾ ਨੂੰ ਅਪੀਲ ਕਰ ਚੁੱਕੇ ਹਨ ਕਿ ਉਹਨਾ ਨੂੰ ਬਣਦੇ ਭੱਤੇ ਸਮੇਤ ਮਿਹਨਤਾਨਾ ਦਿੱਤਾ ਜਾਵੇ ਪਰ ਸਰਕਾਰ ਤੇ ਮਹਿਕਮੇ ਦੇ ਸਿਰ 'ਤੇ ਜੂੰ ਤੱਕ ਨਹੀਂ ਸਰਕਦੀ। ਮਨਜਿੰਦਰ ਕੌਰ ਨੇ ਸਰਕਾਰ ਤੇ ਸਿਹਤ ਵਿਭਾਗ ਨੂੰ ਚਿਤਾਵਨੀ ਦਿੱਤੀ ਕਿ ਜੇਕਰ 7 ਸਤੰਬਰ ਤੱਕ ਉਹਨਾਂ ਨੂੰ ਤਿੰਨ ਮਹੀਨਿਆਂ ਦਾ ਮਿਹਨਤਾਨਾ ਨਾ ਦਿੱਤਾ ਗਿਆ ਤਾਂ 8 ਸਤੰਬਰ ਨੂੰ ਸਿਵਲ ਹਸਪਤਾਲ ਘਰਿਆਲਾ ਵਿਖੇ ਦਿਨ ਰਾਤ ਦਾ ਮੋਰਚਾ ਲਗਾਇਆ ਜਾਵੇਗਾ।

ਇਸ ਮੌਕੇ ਚੇਅਰਮੈਨ ਰਾਜਬੀਰ ਕੌਰ ਹਰੀਕੇ, ਮੀਤ ਪ੍ਰਧਾਨ ਸਰਬਜੀਤ ਕੌਰ, ਜ਼ਿਲ੍ਹਾ ਸੈਕਟਰੀ ਵੀਰਪਾਲ ਕੌਰ ਭੰਗੂਪੁਰ, ਗੁਰਵਿੰਦਰ ਕੌਰ, ਗੁਰਪ੍ਰੀਤ ਕੌਰ, ਗੁਰਜਿੰਦਰ ਕੌਰ, ਹਰਜੀਤ ਕੌਰ, ਕੁਲਜੀਤ ਕੌਰ, ਦਲਜੀਤ ਕੌਰ, ਹਰਜਿੰਦਰ ਕੌਰ, ਦੁਪਿੰਦਰ ਕੌਰ, ਕਰਮ ਕੌਰ, ਗੁਰਪੀਤ ਕੌਰ, ਦਵਿੰਦਰ ਕੌਰ, ਹਰਦੀਪ ਕੌਰ, ਮਮਤਾ ਰਾਣੀ ਊਸ਼ਾ ਰਾਣੀ, ਸਿਮਰਜੀਤ ਕੌਰ, ਬਲਜੀਤ ਕੌਰ, ਹਰਜਿੰਦਰ ਕੌਰ, ਸੁਰਜੀਤ ਕੌਰ, ਕੁਲਜੀਤ ਕੌਰ, ਆਦਿ ਹਾਜ਼ਰ ਸਨ।

# ਨੌਜਵਾਨਾਂ ਦੀ ਰਜਿਸਟ੍ਰੇਸ਼ਨ ਲਈ ਲਗਾਏ ਜਾ ਰਹੇ ਹਨ ਵਿਸ਼ੇਸ਼ ਕੈਂਪ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਅੰਮ੍ਰਿਤਸਰ ਜ਼ਿਲ੍ਹੇ ਦੇ 11 ਵਿਧਾਨ ਸਭਾ ਹਲਕਿਆਂ ਅਧੀਨ ਆਉਂਦੇ ਸਮੂਹ ਕਾਲਜਾਂ ਵਿੱਚ ਯੋਗ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਕਰਨ ਅਤੇ ਉਨ੍ਹਾਂ ਨੂੰ ਆਪਣੇ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਏ ਜਾ ਰਹੇ ਹਨ। ਇਸ ਮੁਹਿੰਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਕਾਲਜ ਪ੍ਰਬੰਧਕਾਂ ਅਤੇ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀਮਤੀ ਪਲਵੀ ਮਿਸ਼ਰਾ ਨੇ ਕਿਹਾ ਕਿ ਮਜ਼ਬੂਤ ਲੋਕਤੰਤਰ ਲਈ ਹਰ ਯੋਗ ਨਾਗਰਿਕ ਦਾ ਵੋਟਰ ਵਜੋਂ ਰਜਿਸਟਰ ਹੋਣਾ ਅਤੇ ਚੋਣ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਵੋਟਰ ਬਣਨ ਵਾਲੇ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਕਰਨ ਅਤੇ ਉਨ੍ਹਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਜਾਗਰੂਕ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ।

ਇਸ ਮੌਕੇ ਚੋਣ ਤਹਿਸੀਲਦਾਰ ਸ. ਰਜਿੰਦਰ ਸਿੰਘ ਕਾਹਲੋਂ, ਸ੍ਰੀ ਆਸ਼ੂ ਧਵਨ, ਸ੍ਰੀ ਮਨੀਸ਼ ਕੁਮਾਰ, ਸ੍ਰੀ ਪੰਕਜ ਕੁਮਾਰ ਸ਼ਰਮਾ ਅਤੇ ਸਵੀਪ ਟੀਮ ਦੇ ਹੋਰ ਮੈਂਬਰ ਹਾਜ਼ਰ ਸਨ।

# ਜਨਮ ਦਿਨ 'ਤੇ ਕੁੰਵਰ ਵਿਜੇ ਪ੍ਰਤਾਪ ਨੇ ਦਿੱਤਾ ਆਸ਼ੀਰਵਾਦ



ਛੇਹਰਟਾ, (ਮਨੋਜ ਕੁਮਾਰ)- ਅਨੁਜ ਖੇਮਕਾ ਦਾ ਜਨਮ ਦਿਨ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਦਫ਼ਤਰ ਵਿਚ ਮਨਾਇਆ ਗਿਆ। ਇਸ ਮੌਕੇ ਅਨੁਜ ਖੇਮਕਾ ਨੂੰ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਆਸ਼ੀਰਵਾਦ ਦਿੱਤਾ। ਅਨੁਜ ਖੇਮਕਾ ਨੇ ਆਪਣੀ ਪੂਰੀ ਟੀਮ ਨਾਲ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਦਫ਼ਤਰ ਵਿਚ ਕੇਕ ਕੱਟਿਆ। ਇਸ ਮੌਕੇ ਅਨੁਜ ਖੇਮਕਾ ਤੇ ਉਨ੍ਹਾਂ ਦੀ ਟੀਮ ਨੇ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਤਸਵੀਰ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਸਮਾਜ ਸੇਵਕ ਅਸ਼ਵਨੀ ਜੋਸ਼ੀ, ਗਾਇਕ ਹੈਪੀ ਮਿੰਨੀ ਚੰਚਲ ਗਰੁੱਪ ਦੇ ਸਾਰੇ ਮੈਂਬਰ, ਲਵ ਬੌਣੀ, ਜਸਕੀਰਤ ਸਿੰਘ, ਸ਼ੇਰ ਅਰੋੜਾ, ਸੋਨੀ, ਵਿਸ਼ਾਲ ਸ਼ਰਮਾ, ਤਰਸੇਮ ਸਿੰਘ, ਗੁਰਮੀਤ ਸਿੰਘ, ਅਮਨ ਜੋਸ਼ੀ, ਸੰਜੀਵ ਭਾਟੀਆ, ਸੇਵਾਮੁਕਤ ਇੰਸਪੈਕਟਰ ਵਿਸ਼ਵਾਮਿੱਤਰ ਵੀ ਮੌਜੂਦ ਸਨ।

# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਤਿਉਹਾਰ ਸ਼ਰਧਾ ਨਾਲ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)- ਝਬਾਲ ਦੇ ਆਰ.ਐਸ. ਡੀ.ਏ.ਵੀ.ਪਬਲਿਕ ਸਕੂਲ, ਝਬਾਲ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਪਾਵਨ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ।ਸਟੇਜ ਸੰਚਾਲਨ ਮੈਡਮ ਗੁਰਜਿੰਦਰ ਕੌਰ ਅਤੇ ਸੱਤਵੀਂ ਦੀ ਵਿਦਿਆਰਥਣ ਖੁਸ਼ੀ ਦੁਆਰਾ ਕੀਤਾ ਗਿਆ।ਸਮਾਗਮ ਦੌਰਾਨ ਨੰਨੇ-ਮੁੰਨੇ ਬੱਚਿਆਂ ਨੇ ਭਗਵਾਨ ਸ੍ਰੀ ਕ੍ਰਿਸ਼ਨ ਅਤੇ ਰਾਧਾ ਦੇ ਸੁੰਦਰ ਰੂਪ ਧਾਰਨ ਕਰਕੇ ਸਭ ਦਾ ਮਨ ਮੋਹ ਲਿਆ। ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਨਾਲ ਸਬੰਧਤ ਗੀਤਾਂ, ਨਾਚਾਂ ਅਤੇ ਨਾਟਕਾਂ ਦੀ ਮਨਮੋਹਕ ਪੇਸ਼ਕਾਰੀ ਕੀਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਅਸ਼ਵਨੀ ਕੁਮਾਰ ਨੇ ਕਿਹਾ ਕਿ ਸ੍ਰੀ ਕ੍ਰਿਸ਼ਨ ਜੀ ਦਾ ਜੀਵਨ ਸਾਨੂੰ ਸੱਚ,ਧਰਮ ਅਤੇ ਨੇਕੀ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ।

# ਬਾਬਾ ਬੁੱਢਾ ਕਾਲਜ ਬੀਰ ਸਾਹਿਬ ਵਿਖੇ ਫਰੈਸ਼ਰ ਵਿਦਿਆਰਥੀਆਂ ਦਾ ਨਿੱਘਾ ਸਵਾਗਤ, ਵੈਲਕਮ ਪਾਰਟੀ ਦਾ ਆਯੋਜਨ



ਝਬਾਲ (ਹਰਜਿੰਦਰ ਸਿੰਘ ਸੋਨੀ/ਮੱਖਣ ਮਨੋਜ)-ਸੰਤ ਬਾਬਾ ਖੜਕ ਸਿੰਘ ਜੀ ਦੁਆਰਾ ਸਥਾਪਿਤ ਅਤੇ ਬਾਬਾ ਸੰਤੋਖ ਸਿੰਘ ਜੀ ਦੀ ਅਗਵਾਈ ਹੇਠ ਚੱਲ ਰਹੇ ਬਾਬਾ ਬੁੱਢਾ ਕਾਲਜ ਬੀਰ ਸਾਹਿਬ ਵਿਖੇ ਨਵੇਂ ਦਾਖਲ ਹੋਏ ਫਰੈਸ਼ਰ (ਪਹਿਲੇ ਸਾਲ ਦੇ) ਵਿਦਿਆਰਥੀਆਂ ਦੇ ਸਵਾਗਤ ਲਈ ਸੀਨੀਅਰ ਵਿਦਿਆਰਥੀਆਂ ਵੱਲੋਂ ਇੱਕ ਸ਼ਾਨਦਾਰ ਵੈਲਕਮ ਪਾਰਟੀ ਦਾ ਆਯੋਜਨ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ 'ਚ ਕਾਲਜ ਦੇ ਪ੍ਰਿੰਸੀਪਲ ਡਾ. ਕਰਨਜੀਤ ਸਿੰਘ ਬੋਦੀ ਨੇ ਨਵੇਂ ਆਏ ਵਿਦਿਆਰਥੀਆਂ ਨੂੰ ਜੀ ਆਇਆਂ ਆਖਿਆ। ਸੰਬੋਧਨ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਚੰਗੀ ਸਿੱਖਿਆ ਅਤੇ ਉਚੀਆਂ ਨੈਤਿਕ ਕਦਰਾਂ-ਕੀਮਤਾਂ ਨੂੰ ਜ਼ਰੂਰ ਅਪਣਾਉਣ ਤਾਂ ਜੋ ਉਹ ਆਪਣੇ ਮਾਪਿਆਂ ਅਤੇ ਕਾਲਜ ਦਾ ਨਾਂ ਰੋਸ਼ਨ ਕਰ ਸਕਣ।

ਇਸ ਦੌਰਾਨ ਵਿਦਿਆਰਥੀਆਂ ਨੇ ਗਿੱਧਾ, ਭੰਗੜਾ, ਡਾਂਸ ਅਤੇ ਹੋਰ ਕਲਾਤਮਕ ਗਤੀਵਿਧੀਆਂ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ। ਇਸ ਮੌਕੇ ਪ੍ਰੋ. ਸੁਰਿੰਦਰ ਸਿੰਘ ਨੇ ਸਟੇਜ ਦੀ ਭੂਮਿਕਾ ਨਿਭਾਈ। ਇਸ ਮੌਕੇ ਡਾ. ਅਮਰਬੀਰ ਸਿੰਘ, ਸੁਪਰਡੈਂਟ ਤਜਿੰਦਰਜੀਤ ਸਿੰਘ, ਪ੍ਰੋਫੈਸਰ ਇੰਦਰਜੀਤ ਸਿੰਘ, ਪ੍ਰੋਫੈਸਰ ਅੰਮ੍ਰਿਤਪਾਲ ਸਿੰਘ, ਮੈਡਮ ਸੁਖਪਾਲ ਕੌਰ, ਪ੍ਰੋਗਰਾਮ ਇੰਚਾਰਜ ਮੈਡਮ ਹਰਪ੍ਰੀਤ ਕੌਰ, ਮੈਡਮ ਅਕਵਿੰਦਰ ਕੌਰ, ਮੈਡਮ ਸਿਮਰਨ ਕੌਰ, ਮੈਡਮ ਪਲਵਿੰਦਰ ਕੌਰ ਅਤੇ ਮੈਡਮ ਕੰਵਲਜੀਤ ਕੌਰ ਹਾਜ਼ਰ ਸਨ।

# ਨਰਾਇਣਗੜ੍ਹ ਸਥਿਤ ਮੰਦਰ ਦੇ ਆਲੇ ਦੁਆਲੇ ਕਰਵਾਈ ਵਿਸ਼ੇਸ਼ ਸਫ਼ਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਿਸ਼ਨ ਕਲੀਨ ਪੰਜਾਬ ਤਹਿਤ ਹਲਕਾ ਅੰਮ੍ਰਿਤਸਰ ਪੱਛਮੀ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਸਵੱਛ ਬਣਾਉਣ ਲਈ ਚਲਾਇਆ ਜਾ ਰਿਹਾ ਵਿਸ਼ੇਸ਼ ਸਫ਼ਾਈ ਅਭਿਆਨ ਅੱਜ ਛੇਵੇਂ ਦਿਨ ਵੀ ਜਾਰੀ ਰਿਹਾ। ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਵਿੱਤਰ ਤਿਉਹਾਰ ਦੇ ਮੱਦੇਨਜ਼ਰ ਨਰਾਇਣਗੜ੍ਹ ਸਥਿਤ ਸ੍ਰੀ ਕ੍ਰਿਸ਼ਨ ਮੰਦਰ ਦੇ ਆਲੇ-ਦੁਆਲੇ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ। ਇਸ ਮੌਕੇ ਹਲਕਾ ਅੰਮ੍ਰਿਤਸਰ ਪੱਛਮੀ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਖੁਦ ਸਫ਼ਾਈ ਅਭਿਆਨ ਵਿੱਚ ਸ਼ਮੂਲੀਅਤ ਕਰਦਿਆਂ ਸਫ਼ਾਈ ਕਾਰਜਾਂ ਦਾ ਜਾਇਜ਼ਾ ਲਿਆ। ਮੰਦਰ ਦੇ ਬਾਹਰਲੇ ਖੇਤਰ, ਆਲੇ-ਦੁਆਲੇ ਦੀਆਂ ਸੜਕਾਂ ਅਤੇ ਜਨਤਕ ਥਾਵਾਂ 'ਤੇ ਕੂੜਾ-ਕਰਕਟ ਹਟਾ ਕੇ ਸਫ਼ਾਈ ਕੀਤੀ ਗਈ। ਵਿਧਾਇਕ ਡਾ. ਸੰਧੂ ਨੇ ਕਿਹਾ ਕਿ ਸਫ਼ਾਈ ਸਿਰਫ਼ ਸਰਕਾਰੀ ਵਿਭਾਗਾਂ ਦੀ ਨਹੀਂ, ਸਗੋਂ ਹਰੇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾ ਭਰੋਸਾ ਦਿਵਾਇਆ ਕਿ ਹਲਕੇ ਵਿੱਚ ਸਫਾਈ ਪ੍ਰਬੰਧਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾਵੇਗੀ। ਵੱਖ-ਵੱਖ ਇਲਾਕਿਆਂ ਵਿੱਚ ਸਫਾਈ ਅਭਿਆਨ ਜਾਰੀ ਰੱਖਿਆ ਜਾਵੇਗਾ।

# ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਨੂੰ ਮਿਲਿਆ 'ਉਜਲ ਦੀਦਾਰ ਨਿਰਮਲ ਬੁੱਧ ਐਵਾਰਡ'



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਤ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ (ਰਜਿ.) ਪੰਜਾਬ ਵੱਲੋਂ ਕਰਵਾਏ ਗਏ ਸਾਲਾਨਾ ਸਮਾਗਮ ਦੌਰਾਨ ਖੂਨਦਾਨ ਅਤੇ ਹੋਰ ਸਮਾਜ ਸੇਵੀ ਕਾਰਜਾਂ ਵਿੱਚ ਮੋਹਰੀ ਭੂਮਿਕਾ ਨਿਭਾਉਣ ਵਾਲੀ ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਪੱਟੀ ਨੂੰ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਨੂੰ ਦੇਖਦਿਆਂ 'ਉਜਲ ਦੀਦਾਰ ਨਿਰਮਲ ਬੁੱਧ ਐਵਾਰਡ' ਨਾਲ ਸਨਮਾਨਤ ਕੀਤਾ ਗਿਆ।ਇਹ ਵਿਸ਼ੇਸ਼ ਸਨਮਾਨ ਗੁਰਦੁਆਰਾ ਬਾਬਾ ਭਗਤ ਸੈਣ ਜੀ ਪਿੰਡ ਸੋਹਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ।ਸੁਸਾਇਟੀ ਨੂੰ ਇਹ ਐਵਾਰਡ ਖੂਨਦਾਨ ਦੇ ਖੇਤਰ ਵਿੱਚ ਲਗਾਤਾਰ ਨਿਭਾਈ ਜਾ ਰਹੀ ਸੇਵਾ ਅਤੇ ਲੋੜਵੰਦ ਮਰੀਜ਼ਾਂ ਤੱਕ ਸਮੇਂ ਸਿਰ ਖੂਨ ਪਹੁੰਚਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਲਈ ਦਿੱਤਾ ਗਿਆ। ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਪੱਟੀ ਨਾਲ ਜੁੜੇ ਸੇਵਾਦਾਰਾਂ ਵੱਲੋਂ ਲੋੜ ਪੈਣ 'ਤੇ ਖੂਨਦਾਨ ਕਰਕੇ ਕਈ ਕੀਮਤੀ ਜਾਨਾਂ ਬਚਾਉਣ ਵਿੱਚ ਆਪਣਾ ਯੋਗਦਾਨ ਪਾਇਆ ਜਾ ਰਿਹਾ ਹੈ। ਸੁਸਾਇਟੀ ਵੱਲੋਂ ਖੂਨਦਾਨ ਕੈਂਪ ਲਗਾਉਣ ਦੇ ਨਾਲ-ਨਾਲ ਲੋਕਾਂ ਨੂੰ ਖੂਨਦਾਨ ਲਈ ਪ੍ਰੇਰਿਤ ਕਰਨ ਅਤੇ ਸਮਾਜ ਵਿੱਚ ਇਸ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਪਰਾਲੇ ਵੀ ਕੀਤੇ ਜਾਂਦੇ ਹਨ। ਇਸ ਮੌਕੇ ਸੁਸਾਇਟੀ ਦੇ ਮੁੱਖ ਪ੍ਰਬੰਧਕ ਮਲਕੀਅਤ ਸਿੰਘ ਬੱਬਲ ਨੇ ਕਿਹਾ ਕਿ ਇਹ ਸਨਮਾਨ ਕਿਸੇ ਇੱਕ ਵਿਅਕਤੀ ਦਾ ਨਹੀਂ, ਸਗੋਂ ਸੁਸਾਇਟੀ ਨਾਲ ਜੁੜੇ ਸਮੂਹ ਸੇਵਾਦਾਰਾਂ, ਖੂਨਦਾਨੀਆਂ ਅਤੇ ਸਹਿਯੋਗੀਆਂ ਦਾ ਸਨਮਾਨ ਹੈ। ਉਨ੍ਹਾਂ ਕਿਹਾ ਕਿ ਸੁਸਾਇਟੀ ਦਾ ਮੁੱਖ ਮਕਸਦ ਕਿਸੇ ਵੀ ਲੋੜਵੰਦ ਮਰੀਜ਼ ਨੂੰ ਖੂਨ ਦੀ ਕਮੀ ਕਾਰਨ ਮੁਸ਼ਕਲ ਦਾ ਸਾਹਮਣਾ ਨਾ ਕਰਨ ਦੇਣਾ ਹੈ। ਉਨ੍ਹਾਂ ਕਿਹਾ ਕਿ ਸੇਵਾ ਦਾ ਇਹ ਕਾਰਜ ਕਿਸੇ ਧਰਮ, ਜਾਤ ਜਾਂ ਵਰਗ ਦੀ ਹੱਦ ਤੱਕ ਸੀਮਤ ਨਹੀਂ, ਸਗੋਂ ਹਰ ਲੋੜਵੰਦ ਤੱਕ ਪਹੁੰਚਾਉਣਾ ਹੀ ਸੁਸਾਇਟੀ ਦੀ ਕੋਸ਼ਿਸ਼ ਹੈ। ਉਨ੍ਹਾਂ ਸਮੂਹ ਖੂਨਦਾਨੀਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਵੀ ਸਮਾਜ ਸੇਵਾ ਦੇ ਕਾਰਜ ਹੋਰ ਵੱਡੇ ਪੱਧਰ 'ਤੇ ਜਾਰੀ ਰੱਖੇ ਜਾਣਗੇ।ਸੁਸਾਇਟੀ ਦੇ ਕਾਰਜਕਾਰੀ ਪ੍ਰਧਾਨ ਸੁਖਬੀਰ ਸਿੰਘ ਨਿੱਝਰ ਨੇ ਸਨਮਾਨ ਦੇਣ ਲਈ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ ਅਤੇ ਗੁਰਦੁਆਰਾ ਭਗਤ ਸੈਣ ਜੀ ਪਿੰਡ ਸੋਹਲ ਦੀ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹਾ ਸਨਮਾਨ ਸੇਵਾਦਾਰਾਂ ਲਈ ਹੋਰ ਉਤਸ਼ਾਹ ਨਾਲ ਮਨੁੱਖਤਾ ਦੀ ਸੇਵਾ ਕਰਨ ਦੀ ਪ੍ਰੇਰਨਾ ਬਣਦਾ ਹੈ। ਉਨ੍ਹਾਂ ਸਮੂਹ ਖੂਨਦਾਨੀਆਂ, ਸਹਿਯੋਗੀਆਂ ਅਤੇ ਸਮਾਜ ਸੇਵੀਆਂ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ। ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਸੰਗਤ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਮਨੁੱਖਤਾ ਦੀ ਸੇਵਾ, ਨਿਮਰਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਸੁਸਾਇਟੀ ਦੇ ਟੀਮ ਮੈਂਬਰ ਪਲਵਿੰਦਰ ਸਿੰਘ, ਮਲਕੀਤ ਸਿੰਘ, ਗੁਰਦੇਵ ਸਿੰਘ, ਮਾਸਟਰ ਸਰਬਜੀਤ ਸਿੰਘ, ਮਾਸਟਰ ਗੁਰਵਿੰਦਰ ਸਿੰਘ, ਦਿਲਦਾਰ ਗੋਲਡੀ ਆਦਿ ਹਾਜ਼ਰ ਸਨ।

# ਚੈੱਕਅੱਪ ਕੈਂਪ ਦੌਰਾਨ ਐਨਕਾਂ ਵੰਡੀਆਂ



ਚੋਹਲਾ ਸਾਹਿਬ (ਰਮਨ ਚੱਢਾ) ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸੀ ਐਚ ਸੀ ਸਰਹਾਲੀ ਵਿੱਚ ਅੱਖਾਂ ਦੀ ਜਾਂਚ ਦਾ ਮੁਫ਼ਤ ਮੈਡੀਕਲ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਸਮੇਂ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਨੇ ਦੱਸਿਆ ਕਿ 40 ਸਾਲ ਤੋਂ 70 ਸਾਲ ਤੱਕ ਦੇ ਵਿਅਕਤੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ 60 ਜ਼ਰੂਰਤਮੰਦ ਵਿਅਕਤੀਆਂ ਨੂੰ ਮੁਫ਼ਤ ਨਜ਼ਰ ਦੀਆਂ ਐਨਕਾਂ ਵੰਡੀਆਂ ਗਈਆਂ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਅਪਥਾਲਮਿਕ ਅਫਸਰ ਪਰਮਜੀਤ ਕੌਰ ਨੇ ਦੱਸਿਆ ਕਿ ਸੀ ਐਚ ਸੀ ਸਰਹਾਲੀ ਵਿਖੇ ਵੀ ਲਗਪਗ 90 ਵਿਅਕਤੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਜਾ ਚੁੱਕੀ ਹੈ ਅਤੇ ਜ਼ਰੂਰਤਮੰਦ ਵਿਅਕਤੀਆਂ ਨੂੰ ਮੁਫ਼ਤ ਐਨਕਾਂ ਵੰਡੀਆਂ ਜਾ ਚੁੱਕੀਆਂ ਹਨ। ਉਹਨਾਂ ਦੱਸਿਆ ਕਿ ਜਾਂਚ ਦੌਰਾਨ ਜਿਨ੍ਹਾਂ ਵਿਅਕਤੀਆਂ ਦੀਆਂ ਅੱਖਾਂ ਵਿੱਚ ਚਿੱਟਾ ਮੋਤੀਆ ਆਦਿ ਉਤਰਿਆ ਸੀ ਨੂੰ ਦੁਬਾਰਾ ਜਾਂਚ ਲਈ ਬੁਲਾਇਆ ਗਿਆ ਹੈ।

ਉਹਨਾਂ ਕਿਹਾ ਕਿ ਜਾਂਚ ਤੋਂ ਬਾਅਦ ਜ਼ਰੂਰਤਮੰਦ ਵਿਅਕਤੀਆਂ ਨੂੰ ਮੁਫ਼ਤ ਐਨਕਾਂ ਵੰਡੀਆਂ ਜਾ ਰਹੀਆਂ ਹਨ। ਇਸ ਸਮੇਂ ਡਾਕਟਰ ਕਵਰਪੁਨੀਤ ਸਿੰਘ ਮੈਡੀਕਲ ਅਫਸਰ, ਬਲਰਾਜ ਸਿੰਘ ਬੀਈਈ, ਬੇਅੰਤ ਸਿੰਘ, ਬਲਜੀਤ ਸਿੰਘ, ਗੁਰਗੇਸ਼ ਕੁਮਾਰ, ਲਖਵਿੰਦਰ ਸਿੰਘ ਲੱਖਾ ਆਦਿ ਹਾਜ਼ਰ ਸਨ।

# ਜਲੰਧਰ ਕਨਵੈਂਸ਼ਨ 'ਚ ਸੀਟੂ ਵਰਕਰ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਅਜਨਾਲਾ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਸੀਟੂ ਦੇ ਅਹੁਦੇਦਾਰਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਰਿੰਦਰ ਪਾਲ ਚਮਿਆਰੀ ਦੀ ਪ੍ਰਧਾਨਗੀ ਹੇਠ ਸੀਟੂ ਦਫ਼ਤਰ ਪੁਤਲੀਘਰ, ਅੰਮ੍ਰਿਤਸਰ ਵਿਚ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਮਜ਼ਦੂਰਾਂ ਦੀਆਂ ਮੰਗਾਂ ਮਨਵਾਉਣ ਲਈ ਤਿੱਖਾ ਸੰਘਰਸ਼ ਕਰਨ ਲਈ 6 ਸਤੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਚ ਕਨਵੈਂਸ਼ਨ ਹੋਵੇਗੀ। ਇਸ ਕਨਵੈਂਸ਼ਨ ਵਿਚ ਸੈਂਕੜੇ ਸਾਥੀ ਹਿੱਸਾ ਲੈਣਗੇ। ਸਾਥੀ ਚਰਨਜੀਤ ਮਜੀਠਾ ਨੇ ਦੱਸਿਆ ਕਿ ਮੀਟਿੰਗ ਵਿਚ ਆਸ਼ਾ ਵਰਕਰ, ਆਂਗਣਵਾੜੀ ਵਰਕਰ, ਸਨਅਤੀ ਮਜ਼ਦੂਰ, ਸਟਰੀਟ ਲਾਈਟ ਵਰਕਰ, ਨਗਰ ਨਿਗਮ ਵਰਕਰ ਤੇ ਭੱਠਾ ਮਜ਼ਦੂਰਾਂ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਕਨਵੈਂਸ਼ਨ ਦੌਰਾਨ ਚਾਰ ਲੇਬਰ ਕੋਡ ਰੱਦ ਕਰਵਾਉਣ, ਸਕੀਮ ਵਰਕਰਾਂ ਨੂੰ ਪੱਕੇ ਕਰਵਾਉਣ, ਕੱਚੇ ਵਰਕਰਾਂ ਨੂੰ ਪੱਕੇ ਕਰਵਾਉਣ ਅਤੇ ਪੰਜਾਬ ਸਰਕਾਰ ਵੱਲੋਂ ਸੰਘਰਸ਼ ਕਰਦੇ ਮੁਲਾਜ਼ਮਾਂ-ਮਜ਼ਦੂਰਾਂ 'ਤੇ ਕੀਤੇ ਜਾ ਰਹੇ ਤਸ਼ੱਦਦ ਦੀ ਨਿਖੇਧੀ ਕਰਦਿਆਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਗੁਰਦੀਪ ਸਿੰਘ ਬੁਤਾਲਾ, ਕਿਰਪਾ ਰਾਮ, ਭਗਵੰਤ ਸਿੰਘ, ਵਾਸੂਦੇਵ, ਚੰਚਲ ਸਿੰਘ, ਵਿਜੇ ਕੁਮਾਰ, ਰਾਜਾ ਰਾਮ, ਸੁਖਦੇਵ ਸਿੰਘ, ਬਿੱਲਾ, ਰਾਕੇਸ਼ ਕੁਮਾਰ ਆਦਿ ਸਾਥੀ ਹਾਜ਼ਰ ਸਨ।

# ਸਰਕਾਰ ਪੈਨਸ਼ਨਰਾਂ ਤੇ ਮੁਲਾਜ਼ਮਾਂ ਨਾਲ ਟਕਰਾਅ ਦੀ ਨੀਤੀ ਛੱਡੇ : ਹਰਭਜਨ ਸਿੰਘ ਝੰਜੋਟੀ



ਅਜਨਾਲਾ (ਸੁਖਜਿੰਦਰ ਸਿੰਘ ਰਾਜੂ)-ਪੰਜਾਬ ਰਾਜ ਬਿਜਲੀ ਬੋਰਡ ਆਲ ਕੈਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਝੰਜੋਟੀ ਨੇ ਪੱਤਰਕਾਰ ਨੂੰ ਜਾਣਕਾਰੀ ਦਿੰਦੇ ਦੱਸਿਆ 27 ਅਗਸਤ ਨੂੰ ਸਮੂਹਿਕ ਛੁੱਟੀ 'ਤੇ ਗਏ ਮੁਲਾਜ਼ਮਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਅਤੇ ਹੁਣ ਬਦਲੀਆਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਹੈ ਪਰ ਸਰਕਾਰ ਦੀਆਂ ਇਨ੍ਹਾਂ ਕੋਝੀਆਂ ਹਰਕਤਾਂ ਨਾਲ ਮੁਲਾਜ਼ਮ ਤੇ ਪੈਨਸ਼ਨਰ ਡਰਨ ਦੀ ਥਾਂ ਉਨ੍ਹਾਂ 'ਚ ਸਰਕਾਰ ਪ੍ਰਤੀ ਗੁੱਸੇ ਦੀ ਵੱਡੇ ਲਹਿਰ ਪੈਦਾ ਹੋਵੇਗੀ। ਇਸ ਲਈ ਸਰਕਾਰ ਨੂੰ ਟਕਰਾ ਦੀ ਨੀਤੀ ਛੱਡ ਕੇ ਗੱਲਬਾਤ ਦਾ ਰਾਹ ਅਖਤਿਆਰ ਕਰਦੇ ਹੋਏ ਮੁਲਾਜ਼ਮਾਂ ਪੈਨਸ਼ਨਰਾਂ ਦੀਆਂ ਚਿਰਾਂ ਤੋਂ ਪੈਂਡਿੰਗ ਪਈਆਂ ਮੰਗਾਂ ਦਾ ਨਿਪਟਾਰਾ ਕਰਨਾ ਚਾਹੀਦਾ ਹੈ। ਕੋਰਟ ਦੇ ਫੈਸਲੇ ਲਾਗੂ ਕੀਤੇ ਜਾਣ ਜਿਵੇਂ ਕਿ 31-12-15 ਤੋਂ ਪਹਿਲਾਂ ਦੇ ਪੈਨਸ਼ਨਰਾਂ ਪੇ ਕਮਿਸ਼ਨ ਅਨੁਸਾਰ 2.59 ਦਾ ਗੁਣਾਕ ਦੇਣ, ਐਲ ਟੀ ਸੀ ਦੀ ਸਹੂਲਤ, ਮੈਡੀਕਲ ਭੱਤਾ 2000 ਰੁਪਏ ਕਰਨ ਅਤੇ ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕਰਨ ਸਮੇਤ ਕਈ ਮੰਗਾਂ ਲੰਬੇ ਸਮੇਂ ਤੋਂ ਲਟਕ ਰਹੀਆਂ ਹਨ। ਜੇਕਰ ਪੰਜਾਬ ਸਰਕਾਰ ਨੇ ਇਹਨਾਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਕਮੇਟੀ ਦੇ ਐਲਾਨ ਦੇ ਮੁਤਾਬਿਕ 8 ਸਤੰਬਰ ਨੂੰ ਸਾਰੇ ਜ਼ਿਲ੍ਹਿਆਂ ਵਿੱਚ ਮੁਕੰਮਲ ਪੈਨ ਡਾਊਨ ਹੜਤਾਲ ਕਰੇਗੀ। ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ ਦੇ ਘਿਰਾਉ ਕਰੇਗੀ। 30 ਸਤੰਬਰ ਨੂੰ ਚੰਡੀਗੜ੍ਹ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਵਿਧਾਨ ਸਭਾ ਵੱਲ ਮਾਰਚ ਕਰਨਗੇ। 10 ਅਕਤੂਬਰ ਨੂੰ ਸੰਗਰੂਰ ਦੀ ਧਰਤੀ 'ਤੇ ਮਹਾਰੈਲੀ ਕੀਤੀ ਜਾਵੇਗੀ। 21 ਅਤੇ 22 ਅਕਤੂਬਰ ਨੂੰ ਦੋ ਦਿਨਾਂ ਦੀ ਸਮੂਹਿਕ ਛੁੱਟੀ ਲੈ ਕੇ ਆਰ ਪਾਰ ਦੀ ਹੜਤਾਲ ਹੋਵੇਗੀ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਆਪ ਆਗੂ ਗਿੱਲ ਨੇ ਕੀਤੀ ਲੋਕ ਮਿਲਣੀ



ਜੈਂਤੀਪੁਰ (ਸੁਖਬੀਰ ਸਿੱਧੂ) - ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕਾ ਮਜੀਠਾ ਦੇ ਪਿੰਡ ਕੋਟਲੀ ਢੋਲੇ ਸ਼ਾਹ ਵਿਖੇ ਲੋਕ ਮਿਲਣੀ ਪ੍ਰੋਗਰਾਮ ਸਰਪੰਚ ਧਰਮਿੰਦਰ ਸਿੰਘ ਦੀ ਅਗਵਾਈ ਹੇਠ ਕੀਤਾ ਜਿਸ ਦੌਰਾਨ ਪੰਚਾਇਤੀ ਜ਼ਮੀਨਾਂ, ਵਿਕਾਸ ਕਾਰਜਾਂ ਅਤੇ ਭਲਾਈ ਸਕੀਮਾਂ ਨਾਲ ਜੁੜੇ ਮਸਲਿਆਂ 'ਤੇ ਅਧਿਕਾਰੀਆਂ ਨੂੰ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ । ਪਿੰਡ ਵਾਸੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਧਰਮਿੰਦਰ ਸਿੰਘ ਸਰਪੰਚ, ਜੋਬਨਜੀਤ ਸਿੰਘ ਮੈਂਬਰ, ਮਨਪ੍ਰੀਤ ਸਿੰਘ ,ਲਵਪ੍ਰੀਤ ਸਿੰਘ, ਸ਼ਮਸ਼ੇਰ ਸਿੰਘ ,ਕੁਲਦੀਪ ਸਿੰਘ ਰਿੰਕੂ ਹਲਵਾਈ, ਹਰਪ੍ਰੀਤ ਸਿੰਘ ਸਰਪੰਚ ਛੋਟਾ ਕਾਦਰਾਬਾਦ ,ਡਾਕਟਰ ਕੁਲਮੀਤ ਸਿੰਘ ਮਿੰਟਾਂ ,ਗੁਰਭੇਜ ਸਿੰਘ ਸਰਪੰਚ ਸਰਹਾਲਾ ਆਦਿ ਹਾਜ਼ਰ ਸਨ

# ਨਹੀਂ ਰਹੇ ਬਜ਼ੁਰਗ ਸ਼ਾਇਰ ਸ਼ੰਕਰ ਸਿੰਘ ਪਰਵਾਨਾ



ਬਿਆਸ (ਪਰਮਜੀਤ ਸਿੰਘ ਰੱਖੜਾ)-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸੀਨੀਅਰ ਮੀਤ ਪ੍ਰਧਾਨ ਵਜੋਂ ਸੇਵਾਵਾਂ ਨਿਭਾਉਣ ਵਾਲੇ ਪੰਜਾਬੀ ਜ਼ੁਬਾਨ ਦੇ ਨਾਮਵਰ ਬਜ਼ੁਰਗ ਸ਼ਾਇਰ ਅਤੇ ਸ਼ੰਕਰ ਸਿੰਘ ਪਰਵਾਨਾ ਸਦੀਵੀ ਵਿਛੋੜਾ ਦੇ ਗਏ । ਬੁੱਧਵਾਰ ਦੇਰ ਰਾਤ ਉਨ੍ਹਾ 88 ਸਾਲ ਦੀ ਉਮਰ ਵਿਚ ਅੰਤਮ ਸਾਹ ਲਏ । ਉਨ੍ਹਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਪ੍ਰਕਾਸ਼ਤ ਪੁਸਤਕਾਂ 'ਕਾਵਿ ਸਾਂਝਾਂ', 'ਕਲਮਾਂ ਦੀ ਪ੍ਰਵਾਜ਼', 'ਕਲਮਾਂ ਦੀ ਲੋਅ', 'ਜੁਗਨੂੰਆਂ ਦੇ ਅੰਗ ਸੰਗ', 'ਕਲਮਾਂ ਦਾ ਕਾਫਲਾ', 'ਧੰਨੁ ਲੇਖਾਰੀ ਨਾਨਕਾ', 'ਜੰਗ ਜਿੱਤਾਂਗੇ ਜ਼ਰੂਰ' ਅਤੇ 'ਹਿੰਦ ਦੀ ਚਾਦਰ' ਵਿੱਚ ਆਪਣੀਆਂ ਵੱਡਮੁੱਲੀਆਂ ਕਾਵਿ-ਰਚਨਾਵਾਂ ਦਾ ਯੋਗਦਾਨ ਪਾਇਆ ਹੈ । ਉਨ੍ਹਾ ਦਾ ਅੰਤਮ ਸੰਸਕਾਰ ਵੀਰਵਾਰ ਦੁਪਹਿਰ ਕਸਬਾ ਖਡੂਰ ਸਾਹਿਬ ਵਿਖੇ ਕਰ ਦਿੱਤਾ ਗਿਆ। ਕੇਂਦਰੀ ਪੰਜਾਬੀ ਲੇਖਕ ਸਭਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ, ਕੌਮੀ ਸਵਤੰਤਰ (ਕਾਵਿ ਸਾਂਝਾਂ) ਸਮੇਤ ਵੱਖ ਸਾਹਿਤਕ ਸੰਸਥਾਵਾਂ ਨੇ ਉਨ੍ਹਾ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

# ਸ੍ਰੀ ਗੁਰੂ ਰਵਿਦਾਸ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਕਲਾਤਮਕ ਮੁਕਾਬਲੇ ਕਰਵਾਏ



ਧਾਰੀਵਾਲ (ਮਨਦੀਪ ਵਿੱਕੀ)- ਡਾਇਰੈਕਟਰ ਉਚੇਰੀ ਸਿੱਖਿਆ ਪੰਜਾਬ ਦੇ ਦਿਸ਼ਾ -ਨਿਰਦੇਸ਼ ਹੇਠ ਸਿੱਖ ਨੈਸ਼ਨਲ ਕਾਲਜ ਕਾਦੀਆਂ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਦਿਆਂ ਕਾਲਜ ਵਿਦਿਆਰਥੀਆਂ ਦੇ ਵੱਖ- ਵੱਖ ਕਲਾਤਮਕ ਮੁਕਾਬਲੇ , ਕਾਲਜ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਦੀ ਅਗਵਾਈ ਹੇਠ ਪੰਜਾਬੀ ਵਿਭਾਗ ਵੱਲੋਂ ਕਰਵਾਏ ਗਏ। ਕਾਲਜ ਵਿਦਿਆਰਥੀਆਂ ਨੇ ਸ੍ਰੀ ਗੁਰੂ ਰਵਿਦਾਸ ਦੀ ਬਾਣੀ ,ਉਪਦੇਸ਼ ਅਤੇ ਜੀਵਨ ਬਾਰੇ ਪੋਸਟਰ ਬਣਾਕੇ ਅਤੇ ਕੈਲੀਗ੍ਰਾਫੀ ਰਾਹੀਂ ਸ਼ਾਨਦਾਰ ਪੇਸ਼ਕਾਰੀ ਕੀਤੀ। ਕਾਲਜ ਵਿਦਿਆਰਥੀਆਂ ਵੱਲੋਂ ਇਸ ਮੌਕੇ ਪੂਰੇ ਉਤਸ਼ਾਹ ਨਾਲ ਇਹਨਾਂ ਮੁਕਾਬਲਿਆਂ ਵਿੱਚ ਹਿੱਸਾ ਲਿਆ ਗਿਆ ।ਪੋਸਟਰ ਬਣਾਉਣ ਦੇ ਮੁਕਾਬਲੇ ਵਿੱਚ ਨੁਸਰਤ ਜਹਾਂ ਬੇਗ਼ਮ ਬੀ.ਏ ਤੀਸਰਾ ਸਮੈਸਟਰ ਨੇ ਪਹਿਲਾ ਸਥਾਨ , ਆਕਾਸ਼ਦੀਪ ਸਿੰਘ ਬੀ. ਕਾਮ ਪਹਿਲਾਂ ਸਮੈਸਟਰ ਨੇ ਦੂਸਰਾ ਸਥਾਨ, ਆਇਸ਼ਾ ਖਾਤੂਨ ਬੀ.ਕਾਮ ਪੰਜਵਾਂ ਸਮੈਸਟਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ । ਜਦ ਕਿ ਕੈਲੀਗ੍ਰਾਫੀ ਵਿੱਚ ਮਨਜੋਤ ਕੌਰ ਐੱਮ.ਏ. ਪੰਜਾਬੀ ਸਮੈਸਟਰ ਪਹਿਲਾ ਨੇ ਪਹਿਲਾ ਸਥਾਨ, ਸੁਪਨਦੀਪ ਕੌਰ ਬੀ.ਏ ਪੰਜਵਾਂ ਸਮੈਸਟਰ ਨੇ ਦੂਸਰਾ ਸਥਾਨ ,ਜਸਪ੍ਰੀਤ ਕੌਰ ਬੀ.ਏ ਕੰਪਿਊਟਰ ਸਾਇੰਸ ਪੰਜਵਾਂ ਸਮੈਸਟਰ ਨੇ ਤੀਸਰਾ ਸਥਾਨ ਹਾਸਿਲ ਕੀਤਾ। ਸਾਰੇ ਮੁਕਾਬਲਿਆਂ ਦੀ ਨਿਗਰਾਨੀ ਅਤੇ ਸੰਚਾਲਨ ਡਾ. ਸਤਿੰਦਰ ਕੌਰ ਵੱਲੋਂ ਕੀਤਾ ਗਿਆ ।ਇਹਨਾਂ ਮੁਕਾਬਲਿਆਂ ਵਿੱਚ ਪੋਸਟਰ ਮੇਕਿੰਗ ਵਿੱਚ ਜੱਜ ਦੀ ਭੂਮਿਕਾ ਵਜੋਂ ਪ੍ਰੋ. ਅਮਨਦੀਪ ਕੌਰ ,ਪ੍ਰੋ. ਬਲਬੀਰ ਕੌਰ ,ਪ੍ਰੋ. ਆਰਫ਼ਾ ਕਮਰ , ਕੈਲੀਗ੍ਰਾਫੀ ਵਿੱਚ ਜੱਜ ਦੀ ਭੂਮਿਕਾ ਪ੍ਰੋ. ਅਮੁਤੁਲ ਬਾਕੀ ,ਪ੍ਰੋ. ਲਵਪ੍ਰੀਤ ਕੌਰ ਤੇ ਪ੍ਰੋ. ਰਜਵੰਤ ਕੌਰ ਨੇ ਨਿਭਾਈ। ਕਲਾਤਮਕ ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਦੇ ਨਾਲ ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਕੁਲਵਿੰਦਰ ਸਿੰਘ,ਪ੍ਰੋ. ਮਿਤਾਲੀ, ਪ੍ਰੋ. ਬਲਵੀਰ ਕੌਰ, ਪ੍ਰੋ. ਬਲਜੀਤ ਕੌਰ, ਪ੍ਰੋ. ਜਸਕਿਰਨ ਕੌਰ ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਰ ਸਨ। ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

# ਔਜਲਾ ਨੇ ਕਰਵਾਇਆ ਦਫ਼ਤਰ ਦਾ ਨਵੀਨੀਕਰਨ



ਜੈਂਤੀਪੁਰ (ਸੁਖਬੀਰ ਸਿੱਧੂ)-ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅਜਨਾਲਾ ਸਥਿਤ ਬਲਾਕ ਐਜੂਕੇਸ਼ਨ ਐਲੀਮੈਂਟਰੀ ਦਫ਼ਤਰ ਦੇ ਨਵੀਨੀਕਰਨ ਤੋਂ ਬਾਅਦ ਇਸ ਦਾ ਉਦਘਾਟਨ ਕੀਤਾ। ਦਫ਼ਤਰ ਦੇ ਨਵੀਨੀਕਰਨ ਲਈ ਸੰਸਦ ਲੈਡ ਫੰਡ ਵਿੱਚੋਂ ਕਰੀਬ 11 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ। ਇਸ ਮੌਕੇ ਉਨ੍ਹਾਂ ਦੇ ਭਰਾ ਅਤੇ ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਔਜਲਾ ਵੀ ਮੌਜੂਦ ਰਹੇ।

ਉਦਘਾਟਨ ਤੋਂ ਬਾਅਦ ਮੈਂਬਰ ਪਾਰਲੀਮੈਂਟ ਔਜਲਾ ਨੇ ਕਿਹਾ ਕਿ ਜਦੋਂ ਉਨ੍ਹਾਂ ਨੇ ਪਹਿਲਾਂ ਇਸ ਦਫ਼ਤਰ ਦਾ ਦੌਰਾ ਕੀਤਾ ਸੀ ਤਾਂ ਇਸ ਦੀ ਹਾਲਤ ਬਹੁਤ ਮਾੜੀ ਸੀ। ਇਸ ਤੋਂ ਬਾਅਦ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਸੰਸਦ ਮੈਂਬਰ ਲੈਡ ਫੰਡ ਵਿੱਚੋਂ ਰਾਸ਼ੀ ਮੁਹੱਈਆ ਕਰਵਾਈ ਗਈ।

ਔਜਲਾ ਨੇ ਕਿਹਾ ਕਿ ਸਰਕਾਰ ਲਗਾਤਾਰ ਸਿੱਖਿਆ ਕ੍ਰਾਂਤੀ ਦੀ ਗੱਲ ਕਰਦੀ ਹੈ, ਪਰ ਜੇ ਸਿੱਖਿਆ ਪ੍ਰਬੰਧ ਨੂੰ ਅੱਗੇ ਵਧਾਉਣ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਬੁਨਿਆਦੀ ਸਹੂਲਤਾਂ ਅਤੇ ਵਧੀਆ ਕਾਰਜਸਥਲ ਹੀ ਨਾ ਮਿਲੇ ਤਾਂ ਸਿੱਖਿਆ ਵਿਵਸਥਾ ਵਿੱਚ ਸੁਧਾਰ ਕਿਵੇਂ ਹੋਵੇਗਾ।

ਉਨ੍ਹਾਂ ਕਿਹਾ ਕਿ ਦਫ਼ਤਰ ਦੇ ਨਵੀਨੀਕਰਨ ਤੋਂ ਬਾਅਦ ਇੱਥੇ ਆਉਣ ਵਾਲੇ ਅਧਿਆਪਕ ਅਤੇ ਕਰਮਚਾਰੀ ਬਿਹਤਰ ਮਾਹੌਲ ਵਿੱਚ ਕੰਮ ਕਰ ਸਕਣਗੇ, ਜਿਸ ਦਾ ਲਾਭ ਆਖ਼ਰਕਾਰ ਬੱਚਿਆਂ ਦੀ ਸਿੱਖਿਆ ਨੂੰ ਹੀ ਮਿਲੇਗਾ।

# ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸੰਬੰਧ 'ਚ ਵਿਸ਼ਾਲ ਸ਼ੋਭਾ ਯਾਤਰਾ ਸਜਾਈ



ਧਾਰੀਵਾਲ (ਮਨਦੀਪ ਵਿੱਕੀ)- ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸ਼ੁੱਭ ਮੌਕੇ ਸ੍ਰੀ ਕ੍ਰਿਸ਼ਨਾ ਮੰਦਰ ਧਾਰੀਵਾਲ ਤੋਂ ਮਹੰਤ ਰਾਮ ਕ੍ਰਿਸ਼ਨ ਸ਼ਰਨ ਦੇ ਪ੍ਰਬੰਧਾਂ ਹੇਠ ਸ਼ਹਿਰ ਧਾਰੀਵਾਲ ਵਿੱਚ ਸ਼ੋਭਾ ਯਾਤਰਾ ਸਜਾਈ ਗਈ। ਇਹ ਸ਼ੋਭਾ ਯਾਤਰਾ ਸ੍ਰੀ ਕ੍ਰਿਸ਼ਨ ਮੰਦਰ ਤੋਂ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ਼੍ਰੀਮਦ ਭਾਗਵਤ ਗੀਤਾ ਦੀ ਅਗਵਾਈ ਵਿੱਚ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ ਵੱਖ ਬਾਜ਼ਾਰਾਂ ਵਿੱਚੋਂ ਹੁੰਦੀ ਮੁੜ ਵਾਪਸ ਆਰੰਭਕ ਸਥਾਨ 'ਤੇ ਸਮਾਪਤ ਹੋਈ।

ਸ਼ੋਭਾ ਯਾਤਰਾ ਦੌਰਾਨ ਘੋੜ ਸਵਾਰ, ਸੇਵਾ ਭਾਰਤੀ ਸੰਸਥਾ ਦੀਆਂ ਲੜਕੀਆਂ ਦੀ ਕਲਸ਼ ਯਾਤਰਾ, ਸ੍ਰੀ ਕ੍ਰਿਸ਼ਨ ਜੀ ਦੇ ਜੀਵਨ 'ਤੇ ਆਧਾਰਿਤ ਸੁੰਦਰ ਝਾਕੀਆਂ ਸ਼ੋਭਾ ਯਾਤਰਾ ਦੀ ਸ਼ੋਭਾ ਵਧਾ ਰਹੀਆਂ ਸਨ। ਇਸ ਸ਼ੋਭਾ ਯਾਤਰਾ ਦੌਰਾਨ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਵਿਸ਼ੇਸ਼ ਸ਼ਰਧਾਲੂ ਵਜੋਂ ਸ਼ਾਮਲ ਹੋ ਕੇ ਸ਼ਹਿਰ ਵਾਸੀਆਂ ਨੂੰ ਇਸ ਸ਼ੁੱਭ ਦਿਹਾੜੇ ਦੀ ਵਧਾਈ ਦਿੱਤੀ।

ਸ਼ਰਧਾਲੂਆਂ ਵੱਲੋਂ ਥਾਂ ਥਾਂ ਤੇ ਸ਼ੋਭਾ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਅਤੇ ਵੱਖ ਵੱਖ ਥਾਵਾਂ 'ਤੇ ਲੰਗਰ ਲਗਾਏ ਗਏ। ਇਸ ਮੌਕੇ ਮਹੰਤ ਜਾਨਕੀ ਦਾਸ ਗੱਦੀਨਸ਼ੀਨ ਠਾਕੁਰ ਦੁਆਰਾ ਲੇਹਲ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਸ਼ਿਵ ਸੈਨਾ ਹਨੀ ਮਹਾਜਨ, ਮੁੱਖਵੰਤ ਸਿੰਘ ਨਾਗੀ, ਸੰਜੀਵ ਸੋਨੀ, ਬ੍ਰਹਮ ਦੱਤ ਸ਼ਰਮਾ, ਸੋਨੂੰ ਵਿੱਜ, ਮਿੱਠੂ ਮਹਾਜਨ, ਮੋਨੂੰ ਵਿੱਜ, ਮੁਕੇਸ਼ ਸੇਠ, ਰਾਜੀਵ ਸ਼ਰਮਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਮਨਵਿੰਦਰ ਸਿੰਘ ਪ੍ਰਿੰਸ ਦਕੋਹਾ ਵੱਲੋਂ ਜਨਮ ਦਿਹਾੜੇ ਦੀ ਵਧਾਈ



ਧਾਰੀਵਾਲ (ਮਨਦੀਪ ਸਿੰਘ ਵਿੱਕੀ) — ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਸੇਵਾਦਾਰ ਮਨਵਿੰਦਰ ਸਿੰਘ ਦਕੋਹਾ ਨੇ ਦੇਸ਼-ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਨੂੰ ਬਾਬਾ ਜੀਵਨ ਸਿੰਘ ਦੇ ਜਨਮ ਦਿਹਾੜੇ ਦੀਆਂ ਦਿਲੋਂ ਵਧਾਈਆਂ ਦਿੱਤੀਆਂ ਹਨ। ਦਕੋਹਾ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਾਬਾ ਜੀਵਨ ਸਿੰਘ ਦਾ 365ਵਾਂ ਜਨਮ ਦਿਹਾੜਾ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ 5 ਸਤੰਬਰ ਨੂੰ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਨਮ ਦਿਹਾੜੇ ਨੂੰ ਲੈ ਕੇ ਸਿੱਖ ਸੰਗਤ ਵਿੱਚ ਵੱਡਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

# ਖ਼ਾਲਸਾ ਕਾਲਜ ਵਿਖੇ 'ਗਲੋਬਲ ਮੌਕਿਆਂ ਸੰਬੰਧੀ ਮਾਹਿਰ ਸੈਸ਼ਨ' ਕਰਵਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ ) —ਖਾਲਸਾ ਕਾਲਜ ਦੇ ਫੂਡ ਸਾਇੰਸ ਐਂਡ ਟੈਕਨਾਲੋਜੀ ਵਿਭਾਗ ਵੱਲੋਂ ਆਈ. ਡੀ. ਪੀ. ਐਜੂਕੇਸ਼ਨ ਦੇ ਸਹਿਯੋਗ ਨਾਲ 'ਐਕਸਲਰੇਟਰਜ਼: ਗਲੋਬਲ ਮੌਕਿਆਂ ਸਬੰਧੀ ਮਾਹਿਰ ਸੈਸ਼ਨ' ਵਿਸ਼ੇ 'ਤੇ ਜਾਣਕਾਰੀ ਭਰਪੂਰ ਸੈਸ਼ਨ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਰਹਿਨੁਮਾਈ ਹੇਠ ਕਰਵਾਏ ਗਏ ਉਕਤ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਉੱਚ ਸਿੱਖਿਆ ਦੇ ਮੌਕਿਆਂ, ਸਕਾਲਰਸ਼ਿਪਾਂ, ਕਰੀਅਰ ਦੇ ਰਾਹਾਂ ਅਤੇ ਫੂਡ ਸਾਇੰਸ ਐਂਡ ਟੈਕਨਾਲੋਜੀ ਦੇ ਖੇਤਰ 'ਚ ਉੱਭਰ ਰਹੀਆਂ ਪੇਸ਼ੇਵਰ ਸੰਭਾਵਨਾਵਾਂ ਬਾਰੇ ਜਾਣੂ ਕਰਵਾਉਣਾ ਸੀ। ਵਿਭਾਗ ਮੁਖੀ ਡਾ. ਗੁਰਸ਼ਰਨ ਕੌਰ ਦੇ ਯਤਨਾਂ ਨਾਲ ਉਲੀਕੇ ਪ੍ਰੋਗਰਾਮ ਮੌਕੇ ਆਈ. ਡੀ. ਪੀ. ਸਟਰੈਟਜਿਕ ਅਲਾਇੰਸ ਤੋਂ ਅਸਿਸਟੈਂਟ ਮੈਨੇਜਰ ਸ੍ਰੀ ਕਰਨਬੀਰ ਸਿੰਘ ਨੇ ਮਾਹਿਰ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਵਿਦਿਆਰਥੀਆਂ 'ਚ ਅੰਤਰਰਾਸ਼ਟਰੀ ਸਿੱਖਿਆ, ਕਰੀਅਰ ਦੇ ਵੱਖ-ਵੱਖ ਮੌਕਿਆਂ, ਸਕਾਲਰਸ਼ਿਪਾਂ ਅਤੇ ਫੂਡ ਸਾਇੰਸ ਐਂਡ ਟੈਕਨਾਲੋਜੀ ਦੇ ਖੇਤਰ 'ਚ ਵਿਸ਼ਵ ਪੱਧਰੀ ਪੇਸ਼ੇਵਰ ਸੰਭਾਵਨਾਵਾਂ ਸਬੰਧੀ ਜਾਗ੍ਰਿਤ ਕੀਤਾ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪ੍ਰੋਗਰਾਮ ਦੌਰਾਨ ਆਈ. ਡੀ. ਪੀ. ਦੀ ਮਾਹਿਰ ਟੀਮ ਨੇ ਵਿਦਿਆਰਥੀਆਂ ਨੂੰ ਵਿਦੇਸ਼ਾਂ 'ਚ ਉੱਚ ਸਿੱਖਿਆ ਹਾਸਲ ਕਰਨ ਅਤੇ ਕਰੀਅਰ ਨੂੰ ਅੱਗੇ ਵਧਾਉਣ ਸਬੰਧੀ ਚਾਨਣਾ ਪਾਇਆ।



ਫਤਹਿਗੜ੍ਹ ਚੂੜੀਆਂ ਦੇ ਆਯਾਨ ਭਾਟੀਆ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਭਗਵਾਨ ਕ੍ਰਿਸ਼ਨ ਜੀ ਦੇ ਰੂਪ 'ਚ ਨਜ਼ਰ ਆਏ। (ਫੋਟੋ ਤੇ ਵੇਰਵਾ : ਜਸਦੇਵ ਸਿੰਘ ਮਾਨ

# ਕਟਾਰੀਆ ਨੇ ਗੋਲਡੀ ਨੂੰ ਦਿੱਤੀ ਵਧਾਈ

ਪੋਜੇਵਾਲ (ਰਾਮ ਲਾਲ)-ਆਮ ਆਦਮੀ ਪਾਰਟੀ ਵੱਲੋਂ ਪਰਮਿੰਦਰ ਸਿੰਘ ਗੋਲਡੀ ਨੂੰ ਖਰੜ ਵਿਧਾਨ ਸਭਾ ਹਲਕੇ ਦਾ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨਵੀਰ ਕਟਾਰੀਆ ਨੇ ਉਨ੍ਹਾਂ ਨੂੰ ਵਧਾਈ ਦਿੱਤੀ।ਕਰਨਵੀਰ ਕਟਾਰੀਆ ਨੇ ਕਿਹਾ ਕਿ ਪਾਰਟੀ ਵੱਲੋਂ ਪਰਮਿੰਦਰ ਸਿੰਘ ਗੋਲਡੀ ਨੂੰ ਸੌਂਪੀ ਗਈ ਨਵੀਂ ਜ਼ਿੰਮੇਵਾਰੀ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤ ਕਰਨ ਲਈ ਅਹਿਮ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਪਰਮਿੰਦਰ ਸਿੰਘ ਗੋਲਡੀ ਪਾਰਟੀ ਦੀਆਂ ਨੀਤੀਆਂ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਆਪਣੀ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ।



ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਸ੍ਰੀ ਕ੍ਰਿਸ਼ਨ ਦੇ ਰੂਪ 'ਚ ਸਜਿਆ ਉਦਿਤ ਖੇਮਕਾ। (ਫੋਟੋ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)



ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਸ੍ਰੀ ਕ੍ਰਿਸ਼ਨ ਦੇ ਰੂਪ ਵਿਚ ਸਜਿਆ ਕਪਿਸ਼ ਖੇਮਕਾ। (ਫੋਟੋ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)

# ਜਨਮ ਅਸ਼ਟਮੀ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸਥਾਨਕ ਕਸਬੇ ਦੇ ਮੰਦਿਰ ਭੰਡੋਆਂ ਤੋਂ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸਬੰਧ ਵਿੱਚ ਇੱਕ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ , ਪ੍ਰਬੰਧਕਾਂ ਵੱਲੋਂ ਸ੍ਰੀ ਕ੍ਰਿਸ਼ਨ ਦੀ ਮੂਰਤੀ ਨੂੰ ਸੁੰਦਰ ਪਾਲਕੀ ਵਿੱਚ ਸਜਾਇਆ ਹੋਇਆ ਸੀ ,ਜਿਸ 'ਤੇ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕੀਤੀ ਜਾ ਰਹੀ ਸੀ । ਇਸ ਮੌਕੇ ਮਹਿਲਾ ਕੀਰਤਨ ਮੰਡਲੀ ਤੇ ਕ੍ਰਿਸ਼ਨ ਭਗਤਾਂ ਵੱਲੋਂ ਸ੍ਰੀ ਕ੍ਰਿਸ਼ਨ ਦੀ ਮਹਿਮਾ ਦਾ ਗੁਣਗਾਣ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ । ਇਹ ਸ਼ੋਭਾ ਯਾਤਰਾ ਕਸਬੇ ਦੇ ਵੱਖ ਵੱਖ ਬਜਾਰਾਂ ਅਤੇ ਗਲੀਆ ਵਿਚੋਂ ਹੁੰਦੀ ਹੋਈ ਵਾਪਿਸ ਮੰਦਿਰ ਸ੍ਰੀ ਰਾਧਾ ਕ੍ਰਿਸ਼ਨ ਵਿਖੇ ਸੰਪੰਨ ਹੋਈ ।ਇਸ ਮੌਕੇ ਕਸਬੇ ਦੇ ਲੋਕਾਂ ਵੱਲੋਂ ਸ਼ੋਭਾ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ ਤੇ ਵੱਖ ਵੱਖ ਜਗ੍ਹਾ 'ਤੇ ਲੰਗਰ ਲਗਾਏ ਗਏ । ਇਸ ਮੌਕੇ ਮੰਦਰ ਦੇ ਮੁੱਖ ਸੇਵਕ ਕਪਿਲ ਕੁਮਾਰ ਧਵਨ ਨੇ ਦੱਸਿਆ ਕਿ ਮੰਦਿਰ ਵਿਖੇ 4 ਸਤੰਬਰ ਨੂੰ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਈ ਜਾਵੇਗੀ । ਉਨ੍ਹਾਂ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹੁੰਮ ਹੁਮਾ ਕੇ ਵੱਧ ਤੋਂ ਵੱਧ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਮੌਕੇ ਮੰਦਿਰ ਭੰਡੋਆ ਵਿਖੇ ਪੁਹੰਚਣ ਅਤੇ ਸ੍ਰੀ ਕ੍ਰਿਸ਼ਨ ਜੀ ਅਸ਼ੀਰਵਾਦ ਪ੍ਰਾਪਤ ਕਰਨ । ਇਸ ਮੌਕੇ ਮੰਦਿਰ ਵਾਲੇ ਪੰਡਿਤ ਸੁਰੇਸ਼ ਪਿਚੋਰੀ , ਨਗਰ ਕੌਂਸਲ ਪ੍ਰਧਾਨ ਸ਼ਿਖਾ ਗੁਪਤਾ,ਸਾਬਕਾ ਕੌਂਸਲਰ ਨੀਨਾ ਗੁਪਤਾ,ਮਹਿੰਗਾ ਰਾਮ ਗਰੀਬ,ਹੀਰਾ ਲਾਲ ਜੰਡਿਆਲ ,ਈਸ਼ਵਰ ਪ੍ਰਸ਼ਾਦ ਗੁਪਤਾ,ਵਿਜੇ ਕੁਮਾਰ ਵਿੱਗ,ਐਸ ਐਸ ਖੰਨਾ ,ਰਾਮ ਲੁਭਾਇਆ ਸ਼ਰਮਾ,ਜਨਕ ਰਾਜ ਮਹਾਜਨ,ਰਾਜ ਕੁਮਾਰ, ਡਾਕਟਰ ਦਵਿੰਦਰ ਕੁਮਾਰ ਸੁਵਾਮੀ,ਰੋਹਿਤ ਕੁਮਾਰ,ਨਰਿੰਦਰ ਕੁਮਾਰ, ਬਾਊ ਰਾਮ, ਜੋਗਿੰਦਰਪਾਲ ,ਬਾਲ ਕ੍ਰਿਸ਼ਨ ਗੋਗਾ ,ਅੰਗਰੇਜ਼ ਸਿੰਘ , ਹੈਪੀ ਬੇਦੀ , ਪਵਨ ਕੁਮਾਰ ਪੰਮਾ, ਪੰਡਿਤ ਸੱਤਪਾਲ , ਦਵਿੰਦਰ ਸਵਾਮੀ ,ਜੇ ਈ ਚੰਦਰ ਮੋਹਨ ਮਹਾਜਨ , ਪ੍ਰਵੀਨ ਮਹਾਜਨ ਆਦਿ ਹਾਜ਼ਰ ਸਨ ।

# ਵੱਖ-ਵੱਖ ਆਗੂਆਂ ਵੱਲੋਂ ਅੰਗਦਪੀਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ



ਝਬਾਲ,(ਹਰਜਿੰਦਰ ਸਿੰਘ ਸੋਨੀ)-ਪਿਛਲੇ ਦਿਨੀਂ ਬਹੁਤ ਹੀ ਭਿਆਨਕ ਸੜਕ ਹਾਦਸੇ 'ਚ ਕੰਵਰਪਾਲ ਸਿੰਘ ਤੇ ਕਰਨ ਦੇ ਭਾਣਜਾ ਅੰਗਦਪੀਰ ਸਿੰਘ ਪੱਖੋਕੇ ਜੋ ਕੁਝ ਦਿਨ ਪਹਿਲਾਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਜੱਦੀ ਪਿੰਡ ਪੱਖੋਕੇ ਪਾਉਣ ਉਪਰੰਤ ਵਿਰਾਗਮਈ ਕੀਰਤਨ ਸ਼ਰਧਾਂਜਲੀ ਸਮਾਗਮ ਵਿੱਚ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਤੇ ਸਾਬਕਾ ਡੀ ਐਸ ਪੀ ਰਤਨ ਸਿੰਘ ਪੱਖੋਕੇ ਅਤੇ ਕਾਂਗਰਸ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਨੇ ਕਿਹਾ ਕਿ ਅੰਗਦਪੀਰ ਸਿੰਘ ਦਾ ਵਿਛੋੜਾ ਨਾ ਸਹਿਣਯੋਗ ਹੈ। ਅੰਗਦਪੀਰ ਸਿੰਘ ਬਹੁਤ ਹੀ ਮਿਲਾਪੜੇ ਸੁਭਾਅ ਦਾ ਤੇ ਅਗਾਂਹਵਧੂ ਨੌਜਵਾਨ ਸੀ। ਅੰਤਿਮ ਅਰਦਾਸ ਵਿੱਚ ਬਹੁਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਪਹੁੰਚੇ। ਸ਼ਰਧਾਂਜਲੀ ਸਮਾਰੋਹ ਦੇ ਅਖੀਰ ਵਿੱਚ ਪਰਗਟ ਸਿੰਘ ਗੋਰੀ ਪੱਖੋਕੇ ਨੇ ਆਈਆਂ ਹੋਈਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਨੰਬਰਦਾਰ ਕੁਲਦੀਪ ਸਿੰਘ ਪੱਖੋਕੇ, ਬੁੱਧ ਸਿੰਘ ਪੱਖੋਕੇ, ਗੁਰਭੇਜ ਸਿੰਘ ਪੱਖੋਕੇ, ਕੁਲਵੰਤ ਸਿੰਘ ਪੱਖੋਕੇ, ਚੇਅਰਮੈਨ ਹਰਦੀਪ ਸਿੰਘ, ਦੀਪੂ ਪੱਖੋਕੇ, ਮਲਕੀਤ ਸਿੰਘ ਪੱਖੋਕੇ, ਸੁਖਬੀਰ ਸਿੰਘ ਹੈਪੀ, ਰਣਜੀਤ ਸਿੰਘ ਪਵਾਰ ਪੀ ਏ ਸਿੱਕੀ, ਮਨਜੀਤ ਸਿੰਘ ਨੋਨੇ, ਕਰਤਾਰ ਸਿੰਘ ਕੱਲਾ, ਪ੍ਰਭਜੀਤ ਸਿੰਘ ਦੁੱਗਲਵਾਲ, ਜੋਤੀ ਬਾਗੜੀਆਂ, ਸੁਖਵਿੰਦਰ ਸਿੰਘ ਫੌਜੀ ਬਾਗੜੀਆਂ, ਜੱਸ ਮਾਨੋਚਾਹਲ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।

# ਅਕਾਲੀ ਦਲ (ਅੰਮ੍ਰਿਤਸਰ) ਬੇਗਮਪੁਰਾ ਵਸਾਉਣ ਲਈ ਦ੍ਰਿੜ੍ਹ ਸੰਕਲਪ : ਮਾਨ

**ਸ਼ਾਹਕੋਟ (ਗਿਆਨ ਸੈਦਪੁਰੀ)**- ਜਿਸ ਦੌਰ ਵਿੱਚ ਮੁਲਕ ਅੰਦਰ ਮੌਜੂਦਾ ਹਾਕਮਾਂ ਵੱਲੋਂ ਮਨੂੰ ਸਿਮਰਤੀ ਲਾਗੂ ਕਰਕੇ ਹਿੰਦੂਤਵ ਦਾ ਏਜੰਡਾ ਸਭ ਤੋਂ ਪਹਿਲੀ ਤਰਜੀਹ ਬਣਾਇਆ ਹੋਇਆ ਹੈ, ਉੱਥੇ ਕੁਝ ਧਿਰਾਂ ਇਹੋ ਜਿਹੀਆਂ ਵੀ ਸਰਗਰਮ ਦਿਖਾਈ ਦਿੰਦੀਆਂ ਹਨ, ਜੋ ਬੇਗਮਪੁਰਾ ਵਸਾਉਣ ਦੇ ਸੁਪਨੇ ਸਕਾਰ ਕਰਨਾ ਚਾਹੁੰਦੀਆਂ ਹਨ। ਇਸੇ ਸੰਦਰਭ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹਨਾਂ ਦੀ ਪਾਰਟੀ ਵੱਲੋਂ ਭਗਤ ਰਵਿਦਾਸ ਜੀ ਦੇ ਸੰਕਲਪ ਬੇਗਮਪੁਰਾ ਦੀ ਅਨੁਸਾਰੀ ਹੈ। ਅਕਾਲੀ ਦਲ (ਅ) ਬਰਾਬਰਤਾ ਦਾ ਸਮਾਜ ਸਿਰਜਣ ਲਈ ਦ੍ਰਿੜ ਸੰਕਲਪ ਹੈ। ਮਾਨ ਨੇੜਲੇ ਪਿੰਡ ਮੁਲੇਵਾਲ ਖਹਿਰਾ ਵਿੱਚ ਸਾਲਾਨਾ ਸ਼ਹੀਦੀ ਸਮਾਗਮ ਵਿੱਚ ਸ਼ਾਮਲ ਹੋਣ ਉਪਰੰਤ ਸ਼ਾਹਕੋਟ ਰੁਕੇ ਸਨ। ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸੂਬਾਈ ਆਗੂ ਮਹਿੰਦਰ ਸੁਲੱਖਣ ਸਿੰਘ ਸ਼ਾਹਕੋਟ ਤੇ ਉਨ੍ਹਾਂ ਦੇ ਹੋਰ ਸਾਥੀਆਂ ਦੇ ਬੁਲਾਵੇ 'ਤੇ ਦਲ ਦੇ ਪ੍ਰਧਾਨ



ਸਿਮਰਨਜੀਤ ਸਿੰਘ ਮਾਨ ਸ਼ਹੀਦੀ ਸਮਾਗਮ ਵਿੱਚ ਸ਼ਾਮਲ ਹੋਣਾ ਸੀ। ਇਸ ਵਾਰ ਉਨ੍ਹਾਂ ਦੇ ਪੁੱਤਰ ਇਮਾਨ ਸਿੰਘ ਮਾਨ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ। ਪੱਤਰਕਾਰਾਂ ਨਾਲ ਮਿਲਣੀ ਦੌਰਾਨ ਮਾਨ ਨੇ ਆਪਣੀ ਪਾਰਟੀ ਦੇ ਸਟੈਂਡ ਨੂੰ ਦੁਹਰਾਉਂਦਿਆਂ ਕਿਹਾ ਕਿ ਭਾਰਤੀ ਵਪਾਰ ਨੂੰ ਪ੍ਰਫੁੱਲਿਤ ਕਰਨ ਲਈ ਮੁਲਕਾਂ ਦਰਮਿਆਨ ਬਾਰਡਰ ਖੋਲ੍ਹ ਦਿੱਤਾ ਜਾਵੇ ਤਾਂ ਮੁਲਕ ਨੂੰ ਵਧੀ ਘੱਟਾਂ ਤੋਂ ਲਾਭ ਹੋ ਸਕਦਾ ਹੈ। ਉਨ੍ਹਾਂ ਨੇ ਇਸ ਮੌਕੇ ਆਰ ਐਸ ਐਸ ਵੱਲੋਂ ਘੱਟ ਗਿਣਤੀਆਂ ਤੇ ਖਾਸ ਕਰਕੇ ਮੁਸਲਮਾਨਾਂ 'ਤੇ ਕੀਤੇ ਜਾ ਰਹੇ ਵਿਰੋਧ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ। ਉਹਨਾਂ ਕਿਹਾ ਕਿ ਸਿੱਖ ਧਰਮ ਦੇ ਬੁਨਿਆਦੀ ਸਿਧਾਂਤਾਂ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਦੇਸ਼ ਦੇ ਲੋਕਾਂ ਨੂੰ ਪੂਰਾ ਵੱਢੇ ਮਾਤਮ ਗਾਉਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਪੱਤਰ ਲਿਖ ਕੇ ਗੀਤ ਸਬੰਧੀ ਸਿੱਖ ਕੌਮ ਦੇ ਧਾਰਮਿਕ ਸਿਧਾਂਤਾਂ ਅਤੇ ਗੁਰਬਾਣੀ ਅਨੁਸਾਰ ਮਾਰਗ ਦਰਸ਼ਨ ਕਰਨ ਦੀ ਅਪੀਲ ਕੀਤੀ ਗਈ ਹੈ। ਦੇਸ਼ ਵਿੱਚ ਜਮਹੂਰੀ ਹੱਕਾਂ ਨੂੰ ਕੁਚਲੇ ਜਾਣ ਦੇ ਸੰਦਰਭ ਵਿੱਚ ਮਾਨ ਨੇ ਕਿਹਾ ਕਿ 15 ਸਤੰਬਰ ਨੂੰ ਹੈਰੀਟੇਜ ਸਟਰੀਟ ਸਾਰਾਗੜ੍ਹੀ ਸਰਾਂ ਦੇ ਬਾਹਰ 'ਜਮਹੂਰੀਅਤ ਦਿਹਾੜਾ' ਮਨਾਇਆ ਜਾ ਰਿਹਾ ਹੈ। ਇੱਥੋਂ ਸੰਗਤਾਂ ਵੱਲੋਂ ਸ਼ਾਂਤਮਈ ਮਾਰਚ ਵੀ ਕੀਤਾ ਜਾਵੇਗਾ। ਉਹਨਾਂ ਇਹ ਵੀ ਸਾਫ ਕੀਤਾ ਕਿ ਉਹਨਾਂ ਦਾ ਮਕਸਦ ਕਿਸੇ ਵੀ ਧਰਮ ਦਾ ਅਪਮਾਨ ਕਰਨਾ ਨਹੀਂ ਹੈ, ਸਗੋਂ ਅਸੀਂ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਗਏ ਧਾਰਮਿਕ ਸਿਧਾਂਤ ਅਨੁਸਾਰ ਆਪਣੀ ਧਾਰਮਿਕ ਆਜ਼ਾਦੀ ਚਾਹੁੰਦੇ ਹਾਂ। ਪ੍ਰੈਸ ਮਿਲਣੀ ਸਮੇਂ ਜਥੇਦਾਰ ਸੁਲੱਖਣ ਸਿੰਘ ਸ਼ਾਹਕੋਟ, ਗੁਰਦਿਆਲ ਸਿੰਘ ਲੋਹੀਆਂ, ਸਰਵਣ ਸਿੰਘ ਬਰਾੜ, ਲਖਵੀਰ ਸਿੰਘ, ਦਲਜੀਤ ਸਿੰਘ, ਕੁਲਵਿੰਦਰ ਸਿੰਘ, ਜੋਗਾ ਸਿੰਘ, ਜੱਸਾ ਸਿੰਘ ਬੁਰਜ, ਦਰਸ਼ਨ ਸਿੰਘ ਭੁੱਲਰ, ਕਸ਼ਮੀਰ ਸਿੰਘ ਤੇ ਰਾਜੂ ਆਦਿ ਮੌਜੂਦ ਸਨ।

# ਪਾਵਰਕਾਮ, ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)**- ਪਾਵਰਕਾਮ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਮੰਡਲ ਨਵਾਂਸ਼ਹਿਰ ਦੀ ਮੀਟਿੰਗ ਮੰਡਲ ਪ੍ਰਧਾਨ ਗੁਰਦੀਪ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਸਰਕਲ ਪ੍ਰਧਾਨ ਹਸ਼ਮਤ ਅਲੀ ਹਾਜ਼ਰ ਹੋਏ। ਮੀਟਿੰਗ ਵਿੱਚ ਸਟੇਜ ਦੀ ਕਾਰਵਾਈ ਮੰਡਲ ਸਕੱਤਰ ਵਿਜੇ ਸਿੰਘ ਵੱਲੋਂ ਕੀਤੀ ਗਈ। ਸਰਕਲ ਆਗੂ ਹਰਮੇਸ਼ ਲਾਲ, ਰਾਮ ਆਸਰਾ, ਮੰਡਲ ਆਗੂ ਕੁੰਦਨ ਸਿੰਘ, ਮੂਸਾ ਪੁਰੀ, ਰਾਮ ਲਖਣ, ਪ੍ਰਭਾਕਰ ਤਿਵਾੜੀ, ਜਗਦੀਸ਼ ਸਿੰਘ, ਇੰਜ ਕਸ਼ਮੀਰੀ ਲਾਲ, ਲਛਮਣ ਦਾਸ, ਹਰੀ ਕਿਸ਼ਨ ਆਦਿ ਬੁਲਾਰਿਆਂ ਵੱਲੋਂ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮੀਟਿੰਗ ਦਾ ਸੱਦਾ ਦੇ ਕੇ ਵਾਰ ਵਾਰ ਮੁੱਕਰਨਾ ਬਹੁਤ ਹੀ ਨਿੰਦਣਯੋਗ ਹੈ। ਪੁਰਾਣੀ ਪੈਨਸ਼ਨ ਬਹਾਲ ਕਰਨ, ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕਰਨ, ਸਾਰੇ ਪੈਨਸ਼ਨਰਾਂ ਨੂੰ 2-59 ਦੇ ਫੈਕਟਰ ਨਾਲ ਪੈਨਸ਼ਨ ਸੋਧ ਕਰਨਾ ਡੀ ਏ ਸੰਬੰਧੀ ਕੋਰਟ ਦਾ ਫੈਸਲਾ ਲਾਗੂ ਕਰਨਾ ਸੁਪਰੀਮ ਕੋਰਟ ਵਿੱਚ ਜਾਣ ਦੀ ਪੁਰਜ਼ੋਰ ਨਿੰਦਾ ਕੀਤੀ। ਸੰਘਰਸ਼ ਕਰ ਰਹੇ ਆਊਟਸੋਰਸ ਕਾਮਿਆਂ ਜਿਵੇਂ ਕਿ ਕੰਪਿਊਟਰ ਉਪਰੇਟਰ ਅਤੇ ਮੀਟਰ ਰੀਡਰਾਂ ਅਤੇ ਪਾਵਰਕਾਮ ਦੇ ਸਟੋਰਾਂ ਵਿੱਚ ਕੰਮ ਕਰਦੇ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ। ਨਵੀਂ ਭਰਤੀ ਕੀਤੇ ਮੁਲਾਜ਼ਮਾਂ ਦਾ ਪਰਖਕਾਲ ਦਾ ਸਮਾਂ ਖਤਮ ਕੀਤਾ ਜਾਵੇ। ਸਰਕਲ ਪ੍ਰਧਾਨ ਹਸ਼ਮਤ ਅਲੀ ਵੱਲੋਂ ਸਾਰੇ ਪੈਨਸ਼ਨਰਾਂ ਸਾਥੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਅਤੇ ਇਨ੍ਹਾਂ ਮੰਗਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਪਹਿਲਾਂ ਕੀਤੇ ਗਏ ਸੰਘਰਸ਼ਾਂ ਬਾਰੇ ਜਾਣਕਾਰੀ ਦਿੱਤੀ ਅਤੇ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਤੌਰ ਤੇ 30 ਅਗਸਤ ਨੂੰ ਕੀਤੀ ਗਈ ਮੀਟਿੰਗ ਵਿੱਚ ਐਲਾਨੇ ਗਏ ਸੰਘਰਸ਼ਾਂ ਦੀ ਜਾਣਕਾਰੀ ਦਿੱਤੀ ਗਈ ਅਤੇ ਸੰਘਰਸ਼ਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਲਈ ਜਾਗਰੂਕ ਕੀਤਾ ਗਿਆ। ਮੀਟਿੰਗ ਵਿੱਚ ਅਸ਼ੋਕ ਕੁਮਾਰ, ਸੁਰੇਸ਼ ਕੁਮਾਰ, ਮਨਜੀਤ ਸਿੰਘ, ਕੁਲਵਿੰਦਰ ਪਾਲ, ਕੁਲਵੰਤ ਸਿੰਘ, ਸੁਖਵਿੰਦਰ ਸਿੰਘ, ਇੰਜ ਸਵਰਨਦਾਸ, ਸੁਰਿੰਦਰ ਸਿੰਘ, ਮੋਹਨ ਲਾਲ, ਸੁਰਿੰਦਰ ਸਿੰਘ, ਮੱਖਣ ਸਿੰਘ, ਧਰਮਪਾਲ, ਤਰਸੇਮ ਲਾਲ, ਅਮਰੀਕ ਸਿੰਘ ਆਦਿ ਸਾਥੀਆਂ ਤੋਂ ਇਲਾਵਾ ਹੋਰ ਵੀ ਬਹੁਤ ਸਾਥੀਆਂ ਨੇ ਸ਼ਿਰਕਤ ਕੀਤੀ।

# ਏ ਆਈ ਦੇ ਦੌਰ 'ਚ ਅਧਿਐਨ ਤੇ ਅਧਿਆਪਨ ਵਿਸ਼ੇ 'ਤੇ ਸੈਮੀਨਾਰ

**ਮਹਿਲਪੁਰ (ਸਫਰੀ)**- ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਮਾਹਿਲਪੁਰ ਦੇ ਪੋਸਟ ਗਰੈਜੂਏਟ ਅੰਗਰੇਜ਼ੀ ਵਿਭਾਗ ਵੱਲੋਂ ਵਿਦਿਆਰਥੀਆਂ ਵਿੱਚ ਖੋਜ ਅਤੇ ਅਧਿਐਨ ਦੀਆਂ ਨਵੀਆਂ ਰੁਚੀਆਂ ਪੈਦਾ ਕਰਨ ਦੇ ਮੰਤਵ ਨਾਲ 'ਆਰਟੀਫਿਸ਼ਲ ਇੰਟੈਲੀਜੈਂਸ ਦੇ ਦੌਰ ਵਿੱਚ ਅਧਿਐਨ ਅਤੇ ਅਧਿਆਪਨ' ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਰਿਸੋਰਸ ਪਰਸਨ ਵਜੋਂ ਐਡਵੋਕੇਟ ਤ੍ਰਬਲ ਅਤੇ ਸੀਨੀਅਰ ਅਧਿਆਪਕ ਜਸਵਿੰਦਰ ਜੱਸਲ ਨੇ ਸ਼ਿਰਕਤ ਕੀਤੀ ਜਦਕਿ ਮੁੱਖ ਮਹਿਮਾਨ ਵਜੋਂ ਨੌਜਵਾਨ ਸਮਾਜ ਸੇਵੀ ਬਲਵਿੰਦਰ ਕੁਮਾਰ ਮਨਜੋਤਾਂ ਹਾਜ਼ਰ ਸਨ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਮਸਨੂਈ ਬੌਧਿਕਤਾ ਦੇ ਦੌਰ ਵਿਚ ਅਧਿਐਨ ਦੀਆਂ ਨਵੀਆਂ ਰੁਚੀਆਂ ਨਾਲ ਜੁੜਨ ਦਾ ਸੱਦਾ ਦਿੱਤਾ। ਅੰਗਰੇਜ਼ੀ ਵਿਭਾਗ ਦੇ ਮੁਖੀ ਪ੍ਰੋ. ਜਸਵਿੰਦਰ ਸਿੰਘ ਨੇ ਹਾਜ਼ਰ ਮਹਿਮਾਨ ਬੁਲਾਰਿਆਂ ਨਾਲ ਜਾਣ-ਪਛਾਣ ਕਰਵਾਈ ਅਤੇ ਕਿਹਾ ਕਿ ਆਰਟੀਫਿਸ਼ਲ ਇੰਟੈਲੀਜੈਂਸ ਦੇ ਦੌਰ ਵਿਚ ਅਧਿਐਨ ਅਧਿਆਪਨ ਸਬੰਧੀ ਅਜਿਹਾ ਸੰਵਾਦ ਵਿਦਿਆਰਥੀਆਂ ਅੰਦਰ ਖੋਜ ਦੀਆਂ ਨਵੀਆਂ ਰੁਚੀਆਂ ਪੈਦਾ ਕਰਦਾ ਹੈ। ਇਸ ਮੌਕੇ ਹਾਜ਼ਰ ਵਿਦਿਆਰਥੀਆਂ ਸ਼ਿਵਾਨੀ, ਗੁਰਪ੍ਰੀਤ ਕੌਰ, ਹਰਲੀਨ, ਅਵਿਨਾਸ਼, ਸਕੀਨਾ, ਜੈਸਮੀਨ ਅਤੇ ਗੁਰਲੀਨ ਕੌਰ ਨੇ ਭਖਵੇਂ ਸੰਵਾਦ ਵਿੱਚ ਭਾਗ ਲਿਆ।



ਵਿਦਿਆਰਥੀਆਂ ਨੇ ਏ ਆਈ ਨਾਲ ਅਧਿਐਨ, ਖੋਜ ਅਤੇ ਅਧਿਆਪਨ ਖੇਤਰ ਵਿੱਚ ਆ ਰਹੀਆਂ ਨਵੀਆਂ ਤਬਦੀਲੀਆਂ ਬਾਰੇ ਦੱਸਿਆ। ਮੁੱਖ ਮਹਿਮਾਨ ਬਲਵਿੰਦਰ ਕੁਮਾਰ ਨੇ ਅਜਿਹੇ ਸੰਵਾਦ ਵਿੱਚ ਵਿਦਿਆਰਥੀਆਂ ਦੀ ਸ਼ਮੂਲੀਅਤ ਦੀ ਸ਼ਲਾਘਾ ਕੀਤੀ। ਹਾਜ਼ਰ ਮਹਿਮਾਨਾਂ ਅਤੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਮੰਚ ਦੀ ਕਾਰਵਾਈ ਪ੍ਰੋ. ਤ੍ਰਕਮਨੀ ਨੇ ਚਲਾਈ। ਸਮਾਰੋਹ ਮੌਕੇ ਵਿਭਾਗ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

# ਸ਼ਰਾਰਤੀ ਅਨਸਰਾਂ ਨੇ ਪਾਪੂਲਰ ਦੇ ਬੂਟੇ ਵੱਢੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਥਾਣਾ ਚੱਬੇਵਾਲ ਅਧੀਨ ਆਉਂਦੇ ਪਿੰਡ ਸੀਣਾ ਵਿਖੇ ਅਣਪਛਾਤਿਆਂ ਵੱਲੋਂ ਵੱਡੀ ਪੱਧਰ 'ਤੇ ਪਾਪੂਲਰ ਦੇ ਬੂਟੇ ਵੱਢਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਸੀਣਾ ਦੇ ਵਾਸੀ ਰਾਮ ਲਾਲ ਪੁੱਤਰ ਤੁਲਸੀ ਰਾਮ ਨੇ ਦੱਸਿਆ ਕਿ ਉਸਨੇ ਪਿਛਲੇ ਸਾਲ ਆਪਣੇ ਖੇਤਾਂ 'ਚ ਪਾਪੂਲਰ ਦੇ ਬੂਟੇ ਲਗਾਏ ਸਨ। ਉਸ ਨੇ ਦੱਸਿਆ ਕਿ ਉਹ ਰੋਜ਼ਾਨਾ ਵਾਂਗ ਆਪਣੇ ਕੰਮ 'ਤੇ ਜਾਣ ਲਈ ਤਿਆਰ ਹੋ ਰਹੇ ਸਨ ਤਾਂ ਉਸ ਦੇ ਪਿੰਡ ਦੇ ਵਾਸੀ ਬਿੱਲਾ ਸ਼ੇ ਕਿ ਆਪਣੇ ਖੇਤਾਂ 'ਚ ਕੰਮ ਕਰਨ ਲਈ ਜਾ ਰਿਹਾ ਸੀ, ਨੇ ਆ ਕੇ ਦੱਸਿਆ ਕਿ



ਉਸਦੇ ਖੇਤ 'ਚ ਲਗਾਏ ਗਏ ਪਾਪੂਲਰ ਦੇ ਸਾਰੇ ਬੂਟੇ ਕਿਸੇ ਨੇ ਵੱਢ ਦਿੱਤੇ ਹਨ। ਉਸ ਨੇ ਦੱਸਿਆ ਕਿ ਜਦੋਂ ਉਸਨੇ ਪਿੰਡ ਕੁੱਝ ਪਤਵੰਤਿਆਂ ਨੂੰ ਨਾਲ ਲੈ ਕੇ ਮੌਕੇ 'ਤੇ ਜਾ ਕੇ ਦੇਖਿਆ ਤਾਂ ਉਸਦੇ ਖੇਤ 'ਚ ਲੱਗੇ 700 ਦੇ ਕਰੀਬ ਪਾਪੂਲਰ ਦੇ ਬੂਟੇ ਸ਼ਰਾਰਤੀ ਅਨਸਰਾਂ ਵੱਲੋਂ ਵੱਢ ਦਿੱਤੇ ਗਏ ਸਨ। ਉਸ ਨੇ ਦੱਸਿਆ ਕਿ ਇਸ ਨਾਲ ਉਸਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਹੈ। ਇਲਾਕੇ 'ਚ ਮੋਟਰਾਂ ਦੀਆਂ ਤਾਰਾਂ ਚੋਰੀ ਕਰਨ ਜਾਂ ਅਜਿਹੀਆਂ ਹੋਰ ਘਟਨਾਵਾਂ ਨਿਰੰਤਰ ਵਾਪਰ ਰਹੀਆਂ ਹਨ। ਇਸ ਮੌਕੇ ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਅਜਿਹੇ ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰਨ ਲਈ ਪੁਲਿਸ ਵੱਲੋਂ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਸੰਬੰਧੀ ਥਾਣਾ ਚੱਬੇਵਾਲ ਪੁਲਸ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ।

# ਇਨਕਲਾਬੀ ਸ਼ਾਇਰ ਅਵਤਾਰ ਪਾਸ਼ ਦੇ ਜਨਮ ਦਿਹਾੜੇ ਤੇ ਸਮਾਗਮ 9 ਨੂੰ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਕੌਮਾਂਤਰੀ ਪ੍ਰਸਿੱਧੀ ਵਾਲੇ ਇਨਕਲਾਬੀ ਸ਼ਾਇਰ ਅਵਤਾਰ ਪਾਸ਼ ਦੇ 76 ਵੇਂ ਜਨਮ ਦਿਹਾੜੇ ਦੇ ਸਮਾਗਮ ਦੀ ਤਿਆਰੀ ਲਈ ਅੱਜ ਇੱਥੇ ਬੈਠੀ ਦੂਰ ਕਸਬਾ ਉੱਗੀ ਵਿਖੇ ਖੇਤ ਮਜ਼ਦੂਰਾਂ ਅਤੇ ਕਿਸਾਨਾਂ ਤੌਰ 'ਤੇ ਮਨਾਇਆ ਜਾਵੇਗਾ। ਜ਼ਿਕਰਯੋਗ ਹੈ ਕਿ 1988 'ਚ ਦਹਿਸ਼ਤਗਰਦਾਂ ਵੱਲੋਂ ਗੋਲੀਆਂ ਮਾਰਕੇ ਸ਼ਹੀਦ ਕਰ ਦਿੱਤੇ ਗਏ ਅਵਤਾਰ ਪਾਸ਼ ਅਤੇ ਉਸਦੇ ਦੋਸਤ ਹੰਸਰਾਜ ਦੀ ਯਾਦ ਵਿੱਚ ਪਿੰਡ 'ਚ ਇਕ ਕੰਪਲੈਕਸ ਦੀ ਉਸਾਰੀ ਕੀਤੀ ਗਈ ਹੈ ਜੋ ਬਾਕੀ ਦਾਨੀ ਦਵਾਰਿਆਂ ਤੋਂ ਬਰਕਰਾਰ ਹੈ ਪਰ ਪਿਛਲੇ ਦਿਨੀਂ ਪਿੰਡ ਦੇ ਸਰਪੰਚ ਅਤੇ ਉਸਦੇ ਕੁਝ ਹਮਾਇਤੀਆਂ ਵੱਲੋਂ ਇਸ ਯਾਦਗਾਰ ਦੇ ਤਾਲੇ ਤੋੜ ਕੇ ਇਸ ਅੰਦਰ ਓਪਨ ਜਿਮ ਸਥਾਪਤ ਕੀਤੀ ਗਈ ਹੈ ਜਿਸ ਦਾ ਲੇਖਕਾਂ ਬੁੱਧੀਜੀਵੀਆਂ ਤੇ ਮਜ਼ਦੂਰਾਂ ਕਿਸਾਨਾਂ ਅਤੇ ਇਨਸਾਫ ਪਸੰਦ ਲੋਕਾਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ।



ਵਲੋਂ ਸਾਂਝਾ ਮਾਰਚ ਕਰਕੇ ਲੋਕਾਂ ਨੂੰ ਸੱਦਾ ਦਿੱਤਾ ਗਿਆ ਕਿ 9 ਸਤੰਬਰ ਨੂੰ ਤਲਵੰਡੀ ਸਲੇਮ ਵਿਖੇ ਅਵਤਾਰ ਪਾਸ਼ ਦੇ 76 ਵੇਂ ਜਨਮ ਦਿਹਾੜੇ ਮੌਕੇ ਹੋ ਰਹੇ ਪੰਜਾਬ ਪੱਧਰ ਦੇ ਸਮਾਗਮ 'ਚ ਪਰਵਾਰਾਂ ਸਮੇਤ ਪਹੁੰਚਣ।

ਜ਼ਿਕਰਯੋਗ ਹੈ ਕਿ ਇਨਕਲਾਬੀ ਕਵੀ ਅਵਤਾਰ ਪਾਸ਼ ਦਾ ਜਨਮ ਦਿਨ ਹਰ ਸਾਲ ਕਵਿਤਾ ਦਿਵਸ ਵਜੋਂ ਮਨਾਇਆ ਜਾਂਦਾ ਹੈ, ਜੋ ਕਿ ਇਸ ਵਾਰ ਉਹਨਾਂ ਦੇ ਜੱਦੀ ਪਿੰਡ ਤਲਵੰਡੀ ਸਲੇਮ ਵਿਖੇ, ਮਜ਼ਦੂਰਾਂ ਕਿਸਾਨਾਂ, ਲੇਖਕਾਂ ਬੁੱਧੀਜੀਵੀਆਂ, ਨੌਜਵਾਨਾਂ ਵਿਦਿਆਰਥੀਆਂ ਵਲੋਂ ਸਾਂਝੇ

ਇਥੇ ਬੱਸ ਅੱਡੇ 'ਤੇ ਬੋਲਦਿਆਂ ਪਾਸ਼ ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਕਨਵੀਨਰ ਮੋਹਨ ਸਿੰਘ ਬੱਲ, ਐਡਵੋਕੇਟ ਸੁਰਿੰਦਰ ਖੀਵਾ, ਸਾਬਕਾ ਮੁਲਾਜ਼ਮ ਆਗੂ ਹਿੰਮਤ ਸਿੰਘ , ਮਜ਼ਦੂਰ ਆਗੂ ਸਤਨਾਮ ਉੱਗੀ ਅਤੇ ਹਰਮੇਸ਼ ਮਾਲੜੀ ਨੇ ਸਰਕਾਰ ਕੋਲੋਂ ਮੰਗ ਕਰਦਿਆਂ ਕਿਹਾ ਕਿ ਤੁਰੰਤ ਯਾਦਗਾਰ ਅੰਦਰੋਂ ਓਪਨ ਜਿਮ ਹਟਾ ਕੇ, ਸਰਕਾਰ ਇਸ ਨੂੰ ਸ਼ਹੀਦੀ ਯਾਦਗਾਰ ਵਜੋਂ ਮਾਨਤਾ ਦੇਵੇ।

# ਸਿਵਲ ਸਰਜਨ ਵੱਲੋਂ ਸੋਹਾਣਾ ਦੇ ਸਰਕਾਰੀ ਸਕੂਲ ਦਾ ਦੌਰਾ

**ਮੋਹਾਲੀ (ਗੁਰਜੀਤ ਬਿੱਲਾ)**- ਸਿਹਤ ਵਿਭਾਗ ਵਲੋਂ ਚਲਾਈ ਜਾ ਰਹੀ ਡੇਂਗੂ-ਵਿਰੋਧੀ ਮੁਹਿੰਮ ਤਹਿਤ ਟੀਮਾਂ ਨੇ ਵੱਖ ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਵਿਚ ਚੈਕਿੰਗ ਕੀਤੀ। ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਟੀਮਾਂ ਨੇ ਸਕੂਲਾਂ ਵਿਚ ਪਾਣੀ ਇਕੱਤਰ ਹੋਣ ਦੀ



ਸੰਭਾਵਨਾ ਵਾਲੀਆਂ ਥਾਵਾਂ 'ਤੇ ਨਿਰੀਖਣ ਕੀਤਾ । ਜਿਥੇ ਪਾਣੀ ਖੜਾ ਸੀ, ਉਥੇ ਦਵਾਈ ਦਾ ਛਿੜਕਾਅ ਕੀਤਾ ਗਿਆ। ਟੀਮਾਂ ਨੇ ਗਮਲੇ, ਕੂਲਰ, ਫ਼ਰਿਜ ਅਤੇ ਹੋਰ ਕੰਟੇਨਰ ਚੈੱਕ ਕੀਤੇ ਅਤੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਕਿਤੇ ਵੀ ਪਾਣੀ ਖੜ੍ਹਾ ਨਾ ਹੋਣ ਦਿਤਾ ਜਾਵੇ। ਡਾ. ਜੈਨ ਨੇ ਖ਼ੁਦ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸੋਹਾਣਾ ਦਾ ਦੌਰਾ ਕੀਤਾ। ਉਨ੍ਹਾਂ ਨਾਲ ਪ੍ਰਾਇਮਰੀ ਹੈਲਥ ਸੈਂਟਰ ਘੜੂੰਆਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮਹਿੰਦਰ ਸਿੰਘ ਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਵੀ ਸਨ। ਜ਼ਿਕਰਯੋਗ ਹੈ ਕਿ ਚੈਕਿੰਗ ਦੌਰਾਨ ਇਸ ਸਕੂਲ ਵਿਚ ਕਿਸੇ ਵੀ ਥਾਂ ਮੱਛਰ ਦਾ ਲਾਰਵਾ ਨਹੀਂ ਮਿਲਿਆ। ਡਾ. ਅਨਾਮਿਕਾ ਸੋਨੀ ਨੇ ਦਸਿਆ ਕਿ ਇਹ ਮੁਹਿੰਮ ਸਾਰੇ ਜ਼ਿਲ੍ਹੇ ਵਿਚ ਚੱਲ ਰਹੀ ਹੈ।ਸਰਵੇ ਦੌਰਾਨ ਕੰਟੇਨਰ, ਗਮਲੇ, ਕੂਲਰ, ਫ਼ਰਿੱਜ, ਬਕਸੇ ਅਤੇ ਹੋਰ ਸਮਾਨ ਦੀ ਜਾਂਚ ਕੀਤੀ ਜਾ ਰਹੀ ਹੈ। ਸਰਕਾਰੀ ਸਿਹਤ ਸੰਸਥਾਵਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਮੁਫ਼ਤ ਹੁੰਦਾ ਹੈ। ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਭੋਗਲ ਮੀਡੀਆ ਐਡਵਾਈਜ਼ਰ ਨਿਯੁਕਤ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਗੁਰੂ ਕੇ ਵਜ਼ੀਰ ਚੜ੍ਹਦੀਕਲਾ ਸੇਵਾ ਸੋਸਾਇਟੀ ਦੇ ਮੁੱਖ ਸੇਵਾਦਾਰ ਅਮਨਪ੍ਰੀਤ ਸਿੰਘ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭੋਗਪੁਰ ਵਿਖੇ ਪਿਛਲੇ ਕਈ ਸਾਲਾਂ ਤੋਂ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹਰ ਮਹੀਨੇ ਪੁੰਨਿਆਂ ਦੇ ਦਿਹਾੜੇ ਤੇ ਗੁਰਮਤਿ ਸਮਾਗਮ ਉਲੀਕਿਆ ਜਾਂਦਾ ਹੈ, ਜਿਸ ਵਿੱਚ ਵੱਖ ਵੱਖ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਗਾਇਨ ਕੀਤਾ ਜਾਂਦਾ ਹੈ। ਇਸ ਅਗਸਤ ਮਹੀਨੇ 28 ਤਰੀਕ ਦੀ ਰੱਖੜ ਪੁੰਨਿਆਂ ਨੂੰ ਮੁੱਖ ਰੱਖਦੇ ਰਾਤਰੀ ਦੇ ਦੀਵਾਨਾਂ ਵਿੱਚ ਵਿਸ਼ੇਸ਼ ਤੌਰ ਤੇ ਰਾਗੀ ਭਾਈ ਭੁਪਿੰਦਰ ਸਿੰਘ ਭਾਈ ਕੁਲਵਿੰਦਰ ਸਿੰਘ ਜੀ ਜੋਗਪੁਰ ਵਾਲਿਆਂ ਦਾ ਜਥਾ ਕੀਰਤਨ ਹਾਜ਼ਰੀ ਭਰਨ ਲਈ ਪਹੁੰਚੇ ਸਨ। ਇਸ ਉਪਰੰਤ ਗੁਰੂ ਕੇ ਵਜ਼ੀਰ ਚੜ੍ਹਦੀਕਲਾ ਸੇਵਾ ਸੋਸਾਇਟੀ ਦੇ ਮੁੱਖ ਸੇਵਾਦਾਰ ਮਾਨ ਸਿੰਘ ਖਾਲਸਾ ਨੇ ਸੰਗਤਾਂ ਦੇ ਸਨਮੁਖ ਹੋ ਕੇ ਦੱਸਿਆ ਕਿ ਇਹ ਸੇਵਾ ਸੋਸਾਇਟੀ ਦਾ ਮੁੱਖ ਮੰਤਵ ਆਪਣੇ ਗੁਰੂ ਘਰਾਂ ਦੇ ਗ੍ਰੰਥੀ ਸਿੰਘਾਂ ਨੂੰ ਆਰਥਿਕ ਤੌਰ ਤੇ ਮਜਬੂਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਸੰਗਤ ਦੇ ਸਹਿਜੋਗ ਨਾਲ ਸੇਵਾ ਸੋਸਾਇਟੀ ਵੱਲੋਂ ਹਰ ਮਹੀਨੇ ਭੋਗਪੁਰ ਦੇ 6 ਗ੍ਰੰਥੀ ਸਿੰਘਾਂ ਨੂੰ 2100 ਰੁ ਤੋਂ 5100 ਤੱਕ ਸੇਵਾ ਦਿੱਤੀ ਜਾਂਦੀ ਹੈ, ਸੇਵਾ ਸੋਸਾਇਟੀ ਦੀਆਂ ਸੇਵਾਵਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਪੰਥਕ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਤੋਂ ਜ਼ਿਲ੍ਹਾ ਜਲੰਧਰ ਦੇ ਆਈ ਟੀ ਸੈੱਲ ਇੰਚਾਰਜ ਤੇ ਨਵਾਂ ਜ਼ਮਾਨਾ ਪੱਤਰਕਾਰ ਗੁਰਪ੍ਰੀਤ ਸਿੰਘ ਭੋਗਲ (ਭੋਗਪੁਰ) ਨੂੰ ਸੇਵਾ ਸੋਸਾਇਟੀ ਦਾ ਮੀਡੀਆ ਐਡਵਾਈਜ਼ਰ ਨਿਯੁਕਤ ਕੀਤਾ ਗਿਆ ਜਿਸ ਅਤੇ ਸੇਵਾ ਸੋਸਾਇਟੀ ਦੀ ਹਰ ਖ਼ਬਰ ਪ੍ਰਕਾਸ਼ਿਤ ਕਰਨ ਦੀ ਜ਼ਿੰਮੇਵਾਰੀ ਦਿੱਤੀ ਗਈ ਇਸ ਮੌਕੇ ਯੂਥ ਵਿੰਗ ਦੇ ਪ੍ਰਧਾਨ ਅਰਵਿੰਦਰ ਸਿੰਘ ਵੀ ਹਾਜ਼ਰ ਸਨ,



ਉਨ੍ਹਾਂ ਨੇ ਕਿਹਾ ਕੇ ਅਸੀਂ ਵੀ ਸੇਵਾ ਸੋਸਾਇਟੀ ਨੂੰ ਹਰ ਤਰਾਂ ਦਾ ਸਹਿਯੋਗ ਕਰਾਂਗੇ। ਸਮਾਪਤੀ ਤੇ ਗੁਰੂ ਘਰ ਦੇ ਸਕੱਤਰ ਪ੍ਰੋਫੈਸਰ ਸ. ਦਵਿੰਦਰ ਸਿੰਘ ਜੀ ਨੇ ਸ. ਗੁਰਪ੍ਰੀਤ ਸਿੰਘ ਭੋਗਲ ਅਤੇ ਸ. ਅਰਵਿੰਦਰ ਸਿੰਘ ਝੰਮਟ ਜੀ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਸਨਮਾਨਤ ਕੀਤਾ ਅਤੇ ਦੀਵਾਨਾਂ ਵਿੱਚ ਹਾਜ਼ਰੀ ਭਰਨ ਲਈ ਧੰਨਵਾਦ ਕੀਤਾ ਇਸ ਮੌਕੇ ਉਹਨਾਂ ਨਾਲ ਸਹਿਯੋਗੀ ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਦੇ ਭੋਗਪੁਰ ਤੋਂ ਸ. ਪਰਮਜੀਤ ਸਿੰਘ ਵੀ ਹਾਜ਼ਿਰ ਸਨ। ਗੁਰੂ ਘਰ ਦੇ ਮੈਂਬਰ ਮੋਹਨ ਸਿੰਘ ਮਾਨ, ਗੁਰਵਿੰਦਰ ਸਿੰਘ ਮਾਨ, ਬਲਦੇਵ ਸਿੰਘ ਮਠਾਰੂ ਵੀ ਮੌਜੂਦ ਸਨ।

# ਵਿਦਿਆਰਥੀਆਂ ਨੂੰ ਈ ਐੱਸ ਆਰ ਐਵਾਰਡਜ਼ ਨਾਲ ਕੀਤਾ ਸਨਮਾਨਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਵੱਲੋਂ ਸਿੱਖਿਆ, ਸਮਾਜਿਕ ਜ਼ਿੰਮੇਵਾਰੀ ਅਤੇ ਉੱਤਮਤਾ (ਈ ਐੱਸ ਆਰ) ਐਵਾਰਡਜ਼-2026 ਸਮਾਰੋਹ ਕਰਵਾਇਆ ਗਿਆ, ਜਿਸ ਦੌਰਾਨ ਨਸ਼ਿਆਂ ਦੀ ਦੁਰਵਰਤੋਂ ਪ੍ਰਤੀ ਜਾਗਰੂਕਤਾ ਅਤੇ ਪਾਣੀ ਦੀ ਸੰਭਾਲ ਸਬੰਧੀ ਕਰਵਾਏ ਗਏ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਸਮਾਗਮ ਦੇ ਮੁੱਖ ਮਹਿਮਾਨ ਹਰਜੀਤ ਸਿੰਘ ਗਰੇਵਾਲ, ਚੇਅਰਮੈਨ, ਕੌਮੀ ਘੱਟ ਗਿਣਤੀ ਕਮਿਸ਼ਨ, ਨੇ ਕਿਹਾ ਕਿ ਲੀਡਰਸ਼ਿਪ ਅਤੇ ਜਨਤਕ ਸੇਵਾ ਦੀ ਨੀਂਹ ਸਮਾਜਿਕ ਬਰਾਬਰੀ, ਭਾਈਚਾਰਕ ਸਾਂਝ ਅਤੇ ਜ਼ਿੰਮੇਵਾਰੀ ਦੀ ਮਜ਼ਬੂਤ ਭਾਵਨਾ 'ਤੇ ਆਧਾਰਿਤ ਹੋਣੀ ਚਾਹੀਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜ ਭਲਾਈ ਦੀਆਂ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਆਪਣੀ ਊਰਜਾ ਨੂੰ ਰਾਸ਼ਟਰ ਨਿਰਮਾਣ ਵੱਲ ਲਗਾਉਣ ਦੀ ਅਪੀਲ ਕੀਤੀ।ਸਮਾਗਮ ਦੇ ਵਿਸ਼ੇਸ਼ ਮਹਿਮਾਨ ਪੰਜਾਬ ਦੇ ਸਾਬਕਾ ਡੀ.ਜੀ.ਪੀ. ਈਸ਼ਵਰ ਸਿੰਘ ਨੇ ਜਨਤਕ ਸੇਵਾ ਵਿੱਚ ਅਨੁਸ਼ਾਸਨ, ਇਮਾਨਦਾਰੀ ਅਤੇ ਸਮਰਪਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।



ਉਨ੍ਹਾਂ ਵਿਦਿਆਰਥੀਆਂ ਨੂੰ ਕੈਂਪਸ ਵਿੱਚ ਪਾਣੀ ਅਤੇ ਬਿਜਲੀ ਦੀ ਸੰਭਾਲ ਦੇ ਨਾਲ-ਨਾਲ ਵਾਤਾਵਰਣ ਸੁਰੱਖਿਆ ਸਬੰਧੀ ਜਾਗਰੂਕਤਾ ਮੁਹਿੰਮਾਂ ਚਲਾਉਣ ਲਈ ਪ੍ਰੇਰਿਤ ਕੀਤਾ।ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਈ.ਐੱਸ.ਆਰ. ਐਵਾਰਡਜ਼ ਨੌਜਵਾਨਾਂ ਨੂੰ ਆਪਣੇ ਕਰੀਅਰ ਦੀਆਂ ਇੱਛਾਵਾਂ ਨੂੰ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਨ ਲਈ ਇੱਕ ਸਾਰਥਕ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜਿਕ ਤੌਰ 'ਤੇ ਮਹੱਤਵਪੂਰਨ ਗਤੀਵਿਧੀਆਂ ਨਾਲ ਜੋੜਨ ਲਈ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ।ਆਰ.ਬੀ.ਯੂ. ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਸਿੱਖਿਆ ਦਾ ਦਾਇਰਾ ਕਲਾਸਰੂਮ ਅਤੇ ਅਕਾਦਮਿਕ ਡਿਗਰੀਆਂ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਅਤੇ ਨੈਤਿਕ ਨਾਗਰਿਕਾਂ ਵਜੋਂ ਤਿਆਰ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਹਰਜੀਤ ਸਿੰਘ ਗਰੇਵਾਲ ਚੇਅਰਮੈਨ, ਕੌਮੀ ਘੱਟ ਗਿਣਤੀ ਕਮਿਸ਼ਨ ਅਤੇ ਸਾਬਕਾ ਡੀ ਜੀ ਪੀ ਈਸ਼ਵਰ ਸਿੰਘ ਨੇ ਫਸਟ ਏਡ ਸਿਖਲਾਈ ਸਫਲਤਾਪੂਰਵਕ ਪੂਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਭੇਟ ਕੀਤੇ।

# ਪ੍ਰਬੁੱਧ ਭਾਰਤ ਫਾਊਂਡੇਸ਼ਨ ਨੇ ਲਿਖਤੀ ਪ੍ਰਤੀਯੋਗਤਾ ਕਰਵਾਈ

**ਅਲਾਵਲਪੁਰ (ਮਦਨ ਬੰਗੜ)** ਡਾ. ਬੀ. ਆਰ. ਅੰਬੇਡਕਰ ਸਪੋਰਟਸ ਐਂਡ ਵੈਲਫ਼ੇਅਰ ਕਲੱਬ ਬਿਆਸ ਪਿੰਡ ਵੱਲੋਂ ਪ੍ਰਬੁੱਧ ਭਾਰਤ ਫਾਊਂਡੇਸ਼ਨ ਦੇ ਸਹਿਯੋਗ ਨਾਲ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ ਅਤੇ ਮਿਸ਼ਨ 'ਤੇ ਆਧਾਰਿਤ



17ਵੀਂ ਲਿਖਤੀ ਪ੍ਰਤੀਯੋਗਤਾ ਕਰਵਾਈ ਗਈ। ਇਹ ਸਮਾਗਮ ਸ੍ਰੀ ਗੁਰੂ ਰਵਿਦਾਸ ਅੰਮ੍ਰਿਤ ਬਾਣੀ ਭਵਨ, ਪੱਤੀ ਉਧੋਪੁਰ ਵਿਖੇ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੀ ਸਹਾਇਕ ਕੈਸ਼ੀਅਰ ਰਾਜ ਰਾਣੀ ਨੇ ਦੱਸਿਆ ਕਿ ਉਹ ਪਿਛਲੇ 14 ਸਾਲਾਂ ਤੋਂ ਪ੍ਰਬੁੱਧ ਭਾਰਤ ਫਾਊਂਡੇਸ਼ਨ ਦੀ ਪੂਰੀ ਟੀਮ ਨਾਲ ਜੁੜੇ ਹੋਏ ਹਨ। ਫਾਊਂਡੇਸ਼ਨ ਵੱਲੋਂ ਹਰ ਸਾਲ ਸਿੱਖਿਆ ਦੇ ਖੇਤਰ ਵਿੱਚ ਬੱਚਿਆਂ ਅਤੇ ਸਮਾਜ ਦੀ ਭਲਾਈ ਲਈ ਵੱਖ-ਵੱਖ ਉਪਰਾਲੇ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਲਿਖਤੀ ਪ੍ਰਤੀਯੋਗਤਾ ਦੀ ਤਿਆਰੀ ਲਈ ਪਿੰਡ ਦੇ ਬੱਚਿਆਂ ਨੂੰ ਲਗਭਗ ਸੱਤ-ਅੱਠ ਮਹੀਨੇ ਮਿਹਨਤ ਕਰਵਾਈ ਜਾਂਦੀ ਹੈ। ਬਿਆਸ ਪਿੰਡ ਸੈਂਟਰ ਵਿੱਚ ਕੁੱਲ 52 ਬੱਚਿਆਂ ਨੇ ਇਸ ਪ੍ਰਤੀਯੋਗਤਾ ਵਿੱਚ ਭਾਗ ਲਿਆ। ਇਸ ਮੌਕੇ ਮਹਿੰਦਰ ਫੌਜੀ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸੰਘਰਸ਼ਮਈ ਜੀਵਨ ਅਤੇ ਉਨ੍ਹਾਂ ਦੇ ਮਿਸ਼ਨ ਸਬੰਧੀ ਵਿਚਾਰ ਸਾਂਝੇ ਕੀਤੇ ਗਏ। ਉਨ੍ਹਾਂ ਬੱਚਿਆਂ ਨੂੰ ਬਾਬਾ ਸਾਹਿਬ ਦੇ ਜੀਵਨ, ਸਿੱਖਿਆ ਅਤੇ ਸਮਾਜਿਕ ਬਰਾਬਰੀ ਲਈ ਕੀਤੇ ਸੰਘਰਸ਼ ਤੋਂ ਪ੍ਰੇਰਣਾ ਲੈਣ ਲਈ ਕਿਹਾ। ਕਲੱਬ ਦੇ ਅਹੁਦੇਦਾਰ ਵਿਨੋਦ ਕੁਮਾਰ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ-ਮਿਸ਼ਨ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਸਮੁੱਚਾ ਕਲੱਬ ਦ੍ਰਿੜ੍ਹ ਸੰਕਲਪ ਨਾਲ ਲਗਾਤਾਰ ਯਤਨਸ਼ੀਲ ਹੈ।ਪ੍ਰਤੀਯੋਗਤਾ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਲਈ ਪ੍ਰਬੰਧਕਾਂ ਵੱਲੋਂ ਚਾਹ-ਪਾਣੀ ਅਤੇ ਰਿਫਰੈਸ਼ਮੈਂਟ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਮੌਕੇ ਰਾਜ ਰਾਣੀ, ਜਸਵਿੰਦਰ ਕੌਰ, ਬੇਬੀ, ਸੁਦੇਸ਼ ਕੁਮਾਰੀ, ਜਸਪ੍ਰੀਤ ਕੌਰ, ਦਵਿੰਦਰ ਕੌਰ, ਅਸ਼ਵਨੀ ਕੁਮਾਰ (ਚੰਡੀਗੜ੍ਹ), ਕ੍ਰਿਸ਼ਨਪਾਲ, ਜੈ ਪ੍ਰਕਾਸ਼, ਵਿਨੋਦ ਕੁਮਾਰ, ਬਲਰਾਜ ਬਿੱਲਾ, ਰੋਬਿਨ ਸੋਧੀ, ਦਲਵੀਰ ਸੋਂਧੀ, ਮਹਿੰਦਰ ਫੌਜੀ, ਰਾਮ ਜੀ ਸੋਂਧੀ, ਮੰਗਤ ਰਾਮ ਮੰਗਾ ਅਤੇ ਕੇਵਲ ਕ੍ਰਿਸ਼ਨ ਕੇਬੀ ਤੋਂ ਇਲਾਵਾ ਵਿਦਿਆਰਥੀਆਂ ਦੇ ਮਾਪੇ ਅਤੇ ਪਤਵੰਤੇ ਹਾਜ਼ਰ ਸਨ।

# ਨੌਵੀਂ ਤੇ ਗਿਆਰਵੀਂ ਦੇ ਦਾਖਲੇ ਲਈ ਆਨਲਾਈਨ ਅਰਜ਼ੀਆਂ 30 ਤੱਕ

**ਕਪੂਰਥਲਾ (ਮਨਜੀਤ ਮਾਨ)**- ਜਵਾਹਰ ਨਵੋਦਿਆ ਵਿਦਿਆਲਿਆ, ਮਸੀਤਾਂ ਕਪੂਰਥਲਾ ਦੀ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੈਸ਼ਨ 2027-28 ਲਈ ਜਮਾਤ ਨੌਵੀਂ ਅਤੇ ਗਿਆਰਵੀਂ ਵਿੱਚ ਦਾਖਲੇ ਵਾਸਤੇ ਹੋਣ ਵਾਲੀ ਦਾਖਲਾ ਪ੍ਰੀਖਿਆ ਲਈ ਆਨਲਾਈਨ ਅਰਜ਼ੀਆਂ ਭਰਨ ਦੀ ਪ੍ਰਕਿਰਿਆ 1 ਸਤੰਬਰ ਤੋਂ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਚਾਹਵਾਨ ਵਿਦਿਆਰਥੀ 30 ਸਤੰਬਰ 2026 ਤੱਕ ਆਨਲਾਈਨ ਅਰਜੀ ਭਰ ਸਕਦੇ ਹਨ ਅਤੇ ਦਾਖਲਾ ਪ੍ਰੀਖਿਆ 10 ਅਪ੍ਰੈਲ 2027 ਨੂੰ ਹੋਵੇਗੀ। ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਜਮਾਤ ਨੌਵੀਂ ਵਿੱਚ ਦਾਖਲੇ ਲਈ ਇਸ ਸਮੇਂ ਸੈਸ਼ਨ 2026-27 ਦੌਰਾਨ ਜਮਾਤ ਅੱਠਵੀਂ ਅਤੇ ਜਮਾਤ ਗਿਆਰਵੀਂ ਵਿੱਚ ਦਾਖਲੇ ਲਈ ਜਮਾਤ ਦਸਵੀਂ ਵਿੱਚ ਪੜ੍ਹ ਰਹੇ ਵਿਦਿਆਰਥੀ ਯੋਗ ਹਨ। ਉਨ੍ਹਾਂ ਕਿਹਾ ਕਿ ਦਾਖਲਾ ਖਾਲੀ ਸੀਟਾਂ ਦੀ ਉਪਲਬਧਤਾ ਦੇ ਆਧਾਰ 'ਤੇ ਕੀਤਾ ਜਾਵੇਗਾ ਅਤੇ ਵਿਦਿਆਰਥੀਆਂ ਨੂੰ ਦਾਖਲਾ ਪ੍ਰੀਖਿਆ ਵਿੱਚ ਸਫਲ ਹੋਣ ਉਪਰੰਤ ਨਿਯਮਾਂ ਅਨੁਸਾਰ ਦਾਖਲਾ ਮਿਲੇਗਾ।

# 'ਮੰਗਾ ਭਾਂਡਿਆਂ ਵਾਲਾ' ਲੋਕਾਂ ਲਈ ਬਣਿਆ ਪ੍ਰੇਰਣਾ-ਸਰੋਤ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਲਾਡੋਵਾਲੀ ਰੋਡ 'ਤੇ 'ਮੰਗਾ ਭਾਂਡਿਆ ਵਾਲਾ' ਨਾਂਅ ਦੀ ਦੁਕਾਨ ਚਲਾਉਣ ਵਾਲਾ ਇਹ ਜੋੜਾ ਅੱਜ ਕਈਆਂ ਲਈ ਪ੍ਰੇਰਣਾ ਦਾ ਸਰੋਤ ਬਣਿਆ ਹੋਇਆ ਹੈ।



ਪੋਲੀਓ ਪੀੜਤ ਹੋਣ ਕਾਰਨ ਉਨ੍ਹਾਂ ਨੂੰ ਰੋਜ਼ਾਨਾ ਜੀਵਨ ਵਿੱਚ ਕਈ ਸਰੀਰਕ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਪਰ ਉਨ੍ਹਾਂ ਨੇ ਕਦੇ ਕਿਸੇ ਅੱਗੇ ਹੱਥ ਅੱਡਣ ਜਾਂ ਕਿਸੇ ਦੀ ਦਇਆ ਦਾ ਪਾਤਰ ਬਣਨ ਦੀ ਬਜਾਏ ਆਪਣੀ ਕਿਰਤ ਨੂੰ ਆਪਣੀ ਤਾਕਤ ਬਣਾਇਆ। ਉਹ ਮਿੱਟੀ ਦੇ ਭਾਂਡੇ ਵੇਚ ਕੇ ਆਪਣੇ ਪਰਮਾਰਥ ਅਤੇ ਸੱਚੀ ਕਮਾਈ ਨਾਲ ਗੁਜ਼ਾਰਾ ਕਰ ਰਹੇ ਹਨ ਤੇ ਆਪਣੇ ਪਰਵਾਰਾਂ ਦੀਆਂ ਦੋ ਕੁੜੀਆਂ ਤੇ ਇੱਕ ਮੁੰਡਾ ਨੂੰ ਪੜ੍ਹਾ ਰਿਹਾ ਹੈ। ਇਸ ਜੋੜੇ ਦੀ ਅਣਥੱਕ ਮਿਹਨਤ ਇਹ ਸਾਬਤ ਕਰਦੀ ਹੈ ਕਿ ਅਸਲੀ ਅਪਾਹਜਤਾ ਸਰੀਰ ਦੀ ਨਹੀਂ, ਸੋਚ ਦੀ ਹੁੰਦੀ ਹੈ। ਜਦੋਂ ਬਹੁਤ ਸਾਰੇ ਲੋਕ ਛੋਟੀਆਂ-ਮੋਟੀਆਂ ਮੁਸ਼ਕਿਲਾਂ ਆਉਣ 'ਤੇ ਹਾਰ ਮੰਨ ਲੈਂਦੇ ਹਨ, ਉੱਥੇ ਇਹ ਜੋੜਾ ਹਰ ਰੋਜ਼ ਸਵੇਰੇ ਉੱਠ ਕੇ ਆਪਣੇ ਕੰਮ ਪ੍ਰਤੀ ਸਮਰਪਣ ਦੀ ਨਵੀਂ ਮਿਸਾਲ ਪੇਸ਼ ਕਰਦਾ ਹੈ। ਸਥਾਨਕ ਨਾਗਰਿਕਾਂ ਅਤੇ ਸਮਾਜ ਸੇਵਕਾਂ ਨੇ ਵੀ ਇਸ ਮਿਹਨਤਕਸ਼ ਜੋੜੇ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜਲੰਧਰ ਲਾਡੋਵਾਲੀ ਰੋਡ ਤੋਂ ਲੰਘਦਿਆਂ ਇਨ੍ਹਾਂ ਦੀ ਦੁਕਾਨ 'ਤੇ ਜ਼ਰੂਰ ਜਾਣ ਅਤੇ ਇੱਥੋਂ ਖ਼ਰੀਦਦਾਰੀ ਕਰਕੇ ਇਨ੍ਹਾਂ ਦੇ ਹੌਸਲੇ ਨੂੰ ਹੋਰ ਬੁਲੰਦ ਕਰਨ। ਅਜਿਹੇ ਲੋਕ ਸਾਡੇ ਸਮਾਜ ਦਾ ਅਸਲ ਸਰਮਾਇਆ ਹਨ, ਜੋ ਬਿਨਾਂ ਕਿਸੇ ਸ਼ਿਕਾਇਤ ਦੇ ਆਪਣੀ ਮਿਹਨਤ ਦੀ ਰੋਟੀ ਕਮਾ ਰਹੇ ਹਨ।

# ਸਮਾਜ ਸੇਵੀ ਸ਼ਾਮ ਮਿੱਤੂ ਨੂੰ ਸਦਮਾ, ਮਾਤਾ ਦਾ ਦਿਹਾਂਤ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਸ਼ਾਮ ਮਿੱਤੂ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ ਜਦੋਂ ਉਨ੍ਹਾਂ ਦੀ ਮਾਤਾ ਰੇਸ਼ਮਾ ਰਾਣੀ ਦਾ ਦਿਹਾਂਤ ਹੋ ਗਿਆ। ਰੇਸ਼ਮਾ ਰਾਣੀ ਦੇ ਦਿਹਾਂਤ 'ਤੇ ਇਲਾਕੇ ਦੀਆਂ ਸਮਾਜਿਕ, ਧਾਰਮਿਕ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਦੁੱਖ ਪ੍ਰਗਟ ਕਰਦਿਆਂ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ ਹੈ।

# ਨਵਜੋਤ ਕੌਰ ਪੈਨਸਿਲਵੇਨੀਆ 'ਚ ਫੈਮਿਲੀ ਮੈਡੀਸਨ ਰੈਜ਼ੀਡੈਂਸੀ ਦਾ ਕੋਰਸ ਕਰ ਰਹੀ

**ਫਗਵਾੜਾ (ਜਸਵਿੰਦਰ ਢੱਡਾ)**- ਮਿਸ਼ਨਰੀ ਸਾਥੀ ਧਰਮ ਪਾਲ ਪੈਂਥਰ ਨੇ ਦੱਸਿਆ ਕਿ ਕਪੂਰਥਲਾ ਦੇ ਐਸ ਐਸ ਈ ਰੇਲ ਕੋਚ ਫੈਕਟਰੀ ਦੇ ਮਨਜੀਤ ਸਿੰਘ ਕੈਲਪੁਰੀਆ ਦੀ ਧੀ, ਨਵਜੋਤ ਕੌਰ ਨੇ ਆਦੇਸ਼ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰਿਸਰਚ, ਬਠਿੰਡਾ ਤੋਂ ਆਪਣੀ ਐਮ ਬੀ ਬੀ ਐਸ ਕੀਤੀ। ਆਪਣੀ ਐਮ ਬੀ ਬੀ ਐਸ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ, ਉਸਨੇ ਸੰਯੁਕਤ ਰਾਜ ਅਮਰੀਕਾ ਦੀ ਇੱਕ ਯੂਨੀਵਰਸਿਟੀ ਤੋਂ ਯੂ ਐਸ ਐਮ ਐਲ ਈ ਸਟੈਪਸ 1, 2,



ਅਤੇ 3 ਪਾਸ ਕੀਤੀ ਅਤੇ ਵਰਤਮਾਨ ਵਿੱਚ ਪੈਨਸਿਲਵੇਨੀਆ ਦੇ ਸਕ੍ਰੈਂਟਨ, ਵਿੱਚ ਦਾ ਰਾਈਟ ਸੈਂਟਰ ਫਾਰ ਗ੍ਰੈਜੂਏਟ ਮੈਡੀਕਲ ਐਜੂਕੇਸ਼ਨ ਵਿੱਚ ਫੈਮਿਲੀ ਮੈਡੀਸਨ ਰੈਜ਼ੀਡੈਂਸੀ ਕਰ ਰਹੀ ਹੈ। ਨਵਜੋਤ ਕੌਰ, ਸੰਭਾਵਤ ਤੌਰ 'ਤੇ ਕਪੂਰਥਲਾ ਜ਼ਿਲ੍ਹੇ ਦੀ ਪਹਿਲੀ ਦਲਿਤ ਬੇਟੀ ਹੈ ਜਿਸਨੇ ਅਜਿਹੀ ਉਪਲਬਧੀ ਹਾਸਲ ਕੀਤੀ ਹੈ। ਮਾਪੇ ਇਸ ਪ੍ਰਾਪਤੀ 'ਤੇ ਬਹੁਤ ਖੁਸ਼ ਹਨ, ਰਿਸ਼ਤੇਦਾਰ ਵੀ ਖੁਸ਼ ਮਹਿਸੂਸ ਕਰ ਰਹੇ ਹਨ ਅਤੇ ਪਰਿਵਾਰ ਨੂੰ ਵਧਾਈ ਦੇ ਰਹੇ ਹਨ। ਨਵਜੋਤ ਕੌਰ ਇਸ ਪ੍ਰਾਪਤੀ ਦਾ ਸਿਹਰਾ ਆਪਣੇ ਮਾਪਿਆਂ ਅਤੇ ਆਪਣੇ ਯੋਗ ਪ੍ਰੋਫੈਸਰਾਂ ਨੂੰ ਦਿੰਦੀ ਹੈ ਜਿਨ੍ਹਾਂ ਨੇ ਇਸ ਪ੍ਰਾਪਤੀ ਵਿੱਚ ਉਸਦਾ ਮਾਰਗਦਰਸ਼ਨ ਕੀਤਾ।ਨਵਜੋਤ ਕੌਰ ਦੀ ਇਸ ਸਫਲਤਾ 'ਤੇ, ਰੇਲ ਕੋਚ ਫੈਕਟਰੀ, ਕਪੂਰਥਲਾ ਦੀ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਸੋਸਾਇਟੀ ਰਜਿ. ਤੋਂ ਧਰਮਵੀਰ ਅੰਬੇਡਕਰੀ, ਗੁਰਦਿਆਲ ਜੱਸਲ, ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸੇਵਕ ਸਭਾ ਰਜਿ: ਜਨਰਲ ਸਕੱਤਰ ਨਰੇਸ਼ ਕੁਮਾਰ, ਕੈਸ਼ੀਅਰ ਪ੍ਰਿਥੀ ਸਿੰਘ, ਸਾਬਕਾ ਪ੍ਰਧਾਨ ਅਮਰਜੀਤ ਸਿੰਘ ਮੱਲ, ਸਾਬਕਾ ਜਨਰਲ ਸਕੱਤਰ ਝਲਮਨ ਸਿੰਘ, ਗੁਰਸੇਵਕ ਸਿੰਘ, ਕੁਲਵਿੰਦਰ ਸਿੰਘ ਸੀਬੀਆ, ਰੂਪ ਲਾਲ, ਆਲ ਇੰਡੀਆ ਐਸਸੀ/ਐਸਟੀ ਰੇਲਵੇ ਕਰਮਚਾਰੀ, ਐਸੋਸੀਏਸ਼ਨ ਸਾਬਕਾ ਪ੍ਰਧਾਨ ਪੂਰਨ ਸਿੰਘ, ਐਡੀਸ਼ਨਲ ਸਕੱਤਰ ਦੇਸ ਰਾਜ, ਰਾਮ ਸ਼ਰਨ ਆਦਿ ਨੇ ਮਾਤਾ-ਪਿਤਾ ਅਤੇ ਬੇਟੀ ਨਵਜੋਤ ਕੌਰ ਨੂੰ ਵਧਾਈ ਦਿੱਤੀ।

# ਸੰਗ ਢੇਸੀਆਂ ਵਿਖੇ 27 ਲੱਖ ਦੀ ਲਾਗਤ ਨਾਲ ਸੜਕ ਬਨਾਉਣ ਦਾ ਕੰਮ ਸ਼ੁਰੂ

**ਗੁਰਾਇਆ (ਬਿੰਦਰ ਸੁੰਮਨ)**: ਗੁਰਾਇਆ ਤੋ ਜੰਡਿਆਲਾ ਨੂੰ ਜਾਂਦੀ ਸੜਕ ਜੋ ਕਿ ਪਿੰਡ ਸੰਗ ਢੇਸੀਆਂ ਵਿਖੇ ਪਾਣੀ ਦੀ ਨਿਕਾਸੀ ਨਾ ਹੋਣ ਕਰਕੇ ਲੰਮੇ ਸਮੇਂ ਤੋ ਟੁੱਟੀ



ਹੋਈ ਹੈ, ਜਿਸ ਕਾਰਨ ਪਿੰਡ ਵਾਸੀਆਂ ਅਤੇ ਇਥੋ ਰੋਜ਼ਾਨਾ ਲੰਘਣ ਵਾਲੇ ਰਾਹਗੀਰਾਂ ਨੂੰ ਖਾਸੀਆ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਲੋਕਾਂ ਦੀ ਇਸ ਸਮੱਸਿਆ ਨੂੰ ਹੱਲ ਕਰਦੇ ਹੋਏ ਇਸ ਖਸਤਾ ਹਾਲਤ ਸੜਕ ਦੇ ਨਿਰਮਾਣ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ। ਇਸ ਕੰਮ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਫਿਲੌਰ ਹਲਕੇ ਤੋ ਇੰਚਾਰਜ ਹਰਜੋਤ ਕੌਰ ਲੋਹਟੀਆ ਵੱਲੋਂ ਰੀਬਨ ਕੱਟ ਕੇ ਕੀਤੀ ਗਈ। ਇਸ ਮੌਕੇ ਹਰਜੋਤ ਕੌਰ ਲੋਹਟੀਆ ਨੇ ਦੱਸਿਆ ਕਿ ਗੁਰਾਇਆ-ਜੰਡਿਆਲਾ ਰੋਡ 'ਤੇ ਪਿੰਡ ਸੰਗ ਢੇਸੀਆਂ ਦੇ ਨੇੜੇ ਸੜਕ ਦੀ ਹਾਲਤ ਕਾਫੀ ਸਮੇਂ ਤੋਂ ਬਹੁਤ ਖਸਤਾ ਸੀ। ਸੜਕ 'ਤੇ ਵੱਡੇ-ਵੱਡੇ ਟੋਏ ਪਏ ਹੋਣ ਕਾਰਨ ਰਾਹਗੀਰਾਂ ਅਤੇ ਇਲਾਕਾ ਵਾਸੀਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਲਾਕਾ ਨਿਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਕਰੀਬ 27 ਲੱਖ ਰੁਪਏ ਦੀ ਲਾਗਤ ਨਾਲ ਸੜਕ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ ਹੈ। ਇਸ ਮੌਕੇ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਸੜਕ ਦਾ ਕੰਮ ਪੂਰਾ ਹੋਣ ਨਾਲ ਇਲਾਕੇ ਦੇ ਲੋਕਾਂ ਅਤੇ ਰਾਹਗੀਰਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਵਾਜਾਈ ਸੁਖਾਲੀ ਹੋਵੇਗੀ। ਉਨ੍ਹਾਂ ਮੁਤਾਬਕ ਇਸ ਕੰਮ ਨੂੰ 15 ਦਿਨਾਂ ਅੰਦਰ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਲਕੇ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ ਅਤੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਯਤਨ ਜਾਰੀ ਰਹਿਣਗੇ। ਇਸ ਮੌਕੇ ਉਨ੍ਹਾਂ ਰਾਮਗੜ੍ਹੀਆ ਧਰਮਸ਼ਾਲਾ ਪਿੰਡ ਸੰਗ ਢੇਸੀਆਂ ਵਿਖੇ ਪਹੁੰਚ ਕੇ ਉੱਥੇ ਪੈਣ ਵਾਲੇ ਲੈਂਟਰ ਦੇ ਕੰਮ ਸਬੰਧੀ ਜਾਣਕਾਰੀ ਲਈ ਗਈ ਅਤੇ ਇਸ ਕੰਮ ਦੀ ਵੀ ਸ਼ੁਰੂਆਤ ਕਰਵਾਈ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਜ਼ਿਲਾ ਪ੍ਰੀਸ਼ਦ ਮੈਂਬਰ ਭਲਵਿੰਦਰ ਕੌਰ, ਸਰਪੰਚ ਪਰਮਜੀਤ ਕੌਰ, ਐਸ ਡੀ ਓ ਮਨੀਸ਼ ਕੁਮਾਰ ਪੀ ਡਬਲਯੂ ਡੀ, ਪੰਕਜ ਲੋਹਟੀਆ, ਪੰਚ ਸੁਖਜੀਤ ਸਿੰਘ, ਪੰਚ ਚਰਨਜੀਤ ਸਿੰਘ, ਹਰਕਮਲ ਸਿੰਘ ਸਰਪੰਚ, ਕੁਲਵੀਰ ਸਿੰਘ ਬਲਾਕ ਪ੍ਰਧਾਨ, ਮਨਦੀਪ ਸਿੰਘ ਬਲਾਕ ਪ੍ਰਧਾਨ, ਬਲਵਿੰਦਰ ਕੌਰ ਸਰਪੰਚ, ਬਿੰਦਰ ਲਾਲ ਪੰਚ, ਪੰਚ ਦਲਜੀਤ ਸਿੰਘ, ਸੈਕਟਰੀ ਬੂਟਾ ਸਿੰਘ, ਪ੍ਰਿਤਪਾਲ ਸਿੰਘ, ਲਾਡੀ ਬਸਰਾ, ਮਨੋਜ ਕੁਮਾਰ, ਪੰਚ ਸੁਰਜੀਤ ਤੋ ਇਲਾਵਾ ਪਾਰਟੀ ਦੇ ਹੋਰ ਆਗੂ, ਵਰਕਰ ਅਤੇ ਇਲਾਕਾ ਵਾਸੀ ਮੌਜੂਦ ਸਨ।

# ਨੇਤਰਦਾਨ ਪੰਦਰਵਾੜੇ 'ਚ ਅੱਖਾਂ ਦਾਨ ਕਰਨ ਲਈ ਕੀਤਾ ਪ੍ਰੇਰਿਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਰਕਾਰ ਵੱਲੋਂ ਲੋਕਾਂ ਨੂੰ ਨੇਤਰਦਾਨ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨ ਅਤੇ ਮੌਤ ਤੋਂ ਬਾਅਦ ਆਪਣੀਆਂ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਕੌਮੀ 41ਵਾਂ ਨੇਤਰਦਾਨ ਪੰਦਰਵਾੜਾ 25 ਅਗਸਤ ਤੋਂ 8 ਸਤੰਬਰ ਤੱਕ ਦੇਸ਼ ਭਰ ਵਿਚ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਟਾਂਡਾ ਇਲਾਕੇ ਵਿਚ ਵੀ ਵੱਖ-ਵੱਖ ਪੱਧਰ 'ਤੇ ਜਾਗਰੂਕਤਾ ਸਰਗਰਮੀਆਂ ਕਰਵਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ੍ਰੀ ਚੰਦ ਜੀ ਸਤਿ ਸ੍ਰੀ




ਹਰਗੋਬਿੰਦਪੁਰ ਰੋਡ ਨੇੜੇ ਪਿੰਡ ਜੰਡ ਕੋਟਲੀ ਵਿਖੇ ਨੇਤਰਦਾਨ ਕਰਨ ਵਾਸਤੇ ਪ੍ਰੇਰਤ ਕਰਨ ਲਈ ਜਾਗਰੂਕਤਾ ਜਾਗਰੂਕਤਾ ਮੁਹਿੰਮ ਗਤੀਵਿਧੀ ਕਰਵਾਈ ਗਈ। ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ਼੍ਰੀ ਚੰਦ ਜੀ ਦੇ ਮੁੱਖ ਸੇਵਾਦਾਰ ਬਾਬਾ ਸੁਖਦੇਵ ਸਿੰਘ ਜੀ ਵੇਦੀ 16ਵੀਂ ਸੰਤਾਨ ਸ੍ਰੀ ਗੁਰੂ ਨਾਨਕ ਦੇਵ ਜੀ ਅੰਸ ਵੰਸ ਦਰਬਾਰ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੀ ਅਗਵਾਈ ਵਿੱਚ ਵਿੱਚ ਕਰਵਾਏ ਗਏ ਜਾਗਰੂਕਤਾ ਸਮਾਗਮ ਦੇ ਦੌਰਾਨ ਸਮਾਰੋਹ 'ਚ ਟਾਂਡਾ ਇਲਾਕੇ 'ਚ ਪਿਛਲੇ ਕਈ ਸਾਲਾਂ ਤੋਂ ਨੇਤਰਦਾਨ ਜਾਗਰੂਕਤਾ ਦਾ ਮਿਸ਼ਨ ਚਲਾ ਰਹੇ ਸਟੇਟ ਐਵਾਰਡੀ ਭਾਈ ਵਰਿੰਦਰ ਸਿੰਘ ਮਸੀਤੀ ਨੇ ਨੇਤਰਦਾਨ ਕਰਨ ਲਈ ਜਾਗਰੂਕ ਕੀਤਾ। ਇਸ ਮੌਕੇ ਸੇਵਾਦਾਰ ਬਾਬਾ ਸੁਖਦੇਵ ਸਿੰਘ ਬੇਦੀ ਨੇ ਕਿਹਾ ਕਿ ਨੇਤਰਦਾਨ ਸਿਰਫ਼ ਇਕ ਵਿਅਕਤੀ ਵੱਲੋਂ ਕੀਤਾ ਗਿਆ ਦਾਨ ਨਹੀਂ, ਸਗੋਂ ਇਹ ਮੌਤ ਤੋਂ ਬਾਅਦ ਵੀ ਮਨੁੱਖਤਾ ਦੀ ਸੇਵਾ ਕਰਨ ਦਾ ਉੱਤਮ ਮੌਕਾ ਹੈ ।ਨੇਤਰਦਾਨ ਵਿੱਚ ਸਟੇਟ ਐਵਾਰਡ ਪ੍ਰਾਪਤ ਦਾ ਇਲਾਕੇ ਵਿੱਚ ਨੇਤਰਦਾਨ ਦੀ ਅਲੱਖ ਜਗਾਉਣ ਵਾਲੇ ਭਾਈ ਵਰਿੰਦਰ ਸਿੰਘ ਮਸੀਤੀ ਨੇ ਦੱਸਿਆ ਕਿ 25 ਅਗਸਤ ਤੋਂ 8 ਸਤੰਬਰ ਤੱਕ ਕੌਮੀ ਪੱਧਰ 'ਤੇ ਮਨਾਏ ਜਾ ਰਹੇ 41 ਵੇਂ ਨੇਤਰਦਾਨ ਪੰਦਰਵਾੜੇ ਦੌਰਾਨ ਟਾਂਡਾ ਇਲਾਕੇ ਦੇ ਵੱਖ-ਵੱਖ ਸਕੂਲਾਂ, ਸੰਸਥਾਵਾਂ ਅਤੇ ਜਨਤਕ ਸਥਾਨਾਂ 'ਤੇ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾਣਗੀਆਂ । ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨਾਜਰ ਸਿੰਘ ਸਹਿਬਾਜਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੇਤਰਦਾਨ ਇਕ ਅਜਿਹਾ ਮਹਾਨ ਅਤੇ ਮਨੁੱਖਤਾ ਭਰਿਆ ਕਾਰਜ ਹੈ, ਜਿਸ ਰਾਹੀਂ ਵਿਅਕਤੀ ਆਪਣੀ ਜੋ ਮੌਤ ਤੋਂ ਬਾਅਦ ਵੀ ਕਿਸੇ ਹੋਰ ਵਿਅਕਤੀ ਦੀ ਜ਼ਿੰਦਗੀ ਵਿਚ ਰੋਸ਼ਨੀ ਲਿਆ ਸਕਦਾ ਹੈ।

# ਬਲਾਕ ਪੱਧਰੀ ਖੇਡਾਂ ਦਾ ਉਦਘਾਟਨ 7 ਨੂੰ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਵਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ 2026-27 ਸੀਜਨ-4 ਦਾ ਉਦਘਾਟਨ 7 ਸਤੰਬਰ ਨੂੰ ਨਵਾਂਸ਼ਹਿਰ ਦੇ ਆਈ ਟੀ ਆਈ ਦੇ ਖੇਡ ਮੈਦਾਨ ਵਿੱਚ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵਲੋਂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਿਲ੍ਹਾ ਖੇਡ ਅਫਸਰ ਵੰਦਨਾ ਚੌਹਾਨ ਨੇ ਦੱਸਿਆ ਕਿ ਇਹ ਬਲਾਕ ਪੱਧਰੀ ਖੇਡਾਂ ਬਲਾਕ ਨਵਾਂਸ਼ਹਿਰ ਦੇ ਵੱਖ-ਵੱਖ ਖੇਡ ਮੈਦਾਨ ਵਿਖੇ ਮਿਤੀ 7 ਸਤੰਬਰ ਤੋਂ 9 ਸਤੰਬਰ ਤੱਕ ਚਲਣਗੀਆਂ ਜਿਸ ਦੇ ਤਹਿਤ ਐਥਲੈਟਿਕਸ, ਕਬੱਡੀ (ਨੈਸ਼ਨਲ), ਕਬੱਡੀ (ਸਰਕਲ ਸਟਾਈਲ), ਵਾਲੀਬਾਲ ਆਈ ਟੀ ਆਈ ਗਰਾਂਉਂਡ ਅਤੇ ਖੋ-ਖੋ, ਫੁੱਟਬਾਲ ਜੇ ਐਸ ਐਫ ਐਚ ਖਾਲਸਾ ਸਕੂਲ ਨਵਾਂ ਸ਼ਹਿਰ ਵਿਖੇ ਕਰਵਾਈਆਂ ਜਾਣਗੀਆਂ। ਉਹਨਾਂ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਹਿੱਸਾ ਲੈਣ ਲਈ ਖਿਡਾਰੀਆਂ ਵਿੱਚ ਬਹੁਤ ਜਿਆਦਾ ਉਤਸ਼ਾਹ ਪਾਇਆ ਜਾ ਰਿਹਾ ਹੈ ਇਹਨਾਂ ਖੇਡਾਂ ਵਿੱਚ ਵੱਖ-ਵੱਖ ਉਮਰ ਵਰਗ ਦੇ ਮੁਕਾਬਲੇ ਕਰਵਾਏ ਜਾਣਗੇ।




# ਸਵਾਈਨ ਫਲੂ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਐਡਵਾਇਜ਼ਰੀ ਜਾਰੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸੂਬੇ ਵਿੱਚ ਸਵਾਈਨ ਫਲੂ ਦੇ ਸਾਹਮਣੇ ਆ ਰਹੇ ਮਾਮਲਿਆਂ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਸਵਾਈਨ ਫਲੂ ਸਬੰਧੀ ਜਾਗਰੂਕ ਕਰਨ ਅਤੇ ਇਸ ਤੋਂ ਬਚਾਅ ਲਈ ਲੋੜੀਂਦੀਆਂ ਸਾਵਧਾਨੀਆਂ ਵਰਤਣ ਸਬੰਧੀ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਨੇ ਕਿਹਾ ਕਿ ਸਵਾਈਨ ਫਲੂ ਤੋਂ ਘਬਰਾਉਣ ਦੀ ਲੋੜ ਨਹੀਂ ਹੈ, ਬਲਕਿ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਣਾ ਕਰਕੇ ਇਸ ਤੋਂ ਬਚਾਅ ਕੀਤਾ ਜਾ ਸਕਦਾ ਹੈ। ਸਿਵਲ ਸਰਜਨ ਨੇ ਦੱਸਿਆ ਕਿ ਸਵਾਈਨ ਫਲੂ ਐਚ 1 ਐਨ 1 ਵਾਇਰਸ ਕਾਰਨ ਹੋਣ ਵਾਲੀ ਸਾਹ ਪ੍ਰਣਾਲੀ ਦੀ ਲਾਗ ਹੈ। ਇਸ ਦੇ ਮੁੱਖ ਲੱਛਣਾਂ ਵਿੱਚ ਤੇਜ਼ ਬੁਖਾਰ, ਖਾਂਸੀ, ਜ਼ੁਕਾਮ, ਸਿਰ ਦਰਦ, ਛਿੱਕਾਂ ਆਉਣਾ, ਨੱਕ ਵਗਣਾ, ਸਰੀਰ ਵਿੱਚ ਦਰਦ ਅਤੇ ਕਮਜ਼ੋਰੀ ਆਦਿ ਸ਼ਾਮਲ ਹਨ। ਕੁਝ ਮਾਮਲਿਆਂ ਵਿੱਚ ਦਸਤ ਅਤੇ ਉਲਟੀਆਂ ਵੀ ਹੋ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਫਲੂ ਵਰਗੇ ਲੱਛਣ ਹੋਣ ਤਾਂ ਸਮੇਂ ਸਿਰ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਜੇਕਰ ਮਰੀਜ਼ ਨੂੰ ਸਾਹ ਲੈਣ ਵਿੱਚ ਤਕਲੀਫ਼, ਛਾਤੀ ਵਿੱਚ ਤੇਜ਼ ਦਰਦ, ਬਲੱਡ ਪ੍ਰੈਸ਼ਰ ਘੱਟ ਹੋਣਾ, ਬਲਗਮ ਵਿੱਚ ਖ਼ੂਨ ਆਉਣਾ ਜਾਂ ਬੁੱਲ੍ਹਾਂ ਅਤੇ ਨਹੁੰਆਂ ਦਾ ਨੀਲਾ ਪੈਣਾ ਵਰਗੇ ਗੰਭੀਰ ਲੱਛਣ ਨਜ਼ਰ ਆਉਣ ਤਾਂ ਤੁਰੰਤ ਨੇੜਲੀ ਸਰਕਾਰੀ ਸਿਹਤ ਸੰਸਥਾ ਵਿੱਚ ਪਹੁੰਚ ਕੇ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਇਸ ਬਿਮਾਰੀ ਸਬੰਧੀ ਲੋੜੀਂਦੀਆਂ ਸਿਹਤ ਸੇਵਾਵਾਂ ਅਤੇ ਇਲਾਜ ਮੁਫ਼ਤ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਫਲੂ ਤੋਂ ਪੀੜਤ ਹੈ ਤਾਂ ਉਹ ਘਰ ਵਿੱਚ ਆਰਾਮ ਕਰੇ ਅਤੇ ਬੇਲੋੜੇ ਤੌਰ 'ਤੇ ਦੂਜੇ ਲੋਕਾਂ ਦੇ ਸੰਪਰਕ ਵਿੱਚ ਆਉਣ ਤੋਂ ਬਚੇ, ਤਾਂ ਜੋ ਬਿਮਾਰੀ ਦੇ ਫੈਲਾਅ ਨੂੰ ਰੋਕਿਆ ਜਾ ਸਕੇ। ਅਜਿਹੇ ਵਿਅਕਤੀ ਨੂੰ ਖਾਂਸੀ ਜਾਂ ਛਿੱਕ ਆਉਣ ਸਮੇਂ ਮੂੰਹ ਅਤੇ ਨੱਕ ਢੱਕਣ ਅਤੇ ਹੱਥਾਂ ਦੀ ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ।ਸਿਵਲ ਸਰਜਨ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਡਾਕਟਰੀ ਸਲਾਹ ਤੋਂ ਬਿਨਾਂ ਕੋਈ ਵੀ ਦਵਾਈ ਨਾ ਲਈ ਜਾਵੇ ਅਤੇ ਫਲੂ ਵਰਗੇ ਲੱਛਣ ਹੋਣ ਦੀ ਸੂਰਤ ਵਿੱਚ ਆਪਣੇ ਪੱਧਰ 'ਤੇ ਇਲਾਜ ਕਰਨ ਦੀ ਬਜਾਏ ਨੇੜਲੀ ਸਰਕਾਰੀ ਸਿਹਤ ਸੰਸਥਾ ਵਿੱਚ ਡਾਕਟਰੀ ਸਲਾਹ ਲਈ ਜਾਵੇ।

# ਕੰਗ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਮੀਖਿਆ

**ਮੁਹਾਲੀ (ਗੁਰਜੀਤ ਬਿੱਲਾ)**- ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸਬੰਧੀ ਮੋਹਾਲੀ ਦੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ ਅਤੇ ਸਾਰੇ



ਸਬੰਧਤ ਵਿਭਾਗਾਂ ਨੂੰ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਇਨਫੋਰਸਮੈਂਟ, ਇਲਾਜ, ਪੁਨਰਵਾਸ ਅਤੇ ਭਾਈਚਾਰਕ ਭਾਗੀਦਾਰੀ ਰਾਹੀਂ ਸਾਂਝੀ ਕਾਰਵਾਈ ਨੂੰ ਹੋਰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ।

ਮੁਹਿੰਮ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਦਿਆਂ ਸੰਸਦ ਮੈਂਬਰ ਨੇ ਪੇਂਡੂ ਰੱਖਿਆ ਕਮੇਟੀਆਂ (ਵੀ ਡੀ ਸੀਜ਼) ਅਤੇ ਵਾਰਡ ਰੱਖਿਆ ਕਮੇਟੀਆਂ (ਡਬਲਿਊ ਡੀ ਸੀਜ਼) ਨਾਲ ਜੁੜੇ ਅਧਿਕਾਰੀਆਂ ਨੂੰ ਨਸ਼ਿਆਂ ਦੀ ਸਮੱਸਿਆ 'ਤੇ ਜ਼ਮੀਨੀ ਪੱਧਰ 'ਤੇ ਕਾਬੂ ਪਾਉਣ ਲਈ ਕਮੇਟੀ ਮੈਂਬਰਾਂ ਵੱਲੋਂ ਦਿੱਤੇ ਹਵਾਲਿਆਂ ਅਤੇ ਇਨਪੁਟਸ 'ਤੇ ਤੁਰੰਤ ਅਤੇ ਢੁਕਵੀਂ ਕਾਰਵਾਈ ਕਰਨ ਲਈ ਕਿਹਾ।ਉਨ੍ਹਾਂ ਪੁਲਿਸ ਵਿਭਾਗ ਨੂੰ ਨਸ਼ਾ ਤਸਕਰਾਂ ਅਤੇ ਪੈਡਲਰਾਂ ਵਿਰੁੱਧ ਇਨਫੋਰਸਮੈਂਟ ਹੋਰ ਤੇਜ਼ ਕਰਨ ਲਈ ਕਿਹਾ, ਜਦਕਿ ਸਿਹਤ ਵਿਭਾਗ ਨੂੰ ਨਸ਼ਾ ਛੁਡਾਊ ਇਲਾਜ ਦੀ ਮੰਗ ਕਰਨ ਵਾਲੇ ਵਿਅਕਤੀਆਂ ਲਈ ਢੁਕਵੀਆਂ ਓ.ਪੀ.ਡੀ. ਅਤੇ ਆਈ.ਪੀ.ਡੀ. ਇਲਾਜ ਸਹੂਲਤਾਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਇਲਾਜ ਤੋਂ ਬਾਅਦ ਪੁਨਰਵਾਸ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕੰਗ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਸ਼ਾ ਛੱਡ ਚੁੱਕੇ ਅਤੇ ਪੁਨਰਵਾਸ ਪ੍ਰਾਪਤ ਕਰ ਰਹੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕਿਆਂ ਨਾਲ ਜੋੜਨ ਲਈ ਢੁਕਵੇਂ ਰਸਤੇ ਤਲਾਸ਼ਣ ਲਈ ਕਿਹਾ, ਤਾਂ ਜੋ ਉਹ ਸਮਾਜ ਵਿੱਚ ਮੁੜ ਸ਼ਾਮਲ ਹੋ ਕੇ ਉਤਪਾਦਕ ਜੀਵਨ ਬਤੀਤ ਕਰ ਸਕਣ।

ਕੰਗ ਨੇ ਸੈਕਟਰ 66, ਐਸ.ਏ.ਐਸ. ਨਗਰ ਵਿਖੇ ਸਥਿਤ 100 ਬਿਸਤਰਿਆਂ ਵਾਲੇ ਸਰਕਾਰੀ ਨਸ਼ਾ ਮੁਕਤੀ ਕੇਂਦਰ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਇਹ ਕੇਂਦਰ ਇਸ ਸਮੇਂ ਪੂਰੀ ਸਮਰੱਥਾ ਨਾਲ ਚੱਲ ਰਿਹਾ ਹੈ ਅਤੇ ਨਸ਼ਿਆਂ ਦੀ ਦੁਰਵਰਤੋਂ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਨਸ਼ਾ ਮੁਕਤੀ ਅਤੇ ਪੁਨਰਵਾਸ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ।

# ਜੀਤੀ ਸਿੱਧੂ ਤੇ ਰੂਬੀ ਸਿੱਧੂ ਦੀ ਅਗਵਾਈ ਹੇਠ ਦਰਜਨਾਂ ਨੌਜਵਾਨ ਕਾਂਗਰਸ 'ਚ ਸ਼ਾਮਲ



**ਮੋਹਾਲੀ (ਗੁਰਜੀਤ ਬਿੱਲਾ)**- ਪਿੰਡ ਸੰਭਾਲਕੀ ਵਿਖੇ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਸਾਬਕਾ ਮੇਅਰ ਮੋਹਾਲੀ ਅਮਰਜੀਤ ਸਿੰਘ ਜੀਤੀ ਸਿੱਧੂ ਅਤੇ ਯੂਥ ਕਾਂਗਰਸੀ ਆਗੂ ਕੰਵਰਬੀਰ ਸਿੰਘ ਰੂਬੀ ਸਿੱਧੂ ਦੀ ਅਗਵਾਈ ਹੇਠ ਦਰਜਨਾਂ ਨੌਜਵਾਨਾਂ ਨੇ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਨੌਜਵਾਨਾਂ ਦਾ ਪਾਰਟੀ ਵਿੱਚ ਸ਼ਾਮਲ ਹੋਣਾ ਕਾਂਗਰਸ ਦੀਆਂ ਲੋਕ ਪੱਖੀ ਨੀਤੀਆਂ ਅਤੇ ਮਜ਼ਬੂਤ ਸੰਗਠਨ ਪ੍ਰਤੀ ਉਨ੍ਹਾਂ ਦੇ ਭਰੋਸੇ ਨੂੰ ਦਰਸਾਉਂਦਾ ਹੈ। ਇਸ ਮੌਕੇ ਨਵੇਂ ਸ਼ਾਮਲ ਹੋਏ ਨੌਜਵਾਨਾਂ ਦਾ ਸਵਾਗਤ ਕਰਦਿਆਂ ਅਮਰਜੀਤ ਸਿੰਘ ਜੀਤੀ ਸਿੱਧੂ ਅਤੇ ਕੰਵਰਬੀਰ ਸਿੰਘ ਰੂਬੀ ਸਿੱਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਨੌਜਵਾਨਾਂ ਨੂੰ ਨਾਲ ਲੈ ਕੇ ਚੱਲਣ ਵਿੱਚ ਵਿਸ਼ਵਾਸ ਰੱਖਦੀ ਹੈ। ਅੱਜ ਪੰਜਾਬ ਦਾ ਨੌਜਵਾਨ ਰੁਜ਼ਗਾਰ, ਚੰਗੀ ਸਿੱਖਿਆ, ਖੇਡਾਂ ਦੇ ਮੌਕੇ ਅਤੇ ਨਸ਼ਿਆਂ ਤੋਂ ਮੁਕਤ ਭਵਿੱਖ ਚਾਹੁੰਦਾ ਹੈ ਅਤੇ ਕਾਂਗਰਸ ਇਨ੍ਹਾਂ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਉਂਦੀ ਰਹੀ ਹੈ। ਅਮਰਜੀਤ ਸਿੰਘ ਜੀਤੀ ਸਿੱਧੂ ਅਤੇ ਕੰਵਰਬੀਰ ਸਿੰਘ ਰੂਬੀ ਸਿੱਧੂ ਨੇ ਕਾਂਗਰਸ ਪਰਵਾਰ ਵਿੱਚ ਸ਼ਾਮਲ ਹੋਏ ਸਾਰੇ ਨੌਜਵਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਯੂਥ ਕਾਂਗਰਸ ਪ੍ਰਧਾਨ ਹਲਕਾ ਮੋਹਾਲੀ ਮੁਕੁਲ ਸ਼ਰਮਾ ਵੀ ਹਾਜ਼ਰ ਸਨ। ਕਾਂਗਰਸ ਵਿੱਚ ਸ਼ਾਮਲ ਹੋਏ ਨੌਜਵਾਨਾਂ ਵਿੱਚ ਅੰਸ਼ੁਲ ਪਲਵਾਨ, ਗੁਰਸੇਵਕ ਸਿੰਘ, ਯਸ਼ਪਾਲ, ਸੰਦੀਪ ਸਿੰਘ, ਮੰਗਾ ਮਨੌਲੀ, ਕੁਲਦੀਪ ਸਿੰਘ, ਗੁਰਵਿੰਦਰ ਸਿੰਘ, ਕ੍ਰਿਸ਼ਨ ਚੰਦ, ਜਸਬੀਰ ਸਿੰਘ, ਸੁਖਵਿੰਦਰ ਸਿੰਘ, ਗੁਰੀ, ਸ਼ਿਵਾ ਮਨੌਲੀ, ਬਲਵਿੰਦਰ ਸਿੰਘ, ਮਨਪ੍ਰੀਤ ਸਿੰਘ, ਬਿੱਲਾ, ਸਿਮੂ ਅਤੇ ਹਰਸ਼ ਸਮੇਤ ਹੋਰ ਨੌਜਵਾਨ ਸਾਥੀ ਸ਼ਾਮਲ ਸਨ।